@Qpatrika
@qaumipatrika punjabi
instagram.com/ qaumipatrika
Largest Circulated
विश्व भर में सबसे ज्यादा पढ़ा जाने वाला
ਕੌਮੀ ਪਤ੍ਰਿਕਾ
Qaumi Patrika
NO.1
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Thursday, 1 February 2024
VISIT: www.qaumipatrika.org
Email: qpatrika@gmail.com
Punjabi National Daily
ਨਵੀਂ ਦਿੱਲੀ: ਵੀਰਵਾਰ 1 ਫਰਵਰੀ 2024, 16 ਮਾਘ ਨਾਨਕਸ਼ਾਹੀ ਸੰਮਤ 554 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 42, ਅੰਕ 62, qpatrika@gmail.com ਫੋਨ : 9971359517 www.qaumipatrika.org

# ਹੇਮੰਤ ਸੋਰੇਨ ਨੇ ਖੜਕਾਇਆ ਹਾਈਕੋਰਟ ਦਾ ਦਰਵਾਜਾ

**ਸਿੰਮੀ ਕੌਰ ਬੱਬਰ**

ਨੈਸ਼ਨਲ ਡੈਸਕ 31 ਜਨਵਰੀ। ਝਾਰਖੰਡ ਵਿਚ ਸਿਆਸੀ ਹਲਚਲ ਲਗਾਤਾਰ ਤੇਜ ਹੁੰਦੀ ਜਾ ਰਹੀ ਹੈ। ਮੁੱਖ ਮੰਤਰੀ ਦੇ ਅਹੁਦੇ ਤੋਂ ਹੇਮੰਤ ਸੋਰੇਨ ਦੇ ਅਸਤੀਫੇ ਤੇ ਗ੍ਰਿਫਤਾਰੀ ਮਗਰੋਂ ਹੁਣ ਇਕ ਹੋਰ ਵੱਡੀ ਖਬਰ ਸਾਹਮਣੇ ਆ ਰਹੀ ਹੈ। ਹੇਮੰਤ ਸੋਰੇਨ ਨੇ ਈ.ਡੀ. ਦੇ ਖ਼ਿਲਾਫ ਝਾਰਖੰਡ ਹਾਈਕੋਰਟ ਦਾ ਦਰਵਾਜਾ ਖੜਕਾਇਆ ਹੈ। ਸੋਰੇਨ ਨੇ ਈ.ਡੀ. ਦੇ ਸੰਮਨ ਖ਼ਿਲਾਫ ਹਾਈਕੋਰਟ ਵਿਚ ਰਿੱਟ ਪਟਿਸ਼ਨ ਦਾਇਰ ਕੀਤੀ ਹੈ। ਇਸ ਮਾਮਲੇ ਦੀ ਸੁਣਵਾਈ 1 ਫਰਵਰੀ ਨੂੰ 10.30 ਵਜੇ ਹੋਵੇਗੀ। ਇਸ ਤੋਂ ਪਹਿਲਾਂ ਈ.ਡੀ. ਵੱਲੋਂ ਹੇਮੰਤ ਸੋਰੇਨ ਤੋਂ ਤਕਰੀਬਨ 8 ਘੰਟੇ ਪੁੱਛਗਿੱਛ ਕੀਤੀ ਗਈ। ਇਸ ਮਗਰੋਂ ਉਹ ਰਾਜਭਵਨ ਪਹੁੰਚੇ ਅਤੇ ਮੁੱਖ ਮੰਤਰੀ ਦੇ ਅਹੁਦੇ ਤੋਂ ਆਪਣਾ ਅਸਤੀਫਾ ਸੌਂਪ ਦਿੱਤਾ। ਰਾਜਪਾਲ ਵੱਲੋਂ ਉਨ੍ਹਾਂ ਦਾ ਅਸਤੀਫਾ ਮਨਜੂਰ ਕਰ ਲਿਆ ਗਿਆ। ਇਸ ਮਗਰੋਂ ਚੰਪਾਈ ਸੋਰੇਨ ਨੂੰ ਵਿਧਾਇਕ ਦਲ ਦਾ ਨੇਤਾ ਚੁਣਿਆ ਗਿਆ ਹੈ। ਉਹ ਝਾਰਖੰਡ ਦੇ ਨਵੇਂ ਮੁੱਖ ਮੰਤਰੀ ਹੋਣਗੇ। ਇਸ ਤੋਂ ਬਾਅਦ ਈ.ਡੀ. ਨੇ ਹੇਮੰਤ ਸੋਰੇਨ ਨੂੰ ਗ੍ਰਿਫਤਾਰ ਕਰ ਲਿਆ। ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਇੱਥੇ ਐੱਸ.ਸੀ./ਐੱਸ.ਟੀ. ਪੁਲਸ ਸਟੇਸਨ ਵਿਚ ਸੀਨੀਅਰ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੇ ਕਰਮਚਾਰੀਆਂ ਦੇ ਖਿਲਾਫ ਐੱਫ.ਆਈ.ਆਰ. ਦਰਜ ਕਰਵਾਈ ਹੈ। ਇਕ ਅਧਿਕਾਰੀ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਸੂਤਰਾਂ ਨੇ ਦੱਸਿਆ ਕਿ ਸੋਰੇਨ ਦੇ ਦਿੱਲੀ ਸਥਿਤ ਘਰ 'ਤੇ ਕੇਂਦਰੀ ਜਾਂਚ ਏਜੰਸੀ ਦੁਆਰਾ ਹਾਲ ਹੀ 'ਚ ਚਲਾਈ ਗਈ ਤਲਾਸੀ ਮੁਹਿੰਮ ਦੇ ਸਬੰਧ 'ਚ ਪੁਲਸ ਸ਼ਿਕਾਇਤ ਦਰਜ ਕਰਵਾਈ ਗਈ ਸੀ। ਅਧਿਕਾਰੀਆਂ ਨੇ ਐੱਫ.ਆਈ.ਆਰ. ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਸੋਰੇਨ ਨੇ ਦੋਸ ਲਗਾਇਆ ਹੈ ਕਿ ਈ.ਡੀ. ਨੇ "ਉਸ ਨੂੰ ਅਤੇ ਉਸ ਦੇ ਪੂਰੇ ਭਾਈਚਾਰੇ ਨੂੰ ਪਰੇਸਾਨ ਅਤੇ ਬਦਨਾਮ ਕਰਨ ਲਈ ਰਾਸਟਰੀ ਰਾਜਧਾਨੀ ਵਿਚ ਉਸ ਦੀ ਰਿਹਾਇਸ 'ਤੇ ਤਲਾਸੀ ਮੁਹਿੰਮ ਚਲਾਈ।" ਰਾਂਚੀ ਦੇ ਸੀਨੀਅਰ ਪੁਲਸ ਸੁਪਰਡੈਂਟ ਚੰਦਨ ਕੁਮਾਰ ਸਿਨਹਾ ਨੇ ਪੀ.ਟੀ.ਆਈ. ਨੂੰ ਦੱਸਿਆ, "ਈ.ਡੀ. ਦੇ ਕੁਝ ਸੀਨੀਅਰ ਅਧਿਕਾਰੀਆਂ ਖ਼ਿਲਾਫ ਐੱਫ.ਆਈ.ਆਰ. ਦਰਜ ਕੀਤੀ ਗਈ ਹੈ। ਸਾਨੂੰ ਮੁੱਖ ਮੰਤਰੀ ਦੀ ਅਰਜੀ ਮਿਲੀ ਹੈ।" ਅਧਿਕਾਰੀਆਂ ਮੁਤਾਬਕ ਉਨ੍ਹਾਂ ਨੇ ਐੱਫ.ਆਈ.ਆਰ. ਵਿਚ ਕਿਹਾ, "ਮੈਨੂੰ ਤੇ ਮੇਰੇ ਪਰਿਵਾਰਕ ਮੈਂਬਰਾਂ ਨੂੰ ਇਸ ਨਾਲ ਬਹੁਤ ਜ਼ਿਆਦਾ ਮਾਨਸਿਕ, ਮਨੋਵਿਗਿਆਨਕ ਅਤੇ ਭਾਵਨਾਤਮਕ ਠੇਸ ਪਹੁੰਚੀ ਹੈ।" ਈ.ਡੀ. ਦੀ ਟੀਮ ਨੇ ਸੋਮਵਾਰ ਨੂੰ ਸੋਰੇਨ ਦੀ ਦਿੱਲੀ ਸਥਿਤ ਰਿਹਾਇਸ ਦੀ ਤਲਾਸੀ ਲਈ ਅਤੇ ਝਾਰਖੰਡ ਵਿਚ ਕਥਿਤ ਜਮੀਨੀ ਸੌਦੇ ਨਾਲ



ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿਚ ਉਸ ਤੋਂ ਪੁੱਛ-ਪੜਤਾਲ ਕਰਨ ਲਈ ਕਰੀਬ 13 ਘੰਟਿਆਂ ਤੱਕ ਉੱਥੇ ਡੇਰਾ ਲਾਇਆ। ਏਜੰਸੀ ਨੇ ਤਲਾਸੀ ਦੌਰਾਨ 36 ਲੱਖ ਰੁਪਏ ਦੀ ਨਕਦੀ, ਇੱਕ ਐੱਸ.ਯੂ.ਵੀ. ਅਤੇ ਕੁਝ 'ਇਤਰਾਜਯੋਗ' ਦਸਤਾਵੇਜ ਜਬਤ ਕਰਨ ਦਾ ਦਾਅਵਾ ਕੀਤਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਇਹ ਵੀ ਦਾਅਵਾ ਕੀਤਾ ਕਿ ਉਹ ਜਬਤ ਕੀਤੀ ਗਈ ਕਾਰ ਦੇ ਮਾਲਕ ਨਹੀਂ ਹਨ ਅਤੇ ਬਰਾਮਦ ਕੀਤੀ ਗਈ ਨਕਦੀ ਵੀ ਉਨ੍ਹਾਂ ਦੀ ਨਹੀਂ ਹੈ। ਐੱਫ.ਆਈ.ਆਰ. ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ (ਅੱਤਿਆਚਾਰ ਦੀ ਰੋਕਥਾਮ) ਐਕਟ ਦੀਆਂ ਧਾਰਾਵਾਂ ਦੇ ਤਹਿਤ ਦਰਜ ਕੀਤੀ ਗਈ ਹੈ ਜੋ ਕਿਸੇ ਅਨੁਸੂਚਿਤ ਜਾਤੀ ਜਾਂ ਅਨੁਸੂਚਿਤ ਜਨਜਾਤੀ ਦੇ ਕਿਸੇ ਮੈਂਬਰ ਨੂੰ ਡਰਾਉਣ ਜਾਂ ਬੇਇੱਜਤ ਕਰਨ ਲਈ ਉਸ ਦੇ ਖ਼ਿਲਾਫ ਝੂਠਾ ਮੁਕੱਦਮਾ ਜਾਂ ਅਪਰਾਧਿਕ ਜਾਂ ਹੋਰ ਕਾਨੂੰਨੀ ਕਾਰਵਾਈਆਂ ਸ਼ੁਰੂ ਕਰਨਾ ਆਦਿ ਸ਼ਾਮਲ ਹੈ। ਇਨ੍ਹਾਂ ਧਾਰਾਵਾਂ ਵਿਚ / ਦੇ ਕਿਸੇ ਵੀ ਮੈਂਬਰ ਦਾ ਜਨਤਕ ਤੌਰ 'ਤੇ ਕਿਸੇ ਵੀ ਥਾਂ 'ਤੇ ਜਾਤੀ ਦੇ ਨਾਂ 'ਤੇ ਅਪਮਾਨ ਕਰਨਾ ਜਾਂ ਉਸ ਦੇ ਵਿਰੁੱਧ ਦੁਸਮਣੀ, ਨਫਰਤ ਜਾਂ ਬੁਰਾਈ ਨੂੰ ਉਤਸਾਹਿਤ ਕਰਨ ਵਾਲੇ ਲਿਖਤੀ ਜਾਂ ਜੁਬਾਨੀ ਸਬਦਾਂ ਦੀ ਵਰਤੋਂ ਕਰਨਾ ਸਾਮਲ ਹੈ। ਐੱਫ.ਆਈ.ਆਰ. 'ਤੇ ਪ੍ਰਤੀਕਿਰਿਆ ਦਿੰਦੇ ਹੋਏ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਮੁੱਖ ਮੰਤਰੀ 'ਤੇ ਨਿਸਾਨਾ ਵਿੰਨ੍ਹਦੇ ਹੋਏ ਕਿਹਾ ਕਿ ਪਹਿਲਾਂ ਇਹ ਜਾਂਚ ਕੀਤੀ ਜਾਣੀ ਚਾਹੀਦੀ ਹੈ ਕਿ ਕੀ ਇਹ ਪ੍ਰਮਾਣਿਕ ਹੈ ਅਤੇ ਸੋਰੇਨ ਦੁਆਰਾ ਲਿਖਿਆ ਗਿਆ ਹੈ ਕਿਉਂਕਿ ਮੁੱਖ ਮੰਤਰੀ ਦੇ ਹਲਕੇ ਦਾ ਜ਼ਿਕਰ ਸਾਹਿਬਗੰਜ ਹੈ

## ਕੰਮ ਮੈਂ ਕੀਤਾ, ਸਿਹਰਾ ਲੈ ਰਹੀ ਕਾਂਗਰਸ, ਜਾਤੀ ਮਰਦਮਸ਼ੁਮਾਰੀ ਨੂੰ ਲੈ ਕੇ ਨਿਤੀਸ਼ ਦਾ ਰਾਹੁਲ 'ਤੇ ਪਲਟਵਾਰ

ਪਟਨਾ, 31 ਜਨਵਰੀ। ਬਿਹਾਰ ਦੇ ਮੁੱਖ ਮੰਤਰੀ ਨਿਤੀਸ ਕੁਮਾਰ ਨੇ ਕਿਹਾ ਹੈ ਕਿ ਕਾਂਗਰਸੀ ਨੇਤਾ ਰਾਹੁਲ ਗਾਂਧੀ ਦਾ ਇਹ ਦਾਅਵਾ ਬੇਤੁਕਾ ਹੈ ਕਿ ਸੂਬੇ ਵਿੱਚ ਜਾਤੀ ਅਧਾਰਤ ਸਰਵੇਖਣ ਕਾਂਗਰਸ ਦੇ ਦਬਾਅ ਹੇਠ ਕਰਵਾਇਆ ਗਿਆ ਸੀ। ਵਿਰੋਧੀ ਗਠਜੋੜ 'ਇੰਡੀਆ' ਛੱਡ ਕੇ ਰਾਸਟਰੀ ਜਮਹੂਰੀ ਗਠਜੋੜ (ਐੱਨ.



ਡੀ. ਏ.) 'ਚ ਵਾਪਸੀ ਤੋਂ ਤਿੰਨ ਦਿਨ ਬਾਅਦ ਬੁੱਧਵਾਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਨਤਾ ਦਲ (ਯੂ) ਦੇ ਪ੍ਰਧਾਨ ਨੇ ਕਿਹਾ ਕਿ ਮੈਂ ਇਸ 'ਤੇ ਕੰਮ ਕੀਤਾ ਹੈ ਪਰ ਕਾਂਗਰਸ ਇਸ ਦਾ ਸਿਹਰਾ ਲੈ ਰਹੀ ਹੈ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਵਿਰੋਧੀ ਗਠਜੋੜ ਨੂੰ ਦਿੱਤਾ ਗਿਆ ਨਾਂ ਉਨ੍ਹਾਂ ਨੂੰ ਪਸੰਦ ਨਹੀਂ ਆਇਆ ਸੀ। ਰਾਹੁਲ ਗਾਂਧੀ ਨੇ ਮੰਗਲਵਾਰ ਪੂਰਨੀਆ 'ਚ ਇਕ ਰੈਲੀ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਸੀ ਕਿ ਮਹਾਂ ਗਠਜੋੜ ਦੀਆਂ ਸਹਿਯੋਗੀ ਪਾਰਟੀਆਂ ਦੇ ਦਬਾਅ ਹੇਠ ਜਾਤੀ ਆਧਾਰਿਤ ਸਰਵੇਖਣ ਕਰਾਉਣ ਤੋਂ ਬਾਅਦ ਨਿਤੀਸ ਆਪਣੇ ਆਪ ਨੂੰ ਘਿਰਿਆ ਹੋਇਆ ਮਹਿਸੂਸ ਕਰ ਰਹੇ ਸਨ। ਭਾਰਤੀ ਜਨਤਾ ਪਾਰਟੀ ਨੇ ਉਨ੍ਹਾਂ ਨੂੰ ਇੱਕ ਤਰ੍ਹਾਂ ਨਾਲ ਰਾਹਤ ਦੇ ਦਿੱਤੀ।

## ਸੀਆਰਪੀਐਫ ਕੈਂਪ 'ਤੇ ਨਕਸ਼ਲੀਆਂ ਦਾ ਹਮਲਾ, 3 ਜਵਾਨ ਸ਼ਹੀਦ

ਨੈਸਨਲ ਡੈਸਕ 31 ਜਨਵਰੀ। ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ 'ਚ ਮੰਗਲਵਾਰ ਨੂੰ ਮਾਓਵਾਦੀਆਂ ਨਾਲ ਮੁਕਾਬਲੇ ਦੌਰਾਨ 3 ਸੁਰੱਖਿਆ ਮੁਲਾਜਮ ਮਾਰੇ ਗਏ ਅਤੇ 14 ਹੋਰ ਜਖਮੀ ਹੋ ਗਏ। ਅਧਿਕਾਰਤ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। ਪੁਲਸ ਦੇ ਡਾਇਰੈਕਟਰ ਜਨਰਲ (ਬਸਤਰ ਰੇਂਜ) ਸੁੰਦਰਰਾਜ ਪੀ ਨੇ ਦੱਸਿਆ ਕਿ ਇਹ ਘਟਨਾ ਬੀਜਾਪੁਰ ਅਤੇ ਸੁਕਮਾ ਜ਼ਿਲ੍ਹਿਆਂ ਦੀ ਸਰਹੱਦ 'ਤੇ ਸਥਿਤ ਟੇਕਲਗੁਡੇਮ ਪਿੰਡ ਨੇੜੇ ਉਸ ਸਮੇਂ ਵਾਪਰੀ ਜਦੋਂ ਸੁਰੱਖਿਆ ਮੁਲਾਜਮਾਂ ਦੀ ਇੱਕ ਸਾਂਝੀ ਟੀਮ ਤਲਾਸੀ ਮੁਹਿੰਮ ਚਲਾ ਰਹੀ ਸੀ। ਕੋਬਰਾ ਕਮਾਂਡੋਜ ਦੀ 201ਵੀਂ ਬਟਾਲੀਅਨ ਅਤੇ ਕੇਂਦਰੀ ਰਿਜਰਵ ਪੁਲਸ ਬਲ (ਸੀਆਰਪੀਐਫ) ਦੀ 150ਵੀਂ ਬਟਾਲੀਅਨ ਦੀ ਇੱਕ ਟੀਮ ਖੇਤਰ ਵਿੱਚ ਇੱਕ ਫਾਰਵਰਡ ਆਪਰੇਸਨ ਕੈਂਪ (ਐਫਓਬੀ) ਸਥਾਪਤ ਕਰਨ ਲਈ ਕੰਮ ਕਰ ਰਹੀ ਸੀ ਜਦੋਂ ਦੁਪਹਿਰ 1 ਵਜੇ ਦੇ ਕਰੀਬ ਮੁਕਾਬਲਾ ਸੁਰੂ ਹੋਇਆ। ਇੱਕ ਰਿਮੋਟ ਕੈਂਪ ਹੈ, ਜਿਸਦਾ ਉਦੇਸ ਮੁੱਖ ਨਕਸਲੀ ਖੇਤਰਾਂ ਵਿੱਚ ਕੰਮ ਕਰ ਰਹੇ ਸੁਰੱਖਿਆ ਬਲਾਂ ਨੂੰ ਸੰਚਾਲਨ ਦੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ। ਸੀਆਰਪੀਐਫ ਦੀ 'ਕਮਾਂਡੋ ਬਟਾਲੀਅਨ ਫਾਰ ਰੈਜੋਲਿਊਟ ਐਕਸਨ' (ਕੋਬਰਾ) ਇਕ ਯੂਨਿਟ ਹੈ ਜੋ ਜੰਗਲ ਯੁੱਧ ਦੀਆਂ ਕਾਰਵਾਈਆਂ ਕਰਦੀ ਹੈ। ਸੂਤਰਾਂ ਨੇ ਦੱਸਿਆ ਕਿ ਕਮਾਂਡੋਜ ਨੇ ਜਵਾਬੀ ਕਾਰਵਾਈ ਕੀਤੀ। ਉਨ੍ਹਾਂ ਦੱਸਿਆ ਕਿ ਜਖਮੀਆਂ ਨੂੰ ਕੱਢਣ ਲਈ ਹੈਲੀਕਾਪਟਰ ਬੁਲਾਏ ਜਾ ਰਹੇ ਹਨ।

## ਮੋਦੀ ਸਰਕਾਰ ਨੇ ਕਿਸਾਨਾਂ ਦਾ ਭਰੋਸਾ ਗੁਆ ਦਿੱਤਾ, ਅਸੀਂ ਵਾਪਸ ਜਿੱਤਣ ਦੀ ਕੋਸ਼ਿਸ਼ ਕਰਾਂਗੇ: ਰਾਹੁਲ

ਪੂਰਨੀਆ 31 ਜਨਵਰੀ। ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ 'ਤੇ ਕਿਸਾਨਾਂ ਦਾ ਭਰੋਸਾ ਗੁਆ ਦੇਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਸੱਤਾ 'ਚ ਆਉਣ 'ਤੇ ਇਸ ਨੂੰ ਵਾਪਸ ਹਾਸਲ ਕਰਨ ਦੀ ਕੋਸ਼ਿਸ਼ ਕਰੇਗੀ।



ਰਾਹੁਲ ਨੇ ਬਿਹਾਰ ਦੇ ਪੂਰਨੀਆ ਜ਼ਿਲ੍ਹੇ ਵਿਚ ਕਿਸਾਨਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਨੂੰ ਭਰੋਸਾ ਦਿੱਤਾ। ਉਨ੍ਹਾਂ ਦੀ 'ਭਾਰਤ ਜੋੜੋ ਨਿਆਂ ਯਾਤਰਾ' ਸੂਬੇ 'ਚ ਐਂਟਰੀ ਦੇ ਇਕ ਦਿਨ ਬਾਅਦ ਅੱਜ ਪੂਰਨੀਆ ਪਹੁੰਚੀ। ਸੂਬੇ ਦੇ ਕਿਸਾਨਾਂ ਅਤੇ ਮਜਦੂਰਾਂ ਵਿਚਾਲੇ ਪੀੜ੍ਹੀਆਂ ਤੋਂ ਲੋਕਪ੍ਰਿਅ ਰਹੇ 'ਗਮਛਾ' ਨੂੰ ਆਪਣੇ ਸਿਰ 'ਤੇ ਲਪੇਟ ਕੇ ਰਾਹੁਲ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ 'ਚ ਫੇਲ੍ਹ ਰਹੀ ਹੈ। ਦਰਅਸਲ ਉਸ ਨੇ ਉਨ੍ਹਾਂ ਦਾ ਭਰੋਸਾ ਗੁਆ ਦਿੱਤਾ ਹੈ। ਮੈਂ ਤੁਹਾਨੂੰ ਬੇਨਤੀ ਕਰਦਾ ਹਾਂ ਕਿ ਤੁਸੀਂ ਸਾਨੂੰ ਇਕ ਮੌਕਾ ਦਿਓ ਅਤੇ ਅਸੀਂ ਤੁਹਾਡਾ ਭਰੋਸਾ ਮੁੜ ਜਿੱਤਣ ਦੀ ਕੋਸ਼ਿਸ਼ ਕਰਾਂਗੇ। ਤਾੜੀਆਂ ਦੀ ਗੜਗੜਾਹਟ ਦਰਮਿਆਨ ਰਾਹੁਲ ਨੇ ਕਿਹਾ ਕਿ ਕ੍ਰਿਪਾ ਕਰ ਕੇ ਧਿਆਨ ਦਿਓ ਕਿ ਇਹ ਖੋਖਲੇ ਸ਼ਬਦ ਨਹੀਂ ਹਨ। ਸਾਡਾ ਪਿਛਲਾ ਰਿਕਾਰਡ ਆਪਣੇ ਬਾਰੇ 'ਚ ਬੋਲਦਾ ਹੈ।

# ਬਜਟ ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ ਸੰਸਦ ਮੈਂਬਰਾਂ ਨੂੰ ਦਿੱਤੀ ਨਸੀਹਤ

**ਏਜੰਸੀਆਂ**

ਨਵੀਂ ਦਿੱਲੀ 31 ਜਨਵਰੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਸਦ ਦੇ ਬਜਟ ਸੈਸ਼ਨ ਤੋਂ ਪਹਿਲਾਂ ਸੰਬੋਧਿਤ ਕੀਤਾ ਹੈ। ਆਪਣੇ ਸੰਬੋਧਨ ਦੀ ਸ਼ੁਰੂਆਤ ਪ੍ਰਧਾਨ ਮੰਤਰੀ ਨੇ ਰਾਮ-ਰਾਮ ਤੋਂ ਕੀਤੀ। ਪ੍ਰਧਾਨ ਮੰਤਰੀ ਨੇ ਵਿਰੋਧੀ ਪਾਰਟੀਆਂ 'ਤੇ ਹਮਲਾ ਕਰਦਿਆਂ ਕਿਹਾ ਕਿ ਆਦਤ ਤੋਂ ਮਜਬੂਰ ਰੌਲਾ-ਰੱਪਾ ਪਾਉਣਾ ਜਿਨ੍ਹਾਂ ਦਾ ਸੁਭਾਅ ਬਣ ਗਿਆ ਹੈ ਅਤੇ ਜੋ ਆਦਤਨ ਲੋਕਤੰਤਰੀ ਕਦਰਾਂ-ਕੀਮਤਾਂ ਦਾ ਚੀਰਹਰਣ ਕਰਦੇ ਹਨ, ਅਜਿਹੇ ਸਾਰੇ ਸੰਸਦ ਮੈਂਬਰਾਂ ਨੂੰ ਆਤਮ ਨਿਰੀਖਣ ਕਰਨਾ ਚਾਹੀਦਾ ਹੈ। ਸੰਸਦ ਦੇ ਬਜਟ ਸੈਸਨ ਦੇ ਪਹਿਲੇ ਦਿਨ ਮੀਡੀਆ ਨੂੰ ਸੰਬੋਧਿਤ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਹੁੜਦੰਗ, ਨਕਾਰਾਤਮਕਤਾ ਅਤੇ ਸਰਾਰਤੀ ਵਤੀਰਾ ਕਰਨ ਵਾਲਿਆਂ ਨੂੰ ਲੋਕਤੰਤਰ ਪ੍ਰੇਮੀ ਯਾਦ ਨਹੀਂ ਕਰਨਗੇ ਅਤੇ ਉਨ੍ਹਾਂ ਲਈ ਇਹ ਬਜਟ ਸੈਸਨ ਪਛਤਾਵੇ ਦਾ ਮੌਕਾ ਵੀ ਹੈ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਜਦੋਂ ਚੋਣਾਂ ਦਾ ਸਮੇਂ ਨੇੜੇ ਹੁੰਦਾ ਹੈ ਤਾਂ ਆਮ ਤੌਰ 'ਤੇ ਪੂਰਨ ਬਜਟ ਨਹੀਂ ਰੱਖਿਆ ਜਾਂਦਾ ਹੈ। ਉਨ੍ਹਾਂ ਨੇ ਭਰੋਸਾ ਜਤਾਇਆ ਕਿ ਨਵੀਂ ਸਰਕਾਰ ਬਣਨ ਤੋਂ ਬਾਅਦ ਉਨ੍ਹਾਂ ਦੀ ਅਗਵਾਈ 'ਚ ਸਰਕਾਰ ਪੂਰਨ ਬਜਟ ਲੈ ਕੇ ਆਵੇਗੀ। ਆਗਾਮੀ



ਸੰਸਦੀ ਚੋਣਾਂ ਤੋਂ ਪਹਿਲਾਂ ਇਹ ਮੌਜੂਦਾ ਲੋਕ ਸਭਾ ਦਾ ਆਖਰੀ ਸੈਸ਼ਨ ਹੈ। ਇਸ ਸੈਸ਼ਨ ਦੀ ਸ਼ੁਰੂਆਤ ਸੰਸਦ ਦੇ ਦੋਹਾਂ ਸਦਨਾਂ ਦੀ ਸਾਂਝੀ ਬੈਠਕ ਨਾਲ ਹੋਵੇਗੀ, ਜਿਸ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਸੰਬੋਧਿਤ ਕਰੇਗੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵੇਂ ਸੰਸਦ ਭਵਨ 'ਚ ਹੋਏ ਪਹਿਲੇ ਸੈਸਨ ਦੇ ਅਖੀਰ 'ਚ ਨਾਰੀ ਸਕਤੀ ਵੰਦਨ ਬਿੱਲ ਪਾਸ ਕੀਤਾ ਗਿਆ ਸੀ ਅਤੇ ਇਸ ਤੋਂ ਬਾਅਦ 26 ਜਨਵਰੀ ਨੂੰ ਵੀ ਦੇਸ ਨੇ ਮਹਿਲਾ ਸਕਤੀ ਦੀ ਤਾਕਤ, ਬਹਾਦਰੀ ਅਤੇ ਦ੍ਰਿੜਤਾ ਦਾ ਅਨੁਭਵ ਕੀਤਾ। ਉਨ੍ਹਾਂ ਕਿਹਾ ਕਿ ਅੱਜ ਤੋਂ ਬਜਟ ਸੈਸਨ ਸੁਰੂ ਹੋ ਰਿਹਾ ਹੈ, ਜਿਸ ਵਿਚ ਰਾਸਟਰਪਤੀ ਦ੍ਰੋਪਦੀ ਮੁਰਮੂ ਦਾ ਮਾਰਗਦਰਸਨ ਮਿਲੇਗਾ ਅਤੇ ਵੀਰਵਾਰ ਨੂੰ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਅੰਤਰਿਮ ਬਜਟ ਪੇਸ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਵੀ ਜਦੋਂ ਕੋਈ ਸਦਨ 'ਚ ਚਰਚਾ ਨੂੰ ਦੇਖੇਗਾ ਤਾਂ ਉਸ ਦਾ ਇਕ-ਇਕ ਸਬਦ ਇਤਿਹਾਸ ਦੀ ਇਕ ਤਾਰੀਖ ਬਣ ਕੇ ਸਾਹਮਣੇ ਆਵੇਗਾ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅਪ੍ਰੈਲ-ਮਈ 'ਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ 1 ਫਰਵਰੀ ਨੂੰ ਅੰਤ੍ਰਿਮ ਬਜਟ ਪੇਸ ਕਰਨਗੇ।

## ਸਰਕਾਰ ਨੂੰ ਸਵਾਲ ਕਰਨ ਜਾਂ ਇਸ ਲਈ ਜੇਲ੍ਹ ਜਾਣ ਤੋਂ ਨਹੀਂ ਡਰਦੀ: ਸਵਾਤੀ ਮਾਲੀਵਾਲ

ਨਵੀਂ ਦਿੱਲੀ 31 ਜਨਵਰੀ। ਆਮ ਆਦਮੀ ਪਾਰਟੀ (ਆਪ) ਦੀ ਰਾਜ ਸਭਾ ਮੈਂਬਰ ਬਣੀ ਦਿੱਲੀ ਮਹਿਲਾ ਕਮਿਸ਼ਨ ਦੀ ਸਾਬਕਾ ਪ੍ਰਧਾਨ ਸਵਾਤੀ ਮਾਲੀਵਾਲ ਨੇ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਉਨ੍ਹਾਂ ਦੀ ਸਰਗਰਮ ਰਾਜਨੀਤੀ ਵਿਚ ਆਉਣ ਤੋਂ ਡਰਿਆ ਹੋਇਆ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਉਹ ਸਰਕਾਰ ਨੂੰ ਸਵਾਲ ਕਰਨ ਜਾਂ ਇਸ ਲਈ ਜੇਲ੍ਹ ਜਾਣ ਤੋਂ ਨਹੀਂ ਡਰਦੀ। ਬੁੱਧਵਾਰ ਯਾਨੀ ਕਿ ਅੱਜ ਸੰਸਦ ਮੈਂਬਰ ਅਹੁਦੇ ਦੀ ਸਹੁੰ ਚੁੱਕਣ ਤੋਂ ਪਹਿਲਾਂ ਮਾਲੀਵਾਲ ਨੇ ਕਿਹਾ ਕਿ ਰਸਮੀ ਰੂਪ ਤੋਂ ਜਿਸ ਪਲ ਉਹ ਅਹੁਦਾ ਗ੍ਰਹਿਣ ਕਰੇਗੀ, ਉਹ ਉਨ੍ਹਾਂ ਦੀ ਜ਼ਿੰਦਗੀ ਦਾ ਬਿਹਤਰੀਨ ਅਤੇ ਮਹੱਤਵਪੂਰਨ ਮੌਕਾ ਹੋਵੇਗਾ। ਮਾਲੀਵਾਲ ਨੇ ਕਿਹਾ ਕਿ ਉਹ ਬੇਹੱਦ ਉਤਸ਼ਾਹਿਤ ਹੈ। ਪਹਿਲੀ ਵਾਰ ਸੰਸਦ ਮੈਂਬਰ ਹੋਣ ਦੇ ਨਾਅਤੇ ਮੇਰੇ 'ਤੇ ਬਹੁਤ ਵੱਡੀ ਜ਼ਿੰਮੇਵਾਰੀ ਹੈ। ਮੈਨੂੰ ਲੱਗਦਾ ਹੈ ਕਿ ਮੈਂ ਹਮੇਸ਼ਾ ਇਕ ਵਰਕਰ ਰਹੀ ਹਾਂ ਅਤੇ ਅੱਗੇ ਵੀ ਰਹਾਂਗੀ। ਮੈਂ ਜਮੀਨੀ ਪੱਧਰ ਦੇ ਮੁੱਦੇ ਚੁੱਕਾਂਗੀ ਅਤੇ ਮੈਂ ਇਸ ਦੀ ਉਡੀਕ ਕਰ ਰਹੀ ਹਾਂ। ਮਾਲੀਵਾਲ ਨੇ ਕਿਹਾ ਕਿ ਮੇਰਾ ਇਹ ਸਫਰ ਮੈਨੂੰ ਮਹਿਸੂਸ ਕਰਾਉਂਦਾ ਹੈ ਕਿ ਪਰਮਾਤਮਾ ਹੈ ਅਤੇ ਉਨ੍ਹਾਂ ਨੇ ਹਮੇਸ਼ਾ ਮੇਰੀ ਰੱਖਿਆ ਕੀਤੀ ਹੈ। ਮੈਂ ਕਦੇ ਨਹੀਂ



ਸੋਚਿਆ ਸੀ ਕਿ ਮੈਂ ਰਾਜ ਸਭਾ ਤੱਕ ਪਹੁੰਚਾਂਗੀ। ਇਹ ਮੇਰਾ ਟੀਚਾ ਜਾਂ ਇੱਛਾ ਨਹੀਂ ਸੀ। ਉਨ੍ਹਾਂ ਕਿਹਾ ਕਿ ਮੇਰੀ ਜ਼ਿੰਦਗੀ ਦਾ ਹਰ ਪਲ ਇਸ ਦੇਸ਼ ਦੀ ਸੇਵਾ ਲਈ ਸਮਰਪਿਤ ਹੋਵੇਗਾ। ਮੈਨੂੰ ਲੱਗਦਾ ਹੈ ਕਿ ਲੋਕਤੰਤਰ ਵਿਚ ਸੰਸਦ ਸਭ ਤੋਂ ਪਵਿੱਤਰ ਸਥਾਨ ਹੈ ਅਤੇ ਹਰੇਕ ਸੰਸਦ ਮੈਂਬਰ ਦੀ ਜ਼ਿੰਮੇਵਾਰੀ ਹੈ ਕਿ ਉਹ ਸਰਕਾਰ ਨੂੰ ਜਵਾਬਦੇਹ ਬਣਾਏ ਰੱਖੇ।

## ਸਤਨਾਮ ਸਿੰਘ ਸੰਧੂ ਰਾਜ ਸਭਾ ਮੈਂਬਰ ਵਜੋਂ ਨਾਮਜਦ, ਪੀ.ਐੱਮ. ਮੋਦੀ ਨੇ ਦਿੱਤੀ ਵਧਾਈ

ਨਵੀਂ ਦਿੱਲੀ 31 ਜਨਵਰੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਤਨਾਮ ਸਿੰਘ ਸੰਧੂ ਨੂੰ ਰਾਜ ਸਭਾ ਮੈਂਬਰ ਲਈ ਨਾਮਜਦ ਕੀਤਾ ਹੈ। ਇਸ ਫੈਸਲੇ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਹੈ। ਪੀ.ਐੱਮ. ਨੇ 'ਐਕਸ' 'ਤੇ ਲਿਖਿਆ, "ਮੈਨੂੰ ਖੁਸ਼ੀ ਹੈ ਕਿ ਰਾਸ਼ਟਰਪਤੀ ਨੇ ਸਤਨਾਮ ਸਿੰਘ ਸੰਧੂ ਨੂੰ ਰਾਜ ਸਭਾ ਲਈ ਚੁਣਿਆ ਹੈ। ਸਤਨਾਮ ਸਿੰਘ ਇਕ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਸਮਾਜਿਕ ਵਰਕਰ ਵਜੋਂ ਜਾਣੇ ਜਾਂਦੇ ਹਨ। ਉਹ ਵੱਖ-ਵੱਖ ਤਰੀਕਿਆਂ ਨਾਲ ਜਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰ ਰਹੇ ਹਨ।" ਪੀ.ਐੱਮ. ਮੋਦੀ ਨੇ ਕਿਹਾ, "ਸਤਨਾਮ ਸਿੰਘ ਨੇ ਹਮੇਸ਼ਾ ਰਾਸ਼ਟਰੀ ਏਕਤਾ ਨੂੰ ਅੱਗੇ ਵਧਾਇਆ ਅਤੇ ਪ੍ਰਵਾਸੀ ਭਾਰਤੀਆਂ ਦੇ ਨਾਲ ਵੀ ਕੰਮ ਕੀਤਾ ਹੈ। ਮੈਂ ਉਨ੍ਹਾਂ ਦੀ ਸੰਸਦੀ ਯਾਤਰਾ ਲਈ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੰਦਾ ਹਾਂ ਅਤੇ ਮੈਨੂੰ ਭਰੋਸਾ ਹੈ ਕਿ ਰਾਜ ਸਭਾ ਦੀ ਕਾਰਵਾਈ ਉਨ੍ਹਾਂ ਦੇ ਵਿਚਾਰਾਂ ਨਾਲ ਭਰਪੂਰ ਹੋਵੇਗੀ। ਸਤਨਾਮ ਸਿੰਘ ਸੰਧੂ ਨੇ ਸਾਲ 2001 'ਚ ਮੋਹਾਲੀ ਦੇ ਲਾਂਡਰਾਂ 'ਚ ਚੰਡੀਗੜ੍ਹ ਗਰੁੱਪ ਆਫ ਕਾਲਜ (ਸੀ.ਜੀ.ਸੀ.) ਦੀ ਨੀਂਹ ਰੱਖੀ ਸੀ। ਇਸ ਤੋਂ ਬਾਅਦ ਸਾਲ 2012 'ਚ ਉਨ੍ਹਾਂ ਨੇ ਚੰਡੀਗੜ੍ਹ ਯੂਨੀਵਰਸਿਟੀ ਦਾ ਗਠਨ ਕੀਤਾ ਸੀ।

# ਗਿਆਨਵਾਪੀ ਕੇਸ 'ਚ ਕੋਰਟ ਦਾ ਵੱਡਾ ਫੈਸਲਾ

**ਨਵਦੀਪ ਸਿੰਘ ਸਾਹਨੀ**

ਵਾਰਾਣਸੀ 31 ਜਨਵਰੀ। ਵਾਰਾਣਸੀ ਦੀ ਜ਼ਿਲ੍ਹਾ ਕੋਰਟ ਨੇ



ਗਿਆਨਵਾਪੀ ਕੇਸ 'ਚ ਵੱਡਾ ਫੈਸਲਾ ਸੁਣਾਇਆ ਹੈ। ਕੋਰਟ ਨੇ ਹਿੰਦੂ ਪੱਖ ਨੂੰ ਗਿਆਨਵਾਪੀ ਦੇ ਵਿਆਸ ਤਹਿਖਾਨੇ ਵਿਚ ਪੂਜਾ-ਪਾਠ ਕਰਨ ਦੀ ਇਜਾਜਤ ਦੇ ਦਿੱਤੀ ਹੈ। ਇਹ ਤਹਿਖਾਨਾ ਮਸਜਿਦ ਦੇ ਹੇਠਾਂ ਹੈ। ਜ਼ਿਲ੍ਹਾ ਪ੍ਰਸ਼ਾਸਨ ਨੂੰ 7 ਦਿਨ ਦੇ ਅੰਦਰ ਵਿਵਸਥਾ ਕਰਨਾ ਦਾ ਹੁਕਮ ਦਿੱਤਾ ਹੈ। ਹੁਣ ਇੱਥੇ ਰੋਜਾਨਾ ਪੂਜਾ ਹੋਵੇਗੀ। ਕਾਸ਼ੀ ਵਿਸ਼ਵਨਾਥ ਟਰੱਸਟ ਵਲੋਂ ਪੂਜਾ ਕਰਵਾਈ ਜਾਵੇਗੀ। ਹਿੰਦੂ ਪੱਖ ਨੇ ਇਸ ਨੂੰ ਵੱਡੀ ਜਿੱਤ ਦੱਸਿਆ ਹੈ ਅਤੇ 30 ਸਾਲ ਬਾਅਦ ਇਨਸਾਫ ਮਿਲਣ ਦਾ ਦਾਅਵਾ ਕੀਤਾ ਹੈ। ਹਿੰਦੂ ਪੱਖ ਮੁਤਾਬਕ 1993 ਤੱਕ ਇੱਥੇ ਪੂਜਾ-ਪਾਠ ਕੀਤੀ ਜਾਂਦੀ ਸੀ। ਦੱਸ ਦੇਈਏ ਕਿ ਵਾਰਾਣਸੀ ਦੇ ਗਿਆਨਵਾਪੀ ਕੰਪਲੈਕਸ ਸਥਿਤ ਵਿਆਸ ਤਹਿਖਾਨੇ ਵਿਚ ਪੂਜਾ-ਪਾਠ ਕਰਨ ਦੇ ਅਧਿਕਾਰ ਦੇਣ ਦੀ ਮੰਗ ਵਾਲੀ ਸ਼ੈਲੇਂਦ ਕੁਮਾਰ ਪਾਠਕ ਦੀ ਪਟੀਸ਼ਨ 'ਤੇ ਕੁੱਲ ਸੁਣਵਾਈ ਮਗਰੋਂ ਜ਼ਿਲ੍ਹਾ ਜੱਜ ਨੇ ਹੁਕਮ ਸੁਰੱਖਿਅਤ ਰੱਖ ਲਿਆ ਸੀ, ਜਿਸ 'ਤੇ ਅੱਜ ਹਿੰਦੂ ਪੱਖ ਦੇ ਹੱਕ ਵਿਚ ਫੈਸਲਾ ਆਇਆ ਹੈ। ਗਿਆਨਵਾਪੀ ਮਾਮਲੇ 'ਚ ਹਿੰਦੂ ਪੱਖ ਦੀ ਨੁਮਾਇੰਦਗੀ ਕਰ ਰਹੇ ਵਕੀਲ ਵਿਸਨੂੰ ਸੰਕਰ ਜੈਨ ਨੇ ਕਿਹਾ ਕਿ ਸੱਤ ਦਿਨਾਂ 'ਚ ਪੂਜਾ ਸੁਰੂ ਹੋ ਜਾਵੇਗੀ। ਹਰ ਕਿਸੇ ਨੂੰ ਪੂਜਾ ਕਰਨ ਦਾ ਅਧਿਕਾਰ ਹੋਵੇਗਾ। ਇਸ ਦੇ ਨਾਲ ਹੀ ਮੁਸਲਿਮ ਪੱਖ ਯਾਨੀ ਅੰਜੁਮਨ ਇੰਤਜਾਮੀਆ ਮਸਜਿਦ ਕਮੇਟੀ ਦੇ ਵਕੀਲ ਅਖਲਾਕ ਅਹਿਮਦ ਨੇ ਕਿਹਾ ਕਿ ਇਹ ਫੈਸਲਾ ਗਲਤ ਹੈ। ਇਹ ਹੁਕਮ ਪਿਛਲੇ ਹੁਕਮਾਂ ਨੂੰ ਨਜਰਅੰਦਾਜ ਕਰਦਿਆਂ ਦਿੱਤਾ ਗਿਆ ਹੈ। ਅਸੀਂ ਇਸ ਦੇ ਖਿਲਾਫ ਹਾਈ ਕੋਰਟ ਜਾਵਾਂਗੇ।

## ਕ੍ਰਿਸਨ ਜਨਮ ਭੂਮੀ-ਸਾਹੀ ਈਦਗਾਹ ਮਸਜਿਦ ਵਿਵਾਦ 'ਤੇ ਸੁਣਵਾਈ ਮੁਲਤਵੀ

ਨਵੀਂ ਦਿੱਲੀ 31 ਜਨਵਰੀ। ਸੁਪਰੀਮ ਕੋਰਟ ਨੇ ਸੋਮਵਾਰ ਨੂੰ ਮਥੁਰਾ 'ਚ ਕ੍ਰਿਸਨ ਜਨਮ ਭੂਮੀ-ਸਾਹੀ ਈਦਗਾਹ ਮਸਜਿਦ ਵਿਵਾਦ ਨਾਲ ਜੁੜੀਆਂ ਕਈ ਪਟੀਸਨਾਂ 'ਤੇ ਸੁਣਵਾਈ ਮੁਲਤਵੀ ਕਰ ਦਿੱਤੀ। ਜਸਟਿਸ ਸੰਜੀਵ ਖੰਨਾ ਦੀ ਅਗਵਾਈ ਵਾਲੇ ਬੈਂਚ ਨੇ ਕਿਹਾ ਕਿ ਸਾਰੀਆਂ ਧਿਰਾਂ ਦੀ ਅਪੀਲ 'ਤੇ ਅਪ੍ਰੈਲ 2024 'ਚ ਇਸ ਨੂੰ ਦੁਬਾਰਾ ਸੂਚੀਬੱਧ ਕਰੋ। ਇਸ ਦੌਰਾਨ ਦੋਵੇਂ ਧਿਰਾਂ ਆਪਣੀਆਂ ਦਲੀਲਾਂ ਪੂਰੀਆਂ ਕਰਨਗੀਆਂ। ਬੈਂਚ ਨੇ ਧਿਰਾਂ ਨੂੰ ਹਰੇਕ ਮਾਮਲੇ 'ਚ 3 ਪੰਨਿਆਂ ਦੀਆਂ ਲਿਖਤੀ ਦਲੀਲਾਂ ਦਾਇਰ ਕਰਨ ਨੂੰ ਕਿਹਾ। ਪਾਰਟੀਆਂ ਸੁਪਰੀਮ ਕੋਰਟ ਦੇ ਹੋਰ ਮਾਮਲਿਆਂ ਦਾ ਹਵਾਲਾ ਦੇ ਸਕਦੀਆਂ ਹਨ। ਇਸ ਤੋਂ ਇਲਾਵਾ, ਇਸ ਨੇ ਹੁਕਮ ਦਿੱਤਾ ਕਿ ਅੰਤਰਿਮ ਆਦੇਸ, ਜਿੱਥੇ ਵੀ ਦਿੱਤੇ ਗਏ ਹੋਣ, ਲਿਸਟਿੰਗ ਦੀ ਅਗਲੀ ਮਿਤੀ ਤੱਕ ਜਾਰੀ ਰਹਿ ਸਕਦੇ ਹਨ। 16 ਜਨਵਰੀ ਨੂੰ ਇਕ ਅੰਤਰਿਮ ਹੁਕਮ ਵਿਚ ਸੁਪਰੀਮ ਕੋਰਟ ਨੇ ਇਲਾਹਾਬਾਦ ਹਾਈ ਕੋਰਟ ਵੱਲੋਂ ਵਿਵਾਦਤ ਸਥਾਨ ਸਬੰਧੀ ਹਿੰਦੂ ਸਰਧਾਲੂਆਂ ਦੀ ਅਰਜੀ ਖਿਲਾਫ ਸ਼ਾਹੀ ਈਦਗਾਹ ਮਸਜਿਦ ਮੈਨੇਜਮੈਂਟ ਕਮੇਟੀ ਵਲੋਂ ਦਾਇਰ ਪਟੀਸ਼ਨ 'ਤੇ ਕਮਿਸਨ ਦੀ ਨਿਯੁਕਤੀ ਦੇ ਹੁਕਮ 'ਤੇ ਰੋਕ ਲਗਾ ਦਿੱਤੀ ਸੀ। ਹਾਲਾਂਕਿ, ਇਸ ਨੇ ਸਪੱਸਟ ਕੀਤਾ ਸੀ ਕਿ ਹਾਈ ਕੋਰਟ 'ਚ ਪੈਂਡਿੰਗ ਕੇਸ ਦੀ ਕਾਰਵਾਈ ਜਾਰੀ ਰੱਖੀ ਜਾ ਸਕਦੀ ਹੈ।

# ਰਾਮ ਮੰਦਰ ਦਾ ਸੁਫਨਾ ਹੋਇਆ ਸਾਕਾਰ: ਰਾਸ਼ਟਰਪਤੀ ਦ੍ਰੋਪਦੀ ਮੁਰਮੂ

**ਤੇਜਿੰਦਰ ਕੌਰ ਬੱਬਰ**

ਬਿਜਨੈੱਸ ਡੈਸਕ 31 ਜਨਵਰੀ। ਸੰਸਦ ਦਾ ਬਜਟ ਸੈਸਨ ਅੱਜ ਤੋਂ ਸੁਰੂ ਹੋ ਰਿਹਾ ਹੈ। ਮੋਦੀ ਸਰਕਾਰ ਦੇ ਦੂਜੇ ਕਾਰਜਕਾਲ ਦਾ ਇਹ ਆਖਰੀ ਬਜਟ ਸੈਸਨ ਹੈ। ਸੰਸਦ ਦਾ ਬਜਟ ਸੈਸਨ ਸੁਰੂ ਹੋਣ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਸਦ ਦੇ ਬਾਹਰ ਬਿਆਨ ਦਿੰਦੇ ਹੋਏ ਵਿਰੋਧੀ ਧਿਰ ਨੂੰ ਆੜੇ ਹੱਥੀਂ ਲਿਆ। ਇਸ ਤੋਂ ਬਾਅਦ ਰਾਸਟਰਪਤੀ ਦ੍ਰੋਪਦੀ ਮੁਰਮੂ ਨੇ ਦੋਹਾਂ ਸਦਨਾਂ ਨੂੰ ਸੰਬੋਧਨ ਕੀਤਾ ਅਤੇ ਸੰਸਦ ਨੂੰ ਸਰਕਾਰ ਦੇ ਕੰਮਕਾਜ ਦੀ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਭਾਜਪਾ ਸਰਕਾਰ ਵਲੋਂ ਆਰਥਿਕ ਸਰਵੇਖਣ ਦੀ ਰਿਪੋਰਟ ਸੰਸਦ ਵਿੱਚ ਪੇਸ ਕੀਤੀ ਜਾਵੇਗੀ। ਭਲਕੇ ਯਾਨੀ 1 ਫਰਵਰੀ ਨੂੰ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵਲੋਂ ਦੇਸ ਦਾ ਬਜਟ ਪੇਸ ਕਰੇਗੀ। ਨਵੇਂ ਸੰਸਦ ਭਵਨ ਵਿੱਚ ਰਾਸਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੇ ਸੰਬੋਧਨ 'ਚ 21ਵੀਂ ਸਦੀ ਦਾ ਮੰਤਰ 'ਏਕ ਭਾਰਤ-ਸ੍ਰੇਸਟ ਭਾਰਤ' ਦਿੱਤਾ ਹੈ। ਰਾਸਟਰਪਤੀ ਨੇ ਕਿਹਾ ਕਿ ਨਵੇਂ ਸਦਨ ਵਿੱਚ ਇਹ ਉਨ੍ਹਾਂ ਦਾ ਪਹਿਲਾ ਸੰਬੋਧਨ ਹੈ। ਇੱਥੇ 'ਇਕ ਭਾਰਤ, ਸਰਵੋਤਮ ਭਾਰਤ' ਦੀ ਮਹਿਕ ਹੈ। ਰਾਸਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਸਵ ਭਰ ਵਿੱਚ ਗੰਭੀਰ ਸੰਕਟਾਂ ਦੇ ਵਿਚਕਾਰ, ਭਾਰਤ ਸਭ ਤੋਂ ਤੇਜੀ ਨਾਲ ਵਧ ਰਹੀ



ਅਰਥਵਿਵਸਥਾ ਹੈ ਅਤੇ ਦੇਸ ਦੀ ਵਿਕਾਸ ਦਰ ਪਿਛਲੀਆਂ ਲਗਾਤਾਰ ਦੋ ਤਿਮਾਹੀਆਂ ਵਿੱਚ 1.5 ਫੀਸਦੀ ਰਹੀ ਹੈ। ਸੰਬੋਧਨ ਵਿੱਚ ਜਦੋਂ ਰਾਸਟਰਪਤੀ ਮੁਰਮੂ ਨੇ ਅੱਯੁਧਿਆ ਰਾਮ ਮੰਦਰ ਦੇ ਨਿਰਮਾਣ ਅਤੇ ਨਾਰੀ ਸਕਤੀ ਵੰਦਨ ਐਕਟ ਦਾ ਜ਼ਿਕਰ ਕੀਤਾ ਤਾਂ ਸਦਨ 'ਚ ਤਾੜੀਆਂ ਵੱਜ ਗਈਆਂ। ਇਸ ਦੌਰਾਨ ਪੀਐੱਮ ਮੋਦੀ, ਗ੍ਰਹਿ ਮੰਤਰੀ ਅਮਿਤ ਸਾਹ ਅਤੇ ਹੋਰ ਨੇਤਾਵਾਂ ਨੇ ਵੀ ਟੇਬਲ ਨੂੰ ਥਾਪਿਆ। ਰਾਸਟਰਪਤੀ ਨੇ ਕਿਹਾ ਕਿ ਰਾਮ ਮੰਦਰ ਬਣਾਉਣ ਦਾ ਸੁਫਨਾ ਭਾਰਤੀਆਂ ਵਿੱਚ ਸਦੀਆਂ ਤੋਂ ਸੀ। ਆਪਣੇ ਸੰਬੋਧਨ ਵਿੱਚ ਰਾਸਟਰਪਤੀ ਮੁਰਮੂ ਨੇ ਕਿਹਾ ਕਿ 25 ਕਰੋੜ ਭਾਰਤੀ ਗਰੀਬੀ ਰੇਖਾ ਤੋਂ ਬਾਹਰ ਆ ਚੁੱਕੇ ਹਨ। ਇਸ ਦੇ ਨਾਲ ਹੀ ਸਰਕਾਰ ਨੇ ਤਿੰਨ ਤਲਾਕ ਦੇ ਖ਼ਿਲਾਫ ਸਖਤ ਕਾਨੂੰਨ ਬਣਾਇਆ ਹੈ। ਚੰਦਰਯਾਨ-3 ਦਾ ਜ਼ਿਕਰ ਕਰਦੇ ਹੋਏ ਮੁਰਮੂ ਨੇ ਕਿਹਾ ਕਿ ਭਾਰਤ ਚੰਦਰਮਾ ਦੇ ਦੱਖਣੀ ਧਰੁਵ 'ਤੇ ਝੰਡਾ ਲਹਿਰਾਉਣ ਵਾਲਾ ਪਹਿਲਾ ਦੇਸ ਬਣ ਗਿਆ ਹੈ। ਜੀ-20 ਦੀ ਸਫਲਤਾ ਨੇ ਦੁਨੀਆ ਭਰ ਵਿੱਚ ਭਾਰਤ ਦੀ ਭੂਮਿਕਾ ਨੂੰ ਮਜਬੂਤ ਕੀਤਾ ਹੈ।ਰਾਸਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਸਾਡੇ ਸੰਵਿਧਾਨ ਦੇ ਲਾਗੂ ਹੋਣ ਦਾ 75ਵਾਂ ਸਾਲ ਵੀ ਹੈ। ਸਾਲ 2023 ਭਾਰਤ ਲਈ ਇਤਿਹਾਸਕ ਪ੍ਰਾਪਤੀਆਂ ਨਾਲ ਭਰਪੂਰ ਰਿਹਾ ਹੈ। ਰਾਸਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਸੰਸਦ ਵਿੱਚ ਆਪਣੇ ਪਹਿਲੇ ਸੰਬੋਧਨ ਵਿੱਚ ਕਿਹਾ ਕਿ ਸਰਕਾਰ ਨੇ ਲੱਖਾਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਸਨੇ ਕਿਹਾ, "ਮੈਂ ਨਾਰੀ ਸਕਤੀ ਐਕਟ ਪਾਸ ਕਰਨ ਲਈ ਮੈਂਬਰਾਂ ਨੂੰ ਵਧਾਈ ਦਿੰਦੀ ਹਾਂ, ਇਹ ਔਰਤਾਂ ਦੀ ਅਗਵਾਈ ਵਾਲੇ ਵਿਕਾਸ ਲਈ ਮੇਰੀ ਸਰਕਾਰ ਦੇ ਸੰਕਲਪ ਨੂੰ ਮਜਬੂਤ ਕਰਦਾ ਹੈ।"

## ਸਿਰ 'ਤੇ ਕੇਸਰੀ ਰੰਗ ਦੀ ਦਸਤਾਰ ਸਜਾ ਕੇ ਮੁੱਖ ਮੰਤਰੀ ਖੱਟੜ ਨੇ ਪੰਜਾਬੀ ਭਾਸ਼ਾ 'ਚ ਦਿੱਤਾ ਭਾਸ਼ਣ

ਕੁਰੂਕਸੇਤਰ 31 ਜਨਵਰੀ। ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਨੇ ਬੁੱਧਵਾਰ ਨੂੰ 'ਹਰਿਆਣਾ 'ਚ ਸਿੱਖਾਂ ਦੀ ਸੇਵਾ 'ਚ ਖੱਟੜ' ਪੁਸਤਕ ਰਿਲੀਜ ਕੀਤੀ। ਇਸ ਪੁਸਤਕ ਵਿਚ



ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਵੱਲੋਂ ਸਿੱਖਾਂ ਲਈ ਕੀਤੇ ਕੰਮਾਂ ਦਾ ਵਰਣਨ ਕੀਤਾ ਗਿਆ ਹੈ। ਇਹ ਪੁਸਤਕ ਪੰਜਾਬ ਯੂਨੀਵਰਸਿਟੀ, ਪਟਿਆਲਾ ਦੇ ਪ੍ਰਸਾਸਕ ਅਤੇ ਲੇਖਕ ਡਾ: ਪ੍ਰਭਲੀਨ ਸਿੰਘ ਵੱਲੋਂ ਲਿਖੀ ਗਈ ਹੈ। ਮੁੱਖ ਮੰਤਰੀ ਕਿਤਾਬ ਦੇ ਸਿਰਲੇਖ 'ਤੇ ਨਾਰਾਜ਼ ਵੀ ਵਿਖਾਈ ਦਿੱਤੇ। ਉਨ੍ਹਾਂ ਪੁਸਤਕ ਦੇ ਲੇਖਕ ਨੂੰ ਸਿਰਲੇਖ ਬਦਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਉਹ ਸਾਰੀਆਂ ਜਾਤਾਂ ਅਤੇ ਧਰਮਾਂ ਲਈ ਕੰਮ ਕਰ ਰਹੇ ਹਨ। ਕਿਤਾਬ ਦੇ ਟਾਈਟਲ ਤੋਂ ਇਹ ਜਾਪਦਾ ਹੈ ਕਿ ਮੈਂ ਕਿਸੇ ਖਾਸ ਸਮਾਜ ਲਈ ਕੰਮ ਕਰ ਰਿਹਾ ਹਾਂ। ਇਸ ਲਈ 'ਮਨੋਹਰ ਲਾਲ ਗੁਰਬਾਣੀ ਦੀ ਸੇਵਾ ਵਿਚ' ਟਾਈਟਲ ਹੋਵੇ ਤਾਂ ਹੋਰ ਵੀ ਚੰਗਾ ਹੋਵੇਗਾ। ਉਨ੍ਹਾਂ ਕਿਹਾ ਕਿ ਖੱਟੜ ਸਬਦ ਜਾਤ ਨੂੰ ਦਰਸਾਉਂਦਾ ਹੈ। ਇਸ ਲਈ ਉਹ ਚਾਹੁੰਦੇ ਹਨ ਕਿ ਖੱਟੜ ਦੀ ਥਾਂ ਬਦਲ ਕੇ ਮਨੋਹਰ ਲਾਲ ਕੀਤਾ ਜਾਵੇ। ਦੱਸ ਦੇਈਏ ਕਿ ਇਹ ਪ੍ਰੋਗਰਾਮ ਕੁਰੂਕਸੇਤਰ ਯੂਨੀਵਰਸਿਟੀ ਦੇ ਆਡੀਟੋਰੀਅਮ 'ਚ ਆਯੋਜਿਤ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਮਨੋਹਰ ਲਾਲ ਨੇ ਕੇਸਰੀ ਰੰਗ ਦੀ ਦਸਤਾਰ ਸਜਾਈ ਹੋਈ ਸੀ ਅਤੇ ਉਨ੍ਹਾਂ ਨੇ ਪੰਜਾਬੀ ਭਾਸ਼ਾ ਵਿਚ ਭਾਸ਼ਣ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖ ਗੁਰੂਆਂ ਦੇ ਇਤਿਹਾਸ ਨੂੰ ਸਿਰਫ ਪੜ੍ਹਨ ਨਾਲ ਕੋਈ ਭਲਾ ਨਹੀਂ ਹੋਵੇਗਾ, ਇਨ੍ਹਾਂ ਨੂੰ ਲਾਗੂ ਕਰਨਾ ਹੋਵੇਗਾ। ਸਾਨੂੰ ਗੁਰੂ ਸਾਹਿਬਾਨ ਵੱਲੋਂ ਦਿੱਤੇ ਸੰਦੇਸਾਂ ਨੂੰ ਮੰਨ ਕੇ ਲਾਗੂ ਕਰਨਾ ਹੋਵੇਗਾ।

# ਕਮੇਟੀ ਦੇ ਨਾਂ ’ਤੇ ਠੱਗੀ ਮਾਰਨ ਦੇ ਦੋਸ਼ ’ਚ ਪਤੀ-ਪਤਨੀ ਖਿਲਾਫ ਕੇਸ ਦਰਜ

ਗੜ੍ਹਸ਼ੰਕਰ 31 ਜਨਵਰੀ। ਗੜ੍ਹਸ਼ੰਕਰ ਪੁਲਸ ਨੇ ਕਮੇਟੀ ਦੇ ਨਾਂ ’ਤੇ ਠੱਗੀ ਮਾਰਨ ਦੀ ਸ਼ਿਕਾਇਤ ’ਤੇ ਕਾਰਵਾਈ ਕਰਦੇ ਹੋਏ ਪਤੀ-ਪਤਨੀ ਦੇ ਖਿਲਾਫ਼ ਧੋਖਾਦੇਹੀ ਦਾ ਕੇਸ ਦਰਜ ਕੀਤਾ ਹੈ। ਇਸ ਦੀ ਸ਼ਿਕਾਇਤ ਰਾਜੇਸ਼ ਕੁਮਾਰ ਪੁੱਤਰ ਛੱਜੂ ਰਾਮ ਵਾਸੀ ਪੱਦੀ ਸੂਰਾ ਸਿੰਘ, ਜੀਤ ਰਾਮ ਪੁੱਤਰ ਕਰਤਾਰ ਸਿੰਘ, ਸੁਨੀਤਾ ਰਾਣੀ ਪਤਨੀ ਰਾਜ ਪਾਲ, ਕਮਲਜੀਤ ਕੌਰ ਪਤਨੀ ਕੁਲਦੀਪ ਸਿੰਘ ਅਤੇ ਗਾਇਤਰੀ ਦੇਵੀ ਪਤਨੀ ਸੁਭਾਸ ਚੰਦ ਵਾਸੀਆਨ ਪਿੰਡ ਰਾਮਪੁਰ ਬਿਲੜੋ ਨੇ 7 ਅਗਸਤ ਨੂੰ ਐੱਸ. ਐੱਚ. ਓ. ਗੜ੍ਹਸ਼ੰਕਰ ਨੂੰ ਦਿੱਤੀ ਸੀ। ਉਨ੍ਹਾਂ ਸ਼ਿਕਾਇਤ ਵਿਚ ਦੱਸਿਆ ਕਿ ਰਾਕੇਸ਼ ਕੁਮਾਰ ਉਰਫ ਪੰਮੀ ਪੁੱਤਰ ਪਾਖਰ ਸਿੰਘ ਅਤੇ ਉਸਦੀ ਪਤਨੀ ਵੀਨਾ ਦੇਵੀ ਉਰਫ ਭੋਲੀ ਦੋਵੇਂ ਪਤੀ-ਪਤਨੀ ਨੇ ਉਨ੍ਹਾਂ ਨੂੰ ਕਿਹਾ ਸੀ ਕਿ ਅਸੀਂ 20 ਮੈਂਬਰੀ ਕਮੇਟੀ ਪਾਉਣ ਦਾ ਕੰਮ ਸ਼ੁਰੂ ਕੀਤਾ ਹੈ, ਅਸੀਂ ਵੀਨਾ ਦੇਵੀ ਦੇ ਕਹਿਣ ’ਤੇ ਆਪਣੀਆਂ ਕਮੇਟੀਆਂ ਵੀ ਉਨ੍ਹਾਂ ਨੂੰ ਦੇਣੀਆਂ ਸ਼ੁਰੂ ਕਰ ਦਿੱਤੀਆਂ। ਉਨ੍ਹਾਂ ਦੱਸਿਆ ਕਿ ਇਸ ਮੌਕੇ ਵਟਸਐਪ ਗਰੁੱਪ ’ਤੇ ਕਮੇਟੀ ਦੀ ਜਾਣਕਾਰੀ ਦੇਣ ਦਾ ਭਰੋਸਾ ਦਿਵਾਇਆ ਸੀ। ਸ਼ਿਕਾਇਤ ਵਿਚ ਦੱਸਿਆ ਕਿ ਕਮੇਟੀ ਦੀ ਬੋਲੀ ਮੌਕੇ ਪਤੀ-ਪਤਨੀ ਹੀ ਹੁੰਦੇ ਸਨ ਅਤੇ ਅਸੀਂ ਉਨ੍ਹਾਂ ਨੂੰ ਪੈਸੇ ਉਨ੍ਹਾਂ ਦੇ ਘਰ ਜਾ ਕੇ ਦਿੰਦੇ ਸੀ। ਉਨ੍ਹਾਂ ਕਿਹਾ ਕਿ ਦੋਹਾਂ ਪਤੀ-ਪਤਨੀ ਨੇ 15 ਫਰਵਰੀ 2021 ਨੂੰ ਕਮੇਟੀ ਬੰਦ ਕਰ ਦਿੱਤੀ ਤਾਂ ਉਨ੍ਹਾਂ ਵੱਲੋਂ ਇਸ ਦਾ ਕੋਈ ਉੱਤਰ ਨਹੀਂ ਦਿੱਤਾ ਗਿਆ ਤੇ ਨਾ ਹੀ ਸਾਡੇ ਪੈਸੇ ਮੋੜਨ ਦਾ ਭਰੋਸਾ ਦਿੱਤਾ। ਸ਼ਿਕਾਇਤਕਰਤਾ ਨੇ ਦੱਸਿਆ ਕਿ ਪੈਸੇ ਵਾਪਸ ਮੰਗਣ ’ਤੇ ਪਤੀ-ਪਤਨੀ ਧਮਕੀਆਂ ਦੇਣ ਲੱਗ ਪਏ ਅਤੇ ਉਨ੍ਹਾਂ ਕਿਹਾ ਕਿ ਤੁਸੀ ਜੋ ਕਰਨਾ ਹੈ, ਕਰ ਲਵੋ। ਉਨ੍ਹਾਂ ਕਿਹਾ ਕਿ ਰਾਕੇਸ਼ ਕੁਮਾਰ ਪਹਿਲਾਂ ਪੁਲਸ ਦੀ ਨੌਕਰੀ ਕਰਦਾ ਸੀ ਤੇ ਹੁਣ ਰਿਟਾਇਰ ਹੋ ਚੁੱਕਾ ਹੈ। ਉਨ੍ਹਾਂ ਪੁਲਸ ਨੂੰ ਦੱਸਿਆ ਕਿ ਰਾਜੇਸ਼ ਕੁਮਾਰ ਨੇ ਤਿੰਨ ਲੱਖ ਦਸ ਹਜ਼ਾਰ ਰੁਪਏ, ਜੀਤ ਰਾਮ ਨੇ ਇਕ ਲੱਖ ਅਠਵੰਜਾ ਹਜਾਰ ਤਿੰਨ ਸੌ ਬਾਈ ਰੁਪਏ, ਸੁਨੀਤਾ ਰਾਣੀ ਨੇ ਸਤਵੰਜਾ ਹਜਾਰ ਛੇ ਸੌ ਵੀਹ ਰੁਪਏ, ਕਮਲਜੀਤ ਕੌਰ ਨੇ ਪੰਤਾਲੀ ਹਜਾਰ ਪੰਜ ਸੌ ਪਝੱਤਰ ਰੁਪਏ ਅਤੇ ਗਾਇਤਰੀ ਦੇਵੀ ਨੇ ਪੰਤਾਲੀ ਹਜਾਰ ਪੰਜ ਸੌ ਪਝੱਤਰ ਰੁਪਏ ਹੜੱਪ ਕਰ ਲਏ ਹਨ। ਉਨ੍ਹਾਂ ਕਿਹਾ ਕਿ ਉਕਤ ਦੋਸੀ ਸਾਡੇ ਪਾਸੋਂ ਤਕਰੀਬਨ ਤਿੰਨ ਚਾਰ ਮਹੀਨੇ ਬਿਨਾਂ ਬੋਲੀ ਤੋਂ ਹੀ ਕਮੇਟੀਆਂ ਦੀ ਰਕਮ ਲੈਂਦੀ ਰਹੀ ਅਤੇ ਉਕਤ ਕੁੱਲ ਰਕਮ ਛੇ ਲੱਖ ਸਤਾਰਾਂ ਹਜਾਰ ਨਿਆਨਵੇਂ ਰੁਪਏ ਦੀ ਧੋਖਾਦੇਹੀ ਕੀਤੀ ਹੈ। ਉਨ੍ਹਾਂ ਪੁਲਸ ਨੂੰ ਦੱਸਿਆ ਕਿ ਪੈਸੇ ਮੰਗਣ ਤੇ ਜਾਨੋ ਮਾਰਨ ਦੀਆਂ ਧਮਕੀਆਂ ਦਿੰਦੇ ਹਨ। ਇਨ੍ਹਾਂ ਦੇ ਖਿਲਾਫ ਪਹਿਲਾਂ ਵੀ ਕੇਸ ਦਰਜ ਹੈ ਤੇ ਦੋਵੇਂ ਵਿਦੇਸ਼ ਭੱਜਣ ਦੀ ਫ਼ਿਰਾਕ ਵਿਚ ਹਨ। ਸ਼ਿਕਾਇਤਕਰਤਾਵਾਂ ਨੇ ਗੁਹਾਰ ਲਗਾਈ ਕਿ ਇਨ੍ਹਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਅਤੇ ਸਾਡੀ ਰਕਮ ਸਾਨੂੰ ਵਾਪਸ ਦਿਵਾਈ ਜਾਵੇ। ਉਨ੍ਹਾਂ ਮੰਗ ਕੀਤੀ ਕਿ ਦੋਵਾਂ ਦੇ ਪਾਸਪੋਰਟ ਵੀ ਕਬਜੇ ਵਿਚ ਲਏ ਜਾਣ ਤਾਂ ਜੋ ਇਹ ਵਿਦੇਸ਼ ਨਾ ਭੱਜ ਸਕਣ। ਪੁਲਸ ਨੇ ਸ਼ਿਕਾਇਤ ’ਤੇ ਕਾਰਵਾਈ ਕਰਦੇ ਹੋਏ ਥਾਣਾ ਗੜ੍ਹਸ਼ੰਕਰ ਵਿਖੇ ਰਾਕੇਸ ਕੁਮਾਰ ਉਰਫ ਪੰਮੀ ਪੁੱਤਰ ਪਾਖਰ ਸਿੰਘ ਅਤੇ ਉਸਦੀ ਪਤਨੀ ਵੀਨਾ ਰਾਣੀ ਉਰਫ ਭੋਲੀ ਦੇ ਖਿਲਾਫ ਕਮੇਟੀਆਂ ਦੀ ਆੜ ਹੇਠ ਹੇਰਾਫੇਰੀ ਤੇ ਬੇਈਮਾਨੀ ਨਾਲ ਕੁੱਲ ਰਕਮ 6,17,092 ਰੁਪਏ ਹੜੱਪਣ ਦੇ ਦੋਸ਼ ਹੇਠ ਧਾਰਾ 420, 34, 406 ਆਈ. ਪੀ. ਸੀ. ਦੇ ਤਹਿਤ ਕੇਸ ਦਰਜ ਕੀਤਾ ਗਿਆ ਹੈ।




## ਧੀ ਦੇ ਸਹੁਰੇ ਘਰੋਂ ਆਏ ਫੋਨ ਨੇ ਚੀਰ ਛੱਡੀਆਂ ਆਂਦਰਾਂ, ਮਾਪਿਆਂ ਦੀਆਂ ਧਾਹਾਂ ਸੁਣ ਹਰ ਕਿਸੇ ਦਾ ਪਸੀਜਿਆ ਦਿਲ

ਲੁਧਿਆਣਾ 31 ਜਨਵਰੀ। ਅੰਬਾਲਾ ਸਿਟੀ ਦੀ ਰਹਿਣ ਵਾਲੀ ਇਕ ਵਿਆਹੁਤਾ ਦੀ ਸਹੁਰੇ ਘਰ ਸ਼ੱਕੀ ਹਾਲਾਤ ‘ਚ ਮੌਤ ਹੋਣ ਦੀ ਖਬਰ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਲੁਧਿਆਣਾ ਦੇ ਗੁਰੂ ਗਿਆਨ ਵਿਹਾਰ ਇਲਾਕੇ ‘ਚ ਸ਼ੱਕੀ ਹਾਲਾਤ ‘ਚ ਵਿਆਹੁਤਾ ਦੀ ਮੌਤ ਹੋ ਗਈ। ਉਸ ਦੀ ਪਛਾਣ ਰਮਨਦੀਪ ਕੌਰ (26) ਵਜੋਂ ਹੋਈ ਹੈ। ਇਸ ਮਾਮਲੇ ਨੂੰ ਲੈ ਕੇ ਮ੍ਰਿਤਕਾ ਦੇ ਪੇਕੇ ਪਰਿਵਾਰ ਦਾ ਦੋਸ਼ ਹੈ ਕਿ ਸਹੁਰੇ ਵਾਲਿਆਂ ਨੇ ਉਨ੍ਹਾਂ ਦੀ ਧੀ ਦਾ ਕਤਲ ਕੀਤਾ ਹੈ। ਦੱਸਣਯੋਗ ਹੈ ਕਿ ਮ੍ਰਿਤਕਾ ਦਾ ਇਕ ਸਾਲ ਦਾ ਪੁੱਤ ਵੀ ਹੈ, ਜਿਸ ਦਾ ਪਿਛਲੇ ਮਹੀਨੇ ਜੁਲਾਈ ‘ਚ ਜਨਮਨਦਿਨ ਮਨਾਇਆ ਸੀ। ਜਾਣਕਾਰੀ ਮੁਤਾਬਕ ਮ੍ਰਿਤਕਾ ਰਮਨਦੀਪ ਕੌਰ ਦਾ ਵਿਆਹ ਕਰਮਜੀਤ ਸਿੰਘ ਨਾਲ ਸਾਲ 2020 ‘ਚ ਹੋਇਆ ਸੀ। ਮ੍ਰਿਤਕਾ ਦੇ ਪਤੀ ਦਾ ਕੱਪੜੇ ਦਾ ਕਾਰੋਬਾਰੀ ਹੈ। ਮ੍ਰਿਤਕਾ ਦੇ ਮਾਮੇ ਅਵਤਾਰ ਸਿੰਘ



ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਮਨਦੀਪ ਨੂੰ ਉਸ ਦੀ ਮਾਂ ਨੇ ਫੋਨ ਕੀਤਾ ਪਰ ਫੋਨ ਬੰਦ ਆ ਰਿਹਾ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਉਸ ਦੀ ਸੱਸ ਨੂੰ ਫੋਨ ਕੀਤਾ। ਸੱਸ ਨੇ ਰਮਨਦੀਪ ਨਾਲ ਮਾਂ ਦੀ ਗੱਲ ਨਹੀਂ ਕਰਵਾਈ ਅਤੇ ਕਿਹਾ ਕਿ ਉਹ ਬੱਚੇ ਨੂੰ ਸੁਆ ਰਹੀ ਹੈ। ਮਾਮੇ ਨੇ ਦੱਸਿਆ ਕਿ ਸ਼ਾਮ ਕਰੀਬ ਸਾਢੇ 8 ਵਜੇ ਉਨ੍ਹਾਂ ਨੂੰ ਰਮਨਦੀਪ ਦੇ ਸਹੁਰੇ ਦਾ ਫੋਨ ਆਇਆ ਕਿ ਉਨ੍ਹਾਂ ਦੀ ਧੀ ਦੀ ਹਾਲਤ ਖਰਾਬ ਹੈ ਅਤੇ ਉਹ ਉਸ ਨੂੰ ਹਸਪਤਾਲ ਲਿਜਾ ਰਹੇ ਹਨ। ਫਿਰ ਥੋੜ੍ਹੀ ਦੇਰ ਬਾਅਦ ਫੋਨ ਆਇਆ ਕਿ ਧੀ ਦੀ ਹਾਲਤ ਜ਼ਿਆਦਾ ਖਰਾਬ ਹੈ। ਉਸ ਤੋਂ ਬਾਅਦ ਉਨ੍ਹਾਂ ਨੂੰ ਕਰਮਜੀਤ ਦੇ ਨੰਬਰ ਤੋਂ ਗੁਆਂਢੀਆਂ ਨੇ ਫੋਨ ਕਰਕੇ ਦੱਸਿਆ ਕਿ ਉਨ੍ਹਾਂ ਦੀ ਧੀ ਦੀ ਮੌਤ ਹੋ ਚੁੱਕੀ ਹੈ। ਇਸ ਤੋਂ ਬਾਅਦ ਪਰਿਵਾਰ ਵਾਲੇ ਤੁਰੰਤ ਅੰਬਾਲਾ ਤੋਂ ਲੁਧਿਆਣਾ ਪਹੁੰਚੇ ਤਾਂ ਦੇਖਿਆ ਕਿ ਰਮਨਦੀਪ ਦੀ ਲਾਸ਼ ਵੱਖ ਕਮਰੇ ‘ਚ ਪਈ ਸੀ ਅਤੇ ਉਸ ‘ਤੇ ਚਾਦਰ ਤੱਕ ਨਹੀਂ ਦਿੱਤੀ ਗਈ ਸੀ। ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਨੂੰ ਦਾਜ ਲਈ ਪਰੇਸ਼ਾਨ ਕੀਤਾ ਜਾਂਦਾ ਸੀ। ਇਸ ਤੋਂ ਪਹਿਲਾਂ ਵੀ ਉਨ੍ਹਾਂ ਦੀ ਲੜਾਈ ਹੋਈ ਸੀ, ਜਿਸ ਤੋਂ ਬਾਅਦ ਪਰਿਵਾਰ ਵਿੱਚ ਬੈਠ ਕੇ ਹੀ ਸਮਝੌਤਾ ਕੀਤਾ ਗਿਆ ਸੀ।

## ਟਮਾਟਰ ਦੀ ਥਾਂ ਸਸਤੇ ਹੋਣਗੇ ਗੰਢੇ, ਤਿਉਹਾਰਾਂ ਦੇ ਸੀਜਨ ਤੋਂ ਪਹਿਲਾਂ ਕੇਂਦਰ ਸਰਕਾਰ ਨੇ ਲਿਆ ਵੱਡਾ ਫੈਸਲਾ

ਨੈਸਨਲ ਡੈਸਕ 31 ਜਨਵਰੀ। ਜਿੱਥੇ ਇਕ ਪਾਸੇ ਟਮਾਟਰ ਦੀਆਂ ਕੀਮਤਾਂ ਅਸਮਾਨੀ ਚੜ੍ਹ ਗਈਆਂ ਹਨ, ਉੱਥੇ ਹੀ ਕੁਝ ਦਿਨਾਂ ਤੋਂ ਗੰਢੇ ਦੀਆਂ ਵੱਧ ਰਹੀਆਂ ਕੀਮਤਾਂ ਕਾਰਨ ਵੀ ਲੋਕ ਪਰੇਸ਼ਾਨ ਹੋ ਰਹੇ ਹਨ। ਹਾਲਾਂਕਿ ਹੁਣ ਤਿਉਹਾਰਾਂ ਤੋਂ ਪਹਿਲਾਂ ਕੇਂਦਰ ਸਰਕਾਰ ਨੇ ਵੱਡਾ ਫੈਸਲਾ ਲਿਆ ਹੈ। ਦਰਅਸਲ, ਗੰਢੇ ਦੀਆਂ ਕੀਮਤਾਂ ‘ਚ ਹੋ ਰਹੇ ਵਾਧੇ ਨੂੰ ਰੋਕਣ ਲਈ ਕੇਂਦਰ ਨੇ ਬਫਰ ਸਟਾਕ ‘ਚੋਂ ਗੰਢੇ ਕੱਢਣੇ ਸ਼ੁਰੂ ਕਰ ਦਿੱਤੇ ਹਨ। ਕੇਂਦਰ ਸਰਕਾਰ ਨੇ ਪਹਿਲਾਂ ਫੈਸਲਾ ਕੀਤਾ ਸੀ ਕਿ ਉਹ 2023-24 ਸੀਜਨ ਲਈ 3 ਲੱਖ ਟਨ ਗੰਢੇ ਬਫਰ ਸਟਾਕ ਵਜੋਂ ਰੱਖੇਗੀ। 2022-23 ਵਿੱਚ ਸਰਕਾਰ ਨੇ 2.51 ਲੱਖ ਟਨ ਗੰਢੇ ਬਫਰ ਸਟਾਕ ਵਜੋਂ ਰੱਖੇ ਸਨ। ਜੇਕਰ ਘੱਟ ਸਪਲਾਈ ਦੇ ਸੀਜਨ ਦੌਰਾਨ ਦਰਾਂ ਵਿੱਚ ਕਾਫੀ ਵਾਧਾ ਹੁੰਦਾ ਹੈ, ਤਾਂ ਕਿਸੇ



ਐਮਰਜੈਂਸੀ ਸਥਿਤੀ ਨੂੰ ਪੂਰਾ ਕਰਨ ਅਤੇ ਕੀਮਤ ਸਥਿਰਤਾ ਲਈ ਬਫਰ ਸਟਾਕ ਬਣਾਈ ਰੱਖਿਆ ਜਾਂਦਾ ਹੈ। ਖੁਰਾਕ ਅਤੇ ਜਨਤਕ ਵੰਡ ਵਿਭਾਗ ਦੇ ਸਕੱਤਰ ਰੋਹਿਤ ਕੁਮਾਰ ਸਿੰਘ ਨੇ ਵੀਰਵਾਰ ਨੂੰ ਸਰਕਾਰ ਦੀਆਂ ਖੇਤੀਬਾੜੀ ਮੰਡੀਕਰਨ ਏਜੰਸੀਆਂ - ਨੈਸਨਲ ਐਗਰੀਕਲਚਰਲ ਕੋਆਪਰੇਟਿਵ ਮਾਰਕੀਟਿੰਗ ਫੈਡਰੇਸਨ ਆਫ ਇੰਡੀਆ () ਅਤੇ ਨੈਸਨਲ ਕੋਆਪਰੇਟਿਵ ਕੰਜ਼ਿਊਮਰਸ ਫੈਡਰੇਸਨ ਆਫ ਇੰਡੀਆ ਲਿਮਟਿਡ () ਦੇ ਮੈਨੇਜਿੰਗ ਡਾਇਰੈਕਟਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ ਸਮਝੌਤੇ ਦੀ ਰੂਪ ਰੇਖਾ ਨੂੰ ਅੰਤਿਮ ਰੂਪ ਦਿੱਤਾ ਗਿਆ। ਨਾਲ ਹੀ, ਉਨ੍ਹਾਂ ਰਾਜਾਂ ਜਾਂ ਖੇਤਰਾਂ ਵਿੱਚ ਪ੍ਰਮੁੱਖ ਬਾਜਾਰਾਂ ਨੂੰ ਨਿਸਾਨਾ ਬਣਾ ਕੇ ਗੰਢੇ ਦੇ ਸਟਾਕ ਨੂੰ ਜਾਰੀ ਕਰਨ ਦਾ ਫੈਸਲਾ ਕੀਤਾ, ਜਿੱਥੇ ਪ੍ਰਚੂਨ ਕੀਮਤਾਂ ਆਲ-ਭਾਰਤੀ ਔਸਤ ਤੋਂ ਉੱਪਰ ਚੱਲ ਰਹੀਆਂ ਹਨ। ਜਿੱਥੇ ਪਿਛਲੇ ਮਹੀਨੇ ਅਤੇ ਸਾਲ ਵਿੱਚ ਕੀਮਤਾਂ ਵਿੱਚ ਵਾਧੇ ਦੀ ਦਰ ਸੀਮਾ ਪੱਧਰ ਤੋਂ ਉੱਪਰ ਹੈ।

## ਵਿੱਤੀ ਸਾਲ 2023-24 ‘ਚ ਭੇਲ ਨੇ ਰੱਖਿਆ 20,300 ਕਰੋੜ ਰੁਪਏ ਦੇ ਕਾਰੋਬਾਰ ਦਾ ਟੀਚਾ

ਬੈਂਗਲੁਰੂ 31 ਜਨਵਰੀ। ਜਨਤਕ ਖੇਤਰ ਦੀ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਭੇਲ) ਨੇ ਵਿੱਤੀ ਸਾਲ 2023-24 ਵਿੱਚ 20,300 ਕਰੋੜ ਰੁਪਏ ਦੇ ਕਾਰੋਬਾਰ ਦਾ ਟੀਚਾ ਰੱਖਿਆ ਹੈ। ਕੰਪਨੀ ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਭਾਨੂ ਪ੍ਰਕਾਸ਼ ਸ਼੍ਰੀਵਾਸਤਵ ਨੇ ਮੰਗਲਵਾਰ ਨੂੰ ਕਿਹਾ ਕਿ ਸਵਦੇਸ਼ੀ ਉਤਪਾਦਾਂ ਦੀ ਮੰਗ ਕਾਰਨ ਕੰਪਨੀ ਦੇ ਵਿਕਾਸ ਨੂੰ ਰਫਤਾਰ ਮਿਲ ਰਹੀ ਹੈ। ਉਨ੍ਹਾਂ ਨੇ ਇੱਥੇ ਇਕ ਇੰਟਰਵਿਊ ’ਚ ਕਿਹਾ ਕਿ ਰੱਖਿਆ ਮੰਤਰਾਲਾ ਦੇ ਤਹਿਤ ਆਉਣ ਵਾਲੇ ਇਸ ਨਵਰਤਨ ਪੀ. ਐੱਸ. ਯੂ. ਕੋਲ ਇਸ ਸਾਲ ਇਕ ਅਗਸਤ ਤੱਕ ਲਗਭਗ 64,800 ਕਰੋੜ ਰੁਪਏ ਦੇ ਠੇਕੇ ਹਨ। ਉਨ੍ਹਾਂ ਨੇ ਕਿਹਾ ਕਿ ਭੇਲ ਨੇ ਬ੍ਰਾਜੀਲ, ਆਰਮੇਨੀਆ ਅਤੇ ਕਜਾਕਿਸਤਾਨ ਵਿੱਚ ਮਾਰਕੀਟਿੰਗ ਦਫਤਰ ਸ਼ੁਰੂ ਕਰਨ ਦੀ ਯੋਜਨਾ ਬਣਾਈ ਹੈ। 2023-24 ਲਈ ਐਕਸਪੋਰਟ ਵਿਕਰੀ ਟੀਚਾ 9 ਕਰੋੜ ਅਮਰੀਕੀ ਡਾਲਰ ਹੈ। ਭੇਲ ਨੇ ਪਿਛਲੇ ਵਿੱਤੀ ਸਾਲ ਵਿੱਚ 15 ਫੀਸਦੀ ਦੇ ਵਾਧੇ ਨਾਲ ਲਗਭਗ 17,300 ਕਰੋੜ ਰੁਪਏ ਦਾ ਕਾਰੋਬਾਰ ਕੀਤਾ ਸੀ। ਸ਼੍ਰੀਵਾਸਤਵ ਨੇ ਦੱਸਿਆ ਕਿ ਕਿਸੇ ਵੀ ਦੇਸ਼ ’ਚ ਰੱਖਿਆ ਕਾਰੋਬਾਰ ਸਰਕਾਰੀ ਨੀਤੀਆਂ ਨਾਲ ਕਾਫੀ ਹੱਦ ਤੱਕ ਜੁੜਿਆ ਹੁੰਦਾ ਹੈ ਅਤੇ ਇਹ ਦੇਸ਼ ਦੇ ਭੂ-ਸਿਆਸੀ ਦ੍ਰਿਸ਼, ਸੁਰੱਖਿਆ ਖਤਰਿਆਂ ਅਤੇ ਆਰਥਿਕ ਵਿਕਾਸ ਵਰਗੇ ਕਾਰਕਾਂ ’ਤੇ ਨਿਰਭਰ ਕਰਦਾ ਹੈ। ਉਨ੍ਹਾਂ ਨੇ ਦੱਸਿਆ ਕਿ ਕੰਪਨੀ ਆਪਣੇ ਕਾਰੋਬਾਰ ਦਾ ਲਗਭਗ 6 ਤੋਂ 7 ਫੀਸਦੀ ਖੋਜ ਅਤੇ ਵਿਕਾਸ ’ਚ ਨਿਵੇਸ਼ ਕਰ ਰਹੀ ਹੈ। ਭੇਲ ਆਪਣੇ ਰੱਖਿਆ ਅਤੇ ਗੈਰ-ਰੱਖਿਆ ਉਤਪਾਦਾਂ ਦੇ ਐਕਸਪੋਰਟ ਨੂੰ ਵਧਾਉਣ ’ਤੇ ਖਾਸ ਧਿਆਨ ਦੇ ਰਹੀ ਹੈ। ਕੰਪਨੀ ਦੇ ਵੀਅਤਨਾਮ, ਸ਼੍ਰੀਲੰਕਾ, ਓਮਾਨ, ਅਮਰੀਕਾ, ਸਿੰਗਾਪੁਰ ਅਤੇ ਨਾਈਜੀਰੀਆ ਵਿੱਚ ਵਿਦੇਸ਼ੀ ਮਾਰਕੀਟਿੰਗ ਦਫਤਰ ਖੋਲ੍ਹ ਕੇ ਆਪਣੀ ਪਹੁੰਚ ਨੂੰ ਵਧਾਇਆ ਹੈ। ਇਸ ਤੋਂ ਇਲਾਵਾ ਬ੍ਰਾਜੀਲ, ਆਰਮੇਨੀਆ ਅਤੇ ਕਜਾਕਿਸਤਾਨ ’ਚ ਮਾਰਕੀਟਿੰਗ ਦਫਤਰ ਸ਼ੁਰੂ ਕਰਨ ਦੀ ਯੋਜਨਾ ਹੈ।




## ਧੀ ਨੂੰ ਕਤਲ ਕਰਕੇ ਲਾਸ਼ ਨੂੰ ਪਿੰਡ ’ਚ ਘੁਮਾਉਣ ਵਾਲੇ ਪਿਓ ਦਾ ਵੱਡਾ ਬਿਆਨ ਆਇਆ ਸਾਹਮਣੇ

ਅੰਮ੍ਰਿਤਸਰ 31 ਜਨਵਰੀ। 16 ਸਾਲਾ ਧੀ ਨੂੰ ਕਤਲ ਕਰਨ ਤੋਂ ਬਾਅਦ ਲਾਸ਼ ਨੂੰ ਮੋਟਰਸਾਈਕਲ ਦੇ ਪਿੱਛੇ ਬੰਨ੍ਹ ਕੇ ਪਿੰਡ ਵਿਚ ਘੁਮਾਉਣ ਵਾਲੇ ਕਾਤਲ ਪਿਓ ਦਾ ਪਹਿਲਾ ਬਿਆਨ ਸਾਹਮਣੇ ਆਇਆ ਹੈ। ਅੱਜ ਕਾਤਲ ਪਿਓ ਵਲੋਂ ਪੁਲਸ ਕੋਲ ਸਰੰਡਰ ਕਰ ਦਿੱਤਾ ਗਿਆ। ਇਸ ਦੌਰਾਨ ਜਦੋਂ ਪੁਲਸ ਮੁਲਜਮ ਨੂੰ ਅਦਾਲਤ ਵਿਚ ਲੈ ਕੇ ਜਾ ਰਹੀ ਸੀ ਤਾਂ ਉਸ ਨੇ ਕੈਮਰੇ ਸਾਹਮਣੇ ਆਖਿਆ ਕਿ ਉਸ ਦੀ ਧੀ ਦਿਨ ਅਤੇ ਇਕ ਰਾਤ ਕਿਸੇ ਦੇ ਘਰ ਰਹਿ ਕੇ ਆਈ ਸੀ। ਉਹ ਅਣਖ ਵਾਲਾ ਬੰਦਾ ਹੈ। ਪਿੰਡ ਮੁੱਛਲ ਵਿਚ ਕਿੰਨੀਆਂ ਕੁੜੀਆਂ ਨਾਲ ਅਜਿਹਾ ਹੋਇਆ ਹੈ ਪਰ ਲੋਕ ਰੱਖ ਲੈਂਦੇ ਹਨ ਪਰ ਹੁਣ ਜੋ ਪੜ੍ਹ ਰਹੀਆਂ ਹਨ, ਉਹ ਸੁਧਰ ਜਾਣ। ਇਸ ਲਈ ਉਸ ਨੇ ਇਹ ਕਦਮ ਚੁੱਕਿਆ ਹੈ। ਇਸ ਤੋਂ ਪੁਲਸ ਮੁਲਜਮ ਨੂੰ ਅਦਾਲਤ ਵਿਚ ਲੈ ਗਈ। ਥਾਣਾ ਤਰਸਿੱਕਾ ਅਧੀਨ ਆਉਂਦੇ ਪਿੰਡ ਮੁੱਛਲ ਵਿਚ ਵੀਰਵਾਰ ਦੁਪਹਿਰ ਸਮੇਂ ਪਿਤਾ ਵੱਲੋਂ ਆਪਣੀ ਧੀ ਦਾ ਅਣਖ ਖਾਤਰ ਕਤਲ ਕਰ ਦਿੱਤਾ ਗਿਆ। ਦਲਬੀਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਮੁੱਛਲ ਨੂੰ ਆਪਣੀ 16 ਸਾਲਾ ਧੀ ਦੇ ਚਰਿੱਤਰ ’ਤੇ ਸੱਕ ਸੀ ਜਿਸ ਕਾਰਨ ਉਸ ਨੇ ਆਪਣੀ ਧੀ ਨੂੰ ਤੇਜਧਾਰ ਹਥਿਆਰ ਨਾਲ ਮਾਰ ਦਿੱਤਾ। ਕਤਲ ਤੋਂ ਬਾਅਦ ਦਲਬੀਰ ਸਿੰਘ ਲਾਸ ਨੂੰ ਮੋਟਰਸਾਈਕਲ ਨਾਲ ਘੜੀਸਦਾ ਹੋਇਆ ਰੇਲਵੇ ਟਰੈਕ ਉਪਰ ਸੁੱਟ ਕੇ ਫਰਾਰ ਹੋ ਗਿਆ। ਇਹ ਸਾਰੀ ਘਟਨਾ ਪਿੰਡ ਵਿਚ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਵਿਚ ਕੈਦ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਉਕਤ ਲੜਕੀ ਪਿਛਲੇ ਦੋ ਦਿਨ ਤੋਂ ਘਰੋਂ ਲਾਪਤਾ ਸੀ। ਕਾਫੀ ਲੱਭਣ ਦੇ ਬਾਅਦ ਵੀ ਉਹ ਕਿਤੇ ਨਹੀਂ ਮਿਲੀ ਪਰ ਵੀਰਵਾਰ ਦੁਪਹਿਰੇ 2 ਵਜੇ ਅਚਾਨਕ ਉਹ ਘਰ ਪਰਤ ਆਈ। ਇਸ ਤੋਂ ਬਾਅਦ ਗੱਲਬਾਤ ਕੀਤੇ ਬਿਨਾਂ ਹੀ ਪਿਤਾ ਨੇ ਤੇਜਧਾਰ ਹਥਿਆਰ ਨਾਲ ਧੀ ਦਾ ਕਤਲ ਕਰ ਦਿੱਤਾ।

## 59 ਹਜਾਰ ਰੁਪਏ ਤੋਂ ਹੇਠਾਂ ਪਹੁੰਚੀ ਸੋਨੇ ਦੀ ਕੀਮਤ, ਚਾਂਦੀ ‘ਚ ਵੀ ਆਈ ਗਿਰਾਵਟ

ਬਿਜਨੈੱਸ ਡੈਸਕ 31 ਜਨਵਰੀ। ਸੋਨੇ ਦੀਆਂ ਕੀਮਤਾਂ ‘ਚ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਸੋਨਾ, ਜੋ ਹੁਣ ਤੱਕ 59 ਹਜਾਰ ਰੁਪਏ ਪ੍ਰਤੀ 10 ਗ੍ਰਾਮ ਤੋਂ ਉੱਪਰ ਚੱਲ ਰਿਹਾ ਸੀ, ਹੁਣ 59 ਹਜਾਰ ਰੁਪਏ ਤੋਂ ਹੇਠਾਂ ਕਾਰੋਬਾਰ ਕਰ ਰਿਹਾ ਹੈ। ਚਾਂਦੀ ਦੀਆਂ ਕੀਮਤਾਂ ‘ਚ ਵੀ ਅੱਜ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਜੇਕਰ ਤੁਸੀਂ ਸੋਨਾ ਖਰੀਦਣ ਬਾਰੇ ਸੋਚ ਰਹੇ ਹੋ, ਤਾਂ ਯਕੀਨੀ ਤੌਰ ‘ਤੇ ਇਸ ਦੇ ਨਵੀਨਤਮ ਰੇਟ ਦੀ ਜਾਂਚ ਜਰੂਰ ਕਰੋ। ਐਕਸਚੇਂਜ ‘ਤੇ ਸੁੱਕਰਵਾਰ ਦੀ ਸਵੇਰੇ 5 ਅਕਤੂਬਰ, 2023 ਨੂੰ ਡਿਲੀਵਰੀ ਵਾਲਾ ਸੋਨਾ 58800 ਰੁਪਏ ਪ੍ਰਤੀ 10 ਗ੍ਰਾਮ ‘ਤੇ ਖੁੱਲ੍ਹਿਆ ਹੈ। ਇਹ ਸੋਨਾ ਵੀਰਵਾਰ ਦੀ ਸਾਮ ਨੂੰ 58,853 ਰੁਪਏ ‘ਤੇ ਬੰਦ ਹੋਇਆ ਸੀ। ਸੋਨਾ ਹੁਣ 58 ਹਜਾਰ ਦੇ ਕਰੀਬ ਪਹੁੰਚ ਗਿਆ ਹੈ। ਸੁੱਕਰਵਾਰ ਸਵੇਰੇ ਚਾਂਦੀ ਦੀਆਂ ਕੀਮਤਾਂ ‘ਚ ਵੀ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਸੁੱਕਰਵਾਰ ਸਵੇਰੇ 5 ਸਤੰਬਰ 2023 ਨੂੰ ‘ਤੇ ਡਿਲੀਵਰੀ ਵਾਲੀ ਚਾਂਦੀ 70050 ਰੁਪਏ ਪ੍ਰਤੀ ਕਿਲੋਗ੍ਰਾਮ ‘ਤੇ ਡਿੱਗ ਕੇ ਖੁੱਲ੍ਹੀ ਹੈ। ਦੂਜੇ ਪਾਸੇ 5 ਦਸੰਬਰ, 2023 ਨੂੰ ਡਿਲੀਵਰੀ ਵਾਲੀ ਚਾਂਦੀ ਦੀ ਕੀਮਤ ਡਿੱਗ ਕੇ 71419 ਰੁਪਏ ਪ੍ਰਤੀ ਕਿਲੋਗ੍ਰਾਮ ‘ਤੇ ਆ ਗਈ ਹੈ। ਸੋਨੇ ਦੀਆਂ ਗਲੋਬਲ ਕੀਮਤਾਂ ਵਿੱਚ ਸੁੱਕਰਵਾਰ ਨੂੰ ਮਿਲਿਆ-ਜੁਲਿਆ ਅਸਰ ਦੇਖਣ ਨੂੰ ਮਿਲ ਰਿਹਾ ਹੈ। ਕਾਮੈਕਸ ‘ਤੇ ਸੋਨੇ ਦੀ ਗਲੋਬਲ ਫਿਊਚਰਜ ਕੀਮਤ 0.19 ਫੀਸਦੀ ਜਾਂ 3.70 ਡਾਲਰ ਦੀ ਗਿਰਾਵਟ ਨਾਲ 1,945.20 ਡਾਲਰ ਪ੍ਰਤੀ ਔਂਸ ‘ਤੇ ਕਾਰੋਬਾਰ ਕਰ ਰਹੀ ਸੀ। ਨਾਲ ਹੀ ਸੋਨੇ ਦੀ ਗਲੋਬਲ ਸਪਾਟ ਕੀਮਤ ਵਾਧੇ ਦੇ ਨਾਲ 1913.09 ਡਾਲਰ ਪ੍ਰਤੀ ਔਂਸ ‘ਤੇ ਕਾਰੋਬਾਰ ਕਰਦੀ ਨਜਰ ਆਈ।

## ਘਰੇਲੂ ਬਾਜਾਰ ’ਚ ਯਾਤਰੀ ਵਾਹਨਾਂ ਦੀ ਵਿਕਰੀ ਜੁਲਾਈ ’ਚ 2.57 ਫੀਸਦੀ ਵਧ ਕੇ 3.50 ਲੱਖ ਇਕਾਈ ’ਤੇ

ਨਵੀਂ ਦਿੱਲੀ 31 ਜਨਵਰੀ। ਘਰੇਲੂ ਬਾਜਾਰ ਵਿਚ ਯਾਤਰੀ ਵਾਹਨਾਂ ਦੀ ਥੋਕ ਵਿਕਰੀ ਜੁਲਾਈ ’ਚ ਸਾਲਾਨਾ ਆਧਾਰ ’ਤੇ 2.57 ਫੀਸਦੀ ਵਧ ਕੇ 3,50,49 ਇਕਾਈ ਹੋ ਗਈ। ਵਾਹਨ ਨਿਰਮਾਤਾਵਾਂ ਦੇ ਸੰਗਠਨ ਸੋਸਾਇਟੀ ਆਫ ਇੰਡੀਅਨ ਆਟੋਮੋਬਾਇਲ ਮੈਨੂਫੈਕਚਰਰਸ (ਸਿਆਮ) ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਜੁਲਾਈ 2022 ਵਿਚ ਨਿਰਮਾਤਾਵਾਂ ਵਲੋਂ ਡੀਲਰਾਂ ਨੂੰ 3,41,370 ਯਾਤਰੀ ਵਾਹਨਾਂ ਦੀ ਸਪਲਾਈ ਕੀਤੀ ਗਈ ਸੀ। ਸਿਆਮ ਮੁਤਾਬਕ ਜੁਲਾਈ ਵਿਚ ਦੋ ਪਹੀਆ ਵਾਹਨਾਂ ਦੀ ਘਰੇਲੂ ਵਿਕਰੀ ਘਟ ਕੇ 12,82,054 ਇਕਾਈ ਰਹਿ ਗਈ। ਜੁਲਾਈ 2022 ਵਿਚ ਇਹ 13,81,303 ਇਕਾਈ ਰਹੀ ਸੀ। ਮੋਟਰਸਾਈਕਲ ਵਿਕਰੀ 8,70,028 ਇਕਾਈ ਤੋਂ ਘਟ ਕੇ 8,17,206 ਇਕਾਈ ਰਹਿ ਗਈ। ਸਕੂਟਰ ਵਿਕਰੀ ਵੀ 4,79,159 ਇਕਾਈ ਤੋਂ 4,28,640 ਇਕਾਈ ’ਤੇ ਆ ਗਈ। ਇਸ ਦੌਰਾਨ ਤਿੰਨ ਪਹੀਆ ਵਾਹਨਾਂ ਦੀ ਥੋਕ ਵਿਕਰੀ 56,034 ਇਕਾਈ ਰਹੀ ਜੋ ਇਕ ਸਾਲ ਪਹਿਲਾਂ ਇਸੇ ਮਹੀਨੇ ਵਿਚ 31,324 ਇਕਾਈ ਸੀ। ਸਿਆਮ ਨੇ ਕਿਹਾ ਕਿ ਸਾਰੀਆਂ ਸ਼੍ਰੇਣੀਆਂ ’ਚ ਕੁੱਲ ਵਾਹਨ ਵਿਕਰੀ 16,40,727 ਇਕਾਈਆਂ ਰਹੀ ਜਦ ਕਿ ਜੁਲਾਈ 2022 ਵਿਚ ਇਹ ਅੰਕੜਾ 17,06,545 ਇਕਾਈ ਸੀ। ਸਿਆਮ ਦੇ ਮੁਖੀ ਵਿਨੋਦ ਅੱਗਰਵਾਲ ਨੇ ਕਿਹਾ ਕਿ ਕੁੱਲ ਮਿਲਾ ਕੇ ਸਾਨੂੰ ਉਮੀਦ ਹੈ ਕਿ ਹਾਂਪੱਖੀ ਆਰਥਿਕ ਮਾਹੌਲ, ਬਿਹਤਰ ਮਾਨਸੂਨ ਅਤੇ ਆਗਾਮੀ ਤਿਓਹਾਰਾਂ ਦੇ ਮੱਦੇਨਜਰ ਵਾਹਨ ਉਦਯੋਗ ਨੂੰ ਸਮਰਥਨ ਮਿਲੇਗਾ। ਸਿਆਮ ਦੇ ਡਾਇਰੈਕਟਰ ਜਨਰਲ ਰਾਜੇਸ਼ ਮੇਨਨ ਨੇ ਕਿਹਾ ਕਿ ਜੁਲਾਈ 2023 ਵਿਚ ਯਾਤਰੀ ਵਾਹਨਾਂ ਦੀ ਵਿਕੀਰ ਇਸ ਮਹੀਨੇ ਦੀ ਸਭ ਤੋਂ ਵੱਧ ਰਹੀ ਹੈ। ਹਾਲਾਂਕਿ ਇਸ ਵਿਚ ਜੁਲਾਈ 2022 ਦੀ ਤੁਲਨਾ ’ਚ 2.57 ਫੀਸਦੀ ਦਾ ਮਾਮੂਲੀ ਵਾਧਾ ਹੋਇਆ।



## ਜਲੰਧਰ ਸਣੇ 56 ਕੈਂਟ ਬੋਰਡ ਦੇ ਸਿਵਲ ਮੈਂਬਰਸ ਦਾ ਕਾਰਜਕਾਲ 6 ਮਹੀਨਿਆਂ ਲਈ ਵਧਿਆ

ਜਲੰਧਰ 31 ਜਨਵਰੀ। ਦੇਸ਼ ਦੀਆਂ 61 ਵਿਚੋਂ 56 ਛਾਉਣੀ ਕੰਪਲੈਕਸਾਂ ‘ਚ ਫਿਰ ਇਕ ਵਾਰ ਨਾਮਜਦ ਮੈਂਬਰਾਂ ਦਾ ਕਾਰਜਕਾਲ 6 ਮਹੀਨਿਆਂ ਲਈ ਵਧਾ ਦਿੱਤਾ ਹੈ। ਕੇਂਦਰ ਸਰਕਾਰ ਵੱਲੋਂ ਨਿਯੁਕਤ ਮੈਂਬਰਾਂ ਨੂੰ ਹੀ ਜ਼ਿੰਮੇਵਾਰੀ ਦਿੱਤੀ ਗਈ ਹੈ। ਰੱਖਿਆ ਮੰਤਰਾਲਾ ਨੇ ਹੁਕਮ ਵੀ ਦਿੱਤੇ ਹਨ। ਹੁਕਮਾਂ ਅਨੁਸਾਰ ਪੰਜਾਬ ਦੇ ਜਲੰਧਰ, ਫਿਰੋਜਪੁਰ, ਅੰਮ੍ਰਿਤਸਰ ਕੈਂਟ, ਅੰਬਾਲਾ ਕੈਂਟ, ਕਸੌਲੀ ਕੈਂਟ ਵਿਚ ਮੌਜੂਦਾ ਮੈਂਬਰ ਹੀ ਆਉਣ ਵਾਲੇ 6 ਮਹੀਨੇ ਕੰਮ ਕਰਨਗੇ। ਛਾਉਣੀ ਖੇਤਰ ਵਿਚ ਵਿਕਾਸ ਦੀਆਂ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣਗੇ। ਰੱਖਿਆ ਮੰਤਰਾਲਾ ਨੇ ਦੇਸ਼ ਦੀਆਂ 61 ਛਾਉਣੀ ਕੰਪਲੈਕਸਾਂ ਵਿਚੋਂ 56 ਲਈ ਇਕੱਠੇ ਆਦੇਸ਼ ਪਾਸ ਕਰਕੇ ਭੇਜ ਦਿੱਤੇ ਹਨ। ਕੈਂਟ ਬੋਰਡ ਵਿਚ ਨਾਮਜਦ ਮੈਂਬਰਾਂ ਦਾ ਕਾਰਜਕਾਲ 12 ਅਗਸਤ ਨੂੰ ਖਤਮ ਹੋ ਰਿਹਾ ਹੈ। ਰੱਖਿਆ ਮੰਤਰਾਲਾ ਦੇ ਸਾਂਝੇ ਸਕੱਤਰ ਰਾਕੇਸ਼ ਮਿੱਤਸ ਦੇ ਦਫਤਰ ਤੋਂ ਜਾਰੀ ਸੂਚਨਾ ਅਨੁਸਾਰ ਕੰਪਲੈਕਸ ਦੇ ਨਾਮਜਦ ਮੈਂਬਰਾਂ ਦਾ ਕਾਰਜਕਾਲ 6 ਮਹੀਨਿਆਂ ਤੱਕ ਵਧਾ ਦਿੱਤਾ ਗਿਆ ਹੈ। ਸਿਵਲ ਮੈਂਬਰ ਪੁਨੀਤ ਸ਼ੁਕਲਾ ਦੀ 12 ਅਗਸਤ ਨੂੰ ਕਾਰਜ ਦਾ ਮਿਆਦ ਖਤਮ ਹੋ ਰਹੀ ਸੀ

## ਰੁਟੀਨ ਵਾਂਗ ਖੁੱਲ੍ਹਣਗੇ ਸਰਕਾਰੀ ਦਫਤਰ, ਬੰਦ ਨੂੰ ਲੈ ਕੇ ਸ਼ਸ਼ੋਪੰਜ ’ਚ ਦੁਕਾਨਦਾਰ ਤੇ ਮਾਪੇ

ਜਲੰਧਰ 31 ਜਨਵਰੀ। ਮਣੀਪੁਰ ਅੱਤਿਆਚਾਰ ਰੋਸ ਐਕਸਨ ਕਮੇਟੀ, ਮਸੀਹ ਸਮਾਜ ਸਮੇਤ ਵੱਖ-ਵੱਖ ਰਾਜਨੀਤਕ ਤੇ ਸਮਾਜਿਕ ਜਥੇਬੰਦੀਆਂ ਵੱਲੋਂ ਅੱਜ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ ਪਰ ਇਸ ਦੌਰਾਨ ਸਰਕਾਰੀ ਦਫਤਰ ਰੁਟੀਨ ਵਾਂਗ ਖੁੱਲ੍ਹਣਗੇ ਤੇ ਲੋਕ ਆਪਣੇ ਕੰਮਕਾਜ ਕਰਵਾ ਸਕਣਗੇ। ਇਸ ਦੇ ਨਾਲ ਹੀ ਬੰਦ ਕਾਰਨ ਕੁਝ ਨਿੱਜੀ ਸਕੂਲਾਂ ਵੱਲੋਂ ਛੁੱਟੀ ਦਾ ਐਲਾਨ ਕੀਤਾ ਗਿਆ ਹੈ, ਜਦਕਿ ਸਰਕਾਰੀ ਸਕੂਲਾਂ ’ਚ ਪੜ੍ਹਾਈ ਜਾਰੀ ਰਹੇਗੀ। ਭਾਰਤ ਬੰਦ ਦੇ ਇਸ ਸੱਦੇ ਦੌਰਾਨ ਬੰਦ ਦਾ ਸਮਾਂ ਸਵੇਰੇ 9 ਵਜੇ ਤੋਂ ਸਾਮ 5 ਵਜੇ ਤੱਕ ਰੱਖਿਆ ਗਿਆ ਹੈ। ਬੰਦ ਕਾਰਨ ਬੱਚਿਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਕੁਝ ਪ੍ਰਾਈਵੇਟ ਸਕੂਲਾਂ ਨੇ ਮਾਪਿਆਂ ਨੂੰ ਛੁੱਟੀ ਦਾ ਸੁਨੇਹਾ ਦਿੱਤਾ ਹੈ। ਇਸ ਦੇ ਨਾਲ ਹੀ ਵੱਖ-ਵੱਖ ਪ੍ਰਾਈਵੇਟ ਸਕੂਲ ਖੋਲ੍ਹਣ ਸਬੰਧੀ ਸਥਿਤੀ ਪੂਰੀ ਤਰ੍ਹਾਂ ਸਾਫ ਨਹੀਂ ਹੋ ਸਕੀ, ਜਿਸ ਕਾਰਨ ਭੰਬਲਭੂਸਾ ਬਣਿਆ ਹੋਇਆ ਹੈ। ਵੱਡੀ ਗਿਣਤੀ ਪ੍ਰਾਈਵੇਟ ਸਕੂਲਾਂ ਨੇ ਮਾਪਿਆਂ ਨੂੰ ਛੁੱਟੀ ਬਾਰੇ ਕੋਈ ਸੁਨੇਹਾ ਨਹੀਂ ਭੇਜਿਆ ਹੈ। ਭੰਬਲਭੂਸੇ ਦੀ ਸਥਿਤੀ ’ਚ ਮਾਪੇ ਸਕੂਲ ਅਧਿਆਪਕਾਂ ਨੂੰ ਫੋਨ ਕਰ ਕੇ ਜਾਣਕਾਰੀ ਲੈਣ ਦੀ ਕੋਸ਼ਿਸ਼ ਕਰ ਰਹੇ ਸਨ ਪਰ ਕਈ ਅਧਿਆਪਕ ਆਪ ਹੀ ਉਲਝਣ ’ਚ ਪਏ ਹੋਏ ਸਨ। ਇਸ ਦੇ ਨਾਲ ਹੀ ਭਾਰਤ ਬੰਦ ਦੌਰਾਨ ਬਾਜਾਰ ਖੁੱਲ੍ਹਣਗੇ ਜਾਂ ਬੰਦ ਰਹਿਣਗੇ, ਇਹ ਤਾਂ ਹਾਲਾਤ ਤੋਂ ਬਾਅਦ ਹੀ ਪਤਾ ਲੱਗੇਗਾ ਪਰ ਦੁਕਾਨਦਾਰ ਵੀ ਬੰਦ ਨੂੰ ਲੈ ਕੇ ਭੰਬਲਭੂਸੇ ’ਚ ਨਜਰ ਆਏ। ਸਹਿਰ ਦੇ ਅੰਦਰੂਨੀ ਬਾਜਾਰਾਂ ਦੇ ਨਾਲ-ਨਾਲ ਜੀ. ਟੀ. ਰੋਡ ’ਤੇ ਸਥਿਤ ਕਈ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਬੰਦ ਸਬੰਧੀ ਐਸੋਸੀਏਸਨਾਂ ਵੱਲੋਂ ਕੁਝ ਵੀ ਸਾਫ ਨਹੀਂ ਕੀਤਾ ਗਿਆ। ਕਈ ਦੁਕਾਨਦਾਰਾਂ ਦਾ ਕਹਿਣਾ ਸੀ ਕਿ ਬਾਜਾਰ ਪਹਿਲਾਂ ਹੀ ਹੌਲੀ ਚੱਲ ਰਿਹਾ ਹੈ, ਇਸ ਲਈ ਸਾਮ 5 ਵਜੇ ਤੱਕ ਬੰਦ ਰੱਖਣ ਨਾਲ ਕੋਈ ਫਰਕ ਨਹੀਂ ਪਵੇਗਾ। ਆਮ ਤੌਰ ’ਤੇ ਸਹਿਰ ’ਚ ਵੱਖ-ਵੱਖ ਥਾਵਾਂ ’ਤੇ ਲੱਗੇ ਚੌਪਾਟੀ ਤੇ ਅੰਦਰੂਨੀ ਬਾਜਾਰਾਂ ’ਚ ਗਾਹਕਾਂ ਦੀ ਆਵਾਜਾਈ ਸਾਮ 5 ਵਜੇ ਤੋਂ ਬਾਅਦ ਹੀ ਸੁਰੂ ਹੁੰਦੀ ਹੈ। ਇਸ ਦੇ ਨਾਲ ਹੀ ਸਰਕਾਰੀ ਬੱਸਾਂ ਦਾ ਸੰਚਾਲਨ ਰੁਟੀਨ ਵਾਂਗ ਹੀ ਰਹੇਗਾ ਪਰ ਰੋਡਵੇਜ ਅਧਿਕਾਰੀਆਂ ਦਾ ਕਹਿਣਾ ਹੈ ਕਿ ਅਗਲਾ ਫੈਸਲਾ ਮੌਕੇ ’ਤੇ ਹੀ ਲਿਆ ਜਾਵੇਗਾ, ਜੇਕਰ ਸਵਾਰੀਆਂ ਨਹੀਂ ਪਹੁੰਚਦੀਆਂ ਤਾਂ ਬੱਸਾਂ ਦਾ ਸੰਚਾਲਨ ਮੁਅੱਤਲ ਕੀਤਾ ਜਾ ਸਕਦਾ ਹੈ। ਇਸ ਦੇ ਨਾਲ ਹੀ ਰੁਟੀਨ ਦਿਨਾਂ ਦੇ ਮੁਕਾਬਲੇ ਪ੍ਰਾਈਵੇਟ ਬੱਸਾਂ ਦੀ ਗਿਣਤੀ ’ਚ ਵੀ ਕਮੀ ਆਵੇਗੀ। ਆਮ ਤੌਰ ’ਤੇ ਦੇਖਿਆ ਗਿਆ ਹੈ ਕਿ ਬੰਦ ਦੌਰਾਨ ਪ੍ਰਾਈਵੇਟ ਟਰਾਂਸਪੋਰਟ ਚਲਾਉਣ ਤੋਂ ਗੁਰੇਜ ਕਰਦੇ ਹਨ ਕਿਉਂਕਿ ਬੱਸਾਂ ਨੂੰ ਅੱਗ ਲੱਗਣ ਵਰਗੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ।

## ਵਿਦੇਸ਼ ਵੱਸਣ ਵਾਲੇ ਪੰਜਾਬੀਆਂ ਲਈ ਖੁਸ਼ਖਬਰੀ, ਮੰਤਰੀ ਮੰਡਲ ਨੇ ਵੱਡੇ ਫੈਸਲੇ ‘ਤੇ ਲਾਈ ਮੋਹਰ

ਚੰਡੀਗੜ੍ਹ 31 ਜਨਵਰੀ। ਪੰਜਾਬ ਕੈਬਨਿਟ ਦੀ ਅੱਜ ਹੋਈ ਮੀਟਿੰਗ ਵਿੱਚ ਐਨ. ਆਰ. ਆਈਜ਼ ਦੀ ਸਹੂਲਤ ਲਈ ਵੱਡੇ ਫੈਸਲੇ ‘ਤੇ ਮੋਹਰ ਲੱਗ ਗਈ ਹੈ। ਨਵੀਂ ਦਿੱਲੀ ਵਿਖੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ ਵਿਖੇ ਐਨ.ਆਰ.ਆਈਜ਼ ਦੀ ਸਹੂਲਤ ਲਈ ਵੱਡਾ ਉਪਰਾਲਾ ਕਰਦਿਆਂ ਮੰਤਰੀ ਮੰਡਲ ਨੇ ਇੰਟਰਨੈਸ਼ਨਲ ਟਰਮੀਨਲ ਦੇ ਅਰਾਈਵਲ ਹਾਲ (ਪਹੁੰਚ ਹਾਲ) ਵਿਖੇ ਸਹੂਲਤ ਪ੍ਰਦਾਨ ਕਰਨ ਵਾਲਾ ਕੇਂਦਰ (ਫੈਸਿਲੀਟੇਸ਼ਨ ਸੈਂਟਰ) ਸਥਾਪਤ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਇਹ ਕੇਂਦਰ 24 ਘੰਟੇ ਖੁੱਲ੍ਹਾ ਰਹੇਗਾ ਅਤੇ ਟਰਮੀਨਲ ਵਿਖੇ ਪਹੁੰਚਣ ਵਾਲੇ ਸਾਰੇ ਐਨ.ਆਰ.ਆਈਜ਼ ਅਤੇ ਹੋਰ ਮੁਸਾਫਰਾਂ ਨੂੰ ਸਹਾਇਤਾ ਪ੍ਰਦਾਨ ਕਰੇਗਾ। ਇਸ ਵਿਸ਼ੇਸ਼ ਕੇਂਦਰ ਵਿਚ ਮੁਸਾਫਰਾਂ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਦੇ ਬੈਠਣ ਲਈ ਢੁਕਵੀਂ ਵਿਵਸਥਾ ਕਰਨ ਦੇ ਯਤਨ ਕੀਤੇ ਜਾਣਗੇ। ਮੁਸਾਫਰਾਂ/ਰਿਸ਼ਤੇਦਾਰਾਂ ਨੂੰ ਫਲਾਈਟਾਂ ਸਬੰਧੀ, ਟੈਕਸੀ ਸੇਵਾਵਾਂ, ਸਮਾਨ ਗੁਆਚਣ ਬਾਰੇ ਮਦਦ ਲਈ ਸਹੂਲਤਾਂ ਸਮੇਤ ਹੋਰ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਮੁਸਾਫਰ ਦੀ ਇੱਛਾ ਦੇ ਮੁਤਾਬਕ ਇਹ ਕੇਂਦਰ ਵਾਜਬ ਕੀਮਤਾਂ ਉਤੇ ਟੈਕਸੀ ਦੀਆਂ ਸੇਵਾਵਾਂ ਮੁਹੱਈਆ ਕਰਵਾਉਣ ਲਈ ਕੰਮ ਕਰੇਗਾ। ਇਸ ਤੋਂ ਇਲਾਵਾ ਇਸ ਕੇਂਦਰ ਕੋਲ ਮੁਸਾਫਰਾਂ ਨੂੰ ਪੰਜਾਬ ਭਵਨ ਜਾਂ ਨੇੜੇ ਦੀਆਂ ਥਾਵਾਂ ਉਤੇ ਲਿਜਾਣ ਵਿਚ ਮਦਦ ਲਈ ਵਾਹਨ ਵੀ ਹੋਣਗੇ। ਇਸ ਤੋਂ ਇਲਾਵਾ ਮੀਟਿੰਗ ਦੌਰਾਨ ਸੂਬੇ ਦੀਆਂ ਸੜਕਾਂ ‘ਤੇ ਲੋਕਾਂ ਦੀ ਸੁਰੱਖਿਆ ਲਈ ‘ਸੜਕ ਸੁਰੱਖਿਆ ਫੋਰਸ’ ਨੂੰ ਮਨਜੂਰੀ ਦਿੱਤੀ ਗਈ ਹੈ। ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਇਸ ਫੋਰਸ ਦੀ ਸ਼ੁਰੂਆਤ ਕਰਨ ਦੀ ਸਹਿਮਤੀ ਦੇ ਦਿੱਤੀ ਹੈ ਅਤੇ ਇਹ ਫੋਰਸ 5500 ਕਿਲੋਮੀਟਰ ਰਾਜ ਤੇ ਕੌਮੀ ਸ਼ਾਹਰਾਹ ਦੀਆਂ ਸੜਕਾਂ ਦੀ ਸੁਰੱਖਿਆ ਕਰੇਗੀ। ਇਸ ਤੋਂ ਇਲਾਵਾ ਸ਼ਹੀਦ ਸਮਾਰਕ ਹਰ ਜ਼ਿਲ੍ਹੇ ਦੇ ਵੱਡੇ ਪਾਰਕ ‘ਚ ਬਣਾਉਣ ਬਾਰੇ ਫੈਸਲਾ ਲਿਆ ਗਿਆ ਹੈ। ਆਜ਼ਾਦੀ ਦੇ ਸੰਘਰਸ਼ ਦੌਰਾਨ ਮਾਤ ਭੂਮੀ ਦੀ ਰਾਖੀ ਕਰਦੇ ਹੋਏ ਜਾਨਾਂ ਨਿਛਾਵਰ ਕਰਨ ਵਾਲੇ ਮਹਾਨ ਸੁਤੰਤਰਤਾ ਸੈਨਾਨੀਆਂ ਅਤੇ ਕੌਮੀ ਨਾਇਕਾਂ ਦੇ ਸਤਿਕਾਰ ਵਿਚ ਮੰਤਰੀ ਮੰਡਲ ਨੇ ਹਰੇਕ ਜ਼ਿਲ੍ਹੇ ਦੇ ਪ੍ਰਮੁੱਖ ਪਾਰਕ ਵਿਚ ਸ਼ਹੀਦੀ ਸਮਾਰਕ ਬਣਾਉਣ ਦੀ ਮਨਜ਼ੂਰੀ ਦੇ ਦਿੱਤੀ ਹੈ।

## ਚੌਲਾਂ ਦੇ ਭਾਅ ‘ਚ ਜਬਰਦਸਤ ਉਛਾਲ ! ਏਸੀਆ ‘ਚ 15 ਸਾਲਾਂ ਦੇ ਰਿਕਾਰਡ ਪੱਧਰ ‘ਤੇ ਪਹੁੰਚੀ ਕੀਮਤ

ਨਵੀਂ ਦਿੱਲੀ 31 ਜਨਵਰੀ। ਪਿਛਲੇ ਕਈ ਦਿਨਾਂ ਤੋਂ ਦੁਨੀਆ ਭਰ ‘ਚ ਚੌਲਾਂ ਦੀ ਕੀਮਤ ‘ਚ ਜਬਰਦਸਤ ਵਾਧਾ ਹੋਇਆ ਹੈ। ਇਸ ਦਾ ਅਸਰ ਏਸੀਆਈ ਬਾਜਾਰ ‘ਤੇ ਵੀ ਦੇਖਣ ਨੂੰ ਮਿਲ ਰਿਹਾ ਹੈ। ਮੀਡੀਆ ਰਿਪੋਰਟਾਂ ਅਨੁਸਾਰ ਏਸ਼ੀਆਂ ਵਿੱਚ ਚੌਲਾਂ ਦੀ ਕੀਮਤ ਲਗਭਗ 15 ਸਾਲਾਂ ਦੇ ਸਭ ਤੋਂ ਉੱਚੇ ਪੱਧਰ ‘ਤੇ ਪਹੁੰਚ ਗਈ ਹੈ। ਭਾਰਤ ਤੋਂ ਗੈਰ-ਬਾਸਮਤੀ ਚੌਲਾਂ ਦੀ ਬਰਾਮਦ ‘ਤੇ ਲਗਾਈ ਗਈ ਪਾਬੰਦੀ ਅਤੇ ਥਾਈਲੈਂਡ ‘ਚ ਸੋਕੇ ਕਾਰਨ ਘੱਟ ਪੈਦਾਵਾਰ ਦਾ ਅਸਰ ਹੁਣ ਚੌਲਾਂ ਦੀਆਂ ਕੀਮਤਾਂ ‘ਤੇ ਵਿਖਾਈ ਦੇਣਾ ਸੁਰੂ ਹੋ ਗਿਆ ਹੈ। ਬਲੂਮਬਰਗ ਦੀ ਰਿਪੋਰਟ ‘ਚ ਕਿਹਾ ਗਿਆ ਹੈ ਕਿ ਥਾਈ ਰਾਈਸ ਐਕਸਪੋਰਟਰਜ ਐਸੋਸੀਏਸਨ ਦੇ ਅੰਕੜਿਆਂ ਅਨੁਸਾਰ ਥਾਈ ਸਫੈਦ ਚੌਲ 5 ਫੀਸਦੀ ਟੁੱਟ ਕੇ 648 ਡਾਲਰ ਪ੍ਰਤੀ ਟਨ ਹੋ ਗਿਆ ਹੈ, ਜੋ ਅਕਤੂਬਰ 2008 ਤੋਂ ਬਾਅਦ ਸਭ ਤੋਂ ਮਹਿੰਗਾ ਹੈ। ਇਹ ਪਿਛਲੇ ਸਾਲ ਦੇ ਮੁਕਾਬਲੇ ਲਗਭਗ 50 ਫੀਸਦੀ ਦਾ ਵਾਧਾ ਹੈ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਚੌਲ ਏਸੀਆ ਅਤੇ ਅਫਰੀਕਾ ਦੇ ਅਰਬਾਂ ਲੋਕਾਂ ਦੀ ਖੁਰਾਕ ਲਈ ਬਹੁਤ ਜਰੂਰੀ ਹੈ। ਇਸ ਦੀਆਂ ਕੀਮਤਾਂ ਵਿੱਚ ਵਾਧਾ ਮਹਿੰਗਾਈ ਦੇ ਦਬਾਅ ਅਤੇ ਖਰੀਦਦਾਰਾਂ ਲਈ ਉੱਚ ਦਰਾਮਦ ਬਿੱਲਾਂ ਦਾ ਕਾਰਨ ਬਣ ਸਕਦਾ ਹੈ। ਅਧਿਕਾਰੀ ਕਿਸਾਨਾਂ ਨੂੰ ਉਹ ਫਸਲਾਂ ਅਪਣਾਉਣ ਲਈ ਉਤਸਾਹਿਤ ਕਰ ਰਹੇ ਹਨ, ਜਿਨ੍ਹਾਂ ਨੂੰ ਘੱਟ ਪਾਣੀ ਦੀ ਲੋੜ ਹੁੰਦੀ ਹੈ। ਇਸ ਦਾ ਕਾਰਨ ਥਾਈਲੈਂਡ ਵਿੱਚ ਅਲ ਨੀਨੋ ਦੀ ਸੁਰੂਆਤ ਦੇ ਨਾਲ ਖੁਸਕ ਸਥਿਤੀਆਂ ਦਾ ਅਨੁਭਵ ਹੋਣਾ ਹੈ। ਬੀਤੇ ਦਿਨੀਂ ਭਾਰਤ ਨੇ ਘਰੇਲੂ ਮੰਗ ਨੂੰ ਪੂਰਾ ਕਰਨ ਲਈ ਗੈਰ-ਬਾਸਮਤੀ ਚੌਲਾਂ ਦੇ ਨਿਰਯਾਤ ‘ਤੇ ਪਾਬੰਦੀ ਲਗਾ ਦਿੱਤੀ। ਇਸ ਕਾਰਨ ਵਿਸਵ ਪੱਧਰ ‘ਤੇ ਚੌਲਾਂ ਦੀ ਕੀਮਤ ‘ਚ ਵਾਧਾ ਹੋਇਆ ਹੈ, ਜਿਸ ਕਾਰਨ ਗਲੋਬਲ ਸਪਲਾਈ ਚੇਨ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਹੋ ਰਹੀ ਹੈ। ਦੱਸ ਦੇਈਏ ਕਿ ਚੌਲਾਂ ਦੇ ਵਿਸਵ ਨਿਰਯਾਤ ਵਿੱਚ ਭਾਰਤ ਦੀ 40 ਫੀਸਦੀ ਹਿੱਸੇਦਾਰੀ ਹੈ। ਅਜਿਹੇ ‘ਚ ਗੈਰ-ਬਾਸਮਤੀ ਚੌਲਾਂ ‘ਤੇ ਪਾਬੰਦੀ ਲਗਾਉਣ ਦੇ ਸਰਕਾਰ ਦੇ ਫੈਸਲੇ ਤੋਂ ਬਾਅਦ ਵਿਸਵ ਪੱਧਰ ‘ਤੇ ਇਸ ਦੀ ਕੀਮਤ ‘ਚ ਵੱਡੀ ਅਸਥਿਰਤਾ ਆ ਸਕਦੀ ਹੈ।



## ਵਰਕ ਫਰੋਮ ਹੋਮ ਦਾ ਝਾਂਸਾ ਦੇ ਕੇ ਮਾਰੀ 1 ਲੱਖ 87 ਹਜ਼ਾਰ ਦੀ ਠੱਗੀ

ਪਟਿਆਲਾ 31 ਜਨਵਰੀ। ਵਰਕ ਫਰੋਮ ਹੋਮ ਦਾ ਝਾਂਸਾ ਦੇ ਕੇ ਅਣਪਛਾਤੇ ਵਿਅਕਤੀਆਂ ਨੇ ਜੋਤੀ ਪੁੱਤਰੀ ਦਰਸ਼ਨ ਸਿੰਘ ਵਾਸੀ ਆਦਰਸ਼ ਕਾਲੋਨੀ ਪਟਿਆਲਾ ਨਾਲ 1 ਲੱਖ 87 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਵਿਚ ਥਾਣਾ ਸਿਵਲ ਲਾਈਨ ਦੀ ਪੁਲਸ ਨੇ ਜੋਤੀ ਦੀ ਸ਼ਿਕਾਇਤ ਦੇ ਆਧਾਰ’ਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ 420, 120 ਬੀ ਆਈ. ਪੀ. ਸੀ. ਦੇ ਤਹਿਤ ਕੇਸ ਦਰਜ ਕੀਤਾ ਹੈ। ਜੋਤੀ ਨੇ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਈ ਸੀ ਕਿ ਅਣਪਛਾਤੇ ਵਿਅਕਤੀਆਂ ਨੇ ਜਾਅਲੀ ਕੰਪਨੀ ਬਣਾ ਕੇ ਵਰਕ ਫਰੋਮ ਹੋਮ ਕਰਨ ਦਾ ਝਾਂਸਾ ਦੇ ਕੇ 1 ਲੱਖ 87 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਨੇ ਪੜਤਾਲ ਤੋਂ ਬਾਅਦ ਅਣਪਛਾਤੇ ਵਿਅਕਤੀਆਂ ਖ਼ਿਲਾਫ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਈ-ਨੀਲਾਮੀ ਦੇ ਪਹਿਲੇ ਦਿਨ ਥੋਕ ਖਪਤਕਾਰਾਂ ਨੂੰ 8.88 ਲੱਖ ਟਨ ਕਣਕ ਵੇਚੀ

ਨਵੀਂ ਦਿੱਲੀ 31 ਜਨਵਰੀ। ਸਰਕਾਰੀ ਮਲਕੀਅਤ ਵਾਲੇ ਭਾਰਤੀ ਖੁਰਾਕ ਨਿਗਮ (ਐੱਫ. ਸੀ. ਆਈ.) ਨੇ 22 ਸੂਬਿਆਂ 'ਚ ਈ-ਨੀਲਾਮੀ ਦੇ ਪਹਿਲੇ ਦਿਨ ਆਟਾ ਚੱਕੀ ਮਾਲਕਾਂ ਵਰਗੇ ਥੋਕ ਖਪਤਕਾਰਾਂ ਨੂੰ 8.88 ਲੱਖ ਟਨ ਕਣਕ ਵੇਚੀ ਹੈ। ਖੁਰਾਕ ਮੰਤਰਾਲਾ ਨੇ ਇਹ ਜਾਣਕਾਰੀ ਦਿੱਤੀ। ਐੱਫ. ਸੀ. ਆਈ. ਨੇ ਕਣਕ ਦੀ ਘਰੇਲੂ ਉਪਲਬਧਤਾ ਨੂੰ ਵਧਾਉਣਾ ਅਤੇ ਵਧਦੀਆਂ ਕੀਮਤਾਂ 'ਤੇ ਰੋਕ ਲਾਉਣ ਲਈ ਥੋਕ ਖਪਤਕਾਰਾਂ ਨੂੰ ਕਣਕ



ਵੇਚਣ ਦੇ ਟੀਚੇ ਨਾਲ ਮੁਕਤ ਬਾਜਾਰ ਵਿਕਰੀ ਯੋਜਨਾ (ਓ. ਐੱਮ. ਐੱਸ. ਐੱਸ.) ਦੇ ਤਹਿਤ ਇਕ ਫਰਵਰੀ ਨੂੰ ਕਣਕ ਦੀ ਈ-ਨੀਲਾਮੀ ਸ਼ੁਰੂ ਕੀਤੀ। ਪਹਿਲੇ ਦਿਨ ਇਸ ਨੇ ਓ. ਐੱਮ. ਐੱਸ. ਐੱਸ. ਦੇ ਤਹਿਤ ਨਿਰਧਾਰਤ 25 ਲੱਖ ਟਨ ਦੇ ਮੁਕਾਬਲੇ ਲਗਭਗ 22 ਲੱਖ ਟਨ ਕਣਕ ਦੀ ਵਿਕਰੀ ਦੀ ਪੇਸ਼ਕਸ਼ ਕੀਤੀ। ਮੰਤਰਾਲਾ ਨੇ ਕਿਹਾ ਕਿ ਪਹਿਲੀ ਈ-ਨੀਲਾਮੀ 'ਚ ਹਿੱਸਾ ਲੈਣ ਲਈ 1,100 ਤੋਂ ਵੱਧ ਬੋਲੀ ਲਾਉਣ ਵਾਲੇ ਅੱਗੇ ਆਏ। ਈ-ਨੀਲਾਮੀ ਦੇ ਪਹਿਲੇ ਦਿਨ 22 ਸੂਬਿਆਂ 'ਚ 8.88 ਲੱਖ ਟਨ ਕਣਕ ਦੀ ਵਿਕਰੀ ਕੀਤੀ ਗਈ। ਕਣਕ ਦੀ ਅੱਗੇ ਦੀ ਵਿਕਰੀ ਹਰੇਕ ਬੁੱਧਵਾਰ ਨੂੰ ਪੂਰੇ ਦੇਸ਼ 'ਚ ਈ-ਨੀਲਾਮੀ ਦੇ ਮਾਧਿਅਮ ਰਾਹੀਂ 15 ਮਾਰਚ ਤੱਕ ਜਾਰੀ ਰਹੇਗੀ। ਕਣਕ ਨੂੰ 2,350 ਰੁਪਏ ਪ੍ਰਤੀ ਕੁਇੰਟਲ ਦੇ ਰਾਖਵੇਂ ਮੁੱਲ ਅਤੇ ਢੁਆਈ ਫੀਸ ਦੇ ਨਾਲ ਪੇਸ਼ ਕੀਤਾ ਜਾ ਰਿਹਾ ਹੈ। ਇਕ ਖਰੀਦਦਾਰ ਵੱਧ ਤੋਂ ਵੱਧ 3,000 ਟਨ ਅਤੇ ਘੱਟ ਤੋਂ ਘੱਟ 10 ਟਨ ਲਈ ਬੋਲੀ ਲਾ ਸਕਦਾ ਹੈ।

# ਪਿੰਡ ਕੋਟ ਧਰਮ ਚੰਦ ਕਲਾ ਵਿਖੇ ਹੋਏ ਗੁੰਡਾਗਰਦੀ ਦੇ ਨਾਚ ਤੋਂ ਬਾਅਦ ਪੁਲਸ ਆਈ ਹਰਕਤ ਵਿਚ

ਝਬਾਲ 31 ਜਨਵਰੀ। ਬੀਤੇ ਕੱਲ ਪਿੰਡ ਕੋਟ ਧਰਮੂ ਚੰਦ ਕਲਾ ਵਿਖੇ ਦੋ ਧੜਿਆਂ ਵਿਚਕਾਰ ਹੋਈ ਲੜਾਈ ਦੌਰਾਨ ਗੁੰਡਾਗਰਦੀ ਦੇ ਹੋਏ ਨਾਚ ਵਿਚ ਅੱਧੀ ਦਰਜਨ ਤੋਂ ਵੱਧ ਮੋਟਰਸਾਈਕਲ ਸਾੜਨ ਅਤੇ ਘਰਾਂ ਦੇ ਸਮਾਨ ਦੀ ਹੋਈ ਭੰਨਤੋੜ ਤੋਂ ਬਾਅਦ ਪੁਲਸ ਨੇ ਕੁਝ ਵਿਅਕਤੀਆਂ ਨੂੰ ਮੌਕੇ 'ਤੇ ਫੜ ਕੇ ਕਾਰਵਾਈ ਕਰਦਿਆਂ ਦੋਵਾਂ ਧੜਿਆਂ ਦੇ ਕੋਈ ਤਿੰਨ ਦਰਜਨ ਦੇ ਕਰੀਬ ਵਿਅਕਤੀਆਂ ਖ਼ਿਲਾਫ ਕੇਸ ਦਰਜ ਕਰ ਲਿਆ ਹੈ। ਇਸ ਸਬੰਧੀ ਥਾਣਾ ਝਬਾਲ ਵਿਖੇ ਬਿਆਨ ਦਰਜ ਕਰਵਾਉਂਦੇ ਹੋਏ ਮਨਤੇਜ ਪੁੱਤਰ ਬਲਜੀਤ ਸਿੰਘ ਵਾਸੀ ਕੋਟ ਧਰਮੂ ਚੰਦ ਨੇ ਦੱਸਿਆ ਕਿ ਕੁੱਝ ਦਿਨ ਪਹਿਲਾਂ ਉਸ ਦੇ ਭਰਾ ਚਰਨਜੀਤ ਸਿੰਘ ਨਾਲ ਪਿੰਡ ਦੇ ਜੱਜਬੀਰ ਸਿੰਘ ਨੇ ਝਗੜਾ ਕੀਤਾ ਸੀ। ਜਿਸ ਦਾ ਪਿੰਡ ਦੇ ਮੋਹਤਬਰ ਵਿਅਕਤੀ ਰਾਜੀਨਾਵਾਂ ਕਰਵਾਉਂਦੇ ਰਹੇ ਜੋ ਸਿਰੇ ਨਹੀਂ ਚੜ੍ਹ ਸਕਿਆ ਸੀ। ਜੋ ਇਸੇ ਰੰਜਿਸ ਕਾਰਨ ਕੱਲ ਮਿਤੀ 09.08.23 ਨੂੰ ਵਕਤ ਕਰੀਬ 11:15 ਸਾਮ ਪਰ ਜਜਬੀਰ ਸਿੰਘ ਨੇ ਇਕੱਠੇ ਹੋ ਕੇ ਆਪਣੇ ਰਿਸਤੇਦਾਰਾਂ ਜਿਨ੍ਹਾਂ ਵਿਚ ਵਿਸਾਲ ਸਿੰਘ ਪੁੱਤਰ ਗੁਰਜੀਤ ਸਿੰਘ ਸਮੇਤ ਮੁਸਲਾ ਦਸਤੀ ਹਥਿਆਰਾਂ ਨਾਲ ਇਕ ਸਲਾਹ ਹੋ ਕੇ ਘਰ ਦੇ ਮੇਨ ਦਰਵਾਜੇ ਨੂੰ ਧੱਕਾ ਮਾਰ ਕੇ ਅੰਦਰ ਦਾਖਲ ਹੋ ਗਏ। ਇਸ ਦੌਰਾਨ ਉਕਤ ਉਸ ਨੂੰ ਗਾਲੀ ਗਲੋਚ



ਕਰਨ ਲੱਗੇ ਅਤੇ ਉਸ ਦੇ ਭਰਾ ਚਰਨਜੀਤ ਸਿੰਘ ਭਤੀਜੇ ਜਰਮਨਜੀਤ ਸਿੰਘ ਅਤੇ ਸੁਰਜੀਤ ਸਿੰਘ ਦੇ ਸੱਟਾ ਮਾਰ ਕੇ ਜਖਮੀ ਕਰ ਦਿੱਤਾ। ਉਨ੍ਹਾਂ ਨੇ ਜਦੋਂ ਰੌਲਾ ਪਾਇਆ ਤਾਂ ਸਾਰੇ ਧਮਕੀਆਂ ਦਿੰਦੇ ਹੋਏ ਹਥਿਆਰਾਂ ਸਮੇਤ ਮੌਕਾ ਤੋਂ ਫਰਾਰ ਹੋ ਗਏ। ਇਸ 'ਤੇ ਕਾਰਵਾਈ ਕਰਦਿਆਂ ਥਾਣਾ ਝਬਾਲ ਪੁਲਸ ਨੇ ਦੋਵਾਂ ਧਿਰਾਂ ਦੇ ਤਿੰਨ ਦਰਜਨ ਵਿਅਕਤੀਆਂ ਜਿਨ੍ਹਾਂ ਵਿਚ ਜਜਬੀਰ ਸਿੰਘ, ਲਖਬੀਰ ਸਿੰਘ, ਜਸਬੀਰ ਸਿੰਘ, ਸੋਨੂੰ ਪੁੱਤਰਾਨ ਸੰਤੋਖ ਸਿੰਘ, ਜੋਬਨ ਪੁੱਤਰ ਸਾਹਿਬ ਸਿੰਘ ਵਾਸੀਆਨ ਕੋਟ ਧਰਮ ਚੰਦ ਕਲਾ, ਵਿਸਾਲ ਪੁੱਤਰ ਗੁਰਜੀਤ ਸਿੰਘ, ਹਰਪ੍ਰੀਤ ਸਿੰਘ ਪੁੱਤਰ ਸਰਪਰਿੰਦਰ ਸਿੰਘ, ਮਨਪ੍ਰੀਤ ਸਿੰਘ ਪੁੱਤਰ ਜੋਧਾ ਸਿੰਘ, ਕਰਨ ਸਿੰਘ ਪੁੱਤਰ ਗੁਰਬਖਸ਼ ਸਿੰਘ, ਕਰਨਜੀਤ ਸਿੰਘ ਪੁੱਤਰ ਕੁਲਵੰਤ ਸਿੰਘ, ਹਰਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀਆਨ ਚਾਟੀਵਿੰਡ ਪੱਤੀ ਬਾਬਾ ਜੀਵਨ ਸਿੰਘ ਤਰਨਤਾਰਨ ਰੋਡ ਸਮੇਤ 7/8 ਅਣਪਛਾਤੇ ਵਿਅਕਤੀਆਂ ਖ਼ਿਲਾਫ ਕੇਸ ਦਰਜ ਕੀਤਾ ਜਦੋਂ ਕਿ ਪੁਲਸ ਨੇ ਦੂਜੀ ਧਿਰ ਦੇ ਵਿਅਕਤੀਆਂ 'ਤੇ ਵੀ ਕਰਾਸ ਕੇਸ ਦਰਜ ਕੀਤਾ ਹੈ।

## ਗੈਰ-ਟੈਰਿਫ ਰੁਕਾਵਟਾਂ ਕਾਰਨ ਕੱਪੜਾ ਵਪਾਰ ਹੋ ਰਿਹੈ ਪ੍ਰਭਾਵਿਤ

ਨਵੀਂ ਦਿੱਲੀ 31 ਜਨਵਰੀ। ਗੈਰ-ਟੈਰਿਫ ਰੁਕਾਵਟਾਂ (ਐੱਨ. ਟੀ. ਬੀ.) ਹੌਲੀ-ਹੌਲੀ ਜਾਇਜ ਕੱਪੜਾ ਵਪਾਰ ਨੂੰ ਨੁਕਸਾਨ ਪਹੁੰਚਾਉਣ ਅਤੇ ਇੱਥੋਂ ਤੱਕ ਕਿ ਪ੍ਰਭਾਵਿਤ ਕਰਨ ਲਈ ਇਕ ਸ਼ਕਤੀਸ਼ਾਲੀ ਉਪਕਰਨ ਵਜੋਂ ਉੱਭਰ ਰਹੀਆਂ ਹਨ। ਕੱਪੜਾ ਐਕਸਪੋਰਟ ਪ੍ਰਮੋਸ਼ਨ ਕੌਂਸਲ (ਏ. ਈ. ਪੀ. ਸੀ.) ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ ਹੈ। ਏ. ਈ. ਪੀ. ਸੀ. ਨੇ ਕਿਹਾ ਕਿ 2019 ਤੋਂ ਕੱਪੜਾ ਖੇਤਰ ਨਾਲ ਸਬੰਧਤ 131 ਐੱਨ. ਟੀ. ਬੀ. ਨੋਟੀਫਿਕੇਸ਼ਨਸ ਜਾਰੀ ਕੀਤੇ ਗਏ ਹਨ, ਜਿਸ 'ਚ 71 ਨੋਟੀਫਿਕੇਸ਼ਨਸ ਨਾਲ ਯੁਗਾਂਡਾ ਟੌਪ 'ਤੇ ਹੈ। ਇਸ ਤੋਂ ਬਾਅਦ ਇਕਵਾਡੋਰ (10), ਚੀਨ (8), ਤਾਈਵਾਨ (7), ਇਸਰਾਈਲ (5), ਅਮਰੀਕਾ (4) ਅਤੇ ਪੇਰੂ (3) ਦਾ ਸਥਾਨ ਹੈ। ਇਨ੍ਹਾਂ ਰੁਕਾਵਟਾਂ 'ਚ ਸਰਟੀਫਿਕੇਸ਼ਨ, ਨਿਰੀਖਣ, ਨਿਯਮ, ਮਾਪਦੰਡ, ਐੱਸ. ਪੀ. ਐੱਸ. (ਸਵੱਛਤਾ ਅਤੇ ਫਾਈਟੋ-ਸਵੱਛਤਾ-ਬੂਟਿਆਂ ਅਤੇ ਜਾਨਵਰਾਂ ਨਾਲ ਸਬੰਧਤ) ਉਪਾਅ ਅਤੇ ਵਪਾਰ 'ਚ ਤਕਨੀਕੀ ਰੁਕਾਵਟਾਂ (ਟੀ. ਬੀ. ਟੀ.) ਸ਼ਾਮਲ ਹਨ। ਇਹ ਉਪਾਅ ਕੁੱਲ ਮਿਲਾ ਕੇ ਵਿਸ਼ਵ ਵਪਾਰ ਸੰਗਠਨ (ਡਬਲਯੂ. ਟੀ. ਓ.) ਦੇ ਨਿਯਮਾਂ ਮੁਤਾਬਕ ਹਨ। ਪਰਿਸ਼ਦ ਨੇ ਕਿਹਾ ਕਿ ਜਦੋਂ ਇਨ੍ਹਾਂ ਉਪਾਅ ਦੀ ਗਲਤ ਤਰੀਕੇ ਨਾਲ ਵਰਤੋਂ ਕੀਤੀ ਜਾਂਦੀ ਹੈ ਤਾਂ ਇਹ ਜਾਇਜ ਵਪਾਰ ਵਿੱਚ ਰੁਕਾਵਟ ਬਣ ਜਾਂਦੇ ਹਨ। ਪਰਿਸ਼ਦ ਨੇ ਇਸ ਮੁੱਦੇ ਬਾਰੇ ਉਦਯੋਗ ਨੂੰ ਸੰਵੇਦਨਸ਼ੀਲ ਬਣਾਉਣ ਦੇ ਟੀਚੇ ਨਾਲ ਕੱਪੜਾ ਐਕਸਪੋਰਟ ਖੇਤਰ ਵਿੱਚ ਉੱਭਰਦੀਆਂ ਗੈਰ-ਟੈਰਿਫ ਰੁਕਾਵਟਾਂ 'ਤੇ ਇਕ ਵੈਬੀਨਾਰ ਦਾ ਆਯੋਜਨ ਕੀਤਾ। ਏ. ਈ. ਪੀ. ਸੀ. ਦੇ ਜਨਰਲ ਸਕੱਤਰ ਮਿਥੀਲੇਸ਼ਵਰ ਠਾਕੁਰ ਨੇ ਕਿਹਾ ਕਿ ਐੱਨ. ਟੀ. ਬੀ. ਹੌਲੀ-ਹੌਲੀ ਪਰ ਨਿਸ਼ਚਿਤ ਤੌਰ 'ਤੇ ਜਾਇਜ ਵਪਾਰ ਨੂੰ ਨੁਕਸਾਨ ਪਹੁੰਚਾਉਣ ਅਤੇ ਇੱਥੋਂ ਤੱਕ ਕਿ ਰੁਕਾਵਟ ਪਾਉਣ ਦੇ ਇਕ ਸ਼ਕਤੀਸ਼ਾਲੀ ਉਪਕਰਨ ਵਜੋਂ ਉੱਭਰੇ ਹਨ। ਉਨ੍ਹਾਂ ਨੇ ਕਿਹਾ ਕਿ ਹਾਲ ਹੀ 'ਚ ਯੂਰਪੀ ਸੰਘ ਵਰਗੀਆਂ ਵਿਕਸਿਤ ਅਰਥਵਿਵਸਥਾਵਾਂ ਵਲੋਂ ਵਿਕਾਸਸ਼ੀਲ ਦੇਸ਼ਾਂ ਤੋਂ ਇੰਪੋਰਟ ਨੂੰ ਸੀਮਤ ਕਰਨ ਲਈ ਨਵੇਂ ਤਰੀਕੇ ਲੱਭ ਰਹੇ ਹਨ।

# ਕਾਂਗਰਸ ਨੇ ਖਹਿੜਾ ਛੁਡਵਾਇਆ ਸੀ, ਭਾਜਪਾ-ਜੇਜੇਪੀ ਨੇ ਹਰਿਆਣਾ ਨੂੰ ਅਪਰਾਧ ਦੀ ਰਾਜਧਾਨੀ ਬਣਾਇਆ - ਹੁੱਡਾ

ਚੰਡੀਗੜ੍ਹ, ਸੰਜੇ ਅਰੋੜਾ ਸਾਬਕਾ ਮੁੱਖ ਮੰਤਰੀ ਅਤੇ ਵਿਰੋਧੀ ਧਿਰ ਦੇ ਨੇਤਾ ਭੁਪਿੰਦਰ ਸਿੰਘ ਹੁੱਡਾ ਦਾ ਕਹਿਣਾ ਹੈ ਕਿ ਭਾਜਪਾ-ਜੇਜੇਪੀ ਗਠਜੋੜ ਨੇ ਇਕ ਵਾਰ ਫਿਰ ਹਰਿਆਣਾ ਨੂੰ ਅਪਰਾਧ ਦੀ ਰਾਜਧਾਨੀ ਵਜੋਂ ਸਥਾਪਿਤ ਕੀਤਾ ਹੈ, ਜਿਸ ਨੂੰ ਕਾਂਗਰਸ ਸਰਕਾਰ ਨੇ ਖਤਮ ਕਰ ਦਿੱਤਾ ਸੀ। ਅੱਜ ਸੂਬੇ ਦੇ ਲੋਕ ਡਰ ਦੇ ਸਾਏ ਹੇਠ ਰਹਿ ਰਹੇ ਹਨ ਅਤੇ ਅਪਰਾਧੀ ਬਿਨਾਂ ਕਿਸੇ ਡਰ ਦੇ ਅਪਰਾਧ ਕਰ ਰਹੇ ਹਨ। ਹੁੱਡਾ ਗੋਹਾਨਾ 'ਚ ਮਾਤੂਰਾਮ ਜਲੇਬੀ ਵੇਚਣ ਵਾਲੇ ਦੀ ਦੁਕਾਨ 'ਤੇ ਅੰਨ੍ਹੇਵਾਹ ਗੋਲੀਬਾਰੀ ਕਰਨ ਅਤੇ ਉਸ ਤੋਂ 2 ਕਰੋੜ ਰੁਪਏ ਦੀ ਫਿਰੌਤੀ ਮੰਗਣ ਦੀ ਘਟਨਾ 'ਤੇ ਪ੍ਰਤੀਕਿਰਿਆ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਘਟਨਾ ਦੇ ਵਿਰੋਧ 'ਚ ਸੜਕਾਂ 'ਤੇ ਉਤਰੇ ਗੋਹਾਣਾ ਦੇ ਲੋਕਾਂ ਨੇ ਗਠਜੋੜ ਸਰਕਾਰ ਨੂੰ ਸੀਸਾ ਦਿਖਾ ਦਿੱਤਾ ਹੈ। ਸੂਬੇ ਵਿੱਚ ਸਰਕਾਰ ਅਤੇ ਕਾਨੂੰਨ ਵਿਵਸਥਾ ਨਾਂ ਦੀ ਕੋਈ ਚੀਜ ਨਹੀਂ ਹੈ। ਸੱਤਾ ਵਿੱਚ ਬੈਠੇ ਲੋਕ ਸਿਰਫ ਘੁਟਾਲੇ ਕਰਕੇ ਜਨਤਾ ਨੂੰ ਲੁੱਟਣ ਵਿੱਚ ਲੱਗੇ ਹੋਏ ਹਨ। ਉਨ੍ਹਾਂ ਨੂੰ ਨਾਗਰਿਕਾਂ ਦੀ ਸੁਰੱਖਿਆ ਦੀ ਕੋਈ ਚਿੰਤਾ ਨਹੀਂ ਹੈ। ਕੇਂਦਰ ਸਰਕਾਰ ਦਾ ਸਮਾਜਿਕ ਪ੍ਰਗਤੀ ਸੂਚਕ ਅੰਕ ਹੀ ਦਰਸਾਉਂਦਾ ਹੈ ਕਿ ਭਾਜਪਾ-ਜੇਜੇਪੀ ਸਾਸਨ ਵਿੱਚ ਹਰਿਆਣਾ ਦੇਸ ਦਾ ਸਭ ਤੋਂ ਅਸੁਰੱਖਿਅਤ ਸੂਬਾ ਬਣ ਗਿਆ ਹੈ। ਦੀ ਰਿਪੋਰਟ ਦਰਸਾਉਂਦੀ ਹੈ ਕਿ ਫਿਰੌਤੀ, ਚੋਰੀ, ਡਕੈਤੀ, ਕਤਲ ਆਦਿ ਵਰਗੀਆਂ ਘਟਨਾਵਾਂ ਹਰਿਆਣਾ ਦੀ ਰੋਜਾਨਾ ਦੀ ਰੁਟੀਨ ਦਾ ਹਿੱਸਾ ਬਣ ਗਈਆਂ ਹਨ। ਸੂਬੇ ਵਿੱਚ ਹਰ ਰੋਜ 3 ਕਤਲ ਅਤੇ 5 ਬਲਾਤਕਾਰ ਵਰਗੀਆਂ ਘਟਨਾਵਾਂ ਵਾਪਰਦੀਆਂ ਹਨ। ਦਿਨ-ਦਿਹਾੜੇ ਹੋਈਆਂ ਘਟਨਾਵਾਂ ਦੇ ਮਾਮਲੇ ਵਿੱਚ ਹਰਿਆਣਾ ਨੇ ਯੂਪੀ-ਬਿਹਾਰ ਨੂੰ ਪਿੱਛੇ ਛੱਡ ਦਿੱਤਾ ਹੈ। ਮਹਾਰਾਸਟਰ ਤੋਂ ਬਾਅਦ ਹਰਿਆਣਾ ਅਜਿਹੀਆਂ ਘਟਨਾਵਾਂ 'ਚ ਦੂਜੇ ਨੰਬਰ 'ਤੇ ਆਉਂਦਾ ਹੈ। ਸਿਰਫ ਇੱਕ



ਸਾਲ ਦੇ ਅੰਦਰ ਔਰਤਾਂ ਵਿਰੁੱਧ ਅਪਰਾਧਾਂ ਦੇ 16,743 ਮਾਮਲੇ ਸਾਹਮਣੇ ਆਏ ਹਨ, ਭਾਵ ਹਰ ਰੋਜ 46 ਮਾਮਲੇ। ਇੱਕ ਸਾਲ ਵਿੱਚ ਬਲਾਤਕਾਰ ਦੇ 1,787 ਮਾਮਲੇ ਸਾਹਮਣੇ ਆਏ, ਭਾਵ ਹਰ ਰੋਜ 5 ਧੀਆਂ ਦੀ ਇੱਜਤ ਲੁੱਟਣ ਦੇ ਮਾਮਲੇ। ਭੁਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ 2014 ਤੋਂ ਪਹਿਲਾਂ ਹਰਿਆਣਾ ਦੇਸ ਦੇ ਸਭ ਤੋਂ ਸੁਰੱਖਿਅਤ ਸੂਬਿਆਂ ਵਿੱਚ ਗਿਣਿਆ ਜਾਂਦਾ ਸੀ। ਕਾਂਗਰਸ ਦੇ ਕਾਰਜਕਾਲ ਦੌਰਾਨ ਸੂਬੇ ਵਿੱਚੋਂ ਸਾਰੇ ਗੈਂਗਸਟਰਾਂ ਦਾ ਸਫਾਇਆ ਕਰ ਦਿੱਤਾ ਗਿਆ। ਦੋਸੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਗਈ। ਸਾਰੇ ਅਪਰਾਧੀ ਹਰਿਆਣਾ ਛੱਡ ਗਏ ਸਨ। ਸੁਰੱਖਿਅਤ ਮਾਹੌਲ ਕਾਰਨ ਰਾਜ ਵਿੱਚ ਨਿਵੇਸ ਦਾ ਮਾਹੌਲ ਮੰਨਿਆ ਜਾਂਦਾ ਹੈ ਅਤੇ ਦੇਸ ਵਿੱਚ ਸਭ ਤੋਂ ਵੱਧ ਨਿਵੇਸ ਹਰਿਆਣਾ ਵਿੱਚ ਆਇਆ। ਇਸ ਕਾਰਨ ਰੁਜਗਾਰ ਪੈਦਾ ਹੋਇਆ ਅਤੇ ਸੂਬੇ ਦੇ ਨੌਜਵਾਨਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਲੱਖਾਂ ਨੌਕਰੀਆਂ ਮਿਲੀਆਂ। ਅੱਜ ਸਥਿਤੀ ਇਸ ਦੇ ਉਲਟ ਹੈ। ਕਾਨੂੰਨ ਵਿਵਸਥਾ ਦੇ ਦੀਵਾਲੀਆਪਨ ਕਾਰਨ ਨਿਵੇਸਕਾਂ ਨੇ ਸੂਬੇ ਤੋਂ ਮੂੰਹ ਮੋੜ ਲਿਆ ਹੈ। ਇਸ ਕਾਰਨ ਨਵੀਆਂ ਨੌਕਰੀਆਂ ਪੈਦਾ ਨਹੀਂ ਹੋ ਰਹੀਆਂ ਅਤੇ ਸੂਬੇ ਦੇ ਨੌਜਵਾਨ ਬੇਰੁਜਗਾਰੀ ਦੀ ਮਾਰ ਝੱਲ ਰਹੇ ਹਨ। ਬੇਰੁਜਗਾਰੀ ਵਿੱਚ ਹਰਿਆਣਾ ਨੰਬਰ ਇੱਕ ਬਣ ਗਿਆ ਹੈ। ਬੇਰੁਜਗਾਰੀ ਤੋਂ ਨਿਰਾਸ ਨੌਜਵਾਨ ਨਸ਼ਿਆਂ ਅਤੇ ਅਪਰਾਧਾਂ ਦੇ ਚੁੰਗਲ ਵਿੱਚ ਫਸਦੇ ਜਾ ਰਹੇ ਹਨ। ਭਾਜਪਾ-ਜੇਜੇਪੀ ਸਰਕਾਰ ਨੇ ਹਰਿਆਣਾ ਨੂੰ ਬੇਰੁਜਗਾਰੀ, ਨਸ਼ਿਆਂ ਅਤੇ ਅਪਰਾਧ ਦੇ ਭਿਆਨਕ ਚੱਕਰਵਿਊ ਵਿੱਚ ਫਸਾ ਦਿੱਤਾ ਹੈ। ਜੇਕਰ ਕਾਂਗਰਸ ਦੀ ਸਰਕਾਰ ਬਣੀ ਤਾਂ ਇਸ ਦੁਸਟ ਚੱਕਰ ਨੂੰ ਤੋੜ ਦਿੱਤਾ ਜਾਵੇਗਾ ਅਤੇ ਹਰਿਆਣਾ ਨੂੰ ਅਪਰਾਧ, ਨਸੇ ਅਤੇ ਬੇਰੁਜਗਾਰੀ ਤੋਂ ਮੁਕਤ ਕੀਤਾ ਜਾਵੇਗਾ।

# ਕੋਰੋਨਾ ਦੇ ਨਵੇਂ ਵੇਰੀਐਂਟ ਨੂੰ ਸੰਭਾਲਣ ਲਈ ਸਿਵਲ ਹਸਪਤਾਲ ਕੋਲ ਸਟਾਫ ਦੀ

ਪੀਲੀਭੀਤ 31 ਜਨਵਰੀ। ਉੱਤਰ ਪ੍ਰਦੇਸ਼ ਦੇ ਪੀਲੀਭੀਤ 'ਚ ਇਕ ਅਜੀਬੋ-ਗਰੀਬ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਇਕ ਲਾੜਾ ਆਪਣੇ ਵਿਆਹ ਵਾਲੇ ਦਿਨ ਵਾਲ ਕਟਵਾਉਣ ਅਤੇ ਕਲਰ ਕਰਵਾਉਣ ਲਈ ਗਿਆ ਸੀ। ਇਸ ਤੋਂ ਬਾਅਦ ਉਹ ਵਾਪਸ ਘਰ ਨਹੀਂ ਪਰਤਿਆ। ਹੈਰਾਨੀ ਵਾਲੀ ਗੱਲ ਇਹ ਹੈ ਕਿ ਉਸ ਦੇ ਛੋਟੇ ਭਰਾ ਨੂੰ ਹੀ ਵੱਡੇ ਭਰਾ ਦੀ ਥਾਂ ਵਿਆਹ ਕਰਾਉਣ ਪਿਆ। ਦੱਸਿਆ ਜਾ ਰਿਹਾ ਹੈ ਕਿ ਲਾੜਾ ਕਿਸੇ ਹੋਰ ਕੁੜੀ ਨਾਲ ਪਿਆਰ ਕਰਦਾ ਹੈ, ਇਸ ਲਈ ਉਹ ਆਪਣੀ ਬਰਾਤ ਵਿਚ ਹੀ ਨਹੀਂ ਗਿਆ। ਮੀਡੀਆ ਰਿਪੋਰਟਾਂ ਮੁਤਾਬਕ ਪੀਲੀਭੀਤ ਸ਼ਹਿਰ ਦੇ ਬਿਲਸੰਡਾ ਥਾਣਾ ਖੇਤਰ ਦੇ ਪਿੰਡ ਤੋਂ ਬਰਾਤ ਬਰੇਲੀ ਸ਼ਹਿਰ ਦੇ ਫਤਿਹਗੰਜ ਜਾਣੀ ਤੈਅ ਸੀ। ਘਰ ਵਿਚ ਵਿਆਹ ਨੂੰ ਲੈ ਕੇ ਸਾਰੀਆਂ ਤਿਆਰੀਆਂ ਪੂਰੀਆਂ ਹੋ ਚੁੱਕੀਆਂ ਸਨ। ਪਿੰਡ ਦੇ ਲੋਕ, ਰਿਸ਼ਤੇਦਾਰ ਬਰਾਤ 'ਚ ਜਾਣ ਲਈ ਲਾੜੇ ਦੇ ਘਰ ਪਹੁੰਚ ਗਏ ਸਨ। ਲਾੜਾ ਵਾਲ ਕਟਵਾਉਣ, ਸ਼ੇਵਿੰਗ ਅਤੇ ਫੇਸ਼ੀਅਲ ਕਰਾਉਣ ਦੀ ਗੱਲ ਕਹਿ ਕੇ ਸਵੇਰੇ ਘਰੋਂ ਨਿਕਲਿਆ। ਸਾਰੇ ਲੋਕ ਲਾੜੇ ਦੇ ਪਰਤਣ ਦੀ ਉਡੀਕ ਕਰਨ ਲੱਗੇ। ਜਦੋਂ ਸਵੇਰ ਤੋਂ ਦੁਪਹਿਰ ਹੋ ਗਈ ਅਤੇ ਲਾੜਾ ਨਹੀਂ ਪਰਤਿਆ ਤਾਂ ਲੋਕ ਪਰੇਸ਼ਾਨ



ਹੋ ਗਏ। ਜਦੋਂ ਲਾੜਾ ਨਹੀਂ ਪਰਤਿਆ ਤਾਂ ਘਰ ਵਾਲੇ ਅਤੇ ਸਾਰੇ ਲੋਕ ਉਸ ਦੀ ਭਾਲ ਕਰਨ ਲੱਗੇ। ਉਸ ਦੇ ਨੰਬਰ 'ਤੇ ਫੋਨ ਲਾਇਆ ਤਾਂ ਫੋਨ ਸਵਿਚ ਆਫ ਆਇਆ। ਅਖੀਰ ਵੱਡੇ ਬਜੁਰਗਾਂ ਵਿਚ ਸਲਾਹ-ਮਸ਼ਵਰਾ ਕੀਤਾ ਗਿਆ ਤਾਂ ਛੋਟਾ ਭਰਾ ਹੀ ਲਾੜਾ ਬਣਾ ਕੇ ਲਿਜਾਇਆ ਜਾਵੇ। ਖੈਰ ਇਹ ਗੱਲ ਜਦੋਂ ਲਾੜੀ ਪੱਖ ਨੂੰ ਦੱਸੀ ਗਈ ਤਾਂ ਲਾੜੀ ਵੀ ਇਸ ਲਈ ਰਾਜੀ ਹੋ ਗਈ। ਫਿਰ ਛੋਟੇ ਭਰਾ ਨੂੰ ਲਾੜਾ ਬਣਾ ਕੇ ਲਿਜਾਇਆ ਗਿਆ ਤਾਂ ਵਿਆਹ ਹੋਇਆ। ਇਸ ਮਾਮਲੇ ਵਿਚ ਪੁਲਸ ਦਾ ਕਹਿਣਾ ਹੈ ਕਿ ਲਾੜੇ ਦੀ ਮਰਜੀ ਦੇ ਬਿਨਾਂ ਵਿਆਹ ਤੈਅ ਹੋਇਆ ਸੀ। ਇਸ ਲਈ ਉਹ ਘਰੋਂ ਦੌੜ ਗਿਆ। ਉਨ੍ਹਾਂ ਨੇ ਕਿਹਾ ਕਿ ਇਸ ਮਾਮਲੇ ਵਿਚ ਕੋਈ ਲਿਖਤੀ ਸ਼ਿਕਾਇਤ ਨਹੀਂ ਮਿਲੀ ਹੈ। ਉੱਥੇ ਹੀ ਇਸ ਮਾਮਲੇ ਮਗਰੋਂ ਪਿੰਡ ਵਿਚ ਖੂਬ ਚਰਚਾ ਛਿੜੀ ਹੋਈ ਹੈ। ਫਿਲਹਾਲ ਲਾੜੇ ਦਾ ਨੰਬਰ ਸਰਵਿਲਾਂਸ 'ਤੇ ਲਾ ਕੇ ਉਸ ਨੂੰ ਲੱਭਿਆ ਜਾ ਰਿਹਾ ਹੈ।

## ਚੋਰਾਂ ਨੇ ਗੁਰੂ ਰਾਮਦਾਸ ਪੋਰਾ ਫ਼ੈਕਟਰੀ ਨੂੰ ਬਣਾਇਆ ਨਿਸ਼ਾਨਾ, ਚੌਂਕੀਦਾਰ ਸਣੇ 8 ਮਜਦੂਰਾਂ ਨੂੰ ਬਣਾਇਆ ਬੰਦੀ

ਚੋਗਾਵਾਂ/ਲੋਪੋਕੇ 31 ਜਨਵਰੀ। ਪੁਲਸ ਥਾਣਾ ਲੋਪੋਕੇ ਅਧੀਨ ਆਉਂਦੇ ਪਿੰਡ ਬਹਿੜਵਾਲ ਵਿਖੇ ਚੋਗਾਵਾਂ ਰੋਡ ਅਟਾਰੀ 'ਤੇ ਲੱਗੀ ਗੁਰੂ ਰਾਮਦਾਸ ਟਾਈਲ ਐਂਡ ਪੋਰਾ ਫ਼ੈਕਟਰੀ ਨੂੰ ਚੋਰਾਂ ਨੇ ਬੀਤੀ ਰਾਤ ਨਿਸ਼ਾਨਾ ਬਣਾਇਆ। ਇਸ ਸਬੰਧੀ ਫ਼ੈਕਟਰੀ ਮਾਲਕ ਕਾਬਲ ਸਿੰਘ ਵਾਸੀ ਬਹਿੜਵਾਲ ਨੇ ਦੱਸਿਆ ਕਿ 20 ਦੇ ਕਰੀਬ ਹਥਿਆਰਾਂ ਨਾਲ ਲੈਸ ਵਿਅਕਤੀ ਰਾਤ 2 ਵਜੇ ਦੇ ਕਰੀਬ ਫ਼ੈਕਟਰੀ ਵਿਚ ਦਾਖਲ ਹੋਏ ਅਤੇ ਆਉਂਦੇ ਸਾਰ ਫ਼ੈਕਟਰੀ ਵਿਚ ਲੱਗੇ ਕੈਮਰਿਆਂ ਨੂੰ ਉੱਪਰ ਵੱਲ ਚੁੱਕ ਦਿੱਤਾ। ਚੌਕੀਦਾਰ ਸਮੇਤ 8 ਪ੍ਰਵਾਸੀ ਮਜ਼ਦੂਰਾਂ ਨੂੰ ਬੰਨ੍ਹ ਕੇ ਇਕ ਕਮਰੇ ਵਿਚ ਬੰਦ ਕਰ ਦਿੱਤਾ ਅਤੇ ਉਨ੍ਹਾਂ ਦੇ ਫ਼ੋਨ ਖੋਹ ਲਏ। 5 ਵਿਅਕਤੀ ਹਥਿਆਰ ਲੈ ਕੇ ਉਨ੍ਹਾਂ ਦੇ ਕੋਲ ਖੜ੍ਹੇ ਰਹੇ। ਬੇਖ਼ੌਫ ਹੋ ਕੇ ਆਏ ਚੋਰਾਂ ਵੱਲੋਂ ਫ਼ੈਕਟਰੀ ਵਿਚ ਪਏ 170 ਦੇ ਕਰੀਬ ਲੋਹੇ ਦੇ ਰਿੰਗ, ਜਿਨ੍ਹਾਂ ਦੀ ਮਾਰਕੀਟ ਕੀਮਤ 15 ਲੱਖ ਦੇ ਕਰੀਬ ਬਣਦੀ ਹੈ। ਮਹਿੰਦਰਾ ਪਿੱਕ ਅੱਪ ਗੱਡੀਆਂ ਵਿਚ ਲੋਡ ਕੀਤੇ ਅਤੇ ਚੱਲਦੇ ਬਣੇ ਮੈਨੂੰ ਇਸ ਘਟਨਾ ਦੀ ਜਾਣਕਾਰੀ ਚੌਕੀਦਾਰ ਵੱਲੋਂ ਇਕ ਫ਼ੋਨ ਜੋ ਕਿ ਚੋਰਾਂ ਕੋਲੋਂ ਬਚ ਗਿਆ ਸੀ, ਉਸ ਰਾਹੀਂ ਜਾਣਕਾਰੀ ਦਿੱਤੀ। ਜਦੋਂ ਮੈਂ ਫ਼ੈਕਟਰੀ ਜਾ ਕੇ ਵੇਖਿਆ ਤਾਂ ਸਾਮਾਨ ਚੋਰੀ ਹੋ ਚੁੱਕਾ ਸੀ। ਪੀੜਤ ਕਾਬਲ ਸਿੰਘ ਨੇ ਦੱਸਿਆ ਕਿ ਸਾਡੀ ਫ਼ੈਕਟਰੀ ਵਿਚ ਦੂਜੀ ਵਾਰ ਚੋਰੀ ਹੋ ਚੁੱਕੀ ਹੈ। ਲਗਭਗ 5 ਸਾਲ ਪਹਿਲਾਂ ਵੀ ਚੋਰਾਂ ਵੱਲੋਂ ਫ਼ੈਕਟਰੀ ਨੂੰ ਨਿਸ਼ਾਨਾ ਬਣਾਇਆ ਗਿਆ ਸੀ ਅਤੇ ਉਦੋਂ ਵੀ ਇਹੀ ਸਾਮਾਨ ਚੋਰੀ ਹੋਇਆ ਸੀ।

## ਨਿਰੰਕਾਰੀ ਸੰਤ ਸਮਾਗਮ ਖੁਸ਼ੀਆਂ-ਖੇੜ੍ਹਿਆਂ ਦੇ ਆਨੰਦਮਈ ਮਾਹੌਲ ਚ ਸਫਲਤਾਪੂਰਵਕ ਸਮਾਪਤ

### ਰੱਬੀ ਗੁਣਾਂ ਨਾਲ ਭਰਪੂਰ ਹੋ ਕੇ ਸੱਚੇ ਮਨੁੱਖ ਬਣੋ - ਸਤਿਗੁਰੂ ਮਾਤਾ ਸੁਦੀਕਸਾ ਜੀ ਮਹਾਰਾਜ

ਨਾਗਪੁਰ, 31 ਜਨਵਰੀ, 2024:- "ਪਿਆਰ, ਨਿਮਰਤਾ, ਮਿਠਾਸ ਵਰਗੇ ਦੈਵੀ ਗੁਣਾਂ ਨੂੰ ਅਪਣਾ ਕੇ, ਆਓ ਮਨ-ਵਚਨ-ਕਰਮਾਂ ਦੁਆਰਾ ਸੱਚੇ ਮਨੁੱਖ ਬਣੀਏ।" ਇਹ ਪਾਵਨ ਪ੍ਰਵਚਨ ਦਾ ਪ੍ਰਗਟਾਵਾ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸਾ ਜੀ ਮਹਾਰਾਜ ਨੇ ਨਾਗਪੁਰ ਵਿੱਚ ਆਯੋਜਿਤ ਤਿੰਨ ਰੋਜਾ ਨਿਰੰਕਾਰੀ ਸੰਤ ਸਮਾਗਮ ਦੀ ਸਮਾਪਤੀ ਦੌਰਾਨ ਹਾਜਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਇਹ ਯਾਦਗਾਰ ਇਲਾਹੀ ਸੰਤ ਸਮਾਗਮ ਅਮਿਟ ਯਾਦਾਂ ਦੇ ਬਿਖਰਾਓ ਨਾਲ ਆਨੰਦਮਈ ਮਾਹੌਲ ਵਿੱਚ ਸਮਾਪਤ ਹੋਇਆ। ਸਤਿਗੁਰੂ ਮਾਤਾ ਜੀ ਨੇ ਸਮਰਪਣ ਦੀ ਸੱਚੀ ਭਾਵਨਾ ਦਾ ਜ਼ਿਕਰ ਕਰਦੇ ਹੋਏ ਸਮਝਾਇਆ ਕਿ ਜਦੋਂ ਅਸੀਂ ਆਪਣੀ ਮੈਂ ਅਤੇ ਹਉਮੈ ਨੂੰ ਤਿਆਗ ਦਿੰਦੇ ਹਾਂ ਅਤੇ ਪੂਰੀ ਸਰਧਾ ਨਾਲ ਪ੍ਰਮਾਤਮਾ ਨਾਲ ਇੱਕ ਹੋ ਜਾਂਦੇ ਹਾਂ, ਤਦ ਸਾਡੀ ਅੰਤਰ ਆਤਮਾ ਸਕੂਨ ਅਤੇ ਅਲੌਕਿਕ ਅਨੰਦ ਦਾ ਅਨੁਭਵ ਕਰਦੀ ਹੈ। ਇਹ ਪਰਮ ਆਨੰਦ ਸਾਡੇ ਵਿਹਾਰ ਵਿੱਚ ਵੀ ਦਿਸਦਾ ਹੈ। ਫਿਰ ਸਾਰੇ ਸੰਸਾਰ ਦਾ ਹਰ ਜੀਵ ਸਾਨੂੰ ਆਪਣਾ ਜਾਪਣ ਲੱਗ ਪੈਂਦਾ ਹੈ ਅਤੇ ਸਾਡਾ ਜੀਵਨ ਮਨੁੱਖਤਾ ਦੇ ਰੱਬੀ ਗੁਣਾਂ ਨਾਲ ਸੁਗੰਧਿਤ ਹੋ ਜਾਂਦਾ ਹੈ। ਅੰਤ ਵਿੱਚ ਸਤਿਗੁਰੂ ਮਾਤਾ ਜੀ ਨੇ ਫਰਮਾਇਆ ਕਿ ਜਿੰਨਾ ਜ਼ਿਆਦਾ ਅਸੀਂ ਇਸ ਨਿਰੰਕਾਰ ਨਾਲ ਜੁੜਦੇ ਰਹਾਂਗੇ, ਓਨਾ ਹੀ ਸਾਡੇ ਅੰਤਰਮਨ ਦਾ ਅਸਲ ਮਨੁੱਖੀ ਰੂਪ ਪ੍ਰਗਟ ਹੋਵੇਗਾ। ਅਸੀਂ ਇਸ ਮਨੁੱਖਤਾ ਨੂੰ ਜਿਉਂਦਾ ਰੱਖਣਾ ਹੈ। ਬ੍ਰਹਮ ਗਿਆਨ ਦੁਆਰਾ ਹਰ ਪਲ ਇਸ ਪ੍ਰਮਾਤਮਾ ਦਾ ਇਹਸਾਸ ਕਰਦੇ ਹੋਏ ਭਗਤੀ ਨਾਲ ਭਰਪੂਰ ਜੀਵਨ ਜਿਉਣਾ ਹੈ। ਸਮਾਗਮ ਦੇ ਤੀਜੇ ਦਿਨ ਦਾ ਮੁੱਖ ਆਕਰਸਨ ਬਹੁ-ਭਾਸੀ ਕਵੀ ਦਰਬਾਰ ਰਿਹਾ ਜਿਸ ਵਿੱਚ 22 ਕਵੀਆਂ ਨੇ ਸਕੂਨ ਅੰਤਰਮਨ ਦਾ' ਵਿਸੇ 'ਤੇ ਮਰਾਠੀ, ਹਿੰਦੀ, ਕੋਂਕਣੀ, ਪੰਜਾਬੀ, ਭੋਜਪੁਰੀ, ਅੰਗਰੇਜੀ ਅਤੇ ਉਰਦੂ ਭਾਸਾਵਾਂ ਵਿੱਚ ਆਪਣੀਆਂ ਕਵਿਤਾਵਾਂ ਪੇਸ ਕੀਤੀਆਂ। ਜਿਸ ਦਾ ਸਮੂਹ ਸੰਗਤਾਂ ਨੇ ਖੂਬ ਆਨੰਦ ਮਾਣਿਆ ਅਤੇ ਸਾਰਿਆਂ ਵੱਲੋਂ ਪ੍ਰਸੰਸਾ ਕੀਤੀ ਗਈ। ਸਮਾਗਮ ਦੇ ਅਖ਼ੀਰ ਵਿੱਚ ਸੰਤ ਨਿਰੰਕਾਰੀ ਮੰਡਲ ਦੇ ਮੈਂਬਰ ਇੰਚਾਰਜ (ਪ੍ਰਚਾਰ ਪ੍ਰਸਾਰ) ਸ੍ਰੀ ਮੋਹਨ ਛਾਬੜਾ ਨੇ ਨਾਗਪੁਰ ਦੀ ਨਗਰੀ ਵਿੱਚ ਸੰਤ ਸਮਾਗਮ ਦੀ ਦਾਤ ਪ੍ਰਦਾਨ ਕਰਨ ਲਈ ਸਤਿਗੁਰੂ ਮਾਤਾ ਜੀ ਅਤੇ ਨਿਰੰਕਾਰੀ ਰਾਜਪਿਤਾ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਨਾਲ ਹੀ ਮਹਾਰਾਸਟਰ ਦੇ ਅਗਲੇ 58ਵੇਂ ਸੰਤ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਅਗਲੇ ਨਿਰੰਕਾਰੀ ਸੰਤ ਸਮਾਗਮ ਦਾ ਅਯੋਜਨ ਪੁਣੇ ਸਹਿਰ ਦੀ ਧਰਤੀ 'ਤੇ ਹੋਵੇਗਾ।

# ਜਲੰਧਰ 'ਚ ਗੰਨ ਪੁਆਇੰਟ 'ਤੇ ਟਰੱਕ ਡਰਾਈਵਰ ਨੂੰ ਬੰਦੀ ਬਣਾ ਕੇ ਲੁੱਟੇ 2 ਲੱਖ ਰੁਪਏ

ਜਲੰਧਰ 31 ਜਨਵਰੀ। ਪਿੰਡ ਲਿੱਧੜਾਂ ਨੇੜੇ ਟਰੱਕ ਦੀ ਹਵਾ ਚੈੱਕ ਕਰਨ ਲਈ ਰੁਕੇ ਟਰੱਕ ਡਰਾਈਵਰ ਨੂੰ ਕਾਰ 'ਚ ਆਏ ਲੁਟੇਰਿਆਂ ਨੇ ਬੰਦੂਕ ਦੀ ਨੋਕ 'ਤੇ ਬੰਦੀ ਬਣਾ ਕੇ 2



ਲੱਖ 10 ਹਜਾਰ ਰੁਪਏ ਲੁੱਟ ਲਏ। ਟਰੱਕ ਡਰਾਈਵਰ ਨੇ ਇਸ ਦੀ ਸੂਚਨਾ ਪੁਲੀਸ ਕੰਟਰੋਲ ਰੂਮ 'ਚ ਦਿੱਤੀ, ਜਿਸ ਉਪਰੰਤ ਪੁਲਸ ਥਾਣਿਆਂ ਦੀ ਹੱਦਬੰਦੀ ਨੂੰ ਲੈ ਕੇ ਉਲਝਣ 'ਚ ਪੈ ਗਈ। ਆਖਰ ਥਾਣਾ ਮਕਸੂਦਾਂ ਦੀ ਪੁਲਸ ਨੇ ਇਸ ਮਾਮਲੇ ਦੀ ਸ਼ਿਕਾਇਤ ਲੈ ਕੇ ਜਾਂਚ ਸੁਰੂ ਕਰ ਦਿੱਤੀ। ਟਰੱਕ ਚਾਲਕ ਮਨਦੀਪ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਬਟਾਲਾ ਨੇ ਦੱਸਿਆ ਕਿ ਉਹ ਮੰਡੀ ਗੋਬਿੰਦਗੜ੍ਹ ਤੋਂ ਲੋਹੇ ਦਾ ਸਾਮਾਨ ਲੈ ਕੇ ਬਟਾਲਾ ਵੱਲ ਜਾ ਰਿਹਾ ਸੀ, ਜਦੋਂ ਉਹ ਹਵਾ ਚੈੱਕ ਕਰਨ ਲਈ ਲਿੱਧੜਾਂ ਨੇੜੇ ਰੁਕਿਆ ਤਾਂ ਇਸੇ ਦੌਰਾਨ ਇਕ ਕਾਰ 'ਚ ਸਵਾਰ 2 ਨੌਜਵਾਨ ਉਸ ਕੋਲ ਰਸਤਾ ਪੁੱਛਣ ਆਏ। ਇਸ ਦੌਰਾਨ 2 ਨੌਜਵਾਨ ਪੈਦਲ ਉਸ ਕੋਲ ਆ ਗਏ, ਜਿਨ੍ਹਾਂ ਨੇ ਬੰਦੂਕ ਦੀ ਨੋਕ 'ਤੇ ਉਸ ਦੀ ਜੇਬ 'ਚੋਂ 10 ਹਜਾਰ ਰੁਪਏ ਕੱਢ ਲਏ ਅਤੇ ਫਿਰ ਉਸ ਨੂੰ ਟਰੱਕ 'ਚ ਬਿਠਾ ਕੇ ਬੰਦੀ ਬਣਾ ਲਿਆ।\ ਬੰਦੂਕ ਦੀ ਨੋਕ 'ਤੇ ਲੁਟੇਰਿਆਂ ਨੇ ਉਸ ਨੂੰ ਕੈਬਿਨ ਖੋਲ੍ਹਣ ਲਈ ਕਿਹਾ, ਜਿਸ 'ਚ ਵਪਾਰੀ ਵੱਲੋਂ ਦਿੱਤੇ 2 ਲੱਖ ਰੁਪਏ ਸਨ ਪਰ ਉਸ ਨੇ ਇਹ ਬਹਾਨਾ ਬਣਾ ਦਿੱਤਾ ਕਿ ਕੈਬਿਨ ਦੀ ਚਾਬੀ ਵਪਾਰੀ ਕੋਲ ਹੈ। ਲੁਟੇਰਿਆਂ ਨੇ ਡਰਾਈਵਰ ਦੀ ਕੁੱਟਮਾਰ ਕੀਤੀ ਤੇ ਗੋਲੀ ਮਾਰਨ ਦੀ ਧਮਕੀ ਦਿੱਤੀ, ਜਿਸ ਕਾਰਨ ਡਰਾਈਵਰ ਨੇ ਆਪਣੀ ਜਾਨ ਬਚਾਉਣ ਲਈ ਕੈਬਿਨ ਖੋਲ੍ਹ ਦਿੱਤਾ। ਲੁਟੇਰਿਆਂ ਨੇ ਉਸ 'ਚ ਰੱਖੇ 2 ਲੱਖ ਰੁਪਏ ਦੀ ਨਕਦੀ ਵਾਲਾ ਪੈਕੇਟ ਵੀ ਲੁੱਟ ਲਿਆ ਤੇ ਫਰਾਰ ਹੋ ਗਏ। ਮਾਮਲਾ ਪੁਲਸ ਕੋਲ ਪਹੁੰਚਦਿਆਂ ਹੀ ਥਾਣਾ ਕਰਤਾਰਪੁਰ ਦੀ ਪੁਲਸ, ਥਾਣਾ ਇਕ ਅਤੇ ਥਾਣਾ ਮਕਸੂਦਾਂ ਦੀ ਪੁਲਸ ਹੱਦਬੰਦੀ ਨੂੰ ਲੈ ਕੇ ਉਲਝ ਗਈ। ਅਖੀਰ ਥਾਣਾ ਮਕਸੂਦਾਂ ਦੀ ਪੁਲਸ ਨੇ ਮਾਮਲੇ ਦੀ ਜਾਂਚ ਸੁਰੂ ਕਰ ਦਿੱਤੀ ਹੈ। ਥਾਣਾ ਇੰਚਾਰਜ ਮਨਜੀਤ ਸਿੰਘ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਉਸ ਤੋਂ ਬਾਅਦ ਹੀ ਕੁਝ ਕਿਹਾ ਜਾ ਸਕਦਾ ਹੈ। ਦੂਜੇ ਪਾਸੇ ਜਦੋਂ ਬਟਾਲੇ ਦੇ ਵਪਾਰੀ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਡਰਾਈਵਰ ਨੂੰ 2 ਲੱਖ 13 ਹਜਾਰ ਰੁਪਏ ਦੀ ਨਕਦੀ ਲੈਣ ਲਈ ਗੋਬਿੰਦਗੜ੍ਹ ਦੇ ਵਪਾਰੀ ਨੂੰ ਕਿਹਾ ਗਿਆ ਸੀ, ਪਰ ਜਦੋਂ ਇਸ ਸਬੰਧੀ ਮੰਡੀ ਗੋਬਿੰਦਗੜ੍ਹ ਦੇ ਵਪਾਰੀ ਰਾਣਾ ਨਾਲ ਗੱਲ ਕੀਤੀ ਗਈ

**NAME CHANGE**
I SATYAWAN BALMIKI S/O BAMBAL RAM BIRLA R/O H.N0-121 VILL-RAVINDRA PO-ZIRKAPUR ENCLAVE, PHASE-2 BALTANA MOHALI PUNJAB-140604 HAVE CHANGE MY NAME TO SATYAWAN BIRLA FOR ALL PURPOSE.

**PUBLIC NOTICE**
Information is given to general public at large that my clients Mr. Kushal Pal Singh who is intending to purchase the Entire Third Floor, with Roof/Terrace Rights built on Property bearing No. WZ-660, area measuring 103 Sq. Yds, falling in Mustatil No. 40, Killa No. 14, situated in the area of Village Shakurpur, Delhi State, Delhi, now Colony known as Sri Nagar, Shakur Basti, Delhi from Mrs. Kriti Sharma owner vide Relinquishment Deed dated 26.09.2023 executed by Mr. Abhishek Jaitly, as Document No. 16119 after the death of Late Promila Sharma and Mrs. Promila Sharma was became owner through Sale Deed dated 08.04.2015, executed by Mrs. Hemlata Khandelwal and Mrs. Neelam Khandelwal as Document No. 3532. Now, the same property to be financed by RBL Bank Limited having its Branch Address at 1st Floor, Opposite Modi Flour Mill Compound, Bldg No.1, Okhla Phase-3, New Delhi-110020. That, Mr. Abhishek Jaitly (Son) and Mrs. Krti Sharma (Daughter) are the only legal heirs of Late Mrs. Promila Sharma who died on 18.05.2021 and they are the absolute owners of the said property and having the clear title/ownership over the said property. If any person(s) objection for subject property regarding title/ownership of the said property, then kindly may contact the undersigned along with original property document, within 7 days from date of this notice on below mentioned address, failing which, the claim as per aforesaid shall be treated as null and void in respect of the subject property.
**[ASHWANI KUMAR] Advocate**
Chamber No. 122,
Tehsil Compound, Ghaziabad, U.P.

**PUBLIC NOTICE**
It is for general information that I ASGAR ABBAS S/O SHAMIM RAZA R/O H.NO-G-421, STREET 13/5, FRIEND PUBLIC SCHOOL, BHAGIRATHI, VIHAR, GOKAL PUR, NORTH EAST DELHI-110094 declare that name of my father has been wrongly written as SAMIM RAZA in my 10th class educational documents and the name of mine and my father has been wrongly written as ASGHAR ABBAS and SHAMEEM RAZA in my Passport No. G0478278. The actual name of mine and my father are ASGAR ABBAS and SHAMIM RAZA respectively which may be amended accordingly.

**PUBLIC NOTICE**
To whomsoever it may concerned
It is to inform that we, Palvinder kumar Kawtra S/o Shri Hari Singh Kawtra and Smt. Sangita Kawtra W/o Shri Palvinder Kumar Kawtra Both Resident of A-1, Parijat Apartment, Pitampura, Delhi-34, have adopted a male child namely Granth Kawtra (whose name was Prabeer Chopta as per birth Certificate) from his biological parent after performing all rituals like DATAKHOM etc and also a deed of adoption was also executed between us and biological parent of said male child which is duly registered with the concerned Sub Registrar on 22/09/2023. That know Mst. Granth Kawtra is our adopted son and he shall have all rights and entitlement and since the day of his adoption our son Granth Kawtra is in our custody and we have been taking care of him with love and affections.

**NAME CHANGE**
I, Suman Kapoor w/o Late Darshan Lal Kapoor R/o House No. 123-A, UG Floor, Street No 5, Nirankari colony, Delhi - 110009 have changed my name and shall hereafter be Known As Suman Lata.

**NAME CHANGE**
I, ARMY NO-14669638L NK B. BALAJI KANNAN S/O BADMANABAN R/O VPO-VEERAPONDI, TEH-THIRUKOILUR, DISTT-VILLUPURAM, TAMIL NADU-605758, have changed my minor daughter's name from JANANI to B. JANANI for all future purposes.

**NAME CHANGE**
I, ABDUL WASEED S/O MOHAMMAD ZALIL AHMAD residing at E-169, E-11, D-BLOCK, BULAND MASJID, SHASTRI PARK, SEELAMPUR, DELHI-110053 have changed my name to ABDUL WASID for all future purpose.

**NAME CHANGE**
I, MUSKAN D/O VIJAY residing at H NO-15, UGF, STREET NO-4, PARAS APARTMENT, J&K EXTN, LAXMI NAGAR, DELHI-110092 have changed my name to MUSKAN UPADHYAY for all future purpose.

**NAME CHANGE**
I, MUSKAN D/O VIJAY residing at H NO-15, UGF, STREET NO-4, PARAS APARTMENT, J&K EXTN, LAXMI NAGAR, DELHI-110092 have changed my name to MUSKAN UPADHYAY for all future purpose.

**NAME CHANGE**
I Karan S/o Madhu Mohan R/o WZ-498 A,Raj Nagar-1,Palam Colony, South West Delhi,Delhi-110045,Have Changed My Name To Karan Sharma For All Purpose

**NAME CHANGE**
I, Ritika D/o Sanjiv kumar R/o ward no.14, old pnb Bank,old alwar road, sohna, gurgaon haryana -122103 have changed my name from Ritika to Ritika Mograi for all future purpose.

**PUBLIC NOTICE**
This is to bring to the notice of the general public that one ID Card of Mr Md Sajid. issued by ICICI Bank ltd. having ID card no. 2211557. has been found missing and/or lost on 01/12/2022. Anyone, who finds the said ID card, is requested to return the said ID card to the Manager Debt Services & Management Group, ICICI Bank Limited, 1st floor, SD Tower Rohini sec 08 Delhi 110085. Therefore, all the customers of ICICI Bank Limited are hereby notified not to make any payment to any unauthorised person holding the said ID card no -2211557. Please take further notice that anybody making payment to any person holding the said ID card shall do so at his/her own costs, risk and peril and ICICI Bank shall not be bound and/or responsible for any payment.

**ਉੱਤਰ ਰੇਲਵੇ**

**ਟੈਂਡਰ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਮੁੱਖ ਪ੍ਰਸ਼ਾਸਨਿਕ ਅਧਿਕਾਰੀ/ਨਿਰਮਾਣ-III, ਉੱਤਰ ਰੇਲਵੇ, ਕਸ਼ਮੀਰੀ ਗੇਟ, ਦਿੱਲੀ-6 ਹੇਠਾ ਲਿਖੇ ਕੰਮ ਦੇ ਲਈ ਦੋ ਪੈਕੇਟ ਪ੍ਰਣਾਲੀ ਦੇ ਅੰਤਰਗਤ ਈ-ਟੈਂਡਰਾ ਮੰਗ ਕਰਦੇ ਹਨ :-

| | | |
|---|---|---|
| 1. | ਕੰਮ ਦਾ ਨਾਮ ਅਤੇ ਜਗ੍ਹਾਂ | ਉੱਤਰ ਰੇਲਵੇ ਦੇ ਲਖਨਊ ਮੰਡੀ ਦੇ ਅਯੋਧਿਆ ਕੈਂਟ ਸਟੇਸ਼ਨ ਉਤੇ ਯੂਨੀਵਰਸਲ ਕੋਚਿੰਗ ਪਰਿਸਰ ਦੇ ਵਿਕਾਸ ਦੇ ਅੰਤਰਗਤ ਕਵਰ ਸ਼ੇਡ ਸਹਿਤ ਵਾਸ਼ਿੰਗ ਲਾਇਨ, ਸਿਕਲਾਇਨ, ਭਾਰੀ ਮੁਰੰਮਤ ਬੇ, ਸੀ.ਡੀ.ਓ. ਦਫਤਰ ਪਰਿਸਰ ਦਾ ਨਿਰਮਾਣ ਅਤੇ ਹੋਰ ਸਬੰਧਿਤ ਕੰਮ ਕਰਨ ਲਈ। |
| 2. | ਅਨੁਮਾਨਿਤ/ਨਿਦੇਸ਼ਾਤਮਕ ਪਰਿਯੋਜਨਾ ਲਾਗਤ | ਰੁਪਏ 4457.14 ਲੱਖ |
| 3. | ਕੰਮ ਪੂਰਾ ਹੋਣ ਦਾ ਸਮਾ | 12 ਮਹੀਨੇ |
| 4. | ਜਮਾਂ ਕੀਤੀ ਜਾਣ ਵਾਲੀ ਜਮਾਨਤੀ ਰਾਸ਼ੀ | ਰੁਪਏ 23,78,600.00 |
| 5. | ਪੂਰੀ ਈ-ਟੈਂਡਰ ਸੂਚਨਾ ਅਤੇ ਟੈਂਡਰ ਦਸਤਾਵੇਜ | ਉਪਯੁਕਤ ਟੈਂਡਰ ਦਸਤਾਵੇਜ ਆਈ ਆਰ ਈ ਪੀ ਐਸ ਦੀ ਵੇਬਸਾਈਟ www.ireps.gov.in ਉਤੇ 05.02.2024 ਤੋਂ 26.02.2024 ਦੇ ਵਿਚ 11.30 ਵਜੇ ਤਕ ਉਪਲਬਧ ਹੋਵੇਗੀ। |
| 6. | ਈ-ਟੈਂਡਰ ਪੇਸ਼ ਕਰਨਾ ਅਤੇ ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਟੈਂਡਰ 11.30 ਵਜੇ ਮਿਤੀ 12.02.2024 ਤੋਂ 26.02.2024 ਤਕ ਆਈ ਆਰ ਈ ਪੀ ਐਸ ਦੀ ਵੇਬਸਾਈਟ www.ireps.gov.in ਉਤੇ ਅਪਲੋਡ ਕੀਤੀ ਜਾਂ ਸਕਦੀ ਹੈ ਅਤੇ ਉਸਦੇ ਬਾਦ ਕੇਵਲ ਤਕਨੀਕੀ ਸਹਿ ਵਾਣਿਜਿਯਕ ਬਿਡਾਂ ਨੂੰ 11.30 ਵਜੇ ਮਿਤੀ 26.02.2024 ਨੂੰ ਖੋਲਿਆ ਜਾਵੇਗਾ। |
| 7. | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | 26.02.2024 ਨੂੰ 11.30 ਵਜੇ ਖੋਲੀ ਜਾਵੇਗੀ। ਪਾਤਰ ਟੈਂਡਰਕਰਤਾਵਾਂ ਦੀ ਵਿਤੀਯ ਬੋਲੀ ਉਸਅਨੁਸਾਰ ਖੋਲੀ ਜਾਵੇਗੀ ਜਿਸਦੀ ਸਮੇਂ ਅਤੇ ਮਿਤੀ ਦੀ ਸੂਚਨਾ ਬਾਦ ਵਿਚ ਦਿਤੀ ਜਾਵੇਗੀ। |

No. 74-W-3-2-467-WA-LKO Dated: 31.01.2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 329/24

**PUBLIC NOTICE**
Information is given to general public at large that our clients Mrs. Kirti Menhdiratta is the owner of Freehold Residential First Floor (Front Side) built up on Plot no. 1-J-104, admeasuring 231 Sq. Yards., Situated at New Town Ship, Faridabad, Haryana. From Transfer Deed in Blood Relation dated 30.11.2022 as Doc. No. 5860, in SRO- Badkhal. In the chain document below mentioned documents are not available i.e. Death Certificate & SMC of Late Mr. Mehar Chand, & Probate Order of Will dated 22.03.2000 are not available now Our client is declaring that that any other Person does not have any right over the said property, and same property sold to be Mr. Arjun Aggarwal, Which is to be financed by Piramal Capital & Housing Finance Ltd. Branch: Faridabad Haryana. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained.
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
Information is given to general public at large that our client Smt. Mamta w/o Sh. Mahinder Singh is the owner of Freehold Residential Plot no. 100, area measuring 70 sq. yds. Out of Khasra no. 562 Situated at Residential Colony Green Enclave at Village Chipyana Buzurg (Across The Railway line) Pargana & Tehsil Dadri Distt. Gautam Budh Nagar Uttar Pradesh. by Virtue Sale Deed dated 20.03.2014 vide Doc noVol no. 3972 Page no. 133-154 SR- Dadri if was executed in favour of Smt. Pushpa Sharma w/o Sh. Ganga Prasad, now Our client is declaring that that any other Person does not have any right over the said property, and same property sold to be Smt. Suman w/o Sh. Ashok Kumar and same property is going to be financed by Can Fin Homes Ltd. Branch: Greater Noida Uttar Pradesh If any person is having objection right of claim against the said property, contact to undersigned along with supporting documents within 15 days from the date of publication of this notice and or the same to the undersigned if found by any one. Thereafter no claim shall be entertained.
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

# ਸਮਾਜ ਸੇਵੀ ਸੰਸਥਾਵਾਂ ਵੱਲੋਂ ਚੰਡੀਗੜ੍ਹ ਵਿੱਚ ਕੀਤਾ ਗਿਆ ਮੁਜ਼ਾਹਰਾ ਡੀਐਸਪੀ ਪਲਕ ਗੋਇਲ ਨੂੰ ਦਿੱਤਾ ਮੰਗ ਪੱਤਰ

**ਚੰਡੀਗੜ੍ਹ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਪੁਲਿਸ ਵਿਰੁੱਧ ਸਮਾਜ ਸੇਵੀ ਸੰਸਥਾਵਾਂ ਨੇ ਪ੍ਰਦਰਸ਼ਨ ਕੀਤਾ ਇਹ ਸੰਸਥਾਵਾਂ ਸਨ ਪੰਜਾਬ ਏਜੰਡਾ ਫੋਰਮ, ਪੰਜਾਬ ਅਗੇਂਸਟ ਕਰਪਸ਼ਨ, ਬੀਕੇਯੂ ਭੁਪਿੰਦਰ ਮਾਨ ਗਰੁੱਪ, ਬੀਕੇਯੂ ਕ੍ਰਾਂਤੀਕਾਰੀ, ਵਿਜਲੈਂਟ ਸਿਟੀਜਨ ਗਰੁੱਪ, ਇਮਪਲੋਈਜ ਫਰੰਟ ਇਹਨਾਂ ਨੇ ਇੱਕ ਮੰਗ ਪੱਤਰ ਚੰਡੀਗੜ੍ਹ ਪੁਲਿਸ ਦੀ ਡੀਐਸਪੀ ਪਲਕ ਗੋਇਲ ਨੂੰ ਦਿੱਤਾ ਜਿਸ ਦੇ ਵਿੱਚ ਛੇ ਮੁੱਖ ਤੌਰ ਤੇ ਮੰਗਾਂ ਲਿਖੀਆਂ ਗਈਆਂ ਸੀ ਕਿ 28 ਦਸਬਰ 23 ਨੂੰ ਪੱਤਰਕਾਰ ਵਿਭਾਗ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਸੈਕਟਰ 28 ਦੇ ਵਿਦਿਆਰਥੀਆਂ ਤੇ ਹੋਏ ਹਮਲੇ ਬਾਰੇ ਪਰਚਾ ਦਰਜ ਕਰਕੇ ਹਮਲਾਵਰਾਂ ਦੀ ਗ੍ਰਿਫਤਾਰੀ ਕੀਤੀ ਜਾਵੇ ਅਤੇ ਕਾਰ ਜਬਤ ਕੀਤੀ ਜਾਵੇ। ਜਿਹੜੇ ਪੁਲਿਸ ਅਫਸਰਾਂ ਨੇ ਕੇਸ ਦਬਾਉਣ ਦੀ ਕੋਸ਼ਿਸ਼ ਕੀਤੀ ਹੈ ਉਹਨਾਂ ਨੂੰ ਮੁਅਤਲ ਕੀਤਾ ਜਾਵੇ। ਮਾਮਲੇ ਦੇ ਵਿੱਚ ਚਲਾਨ ਅਦਾਲਤ ਦੇ ਵਿੱਚ ਨਿਰਧਾਰਿਤ ਸਮੇਂ ਦੇ ਵਿੱਚ ਪੇਸ਼ ਕੀਤਾ ਜਾਵੇ ਐਸਐਸਪੀ ਚੰਡੀਗੜ੍ਹ ਕੰਵਰਦੀਪ ਕੌਰ ਦੀ ਜਵਾਬਤਲਬੀ ਕੀਤੀ ਜਾਵੇ ਕਿ ਉਹ ਪੱਤਰਕਾਰਾਂਦੇ ਸਵਾਲਾਂ ਦੇ ਜਵਾਬ ਕਿਉਂ ਨਹੀਂ ਦਿੰਦੇ। ਇਸਦੇ ਨਾਲ਼ ਹੀ ਇਹ ਮੰਗ ਵੀ ਕੀਤੀ ਕਿ ਦੋਸੀਆਂ ਖ਼ਿਲਾਫ਼ ਬਣਦੀ ਕਾਰਵਾਈ ਕਰਕੇ ਜਖਮੀ ਹੋਏ ਪੱਤਰਕਾਰੀ ਦੇ ਵਿਦਿਆਰਥੀਆਂ ਨੂੰ ਇਨਸਾਫ ਦਿੱਤਾ ਜਾਵੇ।




ਇਸ ਮੈਮੋਰੰਡਮ ਤੋਂ ਇਲਾਵਾ ਹਾਜ਼ਰ ਆਗੂਆਂ ਅਤੇ ਪੰਜਾਬ ਅਗੇਂਸਟ ਕਰਪਸ਼ਨ ਦੇ ਪ੍ਰਧਾਨ ਸਤਨਾਮ ਦਾਊ ਨੇ ਚੰਡੀਗੜ੍ਹ ਪੁਲਿਸ ਤੇ ਆਰੋਪ ਲਗਾਏ ਕਿ ਪੰਜਾਬ ਤੋਂ ਬਾਅਦ ਚੰਡੀਗੜ੍ਹ ਵਿੱਚ ਵਿਦੇਸ਼ ਭੇਜਣ ਦੇ ਨਾਮ ਤੇ ਠੱਗੀਆਂ ਠੋਰੀਆਂ ਜਿਆਦਾ ਵੱਧ ਗਈਆਂ ਹਨ ਤੇ ਬਹੁਤੀ ਵਾਰ ਠੱਗ ਟਰੈਵਲ ਏਜੈਂਟਾਂ ਨੂੰ ਪੁਲਿਸ ਮਿਲੀ ਭੁਗਤ ਕਰਕੇ ਪੀੜਿਤ ਲੋਕਾਂ ਨੂੰ ਦਬਕਾਉਂਦੀ ਹੈ ਅਤੇ ਕਾਰਵਾਈ ਨਹੀਂ ਕਰਦੀ।

ਉਹਨਾਂ ਇਲਜ਼ਾਮ ਲਗਾਇਆ ਕਿ ਇਸ ਤੋਂ ਪਹਿਲਾਂ ਵੀ ਸੈਕਟਰ 17 ਦੇ ਇੱਕ ਟਰੈਵਲ ਏਜੰਟ ਦੇ ਖਿਲਾਫ ਕੁਝ ਮੀਡੀਆ ਵਾਲਿਆਂ ਨੇ ਮਾਮਲੇ ਹਾਈਲਾਈਟ ਕਰਕੇ ਪਰਚੇ ਦਰਜ ਕਰਵਾਏ ਸਨ ਜਿਸ ਕਾਰਨ ਉਹਨਾਂ ਦੀ ਗ੍ਰਿਫਤਾਰੀ ਹੋਈ ਸੀ ਜਿਸਦੀ ਖੁੰਦਕ ਵਜੋਂ ਮਾਮਲੇ ਨੂੰ ਉਜਾਗਰ ਕਰਨ ਵਾਲੇ ਪੱਤਰਕਾਰ ਤੇ ਹਮਲੇ ਹੋਏ ਅਤੇ ਉਸਦੇ ਘਰ ਤੋੜਭੰਨ ਕੀਤੀ ਗਈ। ਜਿਸਦੀ ਸਿਕਾਇਤ ਵੀ ਕੁੱਝ ਮਹੀਨੇ ਪਹਿਲਾਂ ਪੁਲਿਸ ਨੂੰ ਦਿੱਤੀ ਗਈ ਸੀ। ਉਦੋਂ ਪੱਤਰਕਾਰਾਂ ਦੇ ਵਫਦ ਅਤੇ ਪੰਜਾਬ ਅਗੇਂਸਟ ਕਰਪਸ਼ਨ ਦੇ ਪ੍ਰਧਾਨ ਵੱਲੋਂ ਇਹ ਮਾਮਲਾ ਐਸਐਸਪੀ ਨਾਲ ਮੀਟਿੰਗ ਕਰਕੇ ਧਿਆਨ ਵਿੱਚ ਲਿਆਉਂਦਾ ਗਿਆ ਸੀ ਅਤੇ ਉਹਨਾਂ ਨੂੰ ਵੀ ਸਿਕਾਇਤ ਦਿੱਤੀ ਗਈ ਸੀ ਪ੍ਰੰਤੂ ਫਿਰ ਵੀ ਚੰਡੀਗੜ੍ਹ ਪੁਲਿਸ ਨੇ ਦੋਸੀਆਂ ਖ਼ਿਲਾਫ਼ ਪਰਚਾ ਦਰਜ ਕਰਨ ਦੀ ਥਾਂ ਪੱਤਰਕਾਰ ਤੇ ਹੀ ਝੂਠੇ ਇਲਜ਼ਾਮ ਲਗਾ ਕੇ ਸਿਕਾਇਤ ਨੂੰ ਬੰਦ ਕਰ ਦਿੱਤਾ ਹੈ। ਆਗੂਆਂ ਨੇ ਪੁਲਿਸ ਤੇ ਇਲਜਾਮ ਲਗਾਇਆ ਕਿ ਚੰਡੀਗੜ੍ਹ ਦਾ ਸੈਕਟਰ 17,34,42 ਅਤੇ 43 ਆਦਿ ਵਿੱਚ ਵਿਦੇਸ਼ ਭੇਜਣ ਵਾਲੇ ਠੱਗ ਏਜੈਂਟਾਂ ਦਾ ਗੜ ਬਣਿਆ ਹੋਇਆ ਹੈ। ਹੇਠਲੇ ਪੱਧਰ ਤੇ ਪੁਲਿਸ ਨਾਲ ਟਰੈਵਲ ਏਜੰਟਾਂ ਦੀ ਪੂਰੀ ਸੈਟਿੰਗ ਹੈ ਜਿਸ ਕਾਰਨ ਠੱਗੀ ਦੇ ਸ਼ਿਕਾਰ ਲੋਕਾਂ ਨੂੰ ਕੋਈ ਇਨਸਾਫ ਨਹੀਂ ਮਿਲਦਾ ਅਤੇ ਨਾ ਹੀ ਟਰੈਵਲ ਏਜੈਂਟਾਂ ਦੇ ਦਫਤਰਾਂ ਦੇ ਬਾਹਰ ਪੀੜਿਤਾਂ ਨੂੰ ਕੋਈ ਧਰਨਾ ਪ੍ਰਦਰਸ਼ਨ ਕਰਨ ਦਿੱਤਾ ਜਾਂਦਾ ਹੈ ਉਲਟਾ ਪੁਲਿਸ ਪੀੜੀਤਾਂ ਨੂੰ ਦਬਕਾ ਕੇ ਠੱਗ ਟਰੈਵਲ ਏਜੈਂਟੇ ਦੇ ਹੱਕ ਵਿੱਚ ਸਮਝੌਤੇ ਕਰਵਾ ਲੈਂਦੀ ਹੈ। ਸਤਨਾਮ ਦਾਊਂ ਨੇ ਮੰਗ ਕੀਤੀ ਕਿ ਚੰਡੀਗੜ੍ਹ ਦੇ ਠੱਗ ਟਰੈਵਲ ਏਜੈਂਟਾਂ ਖਿਲਾਫ਼ ਪ੍ਰਾਪਤ ਹੋਇਆ ਸਾਰੀਆਂ ਸਿਕਾਇਤਾਂ ਤੇ ਕਾਰਵਾਈ ਕੀਤੀ ਜਾਵੇ ਅਤੇ ਜਿਹੜੇ ਏਜੰਟਾਂ ਨੇ ਪੁਲਿਸ ਨਾਲ ਮਿਲੀਭੁਗਤ ਕਰਕੇ ਜਾਂ ਕਿਸੇ ਹੋਰ ਤਰੀਕੇ ਨਾਲ ਸਮਝੌਤੇ ਕਰ ਲਏ ਹਨ ਉਹਨਾਂ ਸਾਰੇ ਏਜੰਟਾਂ ਖਿਲਾਫ਼ ਬਣਦੀ ਕਾਰਵਾਈ ਕਰਕੇ ਉਹਨਾਂ ਦੇ ਨਾਮ ਜਨਤਕ ਕੀਤੇ ਜਾਣ ਤਾਂ ਕੇ ਲੋਕ ਉਹਨਾਂ ਦੇ ਜਾਲ ਵਿੱਚ ਫਸ ਕੇ ਆਪਣੀ ਲੁੱਟ ਨਾ ਕਰਵਉਣ।

## ਪਿੰਡ ਗੁਜਰੇੜੀ ਵਿਖੇ ਦੇਵ ਮਾਨ ਨੇ ਕੀਤਾ ਵਿਕਾਸ ਕਾਰਜਾਂ ਦਾ ਉਦਘਾਟਨ



**ਨਾਭਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚ ਅਨੇਕਾਂ ਤਰ੍ਹਾਂ ਦੀਆਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਜਿਸ ਨਾਲ ਲੋਕ ਵੱਡੇ ਪੱਧਰ ਤੇ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਨੇ ਹਲਕਾ ਨਾਭਾ ਦੇ ਪਿੰਡ ਗੁਜਰੇੜੀ ਵਿਖੇ ਖੇਡ ਗਰਾਊਂਡ ਅਤੇ ਸਕਰੀਨ ਚੈਂਬਰ ਦਾ ਉਦਘਾਟਨ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ ਉਹਨਾਂ ਕਿਹਾ ਕਿ ਹਲਕਾ ਨਾਭਾ ਦੇ ਹਰੇਕ ਪਿੰਡ ਵਿੱਚ ਵਿਕਾਸ ਕਾਰਜਾਂ ਲਈ ਫੰਡ ਜਾਰੀ ਕੀਤੇ ਜਾ ਰਹੇ ਹਨ ਜਿਸ ਨਾਲ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਵਿੱਚ ਖੇਡ ਮੈਦਾਨ , ਗਲੀਆਂ ਨਾਲੀਆਂ, ਆਂਗਣਵਾੜੀ ਸੈਂਟਰਾਂ ਬਣਾਉਣ ਅਤੇ ਗੰਦੇ ਪਾਣੀ ਦੇ ਨਿਕਾਸ ਦੇ ਕੰਮ ਸ਼ੁਰੂ ਹੋਣਗੇ ਪਿੰਡ ਵਾਸੀਆਂ ਵੱਲੋਂ ਵਿਧਾਇਕ ਦੇਵ ਮਾਨ ਦਾ ਧੰਨਵਾਦ ਅਤੇ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸੁਖਵਿੰਦਰ ਸਿੰਘ ਪੰਚਾਇਤ ਸਕੱਤਰ, ਹਰਦੀਪ ਸਿੰਘ ਪੰਚਾਇਤ ਸਕੱਤਰ ਤੇਜਿੰਦਰ ਸਿੰਘ ਖਹਿਰਾ , ਗੁਰਲਾਲ ਸਿੰਘ ਮੱਲੀ ਚੇਅਰਮੈਨ ਲੈਂਡ ਮਾਰਕਾ ਬੈਂਕ ਨਾਭਾ, ਜਸਪਾਲ ਕੌਰ ਮੈਂਬਰ ਬਲਾਕ ਸੰਮਤੀ , ਹਰਬੰਸ ਕੌਰ ਸਰਪੰਚ, ਗੁਰਪਾਲ ਸਿੰਘ ਪੰਚ, ਰਮਲਾ ਦੇਵੀ ਪੰਚ , ਅਰਸ਼ਦੀਪ ਸਿੰਘ ਜੇ ਈ , ਭੁਪਿੰਦਰ ਸਿੰਘ ਕੱਲਰ ਮਾਜਰੀ, ਜਸਵੀਰ ਸਿੰਘ ਵਜੀਦਪੁਰ , ਦਲਵੀਰ ਸਿੰਘ , ਪਿਰਥੀ ਸਿੰਘ , ਕਾਕਾ ਸਿੰਘ ਉਪਲਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਕੁਲਤਾਰ ਸਿੰਘ ਸੰਧਵਾਂ ਵੱਲੋਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਬੀਬੀ ਹਰਜੀਤਇੰਦਰ ਕੌਰ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਅੱਜ ਇੱਥੋਂ ਜਾਰੀ ਬਿਆਨ ਵਿੱਚ ਵਿਧਾਨ ਸਭਾ ਸਪੀਕਰ ਨੇ ਕਿਹਾ ਕਿ ਬੀਤੇ ਦਿਨੀਂ ਸਵਰਗ ਸਿਧਾਰ ਗਏ ਬੀਬੀ ਹਰਜੀਤਇੰਦਰ ਕੌਰ, ਸੁਪਤਨੀ ਸ. ਜਗਜੀਤ ਸਿੰਘ ਡੱਲੇਵਾਲ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਨਿਰਪੱਖ ਸੋਚ ਵਾਲੇ ਤੇ ਅਗਾਂਹਵਧੂ ਵਿਚਾਰਾਂ ਦੇ ਧਾਰਨੀ ਸਨ। ਸ.ਸੰਧਵਾਂ ਨੇ ਕਿਹਾ ਕਿ ਉਨ੍ਹਾਂ ਨੇ ਕਿਸਾਨੀ ਸੰਘਰਸ਼ ਵਿਚ ਯਾਦਗਾਰੀ ਸੇਵਾਵਾਂ ਨਿਭਾਈਆਂ ਸਨ ਜਿਸ ਨੂੰ ਹਮੇਸ਼ਾ ਸਤਿਕਾਰ ਸਹਿਤ ਯਾਦ ਰੱਖਿਆ ਜਾਵੇਗਾ।

ਸਪੀਕਰ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਵਿੱਦਿਅਕ, ਖੇਡਾਂ, ਸੰਗੀਤ, ਸਾਹਿਤ,ਕਲਾ, ਸਮਾਜ ਸੇਵਾ, ਸਿਹਤ ਅਤੇ ਵਿਗਿਆਨ ਦੇ ਖੇਤਰ ਵਿੱਚ ਪ੍ਰਾਪਤੀਆਂ ਕਰਨ ਵਾਲੀਆਂ 27 ਧੀਆਂ ਦਾ ਕੀਤਾ ਸਨਮਾਨ



**ਤਪਾ ਮੰਡੀ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਡਾ. ਹਰਿੰਦਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਨਵਜੋਤਪਾਲ ਸਿੰਘ ਭੁੱਲਰ ਦੀ ਅਗਵਾਈ ਹੇਠ ਐਸ.ਡੀ.ਐਚ. ਤਪਾ, ਆਯੂਸ਼ਮਾਨ ਭਾਰਤ-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਇਲਾਜ ਕਰਨ ਵਿੱਚ ਸਬ ਡਵੀਜ਼ਨਲ ਪੱਧਰ ਦੇ ਹਸਪਤਾਲਾਂ ਵਿੱਚੋਂ ਪੰਜਾਬ ਭਰ 'ਚੋਂ ਇੱਕ ਵਾਰ ਫਿਰ ਮੋਹਰੀ ਰਿਹਾ ਹੈ। 75ਵੇਂ ਗਣਤੰਤਰ ਦਿਵਸ ਮੌਕੇ ਬਾਬਾ ਕਾਲਾ ਮਹਿਰ ਸਟੇਡੀਅਮ ਵਿਖੇ ਕਰਵਾਏ ਸਮਾਗਮ ਦੌਰਾਨ ਮੁੱਖ ਮਹਿਮਾਨ ਸ. ਸਤਵੰਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਬਰਨਾਲਾ ਵੱਲੋਂ ਸੀਨੀਅਰ ਮੈਡੀਕਲ ਅਫਸਰ ਡਾ. ਨਵਜੋਤਪਾਲ ਸਿੰਘ ਭੁੱਲਰ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੰਦਿਆਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ। ਜਾਣਕਾਰੀ ਦਿੰਦਿਆਂ ਡਾ.ਨਵਜੋਤਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ 1 ਅਗਸਤ 2023 ਤੋਂ 31 ਦਸੰਬਰ 2023 ਤੱਕ ਦੇ ਜਾਰੀ ਅੰਕੜਿਆਂ ਅਨੁਸਾਰ ਸਬ ਡਵੀਜ਼ਨਲ ਹਸਪਤਾਲ ਤਪਾ ਨੇ ਆਯੂਸ਼ਮਾਨ ਭਾਰਤ ਮੁੱਖ ਮੰਤਰੀ-ਸਿਹਤ ਬੀਮਾ ਯੋਜਨਾ ਅਧੀਨ 1120 ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਅੰਕੜਾ ਪੰਜਾਬ ਭਰ ਦੇ ਸਬ ਡਵੀਜ਼ਨਲ ਪੱਧਰ ਦੇ ਹਸਪਤਾਲਾਂ ਵਿੱਚੋਂ ਸੱਭ ਤੋਂ ਵੱਧ ਹੈ। ਇਸ ਤੋਂ ਪਹਿਲਾਂ ਵੀ ਇਸੇ ਹੀ ਸਾਲ ਜਨਵਰੀ ਤੋਂ ਜੂਨ ਤੱਕ ਦੇ ਜਾਰੀ ਅੰਕੜਿਆਂ ਅਨੁਸਾਰ ਸਬ ਡਵੀਜਨਲ ਹਸਪਤਾਲ ਤਪਾ 1192 ਮਰੀਜ਼ਾਂ ਦਾ ਮੁਫ਼ਤ ਇਲਾਜ ਕਰਕੇ ਪੰਜਾਬ ਭਰ ਵਿੱਚ ਪਹਿਲੇ ਨੰਬਰ 'ਤੇ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਇਹ ਹੀ ਕੋਸ਼ਿਸ਼ ਹੁੰਦੀ ਹੈ ਕਿ ਹਸਪਤਾਲ ਵਿੱਚ ਆਏ ਹਰ ਇੱਕ ਮਰੀਜ਼ ਨੂੰ ਸਰਲ ਤੇ ਮੁਫ਼ਤ ਇਲਾਜ ਮਿਲੇ। ਉਨ੍ਹਾਂ ਇਸ ਪ੍ਰਾਪਤੀ ਲਈ ਡਾ. ਗੁਰਪ੍ਰੀਤ ਸਿੰਘ ਮਾਹਲ(ਅਪ੍ਰੈਸ਼ਨਾਂ ਦੇ ਮਾਹਰ), ਡਾ. ਕੰਵਲਜੀਤ ਸਿੰਘ ਬਾਜਵਾ(ਐਮ.ਡੀ. ਮੈਡੀਸਨ), ਡਾ. ਗੁਰਸਾਗਰਦੀਪ ਸਿੰਘ(ਹੱਡੀਆਂ ਦੇ ਮਾਹਰ) ਡਾ. ਸ਼ੀਤਲ ਬਾਂਸਲ (ਔਰਤ ਰੋਗਾਂ ਦੇ ਮਾਹਰ), ਡਾ. ਸ਼ਿਖਾ ਅਗਰਵਾਲ (ਪੈਥੋਲੋਜਿਸਟ), ਡਾ. ਤਨੂੰ ਸਿੰਗਲਾ (ਮਾਨਸਿਕ ਰੋਗਾਂ ਦੇ ਮਾਹਰ),ਡਾ.ਦੀਪਤੀ ਗੁਪਤਾ (ਆਈ ਸਪੈਸ਼ਲਿਸਟ), ਡਾ. ਗੁਰਪ੍ਰੀਤ ਕੌਰ (ਐਮ.ਓ. ਡੈਂਟਲ), ਅਰੋਗਿਆ ਮਿੱਤਰ ਤਜਿੰਦਰ ਸਿੰਘ, ਨਰਸਿੰਗ ਸਟਾਫ, ਵਾਰਡ ਐਟੈਂਡੈਂਟ ਸਮੇਤ ਹਸਪਤਾਲ ਦੇ ਸਮੂਹ ਡਾਕਟਰਾਂ ਤੇ ਸਟਾਫ ਨੂੰ ਵਧਾਈ ਦਿੱਤੀ ਜੋ ਹਮੇਸ਼ਾ ਮਰੀਜ਼ਾਂ ਦਾ ਖਿਆਲ ਰੱਖਦੇ ਹਨ। ਡਾ. ਭੁੱਲਰ ਨੇ ਕਿਹਾ ਕਿ ਸਿਵਲ ਸਰਜਨ ਡਾ. ਹਰਿੰਦਰ ਸ਼ਰਮਾ ਦੀ ਰਹਿਨੁਮਾਈ ਹੇਠ ਸਬ ਡਵੀਜ਼ਨਲ ਹਸਪਤਾਲ, ਤਪਾ ਵਿੱਚ ਮੌਜੂਦ ਹਰ ਡਾਕਟਰ ਤੇਸਟਾਫ ਹਮੇਸ਼ਾਂ ਮਰੀਜ਼ਾਂ ਦਾ ਵਧੀਆ ਇਲਾਜ ਕਰਨ ਲਈ ਵਚਨਬੱਧ ਹੈ।

## ਘਰਾਂ ਸੜਕਾਂ ਵਿਖੇ ਸੁਰੱਖਿਆ ਬਚਾਉ ਮਦਦ ਲਈ ਟਰੇਨਿੰਗ ਅਭਿਆਸ ਬੇਹੱਦ ਜ਼ਰੂਰੀ - ਅਸ਼ੀਸ਼ ਸ਼ਰਮਾ ਟ੍ਰੈਫਿਕ ਮਾਹਰ




**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਲੋਂ ਆਵਾਜਾਈ ਹਾਦਸੇ ਘਟਾਉਣ ਅਤੇ ਜ਼ਖਮੀਆਂ ਨੂੰ ਬਚਾਉਣ ਲਈ ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਕਰਕੇ ਮਹਾਨ ਉਪਰਾਲੇ ਸ਼ੁਰੂ ਕੀਤੇ ਹਨ, ਪਰ ਆਪਣੀ ਅਤੇ ਦੂਸਰਿਆਂ ਦੀ ਸੁਰੱਖਿਆ ਬਚਾਅ ਅਤੇ ਸਹਾਇਤਾ ਲਈ ਸੱਭ ਨੂੰ ਆਵਾਜਾਈ ਨਿਯਮਾਂ ਕਾਨੂੰਨਾਂ ਅਸੂਲਾਂ ਮਰਿਆਦਾਵਾਂ ਫਰਜ਼ਾਂ ਅਤੇ ਫ਼ਸਟ ਏਡ ਸੀ ਪੀ ਆਰ ਜ਼ਖਮੀਆਂ ਦੀ ਸੇਵਾ ਸੰਭਾਲ ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ ਲਈ ਹਮਦਰਦੀ ਸਬਰ ਸ਼ਾਂਤੀ ਦੀਆਂ ਭਾਵਨਾਵਾਂ ਅਤੇ ਆਦਤਾਂ ਅਪਣਾਉਣਾ ਬਹੁਤ ਜ਼ਰੂਰੀ ਹਨ, ਇਹ ਵਿਚਾਰ ਮਾਰੂਤੀ ਸੁਜ਼ੂਕੀ ਡਰਾਈਵਿੰਗ ਟਰੇਨਿੰਗ ਸਕੂਲ ਦੇ ਮੈਨੇਜਰ ਟਰੇਫਿਕ ਮਾਹਰ ਸ਼੍ਰੀ ਅਸ਼ੀਸ਼ ਸ਼ਰਮਾ ਨੇ ਗ੍ਰੀਨ ਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਸ਼੍ਰੀ ਕਾਕਾ ਰਾਮ ਵਰਮਾ, ਚੀਫ਼ ਟ੍ਰੇਨਰ, ਫ਼ਸਟ ਏਡ ਸਿਹਤ ਸੇਫਟੀ ਜਾਗਰੂਕਤਾ ਮਿਸ਼ਨ ? ਅਤੇ ਰੈੱਡ ਕਰਾਸ ਸੁਸਾਇਟੀ ਦੇ ਸੇਵਾ ਮੁਕਤ ਜਿਲਾ ਟ੍ਰੇਨਿੰਗ ਅਫ਼ਸਰ/ਟਰੇਫਿਕ ਮਾਰਸ਼ਲ ਵਲੋਂ ਕਰਵਾਏ ਆਵਾਜਾਈ ਸੁਰੱਖਿਆ ਅਤੇ ਪੀੜਤਾਂ ਦੀਆਂ ਜਾਨਾਂ ਬਚਾਉਣ ਦੇ ਪ੍ਰੋਗਰਾਮ ਵਿਖੇ ਵਿਦਿਆਰਥੀਆਂ ਦੇ ਹਿਤੈਸ਼ੀ ਪ੍ਰਿੰਸੀਪਲ ਸ਼੍ਰੀਮਤੀ ਮੰਜੂ ਗਰਗ ਅਤੇ ਵਿਦਿਆਰਥੀਆਂ ਅਧਿਆਪਕਾਂ ਦਾ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਨੇ ਕਿਹਾ ਕਿ ਸ਼੍ਰੀ ਕਾਕਾ ਰਾਮ ਵਰਮਾ ਜੀ ਲੰਮੇ ਸਮੇਂ ਤੋਂ ਫ਼ਸਟ ਏਡ ਸਿਹਤ ਸੇਫਟੀ ਜਾਗਰੂਕਤਾ ਦੀ ਜਾਣਕਾਰੀ ਵਿਦਿਆਰਥੀਆਂ ਅਧਿਆਪਕਾਂ ਨਾਗਰਿਕਾਂ ਪੁਲਿਸ ਫੈਕਟਰੀ ਕਰਮਚਾਰੀਆਂ ਐਨ ਐਸ ਐਸ ਵੰਲਟੀਅਰਾਂ ਐਨ ਸੀ ਸੀ ਕੈਡਿਟਸ ਤੱਕ ਪਹੁੰਚਾਉਣ ਲਈ ਵੱਨ ਮੈਨ ਆਰਮੀ ਵਜੋਂ ਪ੍ਰਸ਼ੰਸਾਯੋਗ ਉਪਰਾਲੇ ਕਰ ਰਹੇ ਹਨ। ਸ਼੍ਰੀ ਕਾਕਾ ਰਾਮ ਵਰਮਾ ਨੇ ਕਿਹਾ ਕਿ ਇੱਕ ਇਨਸਾਨ ਦੀ ਮੌਤ, ਜਾ ਅਪਾਹਜਤਾ ਜਾ ਚਾਲਕਾਂ ਦਾ ਜੇਲਾਂ ਵਿੱਚ ਜਾਣ ਤੇ ਪਰਿਵਾਰਕ ਮੈਂਬਰਾਂ ਨੂੰ ਸਦੀਵੀ ਦੁੱਖ ਦਰਦ ਅਤੇ ਅਨੇਕਾਂ ਸਮਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ, ਅਤੇ ਇੱਕ ਦੀ ਅਚਾਨਕ ਹੋਈ ਮੌਤ, 30/40 ਮੈਂਬਰਾਂ ਨੂੰ ਵੀ ਜਿਉਂਦੇ ਜੀਅ ਮਾਰਦੀ ਹੈ।ਉਨ੍ਹਾਂ ਨੇ ਦੱਸਿਆ ਕਿ ਲੋਕਾਂ ਦੀ ਅਣਗਹਿਲੀਆਂ ਲਾਪਰਵਾਹੀਆਂ ਆਕੜ ਹੰਕਾਰ ਦਿਖਾਵਿਆਂ ਕਰਕੇ ਸੜ੍ਹਕੀ ਹਾਦਸਿਆਂ, ਦਿਲ, ਸਾਹ ਦਿਮਾਗ ਦੇ ਦੌਰੇ ਅਤੇ ਵੱਧ ਖੂਨ ਵਗਣ, ਆਫਤਾਵਾਂ ਅਤੇ ਘਰੇਲੂ ਦੁਰਘਟਨਾਵਾਂ, ਕਾਰਨ ਸੱਭ ਤੋਂ ਵੱਧ ਮੌਤਾਂ ਤੁਰੰਤ ਮੌਕੇ ਤੇ ਠੀਕ ਫ਼ਸਟ ਏਡ ਨਾ ਮਿਲਣ ਕਾਰਨ ਹੋ ਰਹੀਆਂ ਹਨ, ਕਿਉਂਕਿ ਸਿੱਖਿਆ ਸੰਸਥਾਵਾਂ ਵਿਖੇ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਨੂੰ ਸਿਹਤ ਤਦੰਰੁਸਤੀ,ਸੇਫਟੀ ਬਚਾਉ ਮਦਦ ਦੀ ਟ੍ਰੇਨਿੰਗ ਅਭਿਆਸ ਭਾਵਨਾਵਾਂ ਅਤੇ ਆਦਤਾਂ ਨਹੀਂ ਦਿੱਤੀਆਂ ਜਾਂਦੀਆਂ। ਉਨ੍ਹਾਂ ਨੇ ਗਰੀਨ ਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦੂਸਰੇ ਸਕੂਲਾਂ ਦੇ ਪ੍ਰਿੰਸੀਪਲਾਂ ਦੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ ਜੋਂ ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਅਧਿਆਪਕਾਂ ਅਤੇ ਉਨ੍ਹਾਂ ਰਾਹੀਂ ਮਾਪਿਆਂ ਨੂੰ ਆਵਾਜਾਈ, ਫ਼ਸਟ ਏਡ, ਸੀ ਪੀ ਆਰ ਜ਼ਖਮੀਆਂ ਦੀ ਸੇਵਾ ਸੰਭਾਲ, ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ, ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ ਦੀ ਟ੍ਰੇਨਿੰਗ ਕਰਵਾਉਣ ਲਈ ਸਮੇਂ ਸਮੇਂ ਪ੍ਰੋਗਰਾਮ ਕਰਵਾਉਂਦੇ ਰਹਿੰਦੇ ਹਨ। ਇਸ ਮੌਕੇ ਆਵਾਜਾਈ ਪੁਲਿਸ ਸਿੱਖਿਆ ਸੈਲ ਵਲੋਂ ਏ ਐਸ ਆਈ ਸ਼੍ਰੀ ਰਾਮ ਸ਼ਰਨ ਨੇ ਆਵਾਜਾਈ ਨਿਯਮਾਂ ਕਾਨੂੰਨਾਂ ਦੇ ਨਾਲ ਸਾਇਬਰ ਸੁਰੱਖਿਆ ਨਸ਼ਿਆਂ ਅਪਰਾਧਾਂ ਤੋਂ ਬਚਣ ਦੀ ਜਾਣਕਾਰੀ ਦਿੱਤੀ ਅਤੇ ਦਸਿਆ ਕਿ ਜਿਹੜੇ ਵਿਦਿਆਰਥੀ ਬਿਨਾਂ ਲਾਇਸੰਸ ਮੋਟਰਸਾਈਕਲ ਸਕੂਟਰ ਕਾਰਾਂ ਚਲਾਉਂਦੇ ਹਨ ਉਨ੍ਹਾਂ ਵਿਦਿਆਰਥੀਆਂ ਦੇ ਨਾਲ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਸਜ਼ਾਵਾਂ ਮਿਲ ਰਹੀਆਂ ਹਨ ਇਸ ਲਈ ਸਿੱਖਿਆ ਸੰਸਥਾਵਾਂ ਅਤੇ ਮਾਪਿਆਂ ਨੂੰ ਬੱਚਿਆਂ ਨੂੰ ਸੁਰੱਖਿਆ ਬਚਾਉ ਮਦਦ ਸਨਮਾਨ ਸਿਹਤ ਤਦੰਰੁਸਤੀ ਹਿੱਤ ਜਾਗਰੂਕ ਕਰਵਾਉਣੇ ਚਾਹੀਦੇ ਹਨ। ਸਕੂਲ ਦੇ ਵਿਦਿਆਰਥੀਆਂ ਨੇ ਆਵਾਜਾਈ ਨਿਯਮਾਂ ਕਾਨੂੰਨਾਂ ਅਸੂਲਾਂ, ਫ਼ਸਟ ਏਡ, ਸੀ ਪੀ ਆਰ, ਵੈਂਟੀਲੇਟਰ ਬਣਾਉਟੀ ਸਾਹ ਕਿਰਿਆ, ਸੰਕਟ ਸਮੇਂ ਪੀੜਤਾਂ ਦੀ ਸਹਾਇਤਾ ਕਰਨ ਲਈ 112/181 ਅਤੇ 108/101 ਅਤੇ ਸਾਈਬਰ ਸੁਰੱਖਿਆ ਲਈ 1930 ਨੰਬਰਾਂ ਦੀ ਵਰਤੋਂ ਕਰਨ ਦੇ ਪ੍ਰਦਰਸ਼ਨ ਕੀਤੇ ਜਿਨ੍ਹਾਂ ਨੂੰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਮੈਡਲ ਦੇਕੇ ਸਨਮਾਨਿਤ ਕੀਤਾ। ਪ੍ਰਿੰਸੀਪਲ ਸ਼੍ਰੀਮਤੀ ਮੰਜੂ ਗਰਗ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ, ਪੰਜਾਬ ਪੁਲਿਸ ਅਤੇ ਸ਼੍ਰੀ ਕਾਕਾ ਰਾਮ ਵਰਮਾ ਜੀ ਵੱਲੋਂ ਆਵਾਜਾਈ ਸੁਰੱਖਿਆ ਫ਼ਸਟ ਏਡ ਪੀੜਤਾਂ ਦੀ ਸਹਾਇਤਾ ਕਰਨ ਲਈ ਮਦਦਗਾਰ ਫਰਿਸ਼ਤੇ ਤਿਆਰ ਕਰਨ ਲਈ ਕੀਤੇ ਜਾ ਰਹੇ ਪ੍ਰੈਕਟਿਕਲ ਉਪਰਾਲੇ ਪ੍ਰਸ਼ੰਸਾਯੋਗ ਹਨ, ਪਰ ਜ਼ਰੂਰੀ ਹੈ ਕਿ ਵਿਦਿਆਰਥੀਆਂ ਅਧਿਆਪਕਾਂ ਨਾਗਰਿਕਾਂ ਕਰਮਚਾਰੀਆਂ ਅਤੇ ਮਾਪਿਆਂ ਨੂੰ ਵੀ ਨਿਯਮਾਂ ਕਾਨੂੰਨਾਂ ਦੀ ਜਾਣਕਾਰੀ ਅਤੇ ਪਾਲਣਾ ਕਰਨ, ਜ਼ਖਮੀਆਂ ਦੀ ਫ਼ਸਟ ਏਡ, ਸੀ ਪੀ ਆਰ ਵੈਂਟੀਲੇਟਰ ਬਣਾਉਟੀ ਸਾਹ ਕਿਰਿਆ ਕਰਨ ਬਾਰੇ, ਨਿਰੰਤਰ ਜਾਣਕਾਰੀ ਅਤੇ ਟਰੇਨਿੰਗ ਦਿੱਤੀ ਜਾਵੇ ਤਾਂ ਜੋ ਉਹ ਆਤਮ ਵਿਸ਼ਵਾਸ ਹੌਸਲੇ ਨਾਲ, ਤੁਰੰਤ ਮੌਕੇ ਤੇ ਪੀੜਤਾਂ ਦੇ ਮਦਦਗਾਰ ਫਰਿਸ਼ਤੇ ਬਣ ਸਕਣ। ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੀ ਇੱਕ ਵਿਦਿਆਰਥਣ ਨੇ ਆਪਣੇ ਪੜੋਸੀ ਦੇ ਬੇਹੋਸ਼ ਬੱਚੇ ਦੀ ਜਾਨ ਬਚਾਈ ਸੀ, ਹੁਣ ਡੀ ਬੀ ਜੀ ਸੰਸਥਾ ਵਲੋਂ ਉਸ ਲੜਕੀ ਨੂੰ 4 ਫਰਵਰੀ ਨੂੰ ਬਹਾਦਰ ਵਿਦਿਆਰਥਣ ਵਜੋਂ ਸਨਮਾਨਿਤ ਕੀਤਾ ਜਾਵੇਗਾ। ਵਿਦਿਆਰਥੀਆਂ ਅਧਿਆਪਕਾਂ ਨੇ ਨਿਯਮਾਂ ਕਾਨੂੰਨਾਂ ਦੀ ਪਾਲਣਾ ਕਰਨ ਦੀ ਕਸਮ ਖਾਧੀ।

## ਨਾਭਾ ਸੋਸ਼ਲ ਆਰਗਨਾਈਜੇਸ਼ਨ ਸੋਸਾਇਟੀ ਵੱਲੋਂ ਲੋਕਾਂ ਨੂੰ ਚਾਈਨਾ ਡੋਰ ਨਾ ਵਰਤਣ ਦੀ ਅਪੀਲ




**ਨਾਭਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਭਾ ਸੋਸ਼ਲ ਆਰਗਨਾਈਜੇਸ਼ਨ ਸੋਸਾਇਟੀ ਰਜਿਸਟਰ ਨੰਬਰ 1787, ਐਨਐਸਓ ਟੀਮ ਦੇ ਚੇਅਰਮੈਨ ਸੌਰਵ ਗੁਪਤਾ ਅਤੇ ਟੀਮ ਦੇ ਮੈਂਬਰ ਵਿਸ਼ਾਲ ਵਾਲੀਆ ਮੋਨੂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਚਾਈਨਾ ਡੋਰ ਦੀ ਵਰਤੋਂ ਨਾ ਕਰਨ,ਇਸੇ ਦੇ ਨਾਲ ਉਹਨਾਂ ਨੇ ਇੱਥੇ ਪੋਸਟਰ ਵੀ ਰਿਲੀਜ ਕੀਤਾ। ਇਸ ਮੌਕੇ ਤੇ ਹਰਪ੍ਰੀਤ ਸਿੰਘ ਵੀ ਹਾਜ਼ਰ ਰਹੇ।ਪੋਸਟਰ ਵਿੱਚ ਪੰਛੀ ਦੀ ਫੋਟੋ ਲਗਾਈ ਗਈ ਹੈ ਤੇ ਨੀਚੇ ਲਿਖਿਆ ਵੀ ਗਿਆ ਕਿ ਪਤੰਗਬਾਜ਼ੀ 'ਚ ਚਾਈਨਾ ਡੋਰ ਦੀ ਵਰਤੋਂ ਕਰਨ ਨਾਲ ਸੈਂਕੜੇ ਬੇਕਸੂਰ ਪੰਛੀਆਂ ਦੀ ਮੌਤ ਹੋ ਜਾਂਦੀ ਹੈ ਇਸ ਡੋਰ ਨਾਲ ਸੈਂਕੜੇ ਮਨੁੱਖ ਵੀ ਹਾਦਸੇ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਕਈਆਂ ਦੀ ਮੌਤ ਵੀ ਹੋ ਚੁੱਕੀ ਹੈ ਇੱਥੇ ਇੱਕ ਵੱਡਾ ਸੰਦੇਸ਼ ਐਨਐਸਓ ਦੀ ਟੀਮ ਵੱਲੋਂ ਦਿੱਤਾ ਗਿਆ ਹੈ ਕਿ ਮਨੁੱਖਾ ਅਤੇ ਪੰਛੀਆਂ ਦੀ ਜ਼ਿੰਦਗੀ ਲਈ ਇਸ ਵਾਰ ਚਾਈਨਾ ਡੋਰ ਦੀ ਵਰਤੋਂ ਨਾ ਕਰੋ।

## ਲਾਲਜੀਤ ਸਿੰਘ ਭੁੱਲਰ ਨੇ ਹਰਭਗਵਾਨ ਸ਼ਰਮਾ ਨੂੰ ਕੀਤਾ ਸਨਮਾਨਤ

**ਸੁਨਾਮ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਉਨਾਂ ਨੂੰ ਸਮਾਜ ਸੇਵਾ ਦੇ ਕੰਮਾਂ ਨੂੰ ਦੇਖਦੇ ਹੋਏ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਪ੍ਰਦੀਪ ਮੈਨਨ ਕੌਮੀ ਮੀਤ ਪ੍ਰਧਾਨ ਆਲ ਇੰਡੀਆ ਬ੍ਰਾਹਮਣ ਫੈਡਰੇਸ਼ਨ ਨੇ ਇਸ ਸਨਮਾਨ ਲਈ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਡਿਪਟੀ ਕਮਿਸ਼ਨਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰਭਗਵਾਨ



ਸ਼ਰਮਾ ਬ੍ਰਾਹਮਣ ਸਮਾਜ ਦੇ ਲਈ ਬਹੁਤ ਲੰਬੇ ਸਮੇਂ ਤੋਂ ਬਹੁਤ ਵਧੀਆ ਕੰਮ ਕਰ ਰਹੇ ਹਨ ਇਸ ਲਈ ਉਹ ਵਧਾਈ ਦੇ ਪਾਤਰ ਹਨ। ਪਿਛਲੇ ਲਗਾਤਾਰ 10 ਸਾਲਾਂ ਤੋਂ ਉਹਨਾਂ ਨੇ ਜਰੂਰਤਮੰਦ ਬ੍ਰਾਹਮਣ ਸਮਾਜ ਦੇ ਲੋਕਾਂ ਨੂੰ ਪੈਨਸ਼ਨਾਂ ਵੰਡੀਆਂ ਅਤੇ ਜਰੂਰਤਮੰਦ ਲੜਕੀਆਂ ਦੇ ਵਿਆਹ ਵਿੱਚ ਸਮਾਨ ਬਿਨਾਂ ਕਿਸੀ ਫੋਟੋ ਅਤੇ ਦਿਖਾਵੇ ਦੇ ਦਿੱਤਾ ਗਿਆ ਯੂਨੀਵਰਸਿਟੀ ਵਿੱਚ ਸੰਸਕ੍ਰਿਤ ਪੜਨ ਵਾਲੇ ਬੱਚਿਆਂ ਦੀ ਫੀਸ ਭਰੀ ਗਈ ਯੂਨੀਵਰਸਿਟੀ ਸੈਮੀਨਾਰਾਂ ਵਿੱਚ ਮਦਦ ਕੀਤੀ ਗਈ ਅਤੇ ਉਹਨਾਂ ਦੇ ਨਾਲ ਉਹਨਾਂ ਦੀ ਪੂਰੀ ਟੀਮ ਨੰਦ ਲਾਲ ਸ਼ਰਮਾ ਜ਼ਿਲਾ ਪ੍ਰਧਾਨ, ਬਰਿਜ ਲਾਲ ਸ਼ਰਮਾ ਸਰਪ੍ਰਸਤ ,ਭੀਮ ਸ਼ਰਮਾ ਵਾਈਸ ਪ੍ਰਧਾਨ, ਰਾਜਿੰਦਰ ਸ਼ਰਮਾ ਸੈਕਟਰੀ ਕਮਿਸ਼ਨ ਏਜੰਟ, ਰਾਜੇਸ਼ ਕੁਮਾਰ ਵਿੱਕੀ ਅਤੇ ਮੁੱਖ ਸਹਿਯੋਗੀ ਦੇ ਤੌਰ ਤੇ ਮੈਡਮ ਗੀਤਾ ਸ਼ਰਮਾ ਪੰਜਾਬ ਪ੍ਰਧਾਨ ਮਹਿਲਾ ਵਿੰਗ,ਸੰਜੀਵ ਮੈਨਨ, ਠੇਕੇਦਾਰ ਰਮੇਸ਼ ਸ਼ਰਮਾ ਪੈਟਰਨ ਬ੍ਰਾਹਮਣ ਸਭਾ, ਪੰਡਿਤ ਨਿਗਮ ਭਾਸਕਰ ਕਥਾਵਾਚਕ, ਸੀਨੀਅਰ ਐਡਵੋਕੇਟ ਤੇਜਪਾਲ ਭਾਰਦਵਾਜ, ਰਜਨੀ ਬਾਲਾ, ਪੰਡਿਤ ਪ੍ਰੇਮ ਸ਼ਰਮਾ ਪੰਪ ਵਾਲੇ, ਠੇਕੇਦਾਰ ਨਰਿੰਦਰ ਸ਼ਰਮਾ, ਪੰਡਿਤ ਹਰੀਸ਼ ਜੋਸ਼ੀ, ਡਾਕਟਰ ਪ੍ਰਸ਼ੋਤਮ ਵਸ਼ਿਸ਼ਟ, ਰਾਜੀਵ ਕੌਸ਼ਿਸ਼ ਕਾਕਾ, ਵਿਜੇ ਕੁਮਾਰ ਕਾਲਾ ਰਿਟਾਇਰ ਐਸਡੀਓ ਮਾਂਗੇ ਰਾਮ, ਨਰਿੰਦਰ ਸ਼ਰਮਾ ਨੀਟੂ ,ਮਾਸਟਰ ਚੰਦਰ ਸ਼ੇਖਰ ਅਤਰੇ ਐਡਵੋਕੇਟ ਰਮੇਸ਼ ਸ਼ਰਮਾ ,ਅਬਰਾਹੋ ਬ੍ਰਾਹਮਣ ਸਭਾ ਪ੍ਰਧਾਨ ਸੰਦੀਪ ਸ਼ਰਮਾ ਬਾਕਸਰ, ਜੈਦੇਵ ਸ਼ਰਮਾ ਜਿਲਾ ਯੂਥ ਪ੍ਰਧਾਨ ਰਾਜਿੰਦਰ ਸ਼ਰਮਾ ਨਮੋਲ , ਪੰਡਿਤ ਰਾਮ ਮੇਹਰ ਸ਼ਰਮਾ, ਕੁਲਬਰਧਨ ਸ਼ਰਮਾ ਸ਼ਾਸਤਰੀ, ਅਮਰਜੀਤ ਜੋਸ਼ੀ, ਪੰਡਿਤ ਸੁਖਦੇਵ ਸ਼ਰਮਾ, ਸੁਰਿੰਦਰ ਸੈਂਡ ਮਾਸਟਰ ਜੀ, ਖੁਸ਼ਦੀਪ ਸ਼ਰਮਾ ਕਨੇਡਾ ਤੇ ਸਾਰੇ ਬ੍ਰਾਹਮਣ ਭਾਈਚਾਰੇ ਨੇ ਬਹੁਤ ਸਹਿਯੋਗ ਦਿੱਤਾ।

## 16 ਫਰਵਰੀ ਨੂੰ ਪੰਜਾਬ ਦੇ ਮੁਲਾਜ਼ਮ ਮੁਕਮਲ ਹੜਤਾਲ ਕਰਨ ਉਪਰੰਤ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਬੈਨਰ ਥੱਲੇ ਜਨਤਕ ਇਕੱਠਾ ਵਿੱਚ ਹੋਣਗੇ ਸ਼ਾਮਲ

**ਜਲੰਧਰ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁਲਾਜ਼ਮਾ ਅਤੇ ਪੈਨਸ਼ਨਰਾ ਦੀ ਪ੍ਰਤੀਨਿਧ ਕਰਦਾ ÷ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ÷ ਦੀ ਮੀਟਿੰਗ ਫਰੰਟ ਦੇ ਕਨਵੀਨਰ ਸਾਥੀ ਭਜਨ ਸਿੰਘ ਗਿਲ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਵਿਖੇ ਹੋਈ । ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਸਮੂਹ ਕਨਵੀਨਰਜ਼ , ਕੋ-ਕਨਵੀਨਰਜ਼ ਅਤੇ ਮੈਂਬਰਜ਼ ਸਰਵ ਸਾਥੀ ਭਜਨ ਸਿੰਘ ਗਿਲ , ਸਤੀਸ਼ ਰਾਣਾ , ਜਰਮਨਜੀਤ ਸਿੰਘ , ਰਣਜੀਤ ਸਿੰਘ ਰਾਣਵਾ , ਗਗਨਦੀਪ ਸਿੰਘ ਭੁਲਰ ,ਰਤਨ ਸਿੰਘ ਮਜਾਰੀ, ਸੁਵਿਦੰਰ ਪਾਲ ਸਿੰਘ ਮੋਲੋਵਾਲੀ , ਗੁਰਪ੍ਰੀਤ ਸਿੰਘ ਗੰਡੀਵਿੰਡ , ਸੁਖਦੇਵ ਸਿੰਘ ਸੈਣੀ , ਬਾਜ ਸਿੰਘ ਖਹਿਰਾ , ਕਰਮ ਸਿੰਘ ਧਨੋਆ , ਐਨ.ਕੇ.ਕਲਸੀ. , ਰਾਧੇ ਸ਼ਾਮ , ਗੁਰਮੇਲ ਸਿੰਘ ਮੈਲਡੇ , ਜਸਵੀਰ ਸਿੰਘ ਤਲਵਾੜਾ , ਬੋਬਿੰਦਰ ਸਿੰਘ , ਸੁਖਵਿੰਦਰ ਸਿੰਘ ਲਵਲੀ ਅਤੇ ਦਿਗਵਿਜੇ ਪਾਲ ਸ਼ਰਮਾ ਨੇ ਆਖਿਆ ਕਿ ਕੇਂਦਰ ਸਰਕਾਰ ਦੀਆਂ ਮਜ਼ਦੂਰ - ਮੁਲਾਜ਼ਮ ਮਾਰੂ ਨੀਤੀਆਂ ਦੇ ਖਿਲਾਫ ਕੇਂਦਰੀ ਟਰੇਡ ਯੂਨੀਅਨਾ , ਮੁਲਾਜ਼ਮ ਫੈਡਰੇਸ਼ਨਾ ਅਤੇ ਐਸੋਸੀਏਸ਼ਨਾ ਵਲੋਂ 16 ਫਰਵਰੀ 2024 ਨੂੰ ਜੋ ਦੇਸ਼ ਵਿਆਪੀ ਹੜਤਾਲ ਹੋ ਰਹੀ ਹੈ ਜਿਸ ਨੂੰ ਕਾਮਯਾਬ ਕਰਨ ਲਈ ਸਯੁੰਕਤ ਕਿਸਾਨ ਮੋਰਚੇ ਵਲੋਂ ਪੇਂਡੂ ਬੰਦ ਦਾ ਸੱਦਾ ਵੀ ਦਿੱਤਾ ਗਿਆ ਹੈ ।

ਇਸ ਦੇਸ਼ ਵਿਆਪੀ ਹੜਤਾਲ ਵਿੱਚ ਪੰਜਾਬ ਦੇ ਸਮੁੱਚੇ ਸਰਕਾਰੀ , ਅਰਧ ਸਰਕਾਰੀ , ਕੱਚੇ , ਮਾਣ ਭੱਤਾ /ਇਨਸੈਂਟਿਵ ਤੇ ਕੇਂਦਰੀ ਸਕੀਮਾ ਤੇ ਕੰਮ ਕਰਦੇ ਮੁਲਾਜ਼ਮ ਤੇ ਅਧਿਆਪਕ ਕੇਂਦਰ ਤੇ ਸੂਬਾ ਸਰਕਾਰ ਦੇ ਖਿਲਾਫ ਮੁਕਮਲ ਰੂਪ ਵਿੱਚ ਅਪਣੇ ਦਫਤਰਾਂ / ਸਕੂਲਾਂ ਵਿੱਚ ਹੜਤਾਲ ਕਰਨ ਉਪਰੰਤ ÷ ਪੰਜਾਬ ਤੇ ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਫਰੰਟ÷ ਦੇ ਬੈਨਰ ਥੱਲੇ ਅਪਣਾ ਇਕੱਠ ਕਰਕੇ ਤਹਿਸੀਲ ਤੇ ਜਿਲ੍ਹਾ ਕੇਂਦਰਾਂ ਉਤੇ ਹੋਣ ਵਾਲੇ ਜਨਤਕ ਇਕੱਠਾ / ਚੱਕਾ ਜਾਮ ਵਿੱਚ ਸ਼ਾਮਲ ਹੋਣਗੇ । ਇਸ ਹੜਤਾਲ ਦੀ ਤਿਆਰੀ ਲਈ ਹਰ ਸਕੂਲ / ਦਫ਼ਤਰ ਦੇ ਮੁਲਾਜ਼ਮ ਤੇ ਪੈਨਸ਼ਨਰਾ ਤੱਕ ਪਹੁੰਚ ਕੀਤੀ ਜਾਵੇਗੀ ਤੇ ਕੇਂਦਰ ਤੇ ਸੂਬਾ ਸਰਕਾਰ ਦੀਆਂ ਨੀਤੀਆਂ ਦੇ ਖਿਲਾਫ ਅਤੇ ਮੁਲਾਜ਼ਮ / ਪੈਨਸ਼ਨਰਾ ਦੀਆਂ ਮੰਗਾ ਦੇ ਸਬੰਧ ਵਿੱਚ ਹੈਂਡ ਬਿਲ ਵੰਡਿਆ ਜਾਵੇਗਾ । ਆਗੂਆਂ ਆਖਿਆ ਕਿ ਹੜਤਾਲ ਦਾ ਨੋਟਿਸ 31 ਜਨਵਰੀ ਨੂੰ ਚੀਫ ਸੈਕਟਰੀ ਪੰਜਾਬ ਨੂੰ ਭੇਜਿਆ ਜਾਵੇਗਾ ਅਤੇ 01- 02 ਫਰਵਰੀ ਨੂੰ ਸਮੁਚੇ ਜਿਲ੍ਹਿਆਂ ਅੰਦਰ ਮੁਲਾਜ਼ਮ ਤੇ ਪੈਨਸ਼ਨਰਜ਼ ਦੇ ਵੱਡੇ ਡੈਪੂਟੇਸ਼ਨਾ ਰਾਹੀਂ ਡਿਪਟੀ ਕਮਿਸ਼ਨਰਾ ਰਾਹੀਂ ਹੜਤਾਲ ਦੇ ਨੋਟਿਸ ਭੇਜੇ ਜਾਣਗੇ । ਦਸਿਆ ਕਿ ਇਹ ਹੜਤਾਲ ਜਿਥੇ ਮਜ਼ਦੂਰ ਦੇ ਮੁਦਿਆ ਨੂੰ ਲੈਕੇ ਕੀਤੀ ਜਾ ਰਹੀ ਹੈ ਉਥੇ ਮੁਲਾਜ਼ਮ ਫੈਡਰੇਸ਼ਨਾ ਵਲੋਂ ਇਸ ਗਲ ਦੀ ਮੰਗ ਕੀਤੀ ਜਾ ਰਹੀ ਹੈ ਕਿ ਸਮੁਚੇ ਦੇਸ਼ ਅੰਦਰ ਪੁਰਾਣੀ ਪੈਨਸ਼ਨ ਬਹਾਲ ਕਰਨ ਹਿਤ ਪੈਨਸ਼ਨ ਫੰਡ ਰੈਗੂਲੇਟਰੀ ਡਿਵੈਲਪਮੈਂਟ ਅਥਾਰਟੀ ਕਾਨੂੰਨ ਖਤਮ ਕੀਤਾ ਜਾਵੇ ਅਤੇ ਇਸ ਅਥਾਰਟੀ ਕੋਲ ਸੂਬਾਈ ਮੁਲਾਜ਼ਮਾ ਤੇ ਸਰਕਾਰਾਂ ਦਾ ਪੈਸਾ ਵਾਪਸ ਕੀਤਾ ਜਾਵੇ , ਈ.ਪੀ.ਐਸ. 1995 ਅਧੀਨ ਮੁਲਾਜ਼ਮਾ ਤੇ ਵੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ ,ਹਰ ਤਰਾਂ ਦੇ ਕੱਚੇ , ਆਉਟ ਸੋਰਸ , ਦਿਹਾੜੀਦਾਰ ਸਮੇਤ ਸਿਹਤ ਤੇ ਸਿਖਿਆ ਦੇ ਮੁਲਾਜ਼ਮ ਪੱਕੇ ਕੀਤੇ ਜਾਣ ਅਤੇ ਕੇਂਦਰ / ਰਾਜ ਸਰਕਾਰੀ ਅਤੇ ਜਨਤਕ ਖੇਤਰ ਦੇ ਅਦਾਰਿਆਂ ਅੰਦਰ ਪਈਆਂ ਖਾਲੀ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ , ਮਾਣ ਭੱਤਾ / ਇਨਸੈਂਟਿਵ ਮੁਲਾਜ਼ਮਾ ਨੂੰ ਵੀ ਰੈਗੂਲਰ ਕੀਤਾ ਜਾਵੇ ਅਤੇ ਘੱਟੋ ਘੱਟ ਉਜਰਤਾਂ ਦਾ ਕਾਨੂੰਨ ਲਾਗੂ ਕੀਤਾ ਜਾਵੇ , ਜਨਤਕ ਖੇਤਰ ਦੇ ਅਦਾਰਿਆਂ ਦਾ ਨਿਜੀਕਰਣ/ ਨਿਗਮੀਕਰਣ ਕਰਨਾ ਬੰਦ ਕੀਤਾ ਜਾਵੇ ਅਤੇ ਸਰਕਾਰੀ ਅਦਾਰਿਆਂ ਦੀ ਅਕਾਰ ਘਟਾਈ ਬੰਦ ਕੀਤੀ ਜਾਵੇ , ਕੰਮ ਦਿਹਾੜੀ 08 ਘੰਟੇ ਬਹਾਲ ਰੱਖੀ ਜਾਵੇ ਅਤੇ ਸਮੁੱਚੇ ਟ੍ਰੇਡ ਯੂਨੀਅਨ ਅਧਿਕਾਰ ਸੁਰੱਖਿਅਤ ਕੀਤੇ ਜਾਣ , ਨਵੀਂ ਸਿਖਿਆ ਨੀਤੀ 2022 ਵਾਪਸ ਲਈ ਜਾਵੇ , ਹਰ ਪੰਜ ਸਾਲ ਬਾਅਦ ਪੇ- ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ ਅਤੇ ਕੇਂਦਰ ਦਾ 08 ਵਾਂ ਤਨਖਾਹ ਕਮਿਸ਼ਨ ਬਠਾਇਆ ਜਾਵੇ , ਕਰੋਨਾ ਸਮੇਂ ਦੌਰਾਨ ਦਾ ਰੋਕਿਆ 18 ਮਹੀਨੇ ਦਾ ਮਹਿਗਾਈ ਭੱਤਾ ਜਾਰੀ ਕੀਤਾ ਜਾਵੇ , ਤਰਸਯੋਗ ਅਧਾਰ ਤੇ ਨੌਕਰੀਆਂ ਤੇ ਲਗਾਈਆਂ ਬੇਲੋੜੀਆਂ ਪਾਬੰਦੀਆਂ/ਸ਼ਰਤਾ ਤੁਰੰਤ ਹਟਾਈਆਂ ਜਾਣ । ਆਗੂਆਂ ਆਖਿਆ ਕਿ ਇਸ ਤੋਂ ਇਲਾਵਾ ਇਸ ਹੜਤਾਲ ਦੌਰਾਨ ਪੰਜਾਬ ਸਰਕਾਰ ਨਾਲ ਸਬੰਧਤ ਮੰਗਾ ਜਿਵੇਂ ਪੈਨਸ਼ਨਰ ਤੇ 2.59 ਗੁਣਾਂਕ ਲਾਗੂ ਕਰਨ , ਤਨਖਾਹ ਕਮਿਸ਼ਨ ਦੇ ਬਕਾਏ , ਮਹਿਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾ , ਤਨਖਾਹ ਕਮਿਸ਼ਨ ਦਾ ਰਹਿੰਦਾ ਹਿਸਾ ਲਾਗੂ ਕਰਵਾਉਣ , ਤਨਖਾਹ ਕਮਿਸ਼ਨ ਦੀਆਂ ਤੱਰੁਟੀਆਂ ਦੂਰ ਕਰਨ , ਬੰਦ ਕੀਤੇ ਭੱਤੇ ਬਹਾਲ ਕਰਨ , ਪੁਰਾਣੀ ਪੈਨਸ਼ਨ ਬਹਾਲ ਕਰਨ , ਮਾਣ ਭੱਤਾ / ਇਨਸੈਂਟਿਵ ਦੁਗਣਾ ਕਰਨ , ਪ੍ਰੋਵੇਸ਼ਨਲ ਪੀਰੀਅਡ ਇੱਕ ਸਾਲ ਕਰਨ ਅਤੇ ਇਸ ਸਮੇਂ ਦੌਰਾਨ ਪੂਰੀ ਤਨਖਾਹ ਭੱਤਿਆਂ ਸਮੇਤ ਦੇਣ , ਕੇਂਦਰੀ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਦੇ ਸਕੇਲ ਲਾਗੂ ਕਰਨ ਆਦਿ ਮੰਗਾ ਨੂੰ ਵੀ ਉਜਾਗਰ ਕੀਤਾ ਜਾਵੇਗਾ।

## ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਬੀ-ਸਕੂਲ ਬੂਲਸ, ਦੇਹਰਾਦੂਨ ਵੱਲੋਂ ਦੁਵੱਲਾ ਸਮਝੌਤਾ ਸਹੀਬੱਧ



**ਬਠਿੰਡਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਵੈ-ਰੁਜ਼ਗਾਰ ਸਥਾਪਿਤ ਕਰਨ ਅਤੇ ਸਿੱਖਿਆ ਨੂੰ ਰੁਜ਼ਗਾਰ ਨਾਲ ਜੋੜਨ ਦੇ ਮਕਸਦ ਨਾਲ ਭਾਰਤ ਸਰਕਾਰ ਵੱਲੋਂ ਲਾਗੂ ਕੀਤੀ ਗਈ

ਨਵੀਂ ਸਿੱਖਿਆ ਨੀਤੀ-2020 ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਅਤੇ ਬੀ-ਸਕੂਲ ਬੂਲਸ, ਦੇਹਰਾਦੂਨ, ਉਤਰਾਖੰਡ ਵੱਲੋਂ ਵਿਦਿਆਰਥੀਆਂ ਨੂੰ ਆਰਥਿਕ ਪੱਖੋਂ ਆਪਣੇ ਪੈਰਾਂ 'ਤੇ ਖੜੇ ਕਰਨ ਲਈ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਅਤੇ ਚੀਫ ਉਪਰੇਟਿੰਗ ਅਫ਼ਸਰ ਬੀ.ਬੀ.ਐਕਸ ਇਨਫੋਟੈਕ ਪ੍ਰਾਇਵੇਟ ਲਿਮਿਟਿਡ, ਰਾਜ ਸੈਂਟਰਾ ਦੀ ਹਾਜ਼ਰੀ ਵਿੱਚ ਦੋਹਾਂ ਅਦਾਰਿਆਂ ਦੇ ਅਧਿਕਾਰੀਆਂ ਵੱਲੋਂ ਦੁਵੱਲਾ ਸਮਝੌਤਾ ਸਹੀਬੱਧ ਕੀਤਾ ਗਿਆ।

ਇਸ ਮੌਕੇ ਆਪਣੀ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਡਾ. ਬਾਵਾ ਨੇ ਕਿਹਾ ਕਿ ਕੰਪਿਊਟਰ ਅਤੇ ਡਿਜ਼ੀਟਲ ਯੁੱਗ ਵਿੱਚ ਵਿਦਿਆਰਥੀਆਂ ਨੂੰ ਸ੍ਵੈ-ਉਦਯੋਗ ਸਥਾਪਿਤ ਕਰਨ, ਉਦਯੋਗਾਂ ਅਤੇ ਬਾਜ਼ਾਰ ਦੀ ਮੰਗ ਅਨੁਸਾਰ ਵਿਦਿਆਰਥੀਆਂ ਨੂੰ ਈ-ਕਾਮਰਸ, ਸਟਾਕ ਮਾਰਕਿਟ, ਸਰਚ ਇੰਜਣ, ਡਿਜ਼ੀਟਲ ਮਾਰਕਿਟਿੰਗ ਆਦਿ ਕੰਪਿਊਟਰ ਸਬੰਧਿਤ ਖੇਤਰਾਂ ਬਾਰੇ ਜਾਣਕਾਰੀ ਹੋਣਾ ਜ਼ਰੂਰੀ ਹੈ।

ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਦੇ ਉਜੱਵਲ ਭਵਿੱਖ ਦੇ ਮੱਦੇਨਜ਼ਰ ਇਹ ਦੁਵੱਲਾ ਸਮਝੌਤਾ ਕੀਤਾ ਗਿਆ ਹੈ। ਜਿਸ ਅਨੁਸਾਰ ਬੀ-ਸਕੂਲ ਜੀ.ਕੇ.ਯੂ ਦੇ ਵਿਦਿਆਰਥੀਆਂ ਨੂੰ ਸਟਾਕ ਮਾਰਕਿਟ, ਕੰਟੈਂਟ ਰਾਇਟਿੰਗ, ਬਲੋਗਿੰਗ, ਵੱਖ-ਵੱਖ ਕੰਪਨੀਆਂ ਦੇ ਸ਼ੇਅਰਾਂ ਸੰਬੰਧੀ ਵਿਹਾਰਿਕ ਜਾਣਕਾਰੀ ਉਪਲਬਧ ਕਰਵਾਏਗਾ ਅਤੇ ਭਵਿੱਖ ਵਿੱਚ ਇਸ ਲਈ ਆਪਣੀਆਂ ਲੈਬ ਸਥਾਪਿਤ ਕਰੇਗਾ। ਜੋ ਵਿਦਿਆਰਥੀਆਂ ਨੂੰ ਈ-ਪਲੇਟਫਾਰਮ ਅਤੇ ਬਿਜ਼ਨਸ ਕਰਨ ਵਿੱਚ ਸਹਾਈ ਹੋਣਗੀਆਂ।

ਇਸ ਮੌਕੇ ਰਾਜ ਸੈਂਟਰਾ ਨੇ ਕਿਹਾ ਕਿ ਬੀ.ਸਕੂਲ ਵਿਦਿਆਰਥੀਆਂ ਨੂੰ ਕਾਰਪੋਰੇਟ ਮੀਟਿੰਗਾਂ ਅਤੇ ਸੈਮੀਨਾਰ ਆਯੋਜਿਤ ਕਰਨ ਸੰਬੰਧੀ ਟ੍ਰੇਨਿੰਗ ਅਤੇ ਬਿਜ਼ਨਸ ਵਿੱਚ ਸਹੀ ਸਮੇਂ ਉਚਿਤ ਫੈਸਲੇ ਲੈਣ ਬਾਰੇ ਜਾਣਕਾਰੀ ਦੇਵੇਗਾ।

ਉਨ੍ਹਾਂ ਇਹ ਵੀ ਦੱਸਿਆ ਕਿ ਇਸ ਦੁਵੱਲੇ ਸਮਝੌਤੇ ਤੋਂ ਬਾਦ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਪੈਸਾ ਅਤੇ ਸ਼ੋਹਰਤ ਦੋਵੇਂ ਹੀ ਕਮਾ ਸਕਣਗੇ। ਹੁਣ ਜੀ.ਕੇ.ਯੂ. ਦੇ ਵਿਦਿਆਰਥੀਆਂ ਨੂੰ ਬੀ-ਸਕੂਲ ਤੋਂ ਇੰਟਰਨਸ਼ਿਪ ਮੌਕੇ ਵਜ਼ੀਫਾ ਵੀ ਮਿਲੇਗਾ ਜੋ ਉਨ੍ਹਾਂ ਨੂੰ ਆਰਥਿਕ ਪੱਖੋਂ ਮਜ਼ਬੂਤ ਕਰੇਗਾ

## ਭਰਾਜ ਵੱਲੋਂ ਪਿੰਡ ਨਕਟੇ ਵਿਖੇ ਜਲ ਸਪਲਾਈ ਪ੍ਰੋਜੈਕਟ ਦਾ ਉਦਘਾਟਨ

**ਭਵਾਨੀਗੜ੍ਹ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਸੰਗਰੂਰ ਦੇ ਪੇਂਡੂ ਤੇ ਸ਼ਹਿਰੀ ਵਿਕਾਸ ਨੂੰ ਯਕੀਨੀ ਬਣਾਉਣ ਦੀ ਆਰੰਭੀ ਮੁਹਿੰਮ ਤਹਿਤ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਨਕਟੇ ਵਿਖੇ ਨਵੇਂ ਜਲ ਸਪਲਾਈ ਪ੍ਰੋਜੈਕਟ ਦਾ ਉਦਘਾਟਨ ਕੀਤਾ। ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਇਸ ਪ੍ਰੋਜੈਕਟ ਉਤੇ 70 ਲੱਖ ਰੁਪਏ ਦੀ ਲਾਗਤ ਆਈ ਹੈ,ਜਿਸ ਨਾਲ ਪਿੰਡ ਵਾਸੀਆਂ ਨੂੰ ਸਾਫ਼ ਅਤੇ ਸੁੱਧ ਪਾਣੀ ਦੀ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਹਲਕਾ ਸੰਗਰੂਰ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰੀ ਹਿੱਸੇ ਦਾ ਕਾਇਆ ਕਲਪ ਕਰਨ ਲਈ ਉਹ ਪੜਾਅਵਾਰ ਤਰੀਕੇ ਨਾਲ ਕਾਰਜਸ਼ੀਲ ਹਨ ਅਤੇ ਹਲਕਾ ਵਾਸੀਆਂ ਨੂੰ ਸਰਵੋਤਮ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਸਰਗਰਮ ਹਨ।ਵਿਧਾਇਕ ਨੇ ਕਿਹਾ ਕਿ ਅਸੀਂ ਮੁੱਖ



ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੀ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਹਾਂ ਅਤੇ ਇਸ ਉਦੇਸ਼ ਦੀ ਪੂਰਤੀ ਲਈ ਹਰ ਵਰਗ ਦੀਆਂ ਜ਼ਰੂਰਤਾਂ ਨੂੰ ਤਰਜੀਹ ਦੇ ਆਧਾਰ ਉੱਤੇ ਪੂਰਾ ਕਰਨ ਲਈ ਜੁਟੇ ਹੋਏ ਹਾਂ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਿਕਰਮ ਨਕਟੇ, ਭੁਪਿੰਦਰ ਕਾਕੜਾ, ਗੋਪੀ ਨਕਟੇ ਸਮੇਤ ਪਾਰਟੀ ਆਗੂ ਮੌਜੂਦ ਸਨ।

# ਜੇ ਇਸ਼ਕ ਨਮਾਜ਼ਾਂ ਪੜ੍ਹਦੇ ਨੇ

ਆਸ਼ਕਾਂ ਨੂੰ ਰੂਹ ਦਾ ਖੇੜਾ ਬਖ਼ਸ਼ਿਆ ਅਤੇ ਇਹ ਪ੍ਰੇਮੀ ਇਸ਼ਕ ਦੀ ਜਿਉਂਦੀ ਜਾਗਦੀ ਮਿਸਾਲ ਬਣ ਗਏ। ਦੁਨਿਆਵੀ ਪਿਆਰ ਨੂੰ ਮਾਣਦਿਆਂ ਵੀ ਇਨ੍ਹਾਂ ਨੇ ਪਿਆਰ ਦੀ ਪਾਕੀਜ਼ਗੀ ਨੂੰ ਕਾਇਮ ਰੱਖਿਆ। ਪਿਆਰ ਜਿਸਮਾਂ ਦਾ ਦਾਅਵਾ ਨਹੀਂ ਸਗੋਂ ਆਪਣੇ ਪਿਆਰੇ ਦੇ ਰੋਮ ਰੋਮ ਵਿੱਚ ਸਮਾ ਜਾਣ ਦਾ ਨਾਮ ਹੈ। ਜਨਮ ਜਨਮ ਦੇ ਸਾਥ ਦਾ ਵਾਅਦਾ ਹੈ।

ਇਸ਼ਕ ਦੀ ਅਮੀਰੀ ਅੱਗੇ ਦੁਨੀਆਂ ਦੇ ਸਾਰੇ ਰਸ ਅਤੇ ਸੁਆਦ ਫਿੱਕੇ ਪੈ ਜਾਂਦੇ ਹਨ। ਪਿਆਰ ਸ਼ਬਦਾਂ ਦਾ ਮੁਹਤਾਜ ਨਹੀਂ। ਇਹ ਇੱਕ ਜਜ਼ਬਾ ਹੈ, ਅਹਿਸਾਸ ਹੈ ਜੋ ਸਿਰਫ਼ ਮਹਿਸੂਸ ਕੀਤਾ ਜਾਂਦਾ ਹੈ। ਪਲ ਭਰ ਦਾ ਸਾਥ ਉਮਰੋਂ ਲੰਮਾ ਰਿਸ਼ਤਾ ਸਿਰਜ ਦਿੰਦਾ ਹੈ। ਕਲਪਨਾ ਤੋਂ ਪਾਰ ਵਸਦਾ ਸੱਜਣ ਵੀ ਹਰ ਪਲ ਕੋਲ ਨਜ਼ਰ ਆਉਂਦਾ ਹੈ। ਸੱਚੇ ਮੋਹ ਦੀਆਂ ਤੰਦਾਂ ਏਨੀਆਂ ਮਜ਼ਬੂਤ ਅਤੇ ਗੁੰਝਲਦਾਰ ਹਨ ਕਿ ਜੇ ਕੋਈ ਇੱਕ ਵਾਰ ਇਨ੍ਹਾਂ ਵਿੱਚ ਪੈ ਜਾਵੇ ਤਾਂ ਉਮਰ ਭਰ ਇਨ੍ਹਾਂ ਵਿੱਚੋਂ ਨਿਕਲ ਨਹੀਂ ਸਕਦਾ। ਵਕਤ ਦੀ ਸਿਤਮਜ਼ਰੀਫੀ ਹੈ ਕਿ ਰੂਹਾਂ ਦੇ ਮੇਲ ਨੂੰ ਅਖੌਤੀ ਅਤਿ ਆਧੁਨਿਕ ਪੀੜ੍ਹੀ ਸਿਰਫ਼ ਇੱਕ ਰਾਤ ਦਾ ਮਸਲਾ ਸਮਝ ਰਹੀ ਹੈ। ਛਿਣ ਭਰ ਲਈ ਮਿਲੇ ਪਾਕ-ਪਵਿੱਤਰ ਪਿਆਰ ਦੇ ਆਸਰੇ ਪੂਰੀ ਪਹਾੜ ਜਿੱਡੀ ਜ਼ਿੰਦਗੀ ਕੱਢੀ ਜਾ ਸਕਦੀ ਹੈ। ਇਸੇ ਲਈ ਅੰਮ੍ਰਿਤਾ ਪ੍ਰੀਤਮ ਲਿਖਦੀ ਹੈ:

ਰਲ ਗਈ ਸੀ ਏਸ ਵਿਚ ਇਕ ਬੂੰਦ ਤੇਰੇ ਇਸ਼ਕ ਦੀ
ਏਸ ਲਈ ਮੈਂ ਜ਼ਿੰਦਗੀ ਦੀ ਸਾਰੀ ਕੁੜੱਤਣ ਪੀ ਲਈ।

ਪਿਆਰ ਵਿੱਚ ਜਿੱਤ-ਹਾਰ ਨਹੀਂ ਹੁੰਦੀ। ਪਿਆਰ ਤਾਂ ਮਹਿਬੂਬ ਦੀ ਮਾਸੂਮੀਅਤ ਅੱਗੇ ਸਭ ਕੁਝ ਹਾਰਨ ਦਾ ਨਾਮ ਹੈ। ਜਿੱਤਣ ਦੀ ਕਾਮਨਾ ਪਿਆਰ ਨਹੀਂ। ਦਿਲਬਰ ਦੀ ਨਾਰਾਜ਼ਗੀ ਨੂੰ ਹੱਸ ਕੇ ਬਰਦਾਸ਼ਤ ਕਰਨਾ ਸੱਚੇ ਪਿਆਰ ਦੀ ਨਿਸ਼ਾਨੀ ਹੈ। ਮੁਹੱਬਤ ਵਿੱਚ ਜਿੱਥੇ ਵਸਲ ਦਾ ਆਨੰਦ ਹੈ ਉੱਥੇ ਵਿਛੋੜੇ ਦਾ ਸੱਲ੍ਹ ਵੀ ਭੁਗਤਣਾ ਪੈਂਦਾ ਹੈ। ਕਹਿੰਦੇ ਨੇ ਸੱਚੇ ਪਿਆਰ ਵਿੱਚ ਇਨਸਾਨ ਪਲ-ਪਲ ਖੁਰਦਾ ਹੈ, ਪਲ-ਪਲ ਮਰਦਾ ਹੈ। ਮਹਿਬੂਬ ਦੀ ਜੁਦਾਈ ਵਿੱਚ ਬਿਰਹਾ ਦੀ ਭੱਠੀ ਵਿੱਚ ਸੜਦਾ ਹੈ। ਇਸ਼ਕ ਦੀ ਕਸਕ ਨੂੰ ਉਹੀ ਸਮਝ ਸਕਦੇ ਹਨ ਜੋ ਇਸ ਤੜਪ ਨੂੰ ਹੰਢਾ ਰਹੇ ਹੋਣ। ਇਸ਼ਕ ਚਾਹੇ ਹਕੀਕੀ ਹੋਵੇ ਚਾਹੇ ਮਜ਼ਾਜੀ, ਇਸ ਨੂੰ ਪ੍ਰਾਪਤ ਕਰਨਾ ਕੰਡਿਆਂ ਦੀ ਸੇਜ 'ਤੇ ਸੌਣ ਦੇ ਬਰਾਬਰ ਹੈ। ਸ਼ਿਵ ਲਿਖਦਾ ਹੈ:

ਰੱਬ ਤਿਰਾ ਮਿਰਾ ਕਿਤੇ ਮੇਲ ਜੇ ਕਰੇ
ਸਾਰੇ ਮਾਰੂਥਲਾਂ ਦੀ ਭੜਾਸ ਡੀਕ ਲਾਂ।
ਇਕੋ ਛਾਲ ਮਾਰਾਂ ਤੇ ਮੈਂ ਟੱਪ ਜਾਂ ਸਮੁੰਦਰਾਂ ਨੂੰ
ਡੁੱਬ ਮਰਾਂ ਪਾਣੀਆਂ ਨੂੰ ਪੈਰ ਤੀਕ ਲਾਂ।

ਲੇਕਿਨ ਮੰਡੀਕਰਨ ਦੇ ਇਸ ਦੌਰ ਵਿੱਚ ਦਿਨ-ਬ-ਦਿਨ ਬਦਲ ਰਹੀਆਂ ਸਮਾਜਿਕ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਪਿਆਰ ਦਾ ਸਰੂਪ ਵੀ ਲਗਾਤਰ ਬਦਲਦਾ ਜਾ ਰਿਹਾ ਹੈ। ਅਜੋਕੀ ਨੌਜਵਾਨ ਪੀੜ੍ਹੀ ਲਈ ਪਿਆਰ ਜਜ਼ਬਾ ਨਹੀਂ, ਕਬਜ਼ਾ ਹੈ। ਰੂਹਾਨੀ ਪਿਆਰ ਉੱਤੇ ਦੁਨਿਆਵੀ ਪਿਆਰ ਭਾਰੀ ਪੈ ਰਿਹਾ ਹੈ। ਹੁਣ ਦੇ ਅਖੌਤੀ ਆਸ਼ਕ ਪਿਆਰ ਦੀ ਪਾਕੀਜ਼ਗੀ ਨੂੰ ਛਿੱਕੇ ਟੰਗ ਕੇ ਸਿਰਫ਼ ਥੋੜ੍ਹ-ਚਿਰੇ ਸੁਪਨ-ਸੰਸਾਰ ਨੂੰ ਬਿਨਾਂ ਕਿਸੇ ਡਰ-ਭੈਅ ਦੇ ਹਾਸਲ ਕਰਨ ਲਈ ਹਰ ਦਾਈਆ ਵਰਤਦੇ ਹਨ। ਹੁਣ ਪਿਆਰ ਰੂਹਾਂ ਦਾ ਮੇਲ ਨਹੀਂ ਸਗੋਂ ਹੈਸੀਅਤ, ਪੈਸਾ ਅਤੇ ਰੁਤਬਾ ਵੇਖ ਕੇ ਸੋਚ-ਸਮਝ ਕੇ ਕੀਤਾ ਜਾਣ ਵਾਲਾ ਸੌਦਾ ਬਣਦਾ ਜਾ ਰਿਹਾ ਹੈ। ਹੁਣ ਇਸ਼ਕ ਹੱਡਾਂ ਵਿੱਚ ਨਹੀਂ ਰਚਦਾ ਸਗੋਂ ਇਸ ਦੀ ਓਪਰੀ ਜਿਹੀ ਪਰਤ ਪੈਸੇ ਨਾਲ ਧੋਤੀ ਜਾਂਦੀ ਹੈ। ਜਿਸਮ ਤੱਕ ਸੀਮਿਤ ਰਿਸ਼ਤਾ ਕਦੇ ਮਨ ਦੀ ਖ਼ੁਸ਼ੀ ਨਹੀਂ ਦੇ ਸਕਦਾ। ਪਿਆਰ ਦੇ ਪੱਤਰੇ ਤਾਂ ਖ਼ੂਨੀ ਪੱਤਰੇ ਹਨ। ਪਲ ਦੋ ਪਲ ਦੀ ਸਰੀਰਿਕ ਖ਼ੁਸ਼ੀ ਨਾਲ ਇਤਿਹਾਸ ਨਹੀਂ ਬਣਦੇ। ਪਿਆਰ ਦਾ ਪੈਂਡਾ ਤਖ਼ਤ ਹਜ਼ਾਰੇ ਤੋਂ ਖੇੜਿਆਂ ਤੱਕ ਅਤੇ ਜਾਂ ਫਿਰ ਸ਼ਹਿਰ ਭੰਬੋਰ ਤੋਂ ਤਪਦੇ ਥਲਾਂ ਤੱਕ ਦਾ ਹੈ। ਇਸ ਪਾਕੀਜ਼ਾ ਰੂਹਾਨੀ ਅਹਿਸਾਸ ਨੂੰ ਵਨ ਨਾਈਟ ਸਟੈਂਡ ਜਿਹੀ ਬਿਰਤੀ ਨਾਲ ਗੰਧਲਾ ਕੀਤਾ ਜਾ ਰਿਹਾ ਹੈ। ਉਸ ਪਾਕਿ-ਪਵਿੱਤਰ ਅਹਿਸਾਸ ਤੋਂ ਪ੍ਰਭਾਵਿਤ ਹੋ ਕੇ ਕਿਸੇ ਸ਼ਾਇਰ ਨੇ ਲਿਖਿਆ ਹੈ:

ਜੇ ਇਸ਼ਕ ਨਮਾਜ਼ਾਂ ਪੜ੍ਹਦੇ ਨੇ ਉਹ ਥਾਂ-ਥਾਂ ਸਿਜਦੇ ਕਰਦੇ ਨਹੀਂ
ਜੋ ਇਕ ਦੇ ਹੋ ਕੇ ਜਿਉਂਦੇ ਨੇ ਉਹ ਮਰ ਵੀ ਜਾਣ ਤਾਂ ਮਰਦੇ ਨਹੀਂ।

ਸੰਪਰਕ: 86995-60020

# ਧੜੱਲੇ ਨਾਲ ਵਿਕ ਰਹੀਆਂ ਹਨ ਇਹ 5 ਬਾਈਕ

ਨਵੀਂ ਦਿੱਲੀ : ਜੇ ਤੁਸੀਂ ਵੀ ਨਵਾਂ ਮੋਟਰਸਾਈਕਲ ਖਰੀਦਣਾ ਚਾਹੁੰਦੇ ਹੋ ਅਤੇ ਇਸਨੂੰ ਸਸਤੇ ਮੁੱਲ 'ਤੇ ਲੈਣਾ ਚਾਹੁੰਦੇ ਹੋ ਤਾਂ ਇਹ ਖਬਰ ਤੁਹਾਡੇ ਲਈ ਹੈ। ਇਸ ਖਬਰ ਵਿੱਚ ਅਸੀਂ ਤੁਹਾਨੂੰ ਸਭ ਤੋਂ ਵੱਧ ਵਿਕਣ ਵਾਲੀਆਂ ਬਾਈਕਸ ਬਾਰੇ ਦੱਸਣ ਜਾ ਰਹੇ ਹਾਂ ਜੋ ਜਨਵਰੀ ਵਿੱਚ ਸਭ ਤੋਂ ਵੱਧ ਖਰੀਦੀਆਂ ਗਈਆਂ ਸਨ।

## 1.Hero Splendor



ਜਨਵਰੀ 2023 ਵਿੱਚ ਹੀਰੋ ਸਪਲੈਂਡਰ ਸਭ ਤੋਂ ਵੱਧ ਖਰੀਦਿਆ ਗਿਆ ਹੈ। Hero Splendor ਨੇ ਜਨਵਰੀ 'ਚ 2,61,833 ਯੂਨਿਟਸ ਵੇਚੇ ਸਨ, ਜਿੱਥੇ ਪਿਛਲੇ ਸਾਲ ਇਸੇ ਮਿਆਦ 'ਚ ਕੰਪਨੀ ਨੇ ਬਾਈਕ ਦੇ 2,08,263 ਯੂਨਿਟ ਵੇਚੇ ਸਨ। ਕੁੱਲ ਮਿਲਾ ਕੇ ਕੰਪਨੀ ਨੇ ਸਾਲਾਨਾ ਆਧਾਰ 'ਤੇ 25.7 ਫੀਸਦੀ ਦਾ ਵਾਧਾ ਹਾਸਲ ਕੀਤਾ ਹੈ। ਇਸ ਬਾਈਕ ਦੀ ਸ਼ੁਰੂਆਤੀ ਕੀਮਤ 72,076 ਰੁਪਏ ਹੈ।

## 2. Honda Shine



Honda Shine ਨੂੰ ਦੇਸ਼ 'ਚ ਸਭ ਤੋਂ ਵੱਧ ਦੂਜੇ ਨੰਬਰ 'ਤੇ ਖਰੀਦਿਆ ਗਿਆ ਹੈ। ਕੰਪਨੀ ਨੇ ਪਿਛਲੇ ਮਹੀਨੇ ਇਸ ਬਾਈਕ ਦੀਆਂ 84,187 ਇਕਾਈਆਂ ਵੇਚੀਆਂ, ਜੋ ਪਿਛਲੇ ਸਾਲ 2022 'ਚ ਵੇਚੀਆਂ ਗਈਆਂ 1,05,159 ਇਕਾਈਆਂ ਤੋਂ 5 ਫੀਸਦੀ ਘੱਟ ਹਨ। ਹਾਲਾਂਕਿ ਇਸ ਬਾਈਕ ਨੂੰ ਦੇਸ਼ 'ਚ ਜ਼ਬਰਦਸਤ ਰਿਸਪਾਂਸ ਮਿਲ ਰਿਹਾ ਹੈ। ਇਸ ਬਾਈਕ ਦੀ ਸ਼ੁਰੂਆਤੀ ਕੀਮਤ 78,687 ਤੋਂ ਹੈ।

## 3. Bajaj Pulsar



ਪਲਸਰ ਪ੍ਰੇਮੀ ਵੀ ਪਿਛਲੇ ਮਹੀਨੇ ਕਾਫੀ ਸਰਗਰਮ ਨਜ਼ਰ ਆਏ। ਜਨਵਰੀ 2023 ਵਿੱਚ, ਬਜਾਜ ਨੇ ਆਪਣੇ ਪਲਸਰ ਸੈਗਮੈਂਟ ਮੋਟਰਸਾਈਕਲਾਂ ਦੀਆਂ 84,279 ਯੂਨਿਟਾਂ ਗਾਹਕਾਂ ਨੂੰ ਦਿੱਤੀਆਂ। ਕੰਪਨੀ ਨੇ ਪਿਛਲੇ ਸਾਲ ਇਸੇ ਮਿਆਦ 'ਚ 66,839 ਇਕਾਈਆਂ ਵੇਚੀਆਂ ਸਨ। ਇਸ ਦਾ ਮਤਲਬ ਹੈ ਕਿ ਇਹ ਸਾਲ ਪਲਸਰ ਲਈ ਵਾਧੇ ਨਾਲ ਭਰਪੂਰ ਹੈ। ਪਲਸਰ 125 ਸੀਸੀ ਦੀ ਸ਼ੁਰੂਆਤੀ ਕੀਮਤ 85,152 ਰੁਪਏ ਹੈ।

## 4 Hero HF Deluxe



ਹੀਰੋ ਐਚਐਫ ਡੀਲਕਸ ਨੇ ਜਨਵਰੀ 2023 ਵਿੱਚ 47840 ਯੂਨਿਟ ਵੇਚੇ ਹਨ, ਜੋ ਕਿ ਬਹੁਤ ਵਧੀਆ ਪ੍ਰਤੀਕਿਰਿਆ ਨਹੀਂ ਹੈ। ਇਸ ਦੇ ਬਾਵਜੂਦ ਇਹ ਬਾਈਕ ਦੇਸ਼ 'ਚ ਸਭ ਤੋਂ ਜ਼ਿਆਦਾ ਵਿਕਣ ਵਾਲੀਆਂ ਬਾਈਕਸ 'ਚ ਚੌਥੇ ਨੰਬਰ 'ਤੇ ਹੈ। ਕਿਉਂਕਿ ਜਨਵਰੀ 2022 'ਚ ਇਸ ਬਾਈਕ ਦੀਆਂ 85,926 ਯੂਨਿਟਸ ਵਿਕੀਆਂ ਸਨ। ਕੰਪਨੀ ਨੇ 44 ਫੀਸਦੀ ਦੀ ਗਿਰਾਵਟ ਦਰਜ ਕੀਤੀ ਹੈ। Hero HF Deluxe ਦੀ ਸ਼ੁਰੂਆਤੀ ਕੀਮਤ 56,968 ਰੁਪਏ ਹੈ।

## 5 Bajaj Platina



ਬਜਾਜ ਪਲੈਟੀਨਾ ਨੇ ਜਨਵਰੀ 2023 'ਚ ਬਾਈਕਸ ਦੀਆਂ 41,873 ਯੂਨਿਟਾਂ ਵੇਚੀਆਂ, ਜਦੋਂ ਕਿ ਪਿਛਲੇ ਸਾਲ ਕੰਪਨੀ ਨੇ ਇਸੇ ਮਿਆਦ 'ਚ 46,492 ਬਾਈਕਸ ਵੇਚੀਆਂ ਸਨ।

# ਰਾਜਮੋਹਨ ਗਾਂਧੀ ਦਾ ਪੰਜਾਬ



ਭਾਗ ਦੂਜਾ







ਹਰਪਾਲ ਸਿੰਘ ਪੰਨੂ
94642-51452

ਜਦੋਂ ਮੈਟਕਾਫ ਅੰਗਰੇਜ਼ਾਂ ਵਲੋਂ ਸਤਲੁਜ ਦੀ ਸੰਧੀ ਕਰਨ ਲਾਹੌਰ ਆਇਆ ਤਾਂ ਮਹਾਰਾਜਾ ਰਣਜੀਤ ਸਿੰਘ ਨੇ ਪੁੱਛਿਆ - ਮੈਂ ਇਸ ਤਰ੍ਹਾਂ ਦੀਆਂ ਕਨਸੋਆਂ ਸੁਣੀਆਂ ਹਨ ਕਿ ਅੰਗਰੇਜ਼ਾਂ ਦੀ ਨਿਗਾਹ ਲਾਹੌਰ ਹਥਿਆਉਣ ਦੀ ਹੈ। ਮੈਟਕਾਫ ਨੇ ਜਵਾਬ ਦਿੱਤਾ - ਮੈਂ ਹੋਰ ਸੁਣਿਆ ਹੈ, ਕਿ ਤੁਹਾਡੀ ਨਿਗਾਹ ਦਿੱਲੀ ਹਥਿਆਉਣ ਦੀ ਹੈ। ਸਤਲੁਜ ਦੀ ਸਰਹੱਦ ਮਿਥ ਲਈ ਤਾਂ ਮਹਾਰਾਜੇ ਨੇ ਦਿੱਲੀ ਵਲ ਨਹੀਂ ਤੇ ਅੰਗਰੇਜ਼ਾਂ ਨੇ ਪੰਜਾਬ ਵਲ ਨਹੀਂ ਦੇਖਿਆ, ਰਣਜੀਤ ਸਿੰਘ ਪੱਛਮ ਵੱਲ ਵਧਣ ਲੱਗਾ।

1834 ਵਿਚ ਫਰਾਂਸ ਦੇ ਜਰਨੈਲ ਐਲਾਰਡ ਨੇ ਮਹਾਰਾਜੇ ਪਾਸੋਂ ਆਗਿਆ ਲਈ ਕਿ ਮੈਨੂੰ ਦੇਸ ਜਾਣ ਦਿਉ, ਮੈਂ ਆਪਣੇ ਬੱਚੇ ਈਸਾਈ ਮਾਹੌਲ ਵਿਚ ਪੜ੍ਹਾਉਣੇ ਹਨ। ਮਹਾਰਾਜੇ ਨੇ ਆਗਿਆ ਦਿੰਦਿਆਂ ਕਿਹਾ- ਹਰੇਕ ਨੂੰ ਹੱਕ ਹੈ ਕਿ ਆਪਣੇ ਧਰਮ ਨੂੰ ਪਿਆਰ ਕਰੇ। ਮਹਾਰਾਜੇ ਦਾ ਵਾਕ ਫਰਾਂਸ ਦੇ ਅਖ਼ਬਾਰਾਂ ਵਿਚ ਛਪਿਆ।

ਲਾਰਡ ਆਕਲੈਂਡ ਮਹਾਰਾਜੇ ਨੂੰ ਮਿਲਣ ਫਿਰੋਜ਼ਪੁਰ ਆਇਆ, ਆਪਣੀ ਭੈਣ ਐਮਿਲੀ ਈਡਨ ਨੂੰ ਵੀ ਲੈ ਆਇਆ। ਐਮਿਲੀ ਲਿਖਦੀ ਹੈ - ਮਹਾਰਾਜੇ ਨੇ ਮੈਨੂੰ ਕਿਹਾ - ਪਤਾ ਲੱਗਾ ਹੈ ਕਿ ਕਿਤਾਬਾਂ ਵਿਚ ਸ਼ਰਾਬ ਪੀਣ ਵਿਰੁੱਧ ਗੱਲਾਂ ਲਿਖੀਆਂ ਹੋਈਆਂ ਹਨ। ਚੰਗੀ ਮੈਨੂੰ ਕਿਤਾਬ ਪੜ੍ਹਨੀ ਨਹੀਂ ਆਉਂਦੀ।

ਪੰਜਾਬ ਜਦੋਂ ਅੰਗਰੇਜ਼ਾਂ ਦੇ ਕਬਜ਼ੇ ਵਿਚ ਆ ਗਿਆ ਤਾਂ ਰੈਜ਼ੀਡੈਂਟ ਜਾਨ ਲਾਰੰਸ ਨੂੰ ਪਤਾ ਲੱਗਾ ਕਿ ਬੇਦੀਆਂ ਵਿਚ ਕੁੜੀ ਜੰਮਦਿਆਂ ਮਾਰਨ ਦਾ ਰਿਵਾਜ ਹੈ। ਉਸਨੇ ਇਸ ਰਸਮ ਨੂੰ ਬੰਦ ਕਰਨ ਲਈ ਫੁਰਮਾਨ ਜਾਰੀ ਕੀਤਾ। ਰਸੂਖ ਵਾਲੇ ਬੇਦੀ ਲਾਰੰਸ ਨੂੰ ਮਿਲੇ ਤੇ ਕਿਹਾ - ਬੇਦੀਆਂ ਦੀ ਕੁਲ ਪਵਿੱਤਰ ਹੈ, ਇਹ ਆਪਣੀ ਕੁੜੀਆਂ ਬੇਦੀਆਂ ਦੇ ਘਰ ਤਾਂ ਵਿਆਹ ਨਹੀਂ ਸਕਦੇ, ਗੁਰੂ ਨਾਨਕ ਦੇ ਖ਼ਾਨਦਾਨ ਵਿੱਚੋਂ ਹੋਰ ਜਾਤਾਂ ਵਿਚ ਧੀਆਂ ਕਿਵੇਂ ਵਿਆਹੀਏ? ਚਾਰ ਸੌ ਸਾਲਾਂ ਤੋਂ ਇਹ ਰਸਮ ਚਲੀ ਆ ਰਹੀ ਹੈ। ਸਾਡੇ ਧਰਮ ਵਿਚ ਦਖ਼ਲ ਨਾ ਦਿਉ। ਲਾਰੰਸ ਨੇ ਕਿਹਾ - ਮੈਂ ਤੁਹਾਡੇ ਧਰਮ ਗ੍ਰੰਥ ਦੇ ਅਰਥ ਸੁਣੇ ਹਨ। ਗੁਰੂ ਨਾਨਕ ਦੇਵ ਜੀ ਕੁੜੀ ਮਾਰਨ ਦੇ ਖ਼ਿਲਾਫ ਸਨ। ਜੇ ਮੈਨੂੰ ਪਤਾ ਲੱਗ ਗਿਆ ਕਿ ਕਿਸੇ ਬੇਦੀ ਨੇ ਧੀ ਮਾਰੀ ਹੈ, ਮੈਂ ਚੁਰਾਹੇ ਵਿਚ ਦੋਸ਼ੀਆਂ ਨੂੰ ਫਾਂਸੀ ਚਾੜ੍ਹ ਦਿਆਂਗਾ। ਜਦੋਂ ਹਾਰੀਆਂ ਹੋਈਆਂ ਸਿੱਖ ਫੌਜਾਂ ਪਾਸੋਂ ਇਕ ਲੱਖ ਵੀਹ ਹਜ਼ਾਰ ਹਥਿਆਰ ਕਾਬੂ ਕੀਤੇ ਤਾਂ ਇਨ੍ਹਾਂ ਕੋਲੋਂ ਪੋਰਸ-ਸਿਕੰਦਰ ਵੇਲੇ ਦੇ ਤੀਰ ਕਮਾਨ ਵੀ ਮਿਲੇ।

ਡੀਸੀ ਨਿਕਲਸਨ ਨੂੰ ਵਜ਼ੀਰਾਬਾਦ ਦਾ ਇਕ ਮੁੰਡਾ ਮਿਲਾਇਆ ਗਿਆ ਜਿਹੜਾ ਜ਼ਹਿਰ ਦੇ ਕੇ ਮਾਰਨ ਵਿਚ ਉਸਤਾਦ ਸੀ। ਡੀਸੀ ਨੇ ਬੱਚੇ ਨੂੰ ਪੁੱਛਿਆ - ਤੈਨੂੰ ਬੰਦਾ ਮਾਰਨਾ ਚੰਗਾ ਲਗਦੈ? ਬਚੇ ਨੇ ਕਿਹਾ - ਚਾਕੂ ਜਾਂ ਤਲਵਾਰ ਨਾਲ ਮਾਰਨਾ ਠੀਕ ਨਹੀਂ ਲਗਦਾ।

ਲਾਰੰਸ ਨੇ ਲਿਖਿਆ - ਸਿੱਖਾਂ ਵਾਂਗ ਪਠਾਣ ਵੀ ਬਹਾਦਰ ਹਨ ਪਰ ਇਨ੍ਹਾਂ ਦਾ ਸਟੈਮਿਨਾ ਸਿੱਖਾਂ ਜਿੰਨਾ ਲੰਮਾ ਨਹੀਂ ਤੇ ਸਿੱਖਾਂ ਵਾਂਗ ਇਹ ਅਨੁਸ਼ਾਸਨ ਵਿਚ ਨਹੀਂ ਰਹਿੰਦੇ। ਮਾੜੇ ਮੋਟੇ ਲਾਲਚ ਵਿਚ ਆਕੇ ਪਠਾਣ ਧੋਖਾ ਦੇ ਸਕਦੈ।

1857 ਦੇ ਗਦਰ ਵਕਤ 55ਵੀਂ ਬਟਾਲੀਅਨ ਦੇ 120 ਜੁਆਨਾਂ ਨੇ ਬਗਾਵਤ ਕਰ ਦਿੱਤੀ ਤੇ ਫੜੇ ਗਏ। ਨਿਕਲਸਨ ਨੇ ਲਾਰੰਸ ਨੂੰ ਸਲਾਹ ਦਿੱਤੀ ਕਿ 12 ਤੋਪਾਂ ਬੀੜ ਕੇ, ਬੈਰਲਾਂ ਅਸਮਾਨ ਵੱਲ ਕਰਕੇ, ਇਕ ਇਕ ਤੋਪ ਦੇ ਮੂੰਹ ਉੱਪਰ ਪੰਜ ਪੰਜ ਗੱਦਾਰਾਂ ਨੂੰ ਬੰਨ੍ਹ ਕੇ ਇੱਕੋ ਵਾਰ ਘੋੜੇ ਨੱਪਣੇ ਹਨ। ਦੋ ਗੇੜਾਂ ਵਿਚ ਸਾਰੇ ਬਾਗੀਆਂ ਦੀਆਂ ਲਾਸ਼ਾਂ ਅਸਮਾਨ ਵਿਚ ਉੱਡਦੀਆਂ ਦੇਖ ਕੇ ਬਾਕੀਆਂ ਦੀ ਅਕਲ ਟਿਕਾਣੇ ਆ ਜਾਵੇਗੀ। ਲਾਰੰਸ ਨੇ ਕਿਹਾ - ਨਹੀਂ, ਤੈਨੂੰ ਪਤਾ ਨਹੀਂ, ਇਸ ਤਮਾਸ਼ੇ ਕਾਰਨ ਪੰਜਾਬੀਆਂ ਵਿਚ ਗੁੱਸਾ ਫੈਲ ਸਕਦਾ ਹੈ ਜੋ ਖਤਰਨਾਕ ਹੈ।

ਮਹਾਰਾਣੀ ਵਿਕਟੋਰੀਆ ਕੋਲ ਮਹਾਰਾਜਾ ਦਲੀਪ ਸਿੰਘ ਵਿਰੁੱਧ ਸ਼ਿਕਾਇਤ ਲਾਈ ਗਈ ਕਿ 19 ਸਾਲਾ ਦਲੀਪ ਸਿੰਘ 1857 ਦੇ ਗਦਰ ਖ਼ਿਲਾਫ ਬਿਆਨ ਜਾਰੀ ਨਹੀਂ ਕਰਦਾ। ਮਹਾਰਾਣੀ ਨੇ ਕਿਹਾ - ਪਰਦੇਸ ਵਿਚ ਜਲਾਵਤਨੀ ਭੁਗਤ ਰਿਹਾ ਗੱਦੀਓਂ ਲੱਥਾ ਪੰਜਾਬੀ ਸ਼ਾਹਜ਼ਾਦਾ ਭਾਰਤੀਆਂ ਖਿਲਾਫ ਬਿਆਨ ਦੇਵੇ, ਇਹ ਤੁਸੀਂ ਕਿਵੇਂ ਸੋਚ ਲਿਆ?

ਪੰਜਾਬ ਦੀ ਸਾਰੀ ਫੌਜ ਦਿੱਲੀ ਦਾ ਗਦਰ ਦਬਾਉਣ ਲਈ ਚਲੀ ਗਈ, ਕੇਵਲ ਇਕ ਹਜ਼ਾਰ ਸਿਪਾਹੀ ਪਿੱਛੇ ਰਹੇ ਕਿਉਂਕਿ ਬਿਮਾਰ ਸਨ। ਪੰਜਾਬੀਆਂ ਦੀ ਲੀਡਰਸ਼ਿਪ ਹੀ ਨਹੀਂ ਰਹੀ ਸੀ, ਸੋ ਪੰਜਾਬ ਸ਼ਾਂਤ ਰਿਹਾ।

ਗਦਰ ਦਬਾਉਣ ਬਾਦ ਅੰਗਰੇਜ਼ਾਂ ਨੇ ਜਾਤ/ਕਬੀਲੇ ਤੇ ਆਧਾਰਤ ਫੌਜੀ ਰਜਮੈਂਟਾਂ ਖੜ੍ਹੀਆਂ ਕੀਤੀਆਂ, ਸਿੱਖ ਰਜਮੈਂਟ, ਜਾਟ ਰਜਮੈਂਟ, ਰੋਹੇਲਾ ਰਜਮੈਂਟ, ਪਠਾਣ ਰਜਮੈਂਟ ਆਦਿਕ ਤਾਂ ਕਿ ਇਕ ਬਗ਼ਾਵਤ ਕਰ ਦੇਵੇ ਤਾਂ ਦੂਜੀ ਰਜਮੈਂਟ ਉਸਨੂੰ ਭੁੰਨਣ ਵਾਸਤੇ ਤਿਆਰ ਰਹੇ।

ਅੰਗਰੇਜ਼ਾਂ ਨੇ ਸਮਝ ਲਿਆ ਕਿ ਪੰਜਾਬੀ ਲੜਾਕੂ ਸੁਭਾਅ ਦਾ ਹੈ, ਜੇ ਇਸ ਨੂੰ ਆਪਣੀ ਫੌਜ ਵਿਚ ਭਰਤੀ ਕਰਕੇ ਲੜਾਈਏ ਤਾਂ ਠੀਕ, ਨਹੀਂ ਤਾਂ ਇਹ ਸਾਡੇ ਖਿਲਾਫ ਹਥਿਆਰ ਚੁੱਕੇਗਾ। ਸਨ 1900 ਤੱਕ ਸਾਰੇ ਭਾਰਤ ਵਿਚਲੀ ਅੱਧੀ ਫੌਜ ਪੰਜਾਬੀਆਂ ਦੀ ਸੀ। ਸਾਲ 1881 ਤੋਂ 1921 ਤੱਥ ਪੰਜਾਬੀ ਮੁਸਲਮਾਨਾਂ ਦੀ ਵਸੋਂ 47% ਤੋਂ ਵਧ ਕੇ 51%, ਹਿੰਦੂ ਗਿਣਤੀ ਘਟ ਕੇ 43% ਤੋਂ 35% ਤੇ ਸਿੱਖ ਗਿਣਤੀ 8% ਤੋਂ ਵਧ ਕੇ 12.4% ਹੋ ਗਈ। ਪੰਜਾਬੀਆਂ ਨੂੰ ਵਫ਼ਾਦਾਰ ਰੱਖਣ ਲਈ ਅੰਗਰੇਜ਼ਾਂ ਨੇ ਨਹਿਰਾਂ ਖੋਦ ਕੇ ਮੁਰੱਬੇ ਵੰਡੇ ਤਾਂ ਬਾਬਾ ਖੇਮ ਸਿੰਘ ਬੇਦੀ ਕੋਲ 8 ਹਜ਼ਾਰ ਏਕੜ ਜ਼ਮੀਨ ਹੋ ਗਈ। ਉਮਰ ਹਯਾਤਖਾਨ ਟਿਵਾਣਾ ਕਦੀ ਰਣਜੀਤ ਸਿੰਘ ਦਾ ਵਫ਼ਾਦਾਰ ਰਿਹਾ ਸੀ ਪਰ 1857 ਦੇ ਗਦਰ ਵਿਚ ਉਸਨੇ ਅੰਗਰੇਜ਼ਾਂ ਦੀ ਖ਼ੁਸ਼ੀ ਹਾਸਲ ਕਰਨ ਲਈ ਸੈਨਿਕ ਦਿੱਤੇ ਤੇ ਜਗੀਰਾਂ ਪ੍ਰਾਪਤ ਕੀਤੀਆਂ। ਇਨ੍ਹਾਂ ਟਿਵਾਣਿਆਂ ਨੇ ਪੰਜਾਬ ਵਿਚ ਰਾਜ ਕੀਤਾ। ਇਹ ਮੁਸਲਿਮ ਲੀਗ ਨਾਲ ਨਹੀਂ, ਸਰ ਛੋਟੂ ਰਾਮ ਦੀ ਯੂਨੀਅਨਿਸਟ ਪਾਰਟੀ ਵਿਚ ਸ਼ਾਮਲ ਸਨ।

ਮੰਦਾ ਆਇਆ, ਸੋਕੇ ਦੇਖੇ, ਕਾਲ ਪਏ, ਕਿਸਾਨ ਆੜ੍ਹਤੀਆਂ ਦੇ ਕਰਜ਼ਈ ਹੋ ਗਏ, ਵਿਆਜ ਵਿਚ ਜ਼ਮੀਨਾਂ ਵਿਕਣ ਲੱਗੀਆਂ। ਦੁਖੀ ਕਿਸਾਨ ਆੜ੍ਹਤੀਆਂ ਨੂੰ ਕਤਲ ਕਰਨ ਤੇ ਵਹੀਆਂ ਨੂੰ ਅੱਗਾਂ ਲਾਉਣ ਲੱਗੇ ਤਦ ਛੋਟੂ ਰਾਮ ਦੇ ਉੱਦਮ ਸਦਕਾ ਬਿੱਲ ਪਾਸ ਹੋਇਆ ਕਿ ਆੜ੍ਹਤੀਆ ਕਰਜ਼ੇ ਦੀ ਅਦਾਇਗੀ ਵਾਸਤੇ ਕਿਸਾਨ ਦੀ ਜ਼ਮੀਨ, ਘਰ ਅਤੇ ਬਲਦਾਂ ਦੀ ਜੋੜੀ ਨਹੀਂ ਖਰੀਦ ਸਕਦਾ। ਇਹ ਬਹੁਤ ਵੱਡੀ ਰਾਹਤ ਮੰਨੀ ਗਈ ਸੀ।

ਗਾਂਧੀ ਜੀ ਨੇ ਦੇਸਵਾਸੀਆਂ ਅੱਗੇ ਅਪੀਲ ਕੀਤੀ ਕਿ 6 ਅਪ੍ਰੈਲ 1919 ਨੂੰ ਰੋਲਟ ਐਕਟ ਵਿਰੁੱਧ ਸ਼ਾਂਤਮਈ ਰੋਸ ਪ੍ਰਗਟ ਕੀਤਾ ਜਾਵੇ, ਪ੍ਰਾਰਥਨਾ ਕਰੋ, ਰੱਖ ਸਕੋ ਤਾਂ ਵਰਤ ਰੱਖੋ। ਪੰਜਾਬੀਆਂ ਨੂੰ ਸ਼ਾਂਤਮਈ ਰੋਸ ਦਾ ਕੀ ਪਤਾ? ਪੰਜਾਬ ਵਿਚ ਹਿੰਸਾ ਭੜਕ ਪਈ, ਅੱਗਜ਼ਨੀ ਹੋਈ ਛੇ ਅਪ੍ਰੈਲ ਨੂੰ ਬੈਂਕ ਲੁੱਟੇ ਗਏ, ਡਾਕਖਾਨੇ, ਰੇਲਵੇ ਸਟੇਸ਼ਨ ਸਾੜ ਦਿੱਤੇ, ਪੁਲਸੀਆਂ ਵੱਲ ਗੋਲੀਆਂ ਚਲਾ ਦਿੱਤੀਆਂ। ਪੰਜ ਗੋਰੇ ਅਫਸਰ ਕਤਲ ਕੀਤੇ।ਸ਼ੇਰਵੁੱਡ ਨਾਮ ਦੀ ਗੋਰੀ ਆਪਣਾ ਸਕੂਲ ਬੰਦ ਕਰਕੇ ਆ ਰਹੀ ਸੀ, ਘੇਰ ਕੇ ਬਦਸਲੂਕੀ ਕੀਤੀ। ਮਹਾਤਮਾ ਗਾਂਧੀ ਨੇ ਪਛਤਾਵਾ ਕਰਦਿਆਂ ਕਿਹਾ - ਮੈਥੋਂ ਹਿਮਾਲਾ ਜਿੱਡੀ ਗਲਤੀ ਹੋਈ। ਜਿਨ੍ਹਾਂ ਨੂੰ ਅੰਦੋਲਨ ਦੀ ਸਿੱਖਿਆ ਨਹੀਂ ਮਿਲੀ, ਮੈਂ ਉਨ੍ਹਾਂ ਤੋਂ ਕੀ ਆਸ ਕਰ ਬੈਠਾ! ਓਡਵਾਇਰ ਪੰਜਾਬ ਦਾ ਗਵਰਨਰ ਸੀ। ਉਸਨੇ ਕਿਹਾ - ''ਇਨ੍ਹਾਂ ਜਾਹਲ ਲੋਕਾਂ ਨੂੰ ਮੈਂ ਅਜਿਹਾ ਸਬਕ ਸਿਖਾਵਾਂਗਾ ਕਿ ਭੁੱਲਣਗੇ ਨਹੀਂ।'' 13 ਅਪ੍ਰੈਲ ਵਿਸਾਖੀ 1919 ਨੂੰ ਜਲ੍ਹਿਆਂਵਾਲੇ ਬਾਗ ਵਿਚ ਪੰਜਾਬੀਆਂ ਨੂੰ ਆਖਰ ਸਬਕ ਸਿਖਾ ਦਿੱਤਾ।

> 1925 ਵਿਚ ਰਾਸ਼ਟਰੀ ਸਵੈ ਸੇਵਕ ਸੰਘ ਸਥਾਪਤ ਕੀਤਾ ਗਿਆ ਜਿਸਦਾ ਉਦੇਸ਼ ਹਥਿਆਰਬੰਦ ਹੋਣਾ ਸੀ, ਅੰਗਰੇਜ਼ਾਂ ਵਿਰੁੱਧ ਨਹੀਂ, ਮੁਸਲਮਾਨਾਂ ਵਿਰੁੱਧ। ਜਦੋਂ 23 ਮਾਰਚ 1931 ਨੂੰ ਭਗਤ ਸਿੰਘ ਅਤੇ ਸਾਥੀਆਂ ਨੂੰ ਫਾਂਸੀ ਦਿੱਤੀ ਗਈ, ਦੇਸ ਹਿੱਲ ਗਿਆ। ਬੇਸ਼ਕ ਭਗਤ ਸਿੰਘ ਪੰਜਾਬੀਆਂ ਦਾ ਹੀਰੋ ਬਣ ਗਿਆ ਪਰ ਉਸਦੀ ਨੌਜਵਾਨ ਭਾਰਤ ਸਭਾ ਨੂੰ ਹੁੰਗਾਰਾ ਨਹੀਂ ਮਿਲਿਆ। ਭਗਤ ਸਿੰਘ ਪਿੱਛੋਂ ਜਾ ਕੇ ਹਿੰਸਾ ਦੇ ਵਿਰੁੱਧ ਹੋ ਗਿਆ ਤੇ ਕਿਹਾ ਕਿ ਬੰਬ ਸੁੱਟਣ ਦੀ ਘਟਨਾ ਨਾ ਕੇਵਲ ਫਜ਼ੂਲ ਸੀ, ਸਗੋਂ ਨੁਕਸਾਨਦਾਇਕ ਵੀ ਸੀ।

9 ਅਪ੍ਰੈਲ ਨੂੰ ਮਹਾਤਮਾ ਗਾਂਧੀ ਅਤੇ ਸੈਫੁੱਦੀਨ ਕਿਚਲੂ ਨੇ ਸ਼ਾਂਤੀ ਦੀ ਅਪੀਲ ਕਰਨ ਲਈ ਪੰਜਾਬ ਆਉਣਾ ਸੀ। ਦੋਹਾਂ ਨੂੰ ਗ੍ਰਿਫਤਾਰ ਕਰਕੇ ਮਾਲ ਗੱਡੀ ਵਿਚ ਬਿਠਾ ਕੇ ਵਾਪਸ ਭੇਜ ਦਿੱਤੇ। ਉੱਧਰ ਓਡਵਾਇਰ ਨੇ ਫੌਜਾਂ ਨੂੰ ਕਿਹਾ - ਜਦੋਂ ਹੁਕਮ ਮਿਲੇ ਕਿ ਗੋਲੀ ਚਲਾਉ, ਹਵਾਈ ਫਾਇਰ ਨਹੀਂ ਕਰਨਾ।

ਡਾਇਰ ਪੁਲਸ ਅਫਸਰ ਸੀ। ਜਲ੍ਹਿਆਂਵਾਲੇ ਕਾਂਡ ਬਾਰੇ ਲਿਖਿਆ, ''ਅੰਮ੍ਰਿਤਸਰ ਸ਼ਹਿਰ ਸ਼ਾਂਤ ਕਰ ਦਿੱਤਾ, ਪਰਿੰਦਾ ਖੰਭ ਨਹੀਂ ਪਟਕਦਾ ਸੀ। ਕੁੱਤੇ ਤੇ ਗਿਰਝਾਂ ਲਾਸ਼ਾਂ ਢੂੰਡਦੇ ਰਹੇ।

13 ਅਪ੍ਰੈਲ ਅਹਿਮਦਾਬਾਦ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਗਾਂਧੀ ਨੇ ਪੰਜਾਬ ਵਿਚਲੀ ਹਿੰਸਾ ਦਾ ਜ਼ਿਕਰ ਕਰਦਿਆਂ ਕਿਹਾ, ''ਜੇ ਗੋਰਿਆਂ ਦੇ ਕਤਲਾਂ ਨਾਲ ਸਵਰਾਜ ਮਿਲਣਾ ਹੈ, ਮੈਨੂੰ ਅਜਿਹੇ ਸਵਰਾਜ ਦੀ ਕੋਈ ਜਰੂਰਤ ਨਹੀਂ।'' ਜਦੋਂ ਗਾਂਧੀ ਨੂੰ ਜਲ੍ਹਿਆਂਵਾਲਾ ਬਾਗ ਕਾਂਡ ਦੀ ਨਿਖੇਧੀ ਕਰਨ ਲਈ ਕਿਹਾ ਤਾਂ ਉਸਨੇ ਜ਼ਿਦ ਕੀਤੀ ਕਿ ਉਹ ਪੰਜਾਬੀਆਂ ਵਲੋਂ ਗੋਰਿਆਂ ਦੀ ਹੱਤਿਆਂ ਦੀ ਨਿਖੇਧੀ ਵੀ ਕਰੇਗਾ। ਉਸ ਨੂੰ ਅਜਿਹਾ ਕਰਨ ਤੋਂ ਹਟਣ ਲਈ ਮਨਾਇਆ ਗਿਆ, ਤਾਂ ਵੀ ਇਹ ਪੰਕਤੀ ਉਸਨੇ ਲਿਖ ਹੀ ਦਿੱਤੀ, ''ਜੇ ਸਰਕਾਰ ਪਾਗਲ ਹੋ ਜਾਏ, ਅਸੀਂ ਪਾਗਲ ਨਹੀਂ ਹੋਵਾਂਗੇ। ਪਾਗਲਪਣ ਦਾ ਜਵਾਬ ਜੇ ਸਿਆਣਪ ਅਤੇ ਸ਼ਾਂਤੀ ਨਾਲ ਦਿਆਂਗੇ ਤਾਂ ਜਿੱਤ ਸਾਡੀ ਹੋਵੇਗੀ।''

ਅੰਗਰੇਜ਼ਾਂ ਨੇ ਤੁਰਕੀ ਵਿਰੁੱਧ ਜੰਗ ਛੇੜ ਦਿੱਤਾ ਤਾਂ ਦੁਨੀਆਂ ਭਰ ਦੇ ਮੁਸਲਮਾਨ ਬੇਚੈਨ ਹੋ ਗਏ। ਮੱਕਾ, ਮਦੀਨਾ, ਕਰਬਲਾ, ਨਜਫ, ਜੇਰੂਸਲਮ ਸਭ ਅੰਗਰੇਜ਼ਾਂ ਦੇ ਕਬਜ਼ੇ ਵਿਚ: ਮੁਸਲਿਮ ਲੀਗ ਦੇ ਲੀਡਰ ਸ਼ੌਕਤ ਅਲੀ ਨੇ ਅੰਮ੍ਰਿਤਸਰ ਵਿਚ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਕਿਹਾ - ਜਦੋਂ ਹਿੰਦੂ, ਤੁਰਕੀ ਦੇ ਮਸਲੇ ਵਿਚ ਮੁਸਲਮਾਨਾਂ ਦਾ ਸਮਰਥਨ ਕਰ ਰਹੇ ਹਨ ਤਾਂ ਕੀ ਮੁਸਲਮਾਨਾਂ ਨੂੰ ਨਹੀਂ ਚਾਹੀਦਾ ਉਹ ਗਊ ਹੱਤਿਆ ਨਾ ਕਰਨ? ਮੁਸਲਮਾਨਾਂ ਨੇ ਈਦ ਦਿਹਾੜੇ ਗਊ ਹੱਤਿਆ ਨਹੀਂ ਕੀਤੀ।

ਗੋਰਖਪੁਰ ਨੇੜੇ ਚੌਰੀ ਚੌਰਾ ਵਿਚ 4 ਹਜ਼ਾਰ ਹਿੰਦੂ ਮੁਸਲਮਾਨਾਂ ਦੇ ਹਜੂਮ ਨੇ 22 ਸਿਪਾਹੀਆਂ ਦੇ ਵੱਢ ਵੱਢ ਕੇ ਟੋਟੇ ਕਰ ਦਿੱਤੇ। ਗਾਂਧੀ ਨੇ ਆਪਣਾ ਅੰਦੋਲਨ ਵਾਪਸ ਲੈ ਲਿਆ, ਵਾਰਦਾਤ ਦੀ ਨਿਖੇਧੀ ਕੀਤੀ। ਗਾਂਧੀ ਦੀ ਭਰਪੂਰ ਅਲੋਚਨਾ ਹੋਈ, ਲਾਜਪਤ ਰਾਇ ਨੇ ਜੇਲ੍ਹ ਵਿੱਚੋਂ 70 ਪੰਨਿਆ ਦਾ ਗੁਸੈਲਾ ਖਤ ਲਿਖਿਆ, ਕੋਈ ਅਸਰ ਨਹੀਂ। ਦੇਸ ਵਿਰੁੱਧ ਬਗਾਵਤ ਕਰਨ ਦਾ ਦੋਸ਼ ਲਾਕੇ ਗਾਂਧੀ ਨੂੰ 6 ਸਾਲ ਦੀ ਸਜ਼ਾ ਕਰ ਦਿੱਤੀ। ਲਾਲਾ ਲਾਜਪਤ ਰਾਇ ਪਹਿਲਾ ਕਾਂਗਰਸੀਆਂ ਸੀ ਜਿਸਨੇ ਬੰਗਾਲ ਅਤੇ ਪੰਜਾਬ ਦੀ ਵੰਡ ਦਾ ਮਤਾ ਰੱਖਿਆ ਤੇ ਪਾਸ ਕਰਵਾਇਆ ਕਿਉਂਕਿ ਜੇ ਮੁਸਲਮਾਨਾਂ ਦੀ ਬਹੁਗਿਣਤੀ ਵਾਲੇ ਰਾਜ ਵਿਚ ਰਹਿਣਾ ਪੈ ਗਿਆ, ਉਸ ਨਾਲੋਂ ਤਾਂ ਚੰਗਾ ਹੈ ਅੰਗਰੇਜ਼ ਹੀ ਰਾਜ ਕਰਨ।

1925 ਵਿਚ ਰਾਸ਼ਟਰੀ ਸਵੈ ਸੇਵਕ ਸੰਘ ਸਥਾਪਤ ਕੀਤਾ ਗਿਆ ਜਿਸਦਾ ਉਦੇਸ਼ ਹਥਿਆਰਬੰਦ ਹੋਣਾ ਸੀ, ਅੰਗਰੇਜ਼ਾਂ ਵਿਰੁੱਧ ਨਹੀਂ, ਮੁਸਲਮਾਨਾਂ ਵਿਰੁੱਧ। ਜਦੋਂ 23 ਮਾਰਚ 1931 ਨੂੰ ਭਗਤ ਸਿੰਘ ਅਤੇ ਸਾਥੀਆਂ ਨੂੰ ਫਾਂਸੀ ਦਿੱਤੀ ਗਈ, ਦੇਸ ਹਿੱਲ ਗਿਆ। ਬੇਸ਼ਕ ਭਗਤ ਸਿੰਘ ਪੰਜਾਬੀਆਂ ਦਾ ਹੀਰੋ ਬਣ ਗਿਆ ਪਰ ਉਸਦੀ ਨੌਜਵਾਨ ਭਾਰਤ ਸਭਾ ਨੂੰ ਹੁੰਗਾਰਾ ਨਹੀਂ ਮਿਲਿਆ। ਭਗਤ ਸਿੰਘ ਪਿੱਛੋਂ ਜਾ ਕੇ ਹਿੰਸਾ ਦੇ ਵਿਰੁੱਧ ਹੋ ਗਿਆ ਤੇ ਕਿਹਾ ਕਿ ਬੰਬ ਸੁੱਟਣ ਦੀ ਘਟਨਾ ਨਾ ਕੇਵਲ ਫਜ਼ੂਲ ਸੀ, ਸਗੋਂ ਨੁਕਸਾਨਦਾਇਕ ਵੀ ਸੀ।

ਗੋਰੀ ਸਰਕਾਰ ਨੇ ਕਮਿਊਨਲ ਐਵਾਰਡ ਲਿਆਂਦਾ ਜਿਸ ਅਨੁਸਾਰ ਪੰਜਾਬ ਅਸੈਂਬਲੀ ਵਿਚ ਸਿੱਖਾਂ ਨੂੰ 18% ਸੀਟਾਂ ਦਿੱਤੀਆਂ, ਮੰਗ 30% ਦੀ ਸੀ ਪਰ ਜੋ ਮਿਲਿਆ ਉਹ ਕਾਫੀ ਸੀ ਕਿਉਂਕਿ ਆਬਾਦੀ ਤੋਂ ਵਧੀਕ ਮਿਲ ਗਿਆ। ਡਾ. ਸਤਪਾਲ ਚੁੱਪ ਕਰ ਗਿਆ ਕਿਉਂਕਿ ਮੁਸਲਮਾਨਾਂ ਨੂੰ ਵੀ ਐਵਾਰਡ ਪਸੰਦ ਆਇਆ, ਫਲਸਰੂਪ, ਪੰਜਾਬ, ਕਾਂਗਰਸ ਤੋਂ ਹੋਰ ਦੂਰ ਚਲਾ ਗਿਆ ਕਿਉਂਕਿ ਕਾਂਗਰਸ ਨੇ ਐਵਾਰਡ ਰੱਦ ਕਰ ਦਿੱਤਾ।

ਡਾ. ਮੁਹੰਮਦ ਇਕਬਾਲ ਕਦੀ ਅੰਗਰੇਜ਼ਾਂ ਦੇ ਖਿਲਾਫ ਨਹੀਂ ਹੋਇਆ। ਉਸ ਉੱਤੇ ਬੜਾ ਦਬਾਉ ਪਿਆ ਕਿ ਸਰ ਦਾ ਖਿਤਾਬ ਵਾਪਸ ਕਰੋ, ਉਸਨੇ ਨਹੀਂ ਕੀਤਾ। ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਵਿਚ ਅੰਗਰੇਜ਼ਾਂ ਦਾ ਜ਼ੋਰ ਸੀ। ਉਸਦੇ ਮੁਕਾਬਲੇ ਅੰਗਰੇਜ਼ਾਂ ਵਿਰੁੱਧ ਮੁਸਲਿਮ ਯੂਥ ਨੇ ਜਾਮੀਆ ਮਿਲੀਆ ਇਸਲਾਮੀਆਂ ਯੂਨੀਵਰਸਿਟੀ ਖੜ੍ਹੀ ਕਰ ਦਿੱਤੀ। ਗਾਂਧੀ ਨੇ ਇਕਬਾਲ ਨੂੰ ਲਿਖਿਆ - ਜਾਮੀਆ ਮਿਲੀਆ ਤੁਹਾਡਾ ਇੰਤਜ਼ਾਰ ਕਰ ਰਹੀ ਹੈ, ਆਓ, ਇਸਦੇ ਪਹਿਲੇ ਰੈਕਟਰ ਵਜੋਂ ਜ਼ਿਮੇਵਾਰੀ ਸੰਭਾਲੋ। ਇਕਬਾਲ ਨੇ ਇਨਕਾਰ ਕਰ ਦਿੱਤਾ। ਇਕਬਾਲ ਦਾ ਫੈਸਲਾ ਅੰਗਰੇਜ਼ਾਂ ਨਾਲ ਮਿਲ ਕੇ ਚੱਲਣ ਦਾ ਸੀ, ਪਾਕਿਸਤਾਨ ਅੰਗਰੇਜ਼ ਦੇਣਗੇ ਨਾ ਕਿ ਕਾਂਗਰਸ, ਜੇ ਪਾਕਿਸਤਾਨ ਚਾਹੀਦੈ ਤਾਂ ਅੰਗਰੇਜ਼ਾਂ ਦੇ ਇੱਥੇ ਰਹਿਣ ਜਾਂ ਚਲੇ ਜਾਣ ਨਾਲ ਫਰਕ ਨਹੀਂ ਪੈਂਦਾ, ਪਾਕਿਸਤਾਨ, ਕੇਵਲ ਪਾਕਿਸਤਾਨ। 175 ਮੈਂਬਰੀ ਪੰਜਾਬ ਵਿਧਾਨ ਸਭਾ ਦੀ ਚੋਣ ਵਿਚ ਮੁਸਲਮਾਨਾਂ ਨੂੰ 48%,ਹਿੰਦੂਆਂ ਨੂੰ 24% ਅਤੇ ਸਿਖਾਂ ਨੂੰ 18% ਸੀਟਾਂ ਮਿਲੀਆਂ। 1937 ਦੀ ਚੋਣ ਵਿਚ ਯੂਨੀਅਨਿਸਟ ਪਾਰਟੀ 95 ਸੀਟਾਂ ਨਾਲ ਜਿੱਤੀ, ਮੁਸਲਿਮ ਲੀਗ ਨੂੰ ਕੇਵਲ ਦੋ ਸੀਟਾਂ ਤੇ ਜਿੱਤ ਨਸੀਬ ਹੋਈ ਤੇ ਕਾਂਗਰਸ ਨੂੰ 28 ਸੀਟਾਂ ਮਿਲੀਆਂ। ਬਾਕੀ ਆਜ਼ਾਦ ਉਮੀਦਵਾਰ ਜਿੱਤੇ।

ਜਿਨਾਹ ਦੀ ਚੜ੍ਹਤ ਦੇਖ ਕੇ ਪੰਡਿਤ ਨਹਿਰੂ ਨੇ ਬਿਆਨ ਦਿੱਤਾ - ਜਿਨਾਹ ਫਿਰਕਾ ਪ੍ਰਸਤੀ ਨੂੰ ਹਵਾ ਦੇ ਰਿਹੈ। ਮੁਸਲਿਮ ਲੀਗ ਸਰਮਾਏਦਾਰਾਂ ਅਤੇ ਜਗੀਰਦਾਰਾਂ ਦੀ ਪਾਰਟੀ ਹੈ, ਆਮ ਮੁਸਲਮਾਨ ਉਸ ਨਾਲ ਨਹੀਂ ਹਨ। ਜਿਨਾਹ ਨੇ ਬਿਆਨ ਦਿੱਤਾ - ਨਹਿਰੂ ਨਿੱਕਾ ਬੱਚਾ ਹੈ ਜਿਸਨੇ ਵੱਡਾ ਹੋਣ ਤੋਂ ਇਨਕਾਰ ਕਰ ਦਿੱਤਾ ਹੈ। ਉਸ ਦੀ ਖੁਰਲੀ ਕਾਂਗਰਸ ਪਾਰਟੀ ਹੈ ਪਰ ਉਸਦੀ ਇੱਧਰ ਉੱਧਰ ਮੂੰਹ ਮਾਰਨ ਦੀ ਆਦਤ ਹੈ। ਨਹਿਰੂ ਦਾ ਬਿਆਨ ਆਇਆ - ਕਾਂਗਰਸ ਵਿਚ ਇਕ ਦੋ ਨਹੀਂ, ਅਣਗਿਣਤ ਮੁਸਲਮਾਲ ਹਨ ਜਿਹੜੇ ਹਜ਼ਾਰਾਂ ਜਿਨਾਹਾਂ ਨੂੰ ਰਸਤਾ ਦਿਖਾਊਣਗੇ।



# ਪੰਜਾਬ ਦੇ ਦੁਖਾਂਤ ਦੀ ਘੁੰਮਣਘੇਰੀ

> ਅੱਜ ਪੰਜਾਬ ਦੇ ਹਰ ਮਸਲੇ ਤੇ ਪ੍ਰਸ਼ਨ ਚਿੰਨ੍ਹ ਖੜੇ ਹੋ ਰਹੇ ਹਨ| ਇਕ ਪਾਸੇ ਸ਼੍ਰੋਮਣੀ ਕਮੇਟੀ ਸਿੱਖ ਸਿਧਾਂਤਾਂ ਲਈ ਆਪਣੇ ਤਰੀਕੇ ਨਾਲ ਵਿਆਖਿਆ ਕਰਦੀ ਹੈ| ਦੂਸਰੇ ਪਾਸੇ ਅੰਮ੍ਰਿਤਪਾਲ ਸਿੰਘ ਲਗਾਤਾਰ ਨੌਜਵਾਨਾਂ ਨੂੰ ਗਰਮਜੋਸ਼ੀ ਵੱਲ ਲੈ ਕੇ ਜਾ ਰਿਹਾ ਹੈ| ਇਸ ਨਾਲ ਵੱਖਰੀ ਕਿਸਮ ਦੇ ਟਕਰਾਓ ਵਾਲੀ ਸਥਿਤੀ ਬਣ ਰਹੀ ਹੈ| ਇਹ ਸਾਰੀਆਂ ਘਟਨਾਵਾਂ ਵਿਚ ਪੰਜਾਬ ਸਰਕਾਰ ਦੇ ਸਵਾਲਾਂ ਵਿੱਚ ਘਿਰਿਆ ਹੈ।ਸ਼ਾਇਦ ਹੀ ਪੰਜਾਬ ਦਾ ਸਮਾਜਕ, ਧਾਰਮਿਕ, ਰਾਜਨੀਤਕ ਜਾਂ ਆਰਥਕ ਮੁੱਦਾ ਐਸਾ ਹੋਵੇ ਜਿਸ ਦੇ ਇੱਕ ਤੋਂ ਵੱਧ ਸ੍ਵੈ ਵਿਰੋਧੀ ਕਿਸਮ ਦੀਆਂ ਰਾਵਾਂ ਨਾ ਦੇਖਣ ਨੂੰ ਮਿਲਦੀਆਂ ਹੋਣ।

ਚਿੰਤਨ



ਡਾ. ਸਤਿਨਾਮ ਸਿੰਘ ਸੰਧੂ
98144-70175

ਪੰਜਾਬ ਦੇ ਮੂਲ ਮਸਲਿਆਂ ਵਿਚੋਂ ਸ਼ਾਇਦ ਹੀ ਕੋਈ ਐਸਾ ਹੋਵੇ; ਜੋ ਅੱਜ ਸਵਾਲਾਂ ਦੇ ਘੇਰੇ ਵਿੱਚ ਨਾ ਆਇਆ ਹੋਵੇ| ਅਪਰੇਸ਼ਨ ਬਲਿਊ ਸਟਾਰ ਕਰਨਾ ਜ਼ਰੂਰੀ ਸੀ ਜਾਂ ਕੋਈ ਹੋਰ ਵੀ ਹੱਲ ਹੋ ਸਕਦਾ ਸੀ? ਪੰਜਾਬੀ ਦੇ ਪਾਣੀ ਦੇ ਮਸਲੇ? ਪੰਜਾਬ ਦੇ ਅੱਤਵਾਦ ਦੇ ਦਿਨਾਂ ਵਿੱਚ ਚੜ੍ਹੇ ਕਰਜ਼ੇ ਦਾ ਮਸਲਾ? ਪੰਜਾਬ ਦੀ ਸਿੱਖ ਰੈਫਰੈਂਸ ਲਾਇਬ੍ਰੇਰੀ ਦਾ ਮਸਲਾ? ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦਾ ਮਸਲਾ? ਪੰਜਾਬ ਅੰਦਰ ਇੱਕ ਵੀ ਪੂਰਨ ਅੰਤਰਰਾਸ਼ਟਰੀ ਹਵਾਈ ਅੱਡਾ ਨਾ ਹੋਣ ਦਾ ਮਸਲਾ? ਪੰਜਾਬ ਨੂੰ ਕੇਂਦਰ ਵੱਲੋਂ ਕੋਈ ਵੱਡਾ ਪ੍ਰੋਜੈਕਟ ਨਾ ਦੇਣ ਦਾ ਮਸਲਾ? ਅਤੇ ਹੋਰ ਬਹੁਤ ਕੁੱਝ ਲਟਕਿਆ ਪਿਆ ਹੈ। ਪੰਜਾਬ ਦਾ ਸਭ ਤੋਂ ਪ੍ਰਮੁੱਖ ਕਿੱਤਾ ਖੇਤੀਬਾੜੀ ਹੈ। ਖੇਤੀਬਾੜੀ ਨੂੰ ਬਚਾਉਣ ਦਾ ਸੰਘਰਸ਼ ਵੱਡੇ ਪੱਧਰ ਤੇ ਚਲਾਇਆ ਗਿਆ ਸੀ| ਉਸ ਸੰਘਰਸ਼ ਨੇ ਕੇਂਦਰ ਦੀ ਸਰਕਾਰ ਨੂੰ ਸਿੱਧੇ ਰੂਪ ਵਿੱਚ ਪ੍ਰਭਾਵਿਤ ਕੀਤਾ ਸੀ। ਭਾਰਤ ਦਾ ਕਾਰਪੋਰੇਟ ਅਤੇ ਵਿਸ਼ੇਸ਼ ਰੂਪ ਵਿੱਚ ਅਦਾਨੀ ਸਿੱਧੇ ਰੂਪ ਵਿੱਚ ਇਸ ਮੋਰਚੇ ਦੇ ਨਿਸ਼ਾਨੇ ਤੇ ਸੀ| ਅਜਿਹੇ ਮੋਰਚੇ ਲਾਉਣ ਲੱਗਿਆਂ ਬਹੁਤਾ ਸਮਾਂ ਨਹੀਂ ਹੋਇਆ ਹੈ ਇਸ ਦੇ ਸੰਯੁਕਤ ਰੂਪ ਤੋਂ ਵੱਡੇ ਵੱਡੇ ਪ੍ਰਸ਼ਨ ਖੜ੍ਹੇ ਹੋ ਗਏ ਹਨ| ਸੰਘਰਸ਼ ਕਰਨ ਵਾਲੇ ਕਿਸਾਨ ਬਹੁਤ ਛੋਟੇ-ਛੋਟੇ ਹਿੱਸਿਆਂ ਵਿਚ ਵੰਡੇ ਨਜ਼ਰ ਆ ਰਹੇ ਹਨ| ਇਸ ਤਰਾ ਮਹਿਸੂਸ ਹੋ ਰਿਹਾ ਹੈ ਜਿਵੇਂ ਕਿਸਾਨੀ ਅਤੇ ਉਨ੍ਹਾਂ ਦੇ ਨੇਤਾਵਾਂ ਵਿੱਚ ਕਿਧਰੇ ਨਾ ਕਿਧਰੇ ਫ਼ਰਕ ਆ ਗਿਆ ਹੋਵੇ|

ਪੰਜਾਬ ਦੀ ਦੂਸਰੀ ਤਾਕਤ ਇਸ ਦੀ ਭਾਈਚਾਰਕ ਸਾਂਝ ਹੈ। ਪੰਜਾਬ ਦੇ ਹਰ ਮਸਲੇ ਤੇ ਪ੍ਰਸ਼ਨ ਖੜ੍ਹੇ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ| ਪੰਜਾਬ ਦੀ ਇਕ ਵੱਡੀ ਧਿਰ ਇਸ ਗੱਲ ਤੋਂ ਨਰਾਜ਼ ਬੈਠੀ ਹੈ ਕਿ ਲੰਬਾ ਸਮਾਂ ਬੀਤਣ ਦੇ ਬਾਵਜੂਦ ਪੰਜਾਬ ਦੀ ਜਨਤਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਤੇ ਇਨਸਾਫ਼ ਕਿਉਂ ਨਹੀਂ ਮਿਲਦਾ? ਇਸ ਲਈ ਨਿਰੰਤਰ ਤੌਰ ਤੇ ਸੰਘਰਸ਼ ਕੀਤਾ ਜਾ ਰਿਹਾ ਹੈ| ਸੰਘਰਸ਼ ਕਰਨ ਵਾਲੀ ਕਮੇਟੀ ਨੂੰ ਲਗਾਤਾਰ ਇਸ ਗੱਲ ਤੇ ਆਸ ਹੈ ਸਰਕਾਰ ਦੀਆਂ ਦੀਆਂ ਕੋਸ਼ਿਸ਼ਾਂ ਇਕ ਨਾ ਇਕ ਦਿਨ ਉਨ੍ਹਾਂ ਨੂੰ ਇਨਸਾਫ਼ ਦਿਵਾਉਣ ਵਿੱਚ ਜ਼ਰੂਰ ਪੈਦਾ ਕਰਨਗੀਆਂ| ਕਿਤੇ ਇਹ ਮਸਲਾ ਇਤਨਾ ਨਾ ਲਟਕ ਜਾਵੇ ਕਿ ਲੋਕਾਂ ਨੂੰ ਇਨਸਾਫ਼ ਤੋਂ ਉਮੀਦ ਹੀ ਟੁੱਟਦੀ ਨਜ਼ਰ ਆਵੇ|

ਅੱਜ ਇਸ ਮਸਲੇ ਨਾਲ ਸਬੰਧਿਤ ਲੰਬੀ ਚੌੜੀ ਰਿਪੋਰਟ ਕਚਹਿਰੀ ਵਿੱਚ ਦਾਖਲ ਕੀਤੀ ਹੈ| ਇਸ ਦਾਖਲ ਕੀਤੀ ਰਿਪੋਰਟ ਵਿਚ ਇਹ ਮੰਨਿਆ ਜਾਂਦਾ ਹੈ ਕਿ ਪੁਲਿਸ ਅਫ਼ਸਰਾਂ ਦੇ ਨਾਲ-ਨਾਲ ਅਕਾਲੀ ਦਲ ਦੇ ਨੇਤਾਵਾਂ ਦਾ ਨਾਮ ਵੀ ਆਇਆ ਹੈ| ਇਹ ਸ਼ੁਰੂਆਤ ਸਥਾਨਕ ਕਚਹਿਰੀ ਤੋਂ ਕੀਤੀ ਗਈ ਹੈ ਅਤੇ ਇਸ ਦੇ ਉਪਰ ਤੱਕ ਜਾਂਦੇ ਜਾਂਦੇ ਦਹਾਕੇ ਬੀਤ ਜਾਂਦੇ ਹਨ| ਲੋਕ ਇਸ ਆਸ ਅਤੇ ਉਮੀਦ ਨਾਲ ਜੁੜੇ ਰਹਿੰਦੇ ਹਨ ਕਿ ਜੇ ਸ਼ਾਇਦ ਰੌਲ਼ਾ ਪੈ ਰਿਹਾ ਹੈ ਉਸ ਦਾ ਇਕ ਦਿਨ ਸੱਚ ਸਾਹਮਣੇ ਆਵੇਗਾ|

ਅਜਿਹਾ ਕਰਨ ਨਾਲ ਪੰਜਾਬ ਦੀਆਂ ਪਰੰਪਰਾਵਾਦੀ ਪਾਰਟੀ ਦਾ ਸਵਾਲਾਂ ਦੇ ਘੇਰੇ ਵਿੱਚ ਆ ਜਾਂਦੀਆਂ ਹਨ| ਅਕਾਲੀ ਦਲ ਇਸ ਰਿਪੋਰਟ ਵਿਚ ਸਵਾਲਾਂ ਦੇ ਘੇਰੇ ਵਿਚ ਹੈ| ਉਹ ਲਗਾਤਾਰ ਆਪਣੇ ਆਪ ਨੂੰ ਬੇਕਸੂਰ ਦੱਸ ਰਹੇ ਹਨ| ਲੋਕਾਂ ਦੀ ਮੰਗ ਹੈ ਕਿ ਸੱਚ ਸਾਹਮਣੇ ਆਉਣਾ ਚਾਹੀਦਾ ਹੈ| ਅਜਿਹਾ ਨਾ ਹੋਣ ਦੀ ਸੂਰਤ ਵਿੱਚ ਪੰਜਾਬ ਦੇ ਮੂਲ ਆਰਥਿਕ ਮੁੱਦੇ ਪਿੱਛੇ ਰਹਿ ਜਾਂਦੇ ਹਨ ਅਤੇ ਸਾਰੀ ਚਰਚਾ ਇਹਨਾਂ ਮਸਲਿਆਂ ਤੇ ਕੇਂਦਰਿਤ ਹੋ ਜਾਂਦੀ ਹੈ| ਜੇਕਰ ਇਨ੍ਹਾਂ ਮਸਲਿਆਂ ਦਾ ਅਦਾਲਤ ਰਾਹੀਂ ਨਿਪਟਾਰਾ ਹੋ ਜਾਂਦਾ ਹੈ ਤਾਂ ਉਸ ਨਾਲ ਘੱਟੋ ਘੱਟ ਲੋਕ ਅਤੇ ਸਰਕਾਰਾਂ ਤੋਂ ਸਮਾਜਕ, ਆਰਥਕ, ਮਸਲਿਆਂ ਨੂੰ ਵਧੇਰੇ ਸੰਜੀਦਗੀ ਨਾਲ ਵਿਚਾਰ ਅਤੇ ਨਜ਼ਰ ਰੱਖਦੀਆਂ ਹਨ|

ਅੱਜ ਪੰਜਾਬ ਦੇ ਹਰ ਮਸਲੇ ਤੇ ਪ੍ਰਸ਼ਨ ਚਿੰਨ੍ਹ ਖੜੇ ਹੋ ਰਹੇ ਹਨ| ਇਕ ਪਾਸੇ ਸ਼੍ਰੋਮਣੀ ਕਮੇਟੀ ਸਿੱਖ ਸਿਧਾਂਤਾਂ ਲਈ ਆਪਣੇ ਤਰੀਕੇ ਨਾਲ ਵਿਆਖਿਆ ਕਰਦੀ ਹੈ| ਦੂਸਰੇ ਪਾਸੇ ਅੰਮ੍ਰਿਤਪਾਲ ਸਿੰਘ ਲਗਾਤਾਰ ਨੌਜਵਾਨਾਂ ਨੂੰ ਗਰਮਜੋਸ਼ੀ ਵੱਲ ਲੈ ਕੇ ਜਾ ਰਿਹਾ ਹੈ| ਇਸ ਨਾਲ ਵੱਖਰੀ ਕਿਸਮ ਦੇ ਟਕਰਾਓ ਵਾਲੀ ਸਥਿਤੀ ਬਣ ਰਹੀ ਹੈ| ਇਹ ਸਾਰੀਆਂ ਘਟਨਾਵਾਂ ਵਿਚ ਪੰਜਾਬ ਸਰਕਾਰ ਦੇ ਸਵਾਲਾਂ ਵਿੱਚ ਘਿਰਿਆ ਹੈ।ਸ਼ਾਇਦ ਹੀ ਪੰਜਾਬ ਦਾ ਸਮਾਜਕ, ਧਾਰਮਿਕ, ਰਾਜਨੀਤਕ ਜਾਂ ਆਰਥਕ ਮੁੱਦਾ ਐਸਾ ਹੋਵੇ ਜਿਸ ਦੇ ਇੱਕ ਤੋਂ ਵੱਧ ਸ੍ਵੈ ਵਿਰੋਧੀ ਕਿਸਮ ਦੀਆਂ ਰਾਵਾਂ ਨਾ ਦੇਖਣ ਨੂੰ ਮਿਲਦੀਆਂ ਹੋਣ। ਅਜਿਹੀ ਸਥਿਤੀ ਵਿਚ ਆਮ ਵਿਅਕਤੀ ਬਹੁਤ ਉਲਝਣ ਵਿੱਚ ਹਨ ਕਿ ਉਹ ਸੱਚ ਦੀ ਪਹਿਚਾਣ ਕਿਵੇਂ ਕਰਨ। ਕੀ ਪੰਜਾਬ ਦੀ ਸਥਿਤੀ ਦਿਨੋਂ-ਦਿਨ ਵਿਸਫੋਟਕ ਬਣਦੀ ਜਾ ਰਹੀ ਹੈ|

## ਸੰਪਾਦਕੀ

# ਨਿਤੀਸ਼ ਦਾ ਪੈਂਤੜਾ

ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਆਪਣਾ ਪੁਰਾਣਾ ਪੈਂਤੜਾ ਅਪਣਾਉਂਦਿਆਂ ਮਹਾਗੱਠਜੋੜ ਨਾਲੋਂ ਤੋੜ-ਵਿਛੋੜਾ ਕਰ ਕੇ ਕੌਮੀ ਜਮਹੂਰੀ ਮੁਹਾਜ਼ (ਐੱਨਡੀਏ) 'ਚ ਪਰਤ ਗਏ ਹਨ। ਜਨਤਾ ਦਲ (ਯੂਨਾਈਟਡ) (ਜੇਡੀਯੂ) ਦੇ ਮੁਖੀ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਨਾਲ ਰਲ ਕੇ ਸਰਕਾਰ ਬਣਾ ਲਈ ਹੈ। ਇਹ ਉਹੀ ਪਾਰਟੀ ਹੈ ਜਿਸ ਨਾਲੋਂ ਉਨ੍ਹਾਂ ਨੇ ਡੇਢ ਸਾਲ ਪਹਿਲਾਂ ਨਾਤਾ ਤੋੜ ਲਿਆ ਸੀ। ਉਨ੍ਹਾਂ ਦੇ ਮੋੜਾ ਕੱਟਣ ਕਾਰਨ ਰਾਸ਼ਟਰੀ ਜਨਤਾ ਦਲ (ਆਰਜੇਡੀ), ਕਾਂਗਰਸ ਅਤੇ ਖੱਬੇ ਪੱਖੀਆਂ ਦੀ ਸ਼ਮੂਲੀਅਤ ਵਾਲੇ ਮਹਾਂ ਗੱਠਜੋੜ ਨੂੰ ਹੀ ਨਹੀਂ ਸਗੋਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੂੰ ਟੱਕਰ ਦੇਣ ਲਈ ਪਿਛਲੇ ਸਾਲ ਬਣਾਏ ਵਿਰੋਧੀ ਪਾਰਟੀਆਂ ਦੇ ਗੱਠਜੋੜ 'ਇੰਡੀਆ' ਨੂੰ ਵੀ ਝਟਕਾ ਲੱਗਿਆ ਹੈ। ਦਰਅਸਲ, ਨਿਤੀਸ਼ ਕੁਮਾਰ ਖ਼ੁਦ ਨੂੰ ਪ੍ਰਧਾਨ ਮੰਤਰੀ ਦੇ ਅਹੁਦੇ ਲਈ ਇਸ ਮਹਾਗੱਠਜੋੜ ਦੇ ਚਿਹਰੇ ਵਜੋਂ ਪੇਸ਼ ਕਰ ਰਹੇ ਸਨ ਪਰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੂੰ ਪ੍ਰਧਾਨ ਮੰਤਰੀ ਦੇ ਅਹੁਦੇ ਲਈ 'ਇੰਡੀਆ' ਦਾ ਉਮੀਦਵਾਰ ਬਣਾਉਣ ਦੀਆਂ ਤਜਵੀਜ਼ਾਂ ਤੋਂ ਉਹ ਖ਼ਫ਼ਾ ਹੋ ਗਏ।

ਨਿਤੀਸ਼ ਕੁਮਾਰ ਲਈ ਸਾਥੀ ਪਾਰਟੀਆਂ ਬਦਲਣਾ ਕੋਈ ਨਵੀਂ ਗੱਲ ਨਹੀਂ ਪਰ ਇੱਕ ਦਹਾਕੇ ਤੋਂ ਉਹ ਲਗਾਤਾਰ ਵਾਰ ਵਾਰ ਅਜਿਹਾ ਕਰ ਰਹੇ ਹਨ। ਇੱਕ ਵਾਰ ਤਾਂ ਉਨ੍ਹਾਂ ਬਹੁਤ ਜ਼ੋਰ ਦੇ ਕੇ ਕਿਹਾ ਸੀ, ਮਿੱਟੀ ਮੇਂ ਮਿਲ ਜਾਏਂਗੇ ਮਗਰ ਭਾਜਪਾ ਕੇ ਸਾਥ ਨਹੀਂ ਜਾਏਂਗੇ। ਉਂਝ, ਅਜਿਹਾ ਆਖਣ ਦੇ ਬਾਵਜੂਦ ਸਿਆਸਤ ਵਿੱਚ ਟਿਕੇ ਅਤੇ ਵਧਦੇ-ਫੁੱਲਦੇ ਰਹਿਣ ਲਈ ਨਿਰੋਲ ਮੌਕਾਪ੍ਰਸਤੀ ਵਰਤਦਿਆਂ ਉਨ੍ਹਾਂ ਨੇ ਭਾਰਤੀ ਜਨਤਾ ਪਾਰਟੀ ਨਾਲ ਮੁੜ ਸੁਲ੍ਹਾ ਕਰ ਲਈ ਹੈ। ਉਨ੍ਹਾਂ ਦੇ ਇਸ ਫ਼ੈਸਲੇ ਨੂੰ ਆਧਾਰ ਬਣਾ ਕੇ ਕਿਹਾ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਆਮ ਚੋਣਾਂ ਵਿੱਚ ਐੱਨਡੀਏ ਦੇ ਜਿੱਤਣ ਅਤੇ 'ਇੰਡੀਆ' ਦੇ ਹਾਰਨ ਦੀ ਉਮੀਦ ਹੈ। ਇਹ ਕਦਮ 2020 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਰਜੇਡੀ ਅਤੇ ਭਾਜਪਾ ਤੋਂ ਕਾਫ਼ੀ ਪਿੱਛੇ ਰਹਿ ਗਈ ਆਪਣੀ ਪਾਰਟੀ ਨੂੰ ਮੁੜ ਤਾਕਤਵਰ ਬਣਾਉਣ ਲਈ ਉਨ੍ਹਾਂ ਦਾ ਵੱਡਾ ਹੰਭਲਾ ਵੀ ਜਾਪ ਰਿਹਾ ਹੈ।

ਬਿਹਾਰ ਦੀ ਨਵੀਂ ਸਰਕਾਰ ਵਿੱਚ ਹੁਣ ਭਾਵੇਂ ਭਾਜਪਾ ਦੀ ਭੂਮਿਕਾ ਵਧੇਰੇ ਫ਼ੈਸਲਾਕੁਨ ਹੋਵੇਗੀ ਪਰ ਭਾਜਪਾ ਲਈ ਨਿਤੀਸ਼ ਕੁਮਾਰ ਨੂੰ ਐੱਨਡੀਏ 'ਚ ਮੁੜ ਸ਼ਾਮਲ ਕਰਨ ਦੇ ਕਦਮ ਨੂੰ ਵਾਜਿਬ ਠਹਿਰਾਉਣਾ ਸੁਖਾਲਾ ਨਹੀਂ ਹੋਵੇਗਾ। ਸ਼ਾਇਦ ਨਿਤੀਸ਼ ਕੁਮਾਰ ਨੇ ਪ੍ਰਧਾਨ ਮੰਤਰੀ ਬਣਨ ਦੀਆਂ ਆਪਣੀਆਂ ਖਾਹਿਸ਼ਾਂ ਨੂੰ ਫਿਲਹਾਲ ਤਿਆਗ ਦਿੱਤਾ ਹੋਵੇ, ਫਿਰ ਵੀ 'ਇੰਡੀਆ' ਮਹਾਂ ਗੱਠਜੋੜ ਨੂੰ ਇੱਕ ਵਾਰ ਤਾਂ ਤਕੜਾ ਝਟਕਾ ਲੱਗਿਆ ਹੈ। ਪੱਛਮੀ ਬੰਗਾਲ ਅਤੇ ਪੰਜਾਬ ਵਿੱਚ ਸੀਟਾਂ ਦੀ ਵੰਡ ਬਾਰੇ ਮੱਤਭੇਦਾਂ ਨੇ ਇਸ ਗੱਠਜੋੜ ਦੀਆਂ ਕਮਜ਼ੋਰੀਆਂ ਉਘਾੜੀਆਂ ਹਨ। ਮਹਾਗੱਠਜੋੜ ਵਿੱਚੋਂ ਨਿਤੀਸ਼ ਦਾ ਬਾਹਰ ਹੋਣਾ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਜਿਉਂ ਜਿਉਂ ਲੋਕ ਸਭਾ ਚੋਣਾਂ ਨੇੜੇ ਆਉਣਗੀਆਂ, ਵਿਰੋਧੀ ਪਾਰਟੀਆਂ ਦੇ ਹੋਰ ਆਗੂ ਵੀ ਇਸ ਤੋਂ ਲਾਂਭੇ ਜਾ ਸਕਦੇ ਹਨ। ਇਸ ਸੂਰਤ ਵਿਚ ਭਾਰਤੀ ਜਨਤਾ ਪਾਰਟੀ ਦੀ ਜੇਤੂ ਮੁਹਿੰਮ ਨੂੰ ਠੱਲ੍ਹਣਾ ਮੁਸ਼ਕਿਲ ਹੋ ਜਾਵੇਗਾ। ਇਹ ਕਾਂਗਰਸ ਅਤੇ ਹੋਰ ਵਿਰੋਧੀ ਧਿਰ ਲਈ ਵਾਕਈ ਅਜ਼ਮਾਇਸ਼ ਦੀਆਂ ਘੜੀਆਂ ਹਨ। ਹੁਣ ਮਹਾਗੱਠਜੋੜ ਨੂੰ ਆਪਣੀ ਰਣਨੀਤੀ ਨਵੇਂ ਸਿਰਿਓਂ ਘੜਨ ਦੀ ਲੋੜ ਪਵੇਗੀ।

## ਕੈਨੇਡਾ ਨੇ ਫਿਰ ਵਿਵਾਦ ਛੇੜਿਆ

ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਭਾਰਤ ਦੁਆਰਾ ਦਹਿਸ਼ਤਗਰਦ ਕਰਾਰ ਦਿੱਤੇ ਗਏ ਕੈਨੇਡੀਅਨ ਨਾਗਰਿਕ ਹਰਦੀਪ ਸਿੰਘ ਨਿੱਝਰ ਦੇ ਜੂਨ 2023 ਵਿਚ ਹੋਏ ਕਤਲ ਵਿਚ ਭਾਰਤੀ ਏਜੰਟਾਂ ਦਾ ਹੱਥ ਹੋਣ ਦੀ ਉਨ੍ਹਾਂ ਕੋਲ 'ਭਰੋਸੇਯੋਗ ਸੂਚਨਾ' ਹੋਣ ਸਬੰਧੀ ਚਾਰ ਮਹੀਨੇ ਤੋਂ ਵੱਧ ਸਮਾਂ ਪਹਿਲਾਂ ਲਾਏ ਗਏ ਦੋਸ਼ਾਂ ਦਾ ਮਾਮਲਾ ਹਾਲੇ ਠੰਢਾ ਨਹੀਂ ਸੀ ਪਿਆ ਕਿ ਹੁਣ ਕੈਨੇਡਾ ਨੇ ਨਵਾਂ ਵਿਵਾਦ ਖੜ੍ਹਾ ਕਰ ਦਿੱਤਾ ਹੈ। ਟਰੂਡੋ ਸਰਕਾਰ ਦੇ ਕਾਇਮ ਕੀਤੇ ਕਮਿਸ਼ਨ ਨੇ ਕਿਹਾ ਹੈ ਕਿ ਉਸ ਦਾ 2019 ਅਤੇ 2021 ਵਿਚ ਹੋਈਆਂ ਕੈਨੇਡੀਅਨ ਫੈਡਰਲ ਚੋਣਾਂ ਵਿਚ ਕਥਿਤ ਭਾਰਤੀ ਦਖ਼ਲਅੰਦਾਜ਼ੀ ਦੀ ਜਾਂਚ ਕਰਨ ਦਾ ਇਰਾਦਾ ਹੈ। ਗ਼ੌਰਤਲਬ ਹੈ ਕਿ ਵਿਦੇਸ਼ੀ ਦਖ਼ਲਅੰਦਾਜ਼ੀ ਕਮਿਸ਼ਨ (Foreign Interference Commission) ਬੀਤੇ ਸਤੰਬਰ ਵਿਚ ਕਾਇਮ ਕੀਤਾ ਗਿਆ ਸੀ; ਭਾਵ, ਉਸੇ ਮਹੀਨੇ ਜਦੋਂ ਕੈਨੇਡਾ ਦੇ ਪ੍ਰਧਾਨ ਮੰਤਰੀ ਨੇ ਜੀ-20 ਸਿਖਰ ਸੰਮੇਲਨ ਲਈ ਭਾਰਤ ਦਾ ਦੌਰਾ ਕੀਤਾ ਸੀ ਅਤੇ ਉਸ ਤੋਂ ਬਾਅਦ ਉਨ੍ਹਾਂ ਨਿੱਝਰ ਮਾਮਲੇ ਸਬੰਧੀ ਗੰਭੀਰ ਦੋਸ਼ ਲਾਏ ਸਨ। ਸ਼ੁਰੂ ਵਿਚ ਇਹ ਕਮਿਸ਼ਨ ਚੋਣਾਂ ਵਿਚ ਚੀਨ ਅਤੇ ਰੂਸ ਦੇ ਕਥਿਤ ਦਖ਼ਲ ਦੀ ਜਾਂਚ ਕਰ ਰਿਹਾ ਸੀ ਪਰ ਹੁਣ ਇਸ ਵਿਵਾਦ ਵਿਚ ਭਾਰਤ ਨੂੰ ਵੀ ਘੜੀਸ ਲਿਆ ਗਿਆ ਹੈ।

ਇਸ ਘਟਨਾ-ਚੱਕਰ ਨਾਲ ਭਾਰਤ ਅਤੇ ਕੈਨੇਡਾ ਦੇ ਰਿਸ਼ਤੇ ਹੋਰ ਖ਼ਰਾਬ ਹੋਣੇ ਤੈਅ ਹਨ ਜਿਹੜੇ ਨਿੱਝਰ ਦੇ ਕਤਲ ਵਿਚ ਨਵੀਂ ਦਿੱਲੀ ਦਾ ਕਥਿਤ ਹੱਥ ਹੋਣ ਦੇ ਦੋਸ਼ਾਂ ਕਾਰਨ ਹਾਲੀਆ ਮਹੀਨਿਆਂ ਦੌਰਾਨ ਪਹਿਲਾਂ ਹੀ ਬਹੁਤ ਮਾੜੇ ਹੋ ਗਏ ਹਨ। ਭਾਰਤ ਇਸ ਸਬੰਧ ਵਿਚ ਲਗਾਤਾਰ 'ਵਿਸ਼ੇਸ਼ ਅਤੇ ਸਬੰਧਿਤ ਜਾਣਕਾਰੀ' ਮੰਗ ਰਿਹਾ ਹੈ ਅਤੇ ਇਸ ਨੇ ਜਾਂਚ ਕਰਤਾਵਾਂ ਨੂੰ ਸਹਿਯੋਗ ਦੇਣ ਦੀ ਪੇਸ਼ਕਸ਼ ਵੀ ਕੀਤੀ ਸੀ ਪਰ ਕੈਨੇਡਾ ਇਸ ਤੋਂ ਟਾਲ-ਮਟੋਲ ਕਰ ਰਿਹਾ ਹੈ। ਜਾਂਚ ਹਾਲੇ ਵੀ ਗੁਪਤ ਅਤੇ ਧੁੰਦਲੀ ਹੈ। ਬੀਤੇ ਮਹੀਨੇ ਕੈਨੇਡਾ ਦੇ ਮੋਹਰੀ ਅਖ਼ਬਾਰ 'ਦਿ ਗਲੋਬ ਐਂਡ ਮੇਲ' ਨੇ ਰਿਪੋਰਟ ਨਸ਼ਰ ਕੀਤੀ ਸੀ ਕਿ ਕਥਿਤ ਤੌਰ 'ਤੇ ਨਿੱਝਰ ਦਾ ਕਤਲ ਕਰਨ ਵਾਲੇ ਦੋ ਵਿਅਕਤੀਆਂ ਨੂੰ ਛੇਤੀ ਹੀ ਫੜ ਲਏ ਜਾਣ ਦੇ ਆਸਾਰ ਹਨ। ਰਿਪੋਰਟ ਵਿਚ ਇਹ ਦਾਅਵਾ ਵੀ ਕੀਤਾ ਗਿਆ ਸੀ ਕਿ ਸ਼ੱਕੀ ਕਾਤਲ ਕੈਨੇਡਾ ਛੱਡ ਕੇ ਨਹੀਂ ਗਏ ਅਤੇ ਮਹੀਨਿਆਂ ਤੱਕ ਉਹ ਪੁਲੀਸ ਨਿਗਰਾਨੀ ਹੇਠ ਰਹੇ। ਇਸ ਦੇ ਬਾਵਜੂਦ, ਇਸ ਮਾਮਲੇ ਵਿਚ ਜੇ ਕੋਈ ਕਾਰਵਾਈ ਹੋਈ ਵੀ ਹੈ ਤਾਂ ਉਸ ਨੂੰ ਹਾਲੇ ਤੱਕ ਜੱਗ-ਜ਼ਾਹਿਰ ਨਹੀਂ ਕੀਤਾ ਗਿਆ।

ਕੈਨੇਡਾ ਦੇ ਇਮੀਗਰੇਸ਼ਨ ਮੰਤਰੀ ਮਾਰਕ ਮਿੱਲਰ ਨੇ ਹਾਲ ਹੀ ਵਿਚ ਮੰਨਿਆ ਕਿ ਸਫ਼ਾਰਤੀ ਤਣਾਅ ਕਾਰਨ ਕੈਨੇਡਾ ਵੱਲੋਂ ਭਾਰਤੀ ਵਿਦਿਆਰਥੀਆਂ ਨੂੰ ਜਾਰੀ ਕੀਤੇ ਜਾਣ ਵਾਲੇ ਵਿਦਿਆਰਥੀ ਪਰਮਿਟਾਂ ਵਿਚ ਭਾਰੀ ਕਮੀ ਆਈ ਹੈ। ਹੁਣ ਇਸ ਰੇੜਕੇ ਨੂੰ ਹੱਲ ਕਰਨ ਦੀ ਸਾਰੀ ਜ਼ਿੰਮੇਵਾਰੀ ਓਟਵਾ ਉਤੇ ਹੈ ਅਤੇ ਇਸ ਵਿਚ ਨਾਕਾਮ ਰਹਿਣ ਉਤੇ ਦੋਵਾਂ ਮੁਲਕਾਂ ਦੇ ਦੁਵੱਲੇ ਵਪਾਰ ਉਤੇ ਵੀ ਮਾੜਾ ਅਸਰ ਪੈ ਸਕਦਾ ਹੈ। ਕੈਨੇਡਾ ਜੋ ਲੰਮੇ ਸਮੇਂ ਤੋਂ ਖ਼ਾਲਿਸਤਾਨੀ ਸਮਰਥਕਾਂ ਨੂੰ ਸ਼ਹਿ ਦੇ ਰਿਹਾ ਹੈ, ਨੂੰ ਉਦੋਂ ਤੱਕ ਭਾਰਤ ਵੱਲ ਕੋਈ ਉਂਗਲ ਨਹੀਂ ਚੁੱਕਣੀ ਚਾਹੀਦੀ ਜਦੋਂ ਤੱਕ ਇਸ ਕੋਲ ਆਪਣੇ ਦੋਸ਼ਾਂ ਦੇ ਹੱਕ ਵਿਚ ਕੋਈ ਭਰੋਸੇਯੋਗ ਅਤੇ ਸਾਬਤ ਕਰਨ ਯੋਗ ਸਬੂਤ ਨਾ ਹੋਵੇ। ਪਾਰਦਰਸ਼ਤਾ ਦੀ ਕਮੀ ਨਾਲ ਦੋ ਅਹਿਮ ਲੋਕਤੰਤਰਾਂ ਦਰਮਿਆਨ ਬੇਇਤਬਾਰੀ ਵਿਚ ਹੀ ਇਜ਼ਾਫ਼ਾ ਹੋਵੇਗਾ। ਇਸ ਦਾ ਅਸਰ ਅਗਾਂਹ ਦੁਵੱਲੇ ਸਬੰਧਾਂ ਤੇ ਵੀ ਪੈਣਾ ਹੈ।

# ਬੰਗਲਾਦੇਸ਼ ਚੋਣਾਂ ਅਤੇ ਅਮਰੀਕਾ ਦੀ ਪਹੁੰਚ

**ਜੀ ਪਾਰਥਾਸਾਰਥੀ**



ਭਾਰਤ ਹਾਲਾਂਕਿ ਗੁਆਂਢੀ ਮੁਲਕਾਂ ਦੇ ਅੰਦਰੂਨੀ ਮਾਮਲਿਆਂ ਮੁਤੱਲਕ ਟੀਕਾ ਟਿੱਪਣੀ ਤੋਂ ਗੁਰੇਜ਼ ਕਰਦਾ ਹੈ ਪਰ ਜਦੋਂ ਇਸ ਦੇ ਕੁਝ ਗੁਆਂਢੀ ਮੁਲਕਾਂ ਦੇ ਅੰਦਰੂਨੀ ਮਾਮਲਿਆਂ ਨਾਲ ਨਜਿੱਠਣ ਦਾ ਸਵਾਲ ਆਉਂਦਾ ਹੈ ਤਾਂ ਇਸ ਦੇ ਅਮਰੀਕਾ ਨਾਲ ਮੱਤਭੇਦ ਪੈਦਾ ਹੋਣ ਦੇ ਖ਼ਦਸ਼ੇ ਬਣ ਜਾਂਦੇ ਹਨ। ਪਾਕਿਸਤਾਨ ਨੇ ਲੰਮਾ ਅਰਸਾ ਫ਼ੌਜੀ ਤਾਨਾਸ਼ਾਹੀ ਹੇਠ ਬਿਤਾਇਆ ਹੈ। ਅਮਰੀਕਾ ਨੇ ਫੀਲਡ ਮਾਰਸ਼ਲ ਅਯੂਬ ਖ਼ਾਨ ਤੋਂ ਲੈ ਕੇ ਜਨਰਲ ਯਾਹੀਆ ਖ਼ਾਨ, ਜਨਰਲ ਜਿ ?ਆ ਉਲ ਹੱਕ ਅਤੇ ਜਨਰਲ ਪਰਵੇਜ਼ ਮੁਸ਼ੱਰਫ਼ ਤੱਕ ਬਹੁਤ ਸਾਰੇ ਫ਼ੌਜੀ ਸ਼ਾਸਕਾਂ ਨੂੰ ਪੂਰੀ ਹਮਾਇਤ ਦਿੱਤੀ। ਜਦੋਂ 8 ਫਰਵਰੀ ਨੂੰ ਪਾਕਿਸਤਾਨ ਵਿਚ ਆਮ ਚੋਣਾਂ ਹੋ ਰਹੀਆਂ ਹਨ ਜਿਸ ਦੇ ਮੱਦੇਨਜ਼ਰ ਮੌਜੂਦਾ ਸੈਨਾਪਤੀ ਜਨਰਲ ਆਸਿਮ ਮੁਨੀਰ ਨੇ ਜਦੋਂ ਹਾਲ ਹੀ 'ਚ ਵਾਸ਼ਿੰਗਟਨ ਦਾ ਦੌਰਾ ਕੀਤਾ ਸੀ ਤਾਂ ਉਨ੍ਹਾਂ ਦੀ ਵੀ ਕਾਫ਼ੀ ਆਓਭਗਤ ਕੀਤੀ ਗਈ ਸੀ। ਜਨਰਲ ਮੁਨੀਰ ਆਪਣੇ ਪੂਰਬਵਰਤੀ ਜਨਰਲ ਬਾਜਵਾ ਦਾ ਖ਼ਾਸਮਖ਼ਾਸ ਹੈ ਜਿਨ੍ਹਾਂ ਦਾ ਅਮਰੀਕਾ ਨਾਲ ਕਰੀਬੀ ਰਾਬਤਾ ਰਿਹਾ ਹੈ। ਇਹ ਗੱਲ ਕਿਸੇ ਤੋਂ ਲੁਕੀ ਨਹੀਂ ਹੈ ਕਿ ਜਦੋਂ ਅਮਰੀਕਾ ਪਾਕਿਸਤਾਨ ਦੀ ਚੁਣੀ ਹੋਈ ਸਰਕਾਰ ਨੂੰ ਦਰਕਿਨਾਰ ਕਰਨਾ ਚਾਹੁੰਦਾ ਹੈ ਤਾਂ ਇਹ ਪਾਕਿਸਤਾਨੀ ਫ਼ੌਜ ਨਾਲ ਆਪਣੇ ਸਿੱਧੇ ਸਬੰਧਾਂ ਦਾ ਇਸਤੇਮਾਲ ਕਰਦਾ ਹੈ। ਪਾਕਿਸਤਾਨੀ ਫ਼ੌਜ ਨੇ ਹੁਣ ਤੱਕ ਜਿੰਨੇ ਵੀ ਰਾਜਪਲਟੇ ਕੀਤੇ, ਉਨ੍ਹਾਂ ਸਭ ਨੂੰ ਅਮਰੀਕੀ ਫ਼ੌਜੀ ਨਿਜ਼ਾਮ ਦੀ ਹਮਾਇਤ ਮਿਲਦੀ ਰਹੀ ਹੈ।

ਪਾਕਿਸਤਾਨ ਦੇ ਫ਼ੌਜੀ ਸ਼ਾਸਕਾਂ ਦੇ ਵੀ ਤਕਰੀਬਨ ਸਾਰੇ ਅਮਰੀਕੀ ਰਾਸ਼ਟਰਪਤੀਆਂ ਨਾਲ ਕਰੀਬੀ ਸਬੰਧ ਰਹੇ ਹਨ। ਇਸ ਦੇ ਉਲਟ ਬੰਗਲਾਦੇਸ਼ ਨਾਲ ਅਮਰੀਕਾ ਦੇ ਸਬੰਧਾਂ ਵਿਚ ਇੰਨਾ ਨਿੱਘ ਨਹੀਂ ਰਿਹਾ ਜਾਂ ਕਿਹਾ ਜਾਵੇ, ਇਹ ਦੋਸਤਾਨਾ ਨਹੀਂ ਰਹੇ। ਹਾਲ ਹੀ 'ਚ ਬੰਗਲਾਦੇਸ਼ ਵਿਚ ਹੋਈਆਂ ਆਮ ਚੋਣਾਂ ਵਿਚ ਸ਼ੇਖ ਹਸੀਨਾ ਦੀ ਅਗਵਾਈ ਵਾਲੀ ਅਵਾਮੀ ਲੀਗ ਪਾਰਟੀ ਦੀ ਲਗਾਤਾਰ ਚੌਥੀ ਜਿੱਤ ਦਰਜ ਕਰ ਕੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਵੀ ਅਮਰੀਕਾ ਦਾ ਇਹੀ ਰੁਖ਼ ਉਭਰ ਕੇ ਸਾਹਮਣੇ ਆਇਆ ਹੈ। 1971 ਵਿਚ ਬੰਗਲਾਦੇਸ਼ ਦਿ ਕਾਇਮੀ ਤੋਂ ਬਾਅਦ ਅਮਰੀਕਾ ਨੇ ਵੱਖੋ-ਵੱਖਰੇ ਕਾਰਨਾਂ ਕਰ ਕੇ ਉੱਥੇ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀਐੱਨਪੀ) ਜਿਹੀਆਂ ਧਾਰਮਿਕ ਝੁਕਾਅ ਵਾਲੀਆਂ ਪਾਰਟੀਆਂ ਨੂੰ ਹਮਾਇਤ ਦਿੱਤੀ ਜਿਸ ਦੀ ਸਥਾਪਨਾ ਜਨਰਲ ਜਿ ?ਆ ਉਰ ਰਹਿਮਾਨ ਨੇ ਕੀਤੀ ਸੀ।

ਬੰਗਲਾਦੇਸ਼ ਪ੍ਰਤੀ ਅਮਰੀਕਾ ਦੀਆਂ ਨੀਤੀਆ ਵਿਚ ਅਜੇ ਤੱਕ ਵੀ ਕੋਈ ਖਾਸ ਬਦਲਾਓ ਨਹੀਂ ਆਇਆ। ਵਾਸ਼ਿੰਗਟਨ ਨੇ ਸ਼ੇਖ ਹਸੀਨਾ ਦੀ ਸਰਕਾਰ ਅਧੀਨ ਹੋਈਆਂ ਪਾਰਲੀਮਾਨੀ ਚੋਣਾਂ ਦੇ ਤੌਰ-ਤਰੀਕਿਆਂ ਖਿਲਾਫ਼ ਮੁਹਿੰਮ ਨੂੰ ਕਾਫ਼ੀ ਜ਼ੋਰ ਸ਼ੋਰ ਨਾਲ ਉਭਾਰਿਆ ਸੀ। ਬਿਨਾਂ ਸ਼ੱਕ, ਸ਼ੇਖ ਹਸੀਨਾ ਇਸ ਸਮੇਂ ਬੰਗਲਾਦੇਸ਼ ਦੀ ਸਭ ਤੋਂ ਲੋਕਪ੍ਰਿਯ ਆਗੂ ਹੈ। ਜਿੱਥੋਂ ਤੱਕ ਭਾਰਤ ਦਾ ਸਬੰਧ ਹੈ, ਬੇਗ਼ਮ ਖ਼ਾਲਿਦਾ ਜਿ ?ਆ ਦੀ ਅਗਵਾਈ ਵਾਲੀ ਬੀਐੱਨਪੀ ਦੀ ਨਵੀਂ ਦਿੱਲੀ ਪ੍ਰਤੀ ਪਹੁੰਚ ਬਹੁਤੀ ਦੋਸਤਾਨਾ ਨਹੀਂ ਰਹੀ। ਇਸ ਦੇ ਨਾਲ ਹੀ ਸ਼ੇਖ ਮੁਜੀਬੁਰ ਰਹਿਮਾਨ ਦੀ ਹੱਤਿਆ ਨਾਲ ਕੁਝ ਅਣਸੁਲਝੇ ਸਵਾਲ ਚੱਲ ਰਹੇ ਹਨ ਅਤੇ ਪਤਾ ਲੱਗਿਆ ਹੈ ਕਿ ਉਨ੍ਹਾਂ ਦੀ ਹੱਤਿਆ ਦੇ ਦੋ ਮੁਲਜ਼ਮ ਅਮਰੀਕਾ ਅਤੇ ਕੈਨੇਡਾ ਵਿਚ ਰਹਿ ਰਹੇ ਹਨ। ਭਾਰਤ ਨੂੰ ਹੁਣ ਆਪਣੇ ਵਿਦੇਸ਼ ਸਬੰਧ ਦੇ ਸੰਚਾਲਨ ਵਿਚ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਗੱਲ ਧਿਆਨ ਵਿਚ ਰੱਖਣ ਦੀ ਲੋੜ ਹੈ ਕਿ ਲੋਕਰਾਜ ਨੂੰ ਪ੍ਰਫੁੱਲਤ ਕਰਨ ਦੀ ਆਪਣੀ ਬਹੁ ਪ੍ਰਚਾਰਿਤ ਨੀਤੀ ਵਿਚ ਅਮਰੀਕਾ ਦਾ ਨਜ਼ਰੀਆ ਕਾਫ਼ੀ ਅਸਾਵਾਂ ਰਿਹਾ ਹੈ। ਇਸ ਦੌਰਾਨ ਪਾਕਿਸਤਾਨੀ ਫ਼ੌਜ ਵਿਰੋਧੀ ਧਿਰ ਦੇ ਕੁਝ ਗਿਣੇ ਚੁਣੇ ਆਗੂਆਂ ਨਾਲ ਗੰਢ ਤੁਪ ਕਰ ਕੇ ਇਹ ਯਕੀਨੀ ਬਣਾਉਣ ਲੱਗੀ ਹੋਈ ਹੈ ਕਿ ਤਹਿਰੀਕ-ਏ-ਇਨਸਾਫ਼ ਪਾਰਟੀ ਦੇ ਆਗੂ ਇਮਰਾਨ ਖ਼ਾਨ ਨੂੰ ਇਸਲਾਮਾਬਾਦ ਵਿਚ ਸੱਤਾ ਦੇ ਗਲਿਆਰੇ ਤੋਂ ਦੂਰ ਰੱਖਿਆ ਜਾ ਸਕੇ। ਇਮਰਾਨ ਖ਼ਾਨ ਨੂੰ ਅਮਰੀਕਾ ਉੱਕਾ ਹੀ ਪਸੰਦ ਨਹੀਂ ਕਰਦਾ। ਸ਼ੁਰੂ ਸ਼ੁਰੂ ਵਿਚ ਜ਼ੁਲਫਿ ?ਕਾਰ ਅਲੀ ਭੁੱਟੋ ਦੀ ਪਾਕਿਸਤਾਨ ਪੀਪਲਜ਼ ਪਾਰਟੀ ਨੂੰ ਵੀ ਪੱਛਮੀ ਦੇਸ਼ਾਂ ਵਿਚ ਸ਼ੱਕ ਦੀ ਨਿਗਾਹ ਨਾਲ ਦੇਖਿਆ ਜਾਂਦਾ ਸੀ। ਫਿਰ ਉਨ੍ਹਾਂ ਨੂੰ ਚੀਨ ਪੱਖੀ ਕਰਾਰ ਦੇ ਦਿੱਤਾ ਗਿਆ। ਉਨ੍ਹਾਂ ਦੀ ਧੀ ਬੇਨਜ਼ੀਰ ਭੁੱਟੋ ਨੂੰ ਅਮਰੀਕੀ ਸ਼ੰਕਿਆਂ ਨੂੰ ਨਵਿਰਤ ਕਰਨ ਲਈ ਬਹੁਤ ਜ਼ੋਰ ਲਾਉਣਾ ਪਿਆ ਸੀ ਅਤੇ ਉਨ੍ਹਾਂ ਵਲੋਂ ਸੱਤਾ 'ਤੇ ਬੈਠਣ ਤੋਂ ਪਹਿਲਾਂ ਕੁਝ ਹੱਦ ਤੱਕ ਸਫਲਤਾ ਵੀ ਮਿਲ ਗਈ ਸੀ।

ਇਸ ਦੌਰਾਨ ਪਾਕਿਸਤਾਨ ਨੂੰ ਅਤਿਵਾਦੀ ਸਮੂਹਾਂ ਨੂੰ ਸ਼ਹਿ ਦੇਣ ਤੋਂ ਪਹਿਲਾਂ ਬਹੁਤ ਗਹੁ ਨਾਲ ਸੋਚਣਾ ਹੋਵੇਗਾ। ਸੰਯੁਕਤ ਰਾਸ਼ਟਰ ਨੇ ਖੁਲਾਸਾ ਕੀਤਾ ਹੈ ਕਿ 26/11 ਦੇ ਮੁੰਬਈ ਹਮਲੇ ਦੇ ਸੂਤਰਧਾਰ ਲਸ਼ਕਰ-ਏ-ਤੋਇਬਾ ਦੇ ਆਗੂ ਹਾਫਿਜ਼ ਸਈਦ ਨੂੰ ਸੰਨ 2020 ਤੋਂ 78 ਸਾਲਾਂ ਦੀ ਕੈਦ ਲਈ ਜੇਲ੍ਹ ਭੇਜਿਆ ਗਿਆ ਹੈ। ਉਸ 'ਤੇ ਅਤਿਵਾਦੀਆਂ ਲਈ ਫੰਡਿੰਗ ਕਰਨ ਦਾ ਦੋਸ਼ ਸੀ; ਹਾਲਾਂਕਿ ਇਹ ਦੇਖਣਾ ਬਾਕੀ ਹੈ ਕਿ ਉਹ ਸੱਚਮੁੱਚ 'ਜੇਲ੍ਹ' ਗਿਆ ਹੈ ਜਾਂ ਆਈਐੱਸਆਈ ਦੀ ਸਰਪ੍ਰਸਤੀ ਹੇਠ ਪਹਿਲਾਂ ਵਾਂਗ ਰਹਿ ਰਿਹਾ ਹੈ। ਉਂਝ, ਲਗਦਾ ਹੈ ਕਿ ਪਾਕਿਸਤਾਨ ਨੂੰ ਹੁਣ ਲਸ਼ਕਰ-ਏ-ਤੋਇਬਾ ਵਰਗੇ ਅਤਿਵਾਦੀ ਸਮੂਹਾਂ ਨੂੰ ਸਪਾਂਸਰ ਕਰਨ ਵਿਚ ਵਧੇਰੇ ਸਾਵਧਾਨੀ ਵਰਤਣੀ ਪਵੇਗੀ। ਉਂਝ, ਪਾਕਿਸਤਾਨ ਨੂੰ ਵੀ ਹੁਣ ਸਪਸ਼ਟ ਹੋ ਚੁੱਕਾ ਹੈ ਕਿ ਜੇ ਹਾਫਿਜ਼ ਸਈਦ ਵਰਗੇ ਲੋਕ ਫਿਰ ਤੋਂ ਅਜਿਹੀਆਂ ਕਾਰਵਾਈਆਂ ਕਰਦੇ ਹਨ ਤਾਂ ਭਾਰਤ ਹੁਣ ਖ਼ਾਮੋਸ਼ ਨਹੀਂ ਬੈਠੇਗਾ।

ਜਦੋਂ ਜ਼ੁਲਫਿਕਾਰ ਅਲੀ ਭੁੱਟੋ ਦਾ ਤਖ਼ਤਾ ਪਲਟਾਇਆ ਗਿਆ ਸੀ ਅਤੇ ਜਨਰਲ ਜਿ ?ਆ ਉਲ ਹੱਕ ਦੀ ਅਗਵਾਈ ਵਿਚ ਤਖਤਾਪਲਟ ਤੋਂ ਬਾਅਦ ਫਾਂਸੀ 'ਤੇ ਚੜ੍ਹਾ ਦਿੱਤਾ ਗਿਆ ਸੀ ਤਾਂ ਉਨ੍ਹਾਂ ਦੇ ਹੱਕ ਵਿਚ ਵਾਸ਼ਿੰਗਟਨ ਵਿਚ ਕਿਸੇ ਨੇ ਦੋ ਹੰਝੂ ਵੀ ਨਹੀਂ ਸਨ ਵਹਾਏ। ਅਫਗਾਨਿਸਤਾਨ ਵਿਚ ਸੋਵੀਅਤ ਫੌਜਾਂ ਲਈ ਅਜ਼ਾਬ ਬਣਨ ਵਾਸਤੇ ਜਨਰਲ ਜਿ ?ਆ ਅਮਰੀਕਾ ਨਾਲ ਰਲ਼ ਗਿਆ ਸੀ ਹਾਲਾਂਕਿ ਇਕ ਅਰਸੇ ਬਾਅਦ ਅਮਰੀਕੀ ਫ਼ੌਜ ਨੂੰ ਬੇਪੱਤ ਹੋ ਕੇ ਅਫ਼ਗਾਨਿਸਤਾਨ 'ਚੋਂ ਨਿਕਲਣਾ ਪਿਆ। ਪਾਕਿਸਤਾਨ ਦੀ ਹਮਾਇਤ ਦੇ ਇਨਾਮ ਵਜੋਂ ਉਸ ਨੂੰ ਪੈਂਟਾਗਨ (ਅਮਰੀਕੀ ਰੱਖਿਆ ਵਿਭਾਗ) ਵਲੋਂ ਐ-16 ਲੜਾਕੂ ਜਹਾਜ਼ਾਂ ਅਤੇ ਹੋਰ ਫੌਜੀ ਸਾਜ਼ੋ-ਸਾਮਾਨ ਦੀ ਖੁੱਲ੍ਹਦਿਲੀ ਨਾਲ ਸਪਲਾਈ ਹਾਸਲ ਹੋਈ ਸੀ।

ਪਾਕਿਸਤਾਨ ਅਜੇ ਵੀ ਆਰਥਿਕ ਤੌਰ 'ਤੇ ਨਾਕਾਮੀ ਦੀ ਮੂਰਤ ਬਣਿਆ ਹੋਇਆ ਹੈ ਜੋ ਅਮਰੀਕਾ, ਆਈਐੱਮਐੱਫ ਅਤੇ ਸੰਸਾਰ ਬੈਂਕ ਦੀ ਇਮਦਾਦ 'ਤੇ ਬਹੁਤ ਜ਼ਿਆਦਾ ਨਿਰਭਰ ਹੈ। ਬਹਰਹਾਲ, ਚੀਨ ਵਲੋਂ ਮੁੱਖ ਤੌਰ 'ਤੇ ਪਾਕਿਸਤਾਨ ਦੇ ਪਰਮਾਣੂ ਅਤੇ ਰਵਾਇਤੀ ਹਥਿਆਰਾਂ ਦਾ ਸਾਜ਼ੋ-ਸਾਮਾਨ ਮੁਹੱਈਆ ਕਰਵਾਇਆ ਜਾਂਦਾ ਹੈ। ਚੀਨ ਪਾਕਿਸਤਾਨ ਦੇ ਪਰਮਾਣੂ ਹਥਿਆਰਾਂ ਅਤੇ ਮਿਜ਼ਾਈਲ ਪ੍ਰੋਗਰਾਮ ਲਈ ਡਿਜ਼ਾਈਨ ਅਤੇ ਵਿੱਤੀ ਇਮਦਾਦ ਮੁਹੱਈਆ ਕਰਵਾਈ ਜਾਂਦੀ ਹੈ। ਚੀਨ ਵਲੋਂ ਹੁਣ ਆਪਣੇ ਬੈਲਟ ਐਂਡ ਰੋਡ ਇਨੀਸ਼ੀਏਟਿਵ ਤਹਿਤ ਪਾਕਿਸਤਾਨ ਨੂੰ ਬੁਨਿਆਦੀ ਢਾਂਚੇ ਲਈ ਕਾਫ਼ੀ ਮਦਦ ਦਿੱਤੀ ਜਾ ਰਹੀ ਹੈ। ਉਂਝ, ਚੀਨ ਵਲੋਂ ਪਾਕਿਸਤਾਨ ਨੂੰ ਰਿਆਇਤੀ ਦਰਾਂ 'ਤੇ ਅਮਰੀਕੀ ਡਾਲਰ ਜਿਹੀਆਂ ਆਸਾਨ ਰੂਪ ਵਿਚ ਵਟਾਂਦਰੇ ਯੋਗ ਕਰੰਸੀਆਂ ਦਾ ਨਕਦਨਾਵਾਂ ਦੇਣ ਵੇਲੇ ਹੱਥ ਘੁੱਟ ਲਿਆ ਜਾਂਦਾ ਹੈ ਜਿਸ ਦੀ ਇਸ ਨੂੰ ਇਸ ਵੇਲੇ ਬਹੁਤ ਜਿ ?ਆਦਾ ਲੋੜ ਹੈ। ਇਸ ਤੋਂ ਇਲਾਵਾ ਅਮਰੀਕਾ ਨੇ ਪਰਮਾਣੂ ਹਥਿਆਰਾਂ ਅਤੇ ਮਿਜ਼ਾਈਲ ਪ੍ਰੋਗਰਾਮ ਨੂੰ ਲੈ ਕੇ ਚੀਨ ਅਤੇ ਪਾਕਿਸਤਾਨ ਵਿਚਾਲੇ ਚੱਲ ਰਹੇ ਤਾਲਮੇਲ ਪ੍ਰਤੀ ਵੀ ਅੱਖਾਂ ਮੀਟ ਰੱਖੀਆਂ ਹਨ ਹਾਲਾਂਕਿ ਇਹ ਆਪਣੇ ਆਪ ਨੂੰ ਪਰਮਾਣੂ ਨਿਸ਼ਸਤਰੀਕਰਨ ਦਾ ਸਭ ਤੋਂ ਵੱਡਾ ਅਲੰਬਰਦਾਰ ਅਖਵਾਉਂਦਾ ਹੈ।ਇਹ ਉਹ ਹਕੀਕਤਾਂ ਹਨ ਜੋ ਭਾਰਤ ਨੂੰ ਲਗਾਤਾਰ ਧਿਆਨ ਵਿਚ ਰੱਖਣ ਦੀ ਲੋੜ ਹੈ। ਇਸ ਸਮੇਂ ਭਾਰਤ ਅਤੇ ਅਮਰੀਕਾ ਦਾ ਸਾਂਝਾ ਹਿੱਤ ਹੈ ਕਿ ਉਹ ਹਿੰਦ ਮਹਾਸਾਗਰ ਅਤੇ ਦੱਖਣੀ ਪ੍ਰਸ਼ਾਂਤ ਖੇਤਰਾਂ ਵਿਚ ਵਧ ਰਹੀ ਚੀਨ ਦੀ ਤਾਕਤ ਅਤੇ ਨਿਸ਼ਚੇ ਨਾਲ ਨਜਿੱਠਣ। ਹਾਲਾਂਕਿ ਹਿੰਦ ਮਹਾਸਾਗਰ ਖਿੱਤੇ ਅੰਦਰ ਸੁਰੱਖਿਆ ਨਾਲ ਜੁੜੇ ਮੁੱਦਿਆਂ 'ਤੇ ਭਾਰਤ ਅਤੇ ਅਮਰੀਕਾ ਇਕ ਦੂਜੇ ਨਾਲ ਵਡੇਰੇ ਤੌਰ 'ਤੇ ਸਹਿਯੋਗ ਕਰਦੇ ਆਏ ਹਨ। ਭਾਰਤ ਦਾ ਤਜਰਬਾ ਇਹ ਰਿਹਾ ਹੈ ਕਿ ਪਾਕਿਸਤਾਨ ਵਿਚ ਕੁਝ ਸਿਆਸੀ ਪਾਰਟੀਆਂ ਅਤੇ ਫ਼ੌਜ ਪ੍ਰਤੀ ਅਮਰੀਕਾ ਦੀ ਪਹੁੰਚ ਨੂੰ ਲੈ ਕੇ ਮਤਭੇਦ ਬਣੇ ਰਹੇ ਹਨ। ਇਸ ਦੇ ਨਾਲ ਹੀ 1971 ਦੇ ਟਕਰਾਅ ਦੀਆਂ ਕੁਝ ਕੌੜੀਆਂ ਯਾਦਾਂ ਵੀ ਤਾਜ਼ਾ ਹੋ ਜਾਂਦੀਆਂ ਹਨ। ਬਾਇਡਨ ਪ੍ਰਸ਼ਾਸਨ ਨੇ ਸ਼ੇਖ ਹਸੀਨਾ ਦੀ ਅਗਵਾਈ ਵਾਲੀ ਬੰਗਲਾਦੇਸ਼ ਦੀ ਸਰਕਾਰ ਦੀ ਆਲੋਚਨਾ ਕਰਨ ਦੀ ਨੀਤੀ ਅਪਣਾਈ ਹੋਈ ਹੈ; ਹਾਲੀਆ ਚੋਣਾਂ ਵਿਚ ਸ਼ੇਖ ਹਸੀਨਾ ਦੀ ਪਾਰਟੀ ਵਲੋਂ 299 ਚੋਂ 222 ਸੀਟਾਂ ਜਿੱਤਣ ਤੋਂ ਬਾਅਦ ਉਸ ਉਪਰ ਅਜਿਹੇ ਹਮਲੇ ਤੇਜ਼ ਹੋ ਗਏ ਹਨ। ਅਮਰੀਕਾ ਜਿਸ ਤਰ੍ਹਾਂ ਪਾਕਿਸਤਾਨ ਵਿਚ ਫੀਲਡ ਮਾਰਸ਼ਲ ਅਯੂਬ ਖਾਨ ਤੋਂ ਲੈ ਕੇ ਜਨਰਲ ਜਿ ?ਆ ਉਲ ਹੱਕ ਅਤੇ ਜਨਰਲ ਪਰਵੇਜ਼ ਮੁਸ਼ੱਰਫ਼ ਤੱਕ ਸਾਰੇ ਫ਼ੌਜੀ ਸ਼ਾਸਕਾਂ ਦਾ 'ਲੋਕਰਾਜ ਪ੍ਰਫੁੱਲਤ ਕਰਨ' ਬਦਲੇ ਸਵਾਗਤ ਕਰਦਾ ਰਿਹਾ ਹੈ, ਇਹ ਰੁਖ਼ ਉਸ ਤੋਂ ਉਲਟ ਹੈ।

ਸ਼ੇਖ ਹਸੀਨਾ ਦੀ ਅਵਾਮੀ ਲੀਗ ਦਾ ਆਪਣੀ 1.2 ਕਰੋੜ ਘੱਟਗਿਣਤੀ ਹਿੰਦੂ ਆਬਾਦੀ ਨੂੰ ਬਰਾਬਰੀ ਅਤੇ ਸਨਮਾਨ ਦੇਣ ਦਾ ਸ਼ਾਨਦਾਰ ਰਿਕਾਰਡ ਰਿਹਾ ਹੈ। ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਅਤੇ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਸ਼ੇਖ ਹਸੀਨਾ ਨੂੰ ਉਨ੍ਹਾਂ ਦੀ ਜਿੱਤ ਦੀ ਮੁਬਾਰਕਵਾਦ ਦਿੱਤੀ ਹੈ। ਸ਼ੇਖ ਹਸੀਨਾ ਨੇ ਚੀਨ ਅਤੇ ਭਾਰਤ ਨਾਲ ਆਪਣੇ ਸਬੰਧਾਂ ਵਿਚ ਬਿਹਤਰੀ ਲਿਆਂਦੀ ਹੈ ਅਤੇ ਇਨ੍ਹਾਂ ਦੋਵਾਂ ਦੇਸ਼ਾਂ ਦੇ ਆਪਸੀ ਮਤਭੇਦਾਂ ਤੋਂ ਕਦੇ ਲਾਹਾ ਲੈਣ ਦੀ ਕੋਸ਼ਿਸ਼ ਨਹੀਂ ਕੀਤੀ। ਉਮੀਦ ਕੀਤੀ ਜਾਣੀ ਚਾਹੀਦੀ ਹੈ ਕਿ ਕੂਟਨੀਤਕ ਯਤਨਾਂ ਰਾਹੀਂ ਬੰਗਲਾਦੇਸ਼ ਦੇ ਹਾਲਾਤ ਬਾਰੇ ਭਾਰਤ ਅਤੇ ਅਮਰੀਕਾ ਦੇ ਮਤਭੇਦ ਸੁਲਝ ਜਾਣਗੇ। ਇਹ ਦੋਵਾਂ ਦੇਸ਼ਾਂ ਦੇ ਹਿੱਤ ਵਿਚ ਵੀ ਹੋਵੇਗਾ ਕਿ ਉਹ ਇਸ ਦਿਸ਼ਾ ਵਿਚ ਅਗਾਂਹ ਵਧਦੇ ਰਹਿਣ।

*ਲੇਖਕ ਪਾਕਿਸਤਾਨ ਵਿਚ ਭਾਰਤ ਦਾ ਹਾਈ ਕਮਿਸ਼ਨਰ ਰਹਿ ਚੁੱਕਾ ਹੈ।

# ਘਰਾਂ ਸੜਕਾਂ ਵਿਖੇ ਸੁਰੱਖਿਆ ਬਚਾਉ ਮਦਦ ਲਈ ਟਰੇਨਿੰਗ ਅਭਿਆਸ ਬੇਹੱਦ ਜ਼ਰੂਰੀ : ਅਸ਼ੀਸ਼ ਸ਼ਰਮਾ ਟ੍ਰੈਫਿਕ ਮਾਹਿਰ

**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਸਰਕਾਰ ਵਲੋਂ ਆਵਾਜਾਈ ਹਾਦਸੇ ਘਟਾਉਣ ਅਤੇ ਜ਼ਖਮੀਆਂ ਨੂੰ ਬਚਾਉਣ ਲਈ ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਕਰਕੇ ਮਹਾਨ ਉਪਰਾਲੇ ਸ਼ੁਰੂ ਕੀਤੇ ਹਨ, ਪਰ ਆਪਣੀ ਅਤੇ ਦੂਸਰਿਆਂ ਦੀ ਸੁਰੱਖਿਆ ਬਚਾਅ ਅਤੇ ਸਹਾਇਤਾ ਲਈ ਸੱਭ ਨੂੰ ਆਵਾਜਾਈ ਨਿਯਮਾਂ ਕਾਨੂੰਨਾਂ ਅਸੂਲਾਂ ਮਰਿਆਦਾਵਾਂ ਫਰਜ਼ਾਂ ਅਤੇ ਫ਼ਸਟ ਏਡ ਸੀ ਪੀ ਆਰ ਜ਼ਖਮੀਆਂ ਦੀ ਸੇਵਾ ਸੰਭਾਲ ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ ਲਈ ਹਮਦਰਦੀ ਸਬਰ ਸ਼ਾਂਤੀ ਦੀਆਂ ਭਾਵਨਾਵਾਂ ਅਤੇ ਆਦਤਾਂ ਅਪਣਾਉਣਾ ਬਹੁਤ ਜ਼ਰੂਰੀ ਹਨ, ਇਹ ਵਿਚਾਰ ਮਾਰੂਤੀ ਸੁਜ਼ੂਕੀ ਡਰਾਈਵਿੰਗ ਟਰੇਨਿੰਗ ਸਕੂਲ ਦੇ ਮੈਨੇਜਰ ਟਰੇਫਿਕ ਮਾਹਰ ਸ਼੍ਰੀ ਅਸ਼ੀਸ਼ ਸ਼ਰਮਾ ਨੇ ਗ੍ਰੀਨ ਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਸ਼੍ਰੀ ਕਾਕਾ ਰਾਮ ਵਰਮਾ, ਚੀਫ਼ ਟ੍ਰੇਨਰ, ਫ਼ਸਟ ਏਡ ਸਿਹਤ ਸੇਫਟੀ ਜਾਗਰੂਕਤਾ ਮਿਸ਼ਨ ? ਅਤੇ ਰੈੱਡ ਕਰਾਸ ਸੁਸਾਇਟੀ ਦੇ ਸੇਵਾ ਮੁਕਤ ਜਿਲਾ ਟ੍ਰੇਨਿੰਗ ਅਫ਼ਸਰ/ਟਰੇਫਿਕ ਮਾਰਸ਼ਲ ਵਲੋਂ ਕਰਵਾਏ ਆਵਾਜਾਈ ਸੁਰੱਖਿਆ ਅਤੇ ਪੀੜਤਾਂ ਦੀਆਂ ਜਾਨਾਂ ਬਚਾਉਣ ਦੇ ਪ੍ਰੋਗਰਾਮ ਵਿਖੇ ਵਿਦਿਆਰਥੀਆਂ ਦੇ ਹਿਤੈਸ਼ੀ ਪ੍ਰਿੰਸੀਪਲ ਸ਼੍ਰੀਮਤੀ ਮੰਜੂ ਗਰਗ ਅਤੇ ਵਿਦਿਆਰਥੀਆਂ ਅਧਿਆਪਕਾਂ ਦਾ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਨੇ ਕਿਹਾ ਕਿ ਸ਼੍ਰੀ ਕਾਕਾ ਰਾਮ ਵਰਮਾ ਜੀ ਲੰਮੇ ਸਮੇਂ ਤੋਂ ਫ਼ਸਟ ਏਡ ਸਿਹਤ ਸੇਫਟੀ ਜਾਗਰੂਕਤਾ ਦੀ ਜਾਣਕਾਰੀ ਵਿਦਿਆਰਥੀਆਂ ਅਧਿਆਪਕਾਂ ਨਾਗਰਿਕਾਂ ਪੁਲਿਸ ਫੈਕਟਰੀ ਕਰਮਚਾਰੀਆਂ ਐਨ ਐਸ ਐਸ ਵੰਲਟੀਅਰਾਂ ਐਨ ਸੀ ਸੀ ਕੈਡਿਟਸ ਤੱਕ ਪਹੁੰਚਾਉਣ ਲਈ ਵੱਨ ਮੈਨ ਆਰਮੀ ਵਜੋਂ ਪ੍ਰਸ਼ੰਸਾਯੋਗ ਉਪਰਾਲੇ ਕਰ ਰਹੇ ਹਨ। ਸ਼੍ਰੀ ਕਾਕਾ ਰਾਮ ਵਰਮਾ ਨੇ ਕਿਹਾ ਕਿ ਇੱਕ ਇਨਸਾਨ ਦੀ ਮੌਤ, ਜਾ ਅਪਾਹਜਤਾ ਜਾ ਚਾਲਕਾਂ ਦਾ ਜੇਲਾਂ ਵਿੱਚ ਜਾਣ ਤੇ ਪਰਿਵਾਰਕ ਮੈਂਬਰਾਂ ਨੂੰ ਸਦੀਵੀ ਦੁੱਖ ਦਰਦ ਅਤੇ ਅਨੇਕਾਂ ਸਮਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ, ਅਤੇ ਇੱਕ ਦੀ ਅਚਾਨਕ ਹੋਈ ਮੌਤ, 30/40 ਮੈਂਬਰਾਂ ਨੂੰ ਵੀ ਜਿਉਂਦੇ ਜੀਅ ਮਾਰਦੀ ਹੈ।ਉਨ੍ਹਾਂ ਨੇ ਦੱਸਿਆ ਕਿ ਲੋਕਾਂ ਦੀ ਅਣਗਹਿਲੀਆਂ ਲਾਪਰਵਾਹੀਆਂ ਆਕੜ ਹੰਕਾਰ ਦਿਖਾਵਿਆਂ ਕਰਕੇ ਸੜ੍ਹਕੀ ਹਾਦਸਿਆਂ, ਦਿਲ, ਸਾਹ ਦਿਮਾਗ ਦੇ ਦੌਰੇ ਅਤੇ ਵੱਧ ਖ਼ੂਨ ਵਗਣ, ਆਫਤਾਵਾਂ ਅਤੇ ਘਰੇਲੂ ਦੁਰਘਟਨਾਵਾਂ, ਕਾਰਨ ਸੱਭ ਤੋਂ ਵੱਧ ਮੌਤਾਂ ਤੁਰੰਤ ਮੌਕੇ ਤੇ ਠੀਕ ਫ਼ਸਟ ਏਡ ਨਾ ਮਿਲਣ ਕਾਰਨ ਹੋ ਰਹੀਆਂ ਹਨ, ਕਿਉਂਕਿ ਸਿੱਖਿਆ ਸੰਸਥਾਵਾਂ ਵਿਖੇ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਨੂੰ ਸਿਹਤ ਤਦੰਰੁਸਤੀ,ਸੇਫਟੀ ਬਚਾਉ ਮਦਦ ਦੀ ਟ੍ਰੇਨਿੰਗ ਅਭਿਆਸ ਭਾਵਨਾਵਾਂ ਅਤੇ ਆਦਤਾਂ ਨਹੀਂ ਦਿੱਤੀਆਂ ਜਾਂਦੀਆਂ। ਉਨ੍ਹਾਂ ਨੇ ਗਰੀਨ ਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦੂਸਰੇ ਸਕੂਲਾਂ ਦੇ ਪ੍ਰਿੰਸੀਪਲਾਂ ਦੇ ਸਹਿਯੋਗ ਦੀ ਪ੍ਰਸੰਸਾ ਕੀਤੀ ਜੋਂ ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਅਧਿਆਪਕਾਂ ਅਤੇ ਉਨ੍ਹਾਂ ਰਾਹੀਂ ਮਾਪਿਆਂ ਨੂੰ ਆਵਾਜਾਈ, ਫ਼ਸਟ ਏਡ, ਸੀ ਪੀ ਆਰ ਜ਼ਖਮੀਆਂ ਦੀ ਸੇਵਾ ਸੰਭਾਲ, ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ, ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ ਦੀ ਟ੍ਰੇਨਿੰਗ ਕਰਵਾਉਣ ਲਈ ਸਮੇਂ ਸਮੇਂ ਪ੍ਰੋਗਰਾਮ ਕਰਵਾਉਂਦੇ ਰਹਿੰਦੇ ਹਨ। ਇਸ ਮੌਕੇ ਆਵਾਜਾਈ ਪੁਲਿਸ ਸਿੱਖਿਆ ਸੈਲ ਵਲੋਂ ਏ ਐਸ ਆਈ ਸ਼੍ਰੀ ਰਾਮ ਸ਼ਰਨ ਨੇ ਆਵਾਜਾਈ ਨਿਯਮਾਂ ਕਾਨੂੰਨਾਂ ਦੇ ਨਾਲ ਸਾਇਬਰ ਸੁਰੱਖਿਆ ਨਸ਼ਿਆਂ ਅਪਰਾਧਾਂ ਤੋਂ ਬਚਣ ਦੀ ਜਾਣਕਾਰੀ ਦਿੱਤੀ ਅਤੇ ਦਸਿਆ ਕਿ ਜਿਹੜੇ ਵਿਦਿਆਰਥੀ ਬਿਨਾਂ ਲਾਇਸੰਸ ਮੋਟਰਸਾਈਕਲ ਸਕੂਟਰ ਕਾਰਾਂ ਚਲਾਉਂਦੇ ਹਨ ਉਨ੍ਹਾਂ ਵਿਦਿਆਰਥੀਆਂ ਦੇ ਨਾਲ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਸਜ਼ਾਵਾਂ ਮਿਲ ਰਹੀਆਂ ਹਨ ਇਸ ਲਈ ਸਿੱਖਿਆ ਸੰਸਥਾਵਾਂ ਅਤੇ ਮਾਪਿਆਂ ਨੂੰ ਬੱਚਿਆਂ ਨੂੰ ਸੁਰੱਖਿਆ ਬਚਾਉ ਮਦਦ ਸਨਮਾਨ ਸਿਹਤ ਤਦੰਰੁਸਤੀ ਹਿੱਤ ਜਾਗਰੂਕ ਕਰਵਾਉਣੇ ਚਾਹੀਦੇ ਹਨ। ਸਕੂਲ ਦੇ ਵਿਦਿਆਰਥੀਆਂ ਨੇ ਆਵਾਜਾਈ ਨਿਯਮਾਂ ਕਾਨੂੰਨਾਂ ਅਸੂਲਾਂ, ਫ਼ਸਟ ਏਡ, ਸੀ ਪੀ ਆਰ, ਵੈਂਟੀਲੇਟਰ ਬਣਾਉਟੀ ਸਾਹ ਕਿਰਿਆ, ਸੰਕਟ ਸਮੇਂ ਪੀੜਤਾਂ ਦੀ ਸਹਾਇਤਾ ਕਰਨ ਲਈ 112/181 ਅਤੇ 108/101 ਅਤੇ ਸਾਈਬਰ ਸੁਰੱਖਿਆ ਲਈ 1930 ਨੰਬਰਾਂ ਦੀ ਵਰਤੋਂ ਕਰਨ ਦੇ ਪ੍ਰਦਰਸ਼ਨ ਕੀਤੇ ਜਿਨ੍ਹਾਂ ਨੂੰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਮੈਡਲ ਦੇਕੇ ਸਨਮਾਨਿਤ ਕੀਤਾ। ਪ੍ਰਿੰਸੀਪਲ ਸ਼੍ਰੀਮਤੀ ਮੰਜੂ ਗਰਗ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ, ਪੰਜਾਬ ਪੁਲਿਸ ਅਤੇ ਸ਼੍ਰੀ ਕਾਕਾ ਰਾਮ ਵਰਮਾ ਜੀ ਵੱਲੋਂ ਆਵਾਜਾਈ ਸੁਰੱਖਿਆ ਫ਼ਸਟ ਏਡ ਪੀੜਤਾਂ ਦੀ ਸਹਾਇਤਾ ਕਰਨ ਲਈ ਮਦਦਗਾਰ ਫਰਿਸ਼ਤੇ ਤਿਆਰ ਕਰਨ ਲਈ ਕੀਤੇ ਜਾ ਰਹੇ ਪ੍ਰੈਕਟਿਕਲ ਉਪਰਾਲੇ ਪ੍ਰਸ਼ੰਸਾਯੋਗ ਹਨ, ਪਰ ਜ਼ਰੂਰੀ ਹੈ ਕਿ ਵਿਦਿਆਰਥੀਆਂ ਅਧਿਆਪਕਾਂ ਨਾਗਰਿਕਾਂ ਕਰਮਚਾਰੀਆਂ ਅਤੇ ਮਾਪਿਆਂ ਨੂੰ ਵੀ ਨਿਯਮਾਂ ਕਾਨੂੰਨਾਂ ਦੀ ਜਾਣਕਾਰੀ ਅਤੇ ਪਾਲਣਾ ਕਰਨ, ਜ਼ਖਮੀਆਂ ਦੀ ਫ਼ਸਟ ਏਡ, ਸੀ ਪੀ ਆਰ ਵੈਂਟੀਲੇਟਰ ਬਣਾਉਟੀ ਸਾਹ ਕਿਰਿਆ ਕਰਨ ਬਾਰੇ, ਨਿਰੰਤਰ ਜਾਣਕਾਰੀ ਅਤੇ ਟਰੇਨਿੰਗ ਦਿੱਤੀ ਜਾਵੇ ਤਾਂ ਜੋ ਉਹ ਆਤਮ ਵਿਸ਼ਵਾਸ ਹੌਸਲੇ ਨਾਲ, ਤੁਰੰਤ ਮੌਕੇ ਤੇ ਪੀੜਤਾਂ ਦੇ ਮਦਦਗਾਰ ਫਰਿਸ਼ਤੇ ਬਣ ਸਕਣ। ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੀ ਇੱਕ ਵਿਦਿਆਰਥਣ ਨੇ ਆਪਣੇ ਪੜ੍ਹੋਸੀ ਦੇ ਬੇਹੋਸ਼ ਬੱਚੇ ਦੀ ਜਾਨ ਬਚਾਈ ਸੀ, ਹੁਣ ਡੀ ਬੀ ਜੀ ਸੰਸਥਾ ਵਲੋਂ ਉਸ ਲੜਕੀ ਨੂੰ 4 ਫਰਵਰੀ ਨੂੰ ਬਹਾਦਰ ਵਿਦਿਆਰਥਣ ਵਜੋਂ ਸਨਮਾਨਿਤ ਕੀਤਾ ਜਾਵੇਗਾ। ਵਿਦਿਆਰਥੀਆਂ ਅਧਿਆਪਕਾਂ ਨੇ ਨਿਯਮਾਂ ਕਾਨੂੰਨਾਂ ਦੀ ਪਾਲਣਾ ਕਰਨ ਦੀ ਕਸਮ ਖਾਧੀ।

# ਨਸ਼ਿਆਂ ਵਿਰੁੱਧ ਪਬਲਿਕ ਲਾਮਬੰਦ ਹੋ ਕੇ ਪੁਲਿਸ ਪ੍ਰਸ਼ਾਸਨ ਨੂੰ ਸਹਿਯੋਗ ਕਰਨ ਲਈ ਅੱਗੇ ਆਏ : ਪਰਮਿੰਦਰ ਭਲਵਾਨ

**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**




ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੁਵਕ ਸੇਵਾਵਾਂ ਕਲੱਬ, ਯੁਵਕ ਸੇਵਾਵਾਂ ਪਾਵਰ ਹਾਊਸ ਯੂਥ ਕਲੱਬ,ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਜੋ ਕਿ ਲੰਬੇ ਸਮੇਂ ਤੋਂ ਨਸ਼ਿਆਂ ਵਿਰੁੱਧ ਜਾਗਰੁਕਤਾ ਪ੍ਰੋਗਰਾਮ ਦਾ ਆਯੋਜਨ ਕਰ ਰਹੀਆਂ ਹਨ। ਅੱਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਐਸ. ਐਸ. ਪੀ ਪਟਿਆਲਾ ਵਰੁਣ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਅਤੇ ਰੈਲੀ ਦਾ ਆਯੋਜਨ ਦਾ ਆਯੋਜਨ ਕੀਤਾ ਗਿਆਂ। ਜਿਸ ਵਿਚ ਮੁੱਖ ਮਹਿਮਾਨ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੂਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਨੇ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਕਾਲਜ ਆਫ ਐਜੂਕੇਸ਼ਨ ਪਟਿਆਲਾ ਦੇ ਐਸਿਸਟੈਂਟ ਪ੍ਰੋਫੈਸਰ ਹਰਦੀਪ ਕੌਰ ਸੈਣੀ, ਐਸਿਸਟੈਂਟ ਪ੍ਰੋਫੈਸਰ ਯਸਪ੍ਰੀਤ ਸਿੰਘ ਨੇ ਕੀਤੀ। ਇਸ ਮੌਕੇ ਜਤਵਿੰਦਰ ਗਰੇਵਾਲ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਵਿਸ਼ੇਸ਼ ਤੌਰ ਸਟੇਟ ਐਵਾਰਡੀ ਰੁਪਿੰਦਰ ਕੌਰ ਕਲੱਬ ਪ੍ਰਧਾਨ ਯੂਵਕ ਸੇਵਾਵਾਂ ਪਾਵਰ ਹਾਊਸ ਯੂਥ ਕਲੱਬ ਰਣਜੀਤ ਨਗਰ, ਰੁਦਰਪ੍ਰਤਾਪ ਸਿੰਘ ਕਲੱਬ ਪ੍ਰਧਾਨ ਯੂਵਕ ਸੇਵਾਵਾਂ ਕਲੱਬ ਦੀਪ ਨਗਰ, ਜਸ਼ਨਜੋਤ ਸਿੰਘ, ਲੱਕੀ ਹਰਦਾਸਪੁਰ, ਸਾਹਿਬਜੀਤ ਸਿੰਘ, ਗੁਰਮਨਜੋਤ ਕੋਰ, ਗੁਰਕੀਰਤ ਸਿੰਘ, ਜਪਨੀਤ ਸਿੰਘ ਨੇ ਸ਼ਿਰਕਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਪਰਮਿੰਦਰ ਭਲਵਾਨਨੇ ਕਿਹਾ ਕਿ ਨੌਜਵਾਨ ਲੜਕੀਆਂ ਅਤੇ ਲੜਕਿਆਂ ਵੱਲੋਂ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣਾ ਸ਼ਲਾਘਾਯੋਗ ਕਦਮ ਹੈ। ਉਹਨਾਂ ਕਿਹਾ ਕਿ ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਸਾਰੇ ਵਰਗਾਂ ਦੇ ਲੋਕ ਨਸ਼ਿਆਂ ਵਿਰੁੱਧ ਇੱਕ ਪਲੇਟਫਾਰਮ 'ਤੇ ਇਕਠੇ ਹੋ ਕੇ ਨਸ਼ਿਆਂ ਵਿਰੁੱਧ ਲੜਾਈ ਲੜਨ ਲਈ ਅੱਗੇ ਆਉਣ ਤਾਂ ਹੀ ਅਸੀਂ ਨਸ਼ਿਆਂ ਨੂੰ ਪੰਜਾਬ ਵਿਚੋਂ ਜੜੋਂ ਖਤਮ ਕਰ ਸਕਾਂਗੇ। ਉਹਨਾਂ ਕਿਹਾ ਕਿ ਪੰਜਾਬ ਦੇ ਵਿਚ ਹਰ ਰੋਜ ਨੌਜਵਾਨਾਂ ਦੀਆਂ ਨਸ਼ਿਆਂ ਨਾਲ ਹੋ ਰਹੀਆਂ ਮੌਤਾਂ ਬਹੁਤ ਚਿੰਤਾ ਦਾ ਵਿਸ਼ਾ ਹਨ। ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆ ਕੇ ਲੜਾਈ ਲੜਨ ਅਤੇ ਨਸ਼ਾ ਤਸਕਰਾਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣ।ਉਹਨਾਂ ਪਬਲਿਕ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਪ੍ਰਸ਼ਾਸਨ ਨੂੰ ਦੇਣ ਤਾ ਜੋ ਨਸ਼ਾ ਤਸਕਰਾਂ ਨੂੰ ਨਕੇਲ ਪਾਈ ਜਾ ਸਕੇ।

# ਅੰਨਦਾਤਾ ਕਿਸਾਨ ਯੂਨੀਅਨ ਦੀ ਜਿਲਾ ਦਿਹਾਤੀ ਪ੍ਰਧਾਨ ਜੁਗਰਾਜ ਮੰਡ ਦੀ ਅਗਵਾਈ ਹੇਠ ਹੋਈ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ

**➢ ਮੀਟਿੰਗ ਵਿੱਚ ਰਾਸ਼ਟਰੀ ਪ੍ਰਧਾਨ ਗੁਰਮੁੱਖ ਸਿੰਘ ਵਿਰਕ ਅਤੇ ਪੰਜਾਬ ਤਰਨਜੀਤ ਸਿੰਘ ਨਿਮਾਣਾ ਵਿਸ਼ੇਸ਼ ਤੌਰ 'ਤੇ ਪਹੁੰਚੇ ➢ ਯੂਨੀਅਨ ਦਾ ਵਿਸਥਾਰ ਕਰਦਿਆਂ ਹਲਕਾ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਨਿਯੁਕਤੀ ਕੀਤੀ**

**ਮਾਛੀਵਾੜਾ ਸਾਹਿਬ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਇਥੇ ਅੰਨਦਾਤਾ ਕਿਸਾਨ ਯੂਨੀਅਨ ਦੀ ਇੱਕ ਮੀਟਿੰਗ ਜਿਲ੍ਹਾ ਲੁਧਿਆਣਾ ਦੇ ਦਿਹਾਤੀ ਪ੍ਰਧਾਨ ਜੁਗਰਾਜ ਸਿੰਘ ਮੰਡ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ ਤੇ ਇਹ ਮੀਟਿੰਗ ਰੈਲੀ ਦੇ ਰੂਪ ਧਾਰ ਗਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਯੂਨੀਅਨ ਦੇ ਰਾਸ਼ਟਰੀ ਪ੍ਰਧਾਨ ਗੁਰਮੁੱਖ ਸਿੰਘ ਵਿਰਕ ਅਤੇ ਪੰਜਾਬ ਪ੍ਰਧਾਨ ਤਰਨਜੀਤ ਸਿੰਘ ਨਿਮਾਣਾ ਤੋਂ ਇਲਾਵਾ ਹੋਰ ਅਹੁਦੇਦਾਰ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਗੁਰਮੁਖ ਸਿੰਘ ਵਿਰਕ ਅਤੇ ਪੰਜਾਬ ਪ੍ਰਧਾਨ ਤਰਨਜੀਤ ਸਿੰਘ ਨਿਮਾਣਾ ਨੇ ਕਿਹਾ ਕਿ ਅੰਨਦਾਤਾ ਕਿਸਾਨ ਯੂਨੀਅਨ ਪੂਰੇ ਦੇਸ਼ ਵਿਚ ਫੈਲ ਚੁੱਕੀ ਹੈ ਤੇ ਹੁਣ ਪੰਜਾਬ ਵਿੱਚ ਵੀ ਇਸਦਾ ਵਿਸਥਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੰਨਦਾਤਾ ਕਿਸਾਨ ਯੂਨੀਅਨ ਨਿਰਮੋਲ ਕਿਸਾਨਾਂ ਦੀ ਜਥੇਬੰਦੀ ਹੈ ਤੇ ਇਸ ਯੂਨੀਅਨ ਵੱਲੋਂ ਖੇਤੀ ਕਾਨੂੰਨ ਰੱਦ ਕਰਵਾਉਣ ਲਈ ਦਿੱਲੀ ਵਿਖੇ ਲੱਗੇ ਕਿਸਾਨ ਅੰਦੋਲਨ ਵਿੱਚ ਅਹਿਮ ਯੋਗਦਾਨ ਪਾਇਆ ਗਿਆ ਸੀ। ਇਨਾਂ ਆਗੂਆਂ ਨੇ ਕਿਹਾ ਕਿ ਅੰਨਦਾਤਾ ਕਿਸਾਨ ਯੂਨੀਅਨ ਵੱਲੋਂ 13 ਫਰਵਰੀ ਨੂੰ ਕਿਸਾਨਾਂ ਦੀਆਂ ਰਹਿੰਦੀਆਂ ਮੰਗਾਂ ਮਨਵਾਉਣ ਲਈ ਦਿੱਲੀ ਵੱਲ ਨੂੰ ਕੂਚ ਕੀਤਾ ਜਾਵੇਗਾ ਅਤੇ ਇਸ ਸਬੰਧੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਇਸਦੀ ਇੱਕ ਵੱਡੀ ਮੀਟਿੰਗ 3 ਫਰਵਰੀ ਨੂੰ ਹਰਿਆਣਾ ਵਿੱਚ ਰੱਖੀ ਗਈ ਹੈ ਜਿਸ ਵਿੱਚ ਇਸ ਅੰਦੋਲਨ ਦੀ ਅੰਤਿਮ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਕਿ ਉਹ ਉਹਨਾਂ ਦੀ ਯੂਨੀਅਨ ਕਿਸਾਨਾਂ ਦੀਆਂ ਮੰਗਾਂ ਲਈ ਹਮੇਸ਼ਾ ਡੱਟ ਕੇ ਖੜੇਗੀ ਤੇ ਕਿਸੇ ਵੀ ਰਾਜਨੀਤਿਕ ਪਾਰਟੀ ਅੱਗੇ ਨਹੀਂ ਝੁਕੇਗੀ।

ਇਸ ਮੀਟਿੰਗ ਦੌਰਾਨ ਜਿਲਾ ਦਿਹਾਤੀ ਪ੍ਰਧਾਨ ਜੁਗਰਾਜ ਸਿੰਘ ਮੰਡ ਨੇ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਵਿਰਕ ਅਤੇ ਪੰਜਾਬ ਪ੍ਰਧਾਨ ਤਰਨਜੀਤ ਸਿੰਘ ਨਿਮਾਣਾ ਤੋਂ ਇਲਾਵਾ ਹੋਰਨਾਂ ਅਹੁਦੇਦਾਰਾਂ ਦਾ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਕਿਸਾਨਾਂ ਦਾ ਮੀਟਿੰਗ ਵਿੱਚ ਪੁੱਜਣ ਤੇ ਧੰਨਵਾਦ ਕਰਦਿਆਂ ਕਿਹਾ ਕਿ ਅੰਨਦਾਤਾ ਕਿਸਾਨ ਯੂਨੀਅਨ ਇੱਕ ਅਜਿਹੀ ਯੂਨੀਅਨ ਹੈ ਜਿਹੜੀ ਕਿ ਪਾਰਟੀਬਾਜੀ ਤੋਂ ਉਪਰ ਉੱਠ ਕੇ ਕਿਸਾਨਾਂ ਦੇ ਨਾਲ ਖੜੀ ਹੈ ਅਤੇ ਉਹਨਾਂ ਦੀਆਂ ਮੰਗਾਂ ਲਈ ਸੰਘਰਸ਼ ਕਰਦੀ ਆਈ ਹੈ। ਉਹਨਾਂ ਯੂਨੀਅਨ ਦੇ ਨੁਮਾਇੰਦਿਆਂ ਨੂੰ ਵਿਸ਼ਵਾਸ਼ ਦਵਾਇਆ ਕਿ ਉਹ ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਯੂਨੀਅਨ ਦੇ ਹਰ ਉਲੀਕੇ ਗਏ ਪ੍ਰੋਗਰਾਮ ਵਿੱਚ ਡੱਟ ਕੇ ਸਾਥ ਦੇਣਗੇ ਅਤੇ ਕਿਸਾਨਾਂ ਦੀ ਹਰ ਮੁਸ਼ਕਿਲ ਵਿੱਚ ਉਹਨਾਂ ਦੇ ਨਾਲ ਖੜਨਗੇ।

ਇਸ ਮੀਟਿੰਗ ਵਿੱਚ ਯੂਨੀਅਨ ਦਾ ਵਿਸਥਾਰ ਕਰਦਿਆਂ ਨੌਜਵਾਨਾਂ ਨੂੰ ਅਹੁਦੇ ਦਿੱਤੇ ਗਏ ਹਨ ਜਿਨਾਂ ਵਿੱਚ ਦਵਿੰਦਰ ਸਿੰਘ ਪ੍ਰਧਾਨ ਹਲਕਾ ਸਮਰਾਲਾ, ਰਾਜਵੀਰ ਸਿੰਘ ਮਾਂਗਟ ਪ੍ਰਧਾਨ ਹਲਕਾ ਪਾਇਲ, ਪ੍ਰਦੀਪ ਸਿੰਘ ਗਰੇਵਾਲ ਪ੍ਰਧਾਨ ਹਲਕਾ ਸਾਹਨੇਵਾਲ ਅਤੇ ਪ੍ਰਗਟ ਸਿੰਘ ਨੂੰ ਹਲਕਾ ਗਿੱਲ ਦਾ ਪ੍ਰਧਾਨ ਥਾਪਿਆ ਗਿਆ। ਗੁਰਮੀਤ ਸਿੰਘ ਢੀਂਡਸਾ ਨੂੰ ਲੁਧਿਆਣਾ ਦਿਹਾਤੀ ਦਾ ਸਕੱਤਰ ਜਰਨਲ ਥਾਪਿਆ ਗਿਆ। ਇਸ ਤੋਂ ਇਲਾਵਾ ਬਲਦੀਪ ਸਿੰਘ ਨੂੰ ਜਿਲਾ ਲੁਧਿਆਣਾ ਦਿਹਾਤੀ ਦਾ ਸੀਨੀਅਰ ਮੀਤ ਪ੍ਰਧਾਨ, ਗੁਰਨਾਮ ਸਿੰਘ ਗੌਰਵ ਪ੍ਰਸ਼ਾਦ, ਪ੍ਰਿਤਪਾਲ ਸਿੰਘ ਅਤੇ ਤੇਜਪਾਲ ਸਿੰਘ ਨੂੰ ਲੁਧਿਆਣਾ ਦਿਹਾਤੀ ਦਾ ਮੀਤ ਪ੍ਰਧਾਨ ਥਾਪਿਆ ਗਿਆ ਅਤੇ ਬਲਜਿੰਦਰ ਸਿੰਘ ਨੂੰ ਪ੍ਰੈਸ ਸਕੱਤਰ ਦਾ ਅਹੁਦਾ ਦਿੱਤਾ ਗਿਆ।

# ਮੁਲਾਜ਼ਮ ਸੰਘਰਸ਼ ਕਮੇਟੀ 17 ਫਰਵਰੀ ਨੂੰ ਧੂਰੀ ਵਿਖੇ ਦੇਵੇਗੀ ਪਰਿਵਾਰਾਂ ਸਮੇਤ ਧਰਨਾ



**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਲਾਜਮ ਸੰਘਰਸ਼ ਕਮੇਟੀ ਦੀ ਮੀਟਿੰਗ ਬਾਰਾਦਰੀ ਬਾਗ ਪਟਿਆਲਾ ਵਿਖੇ ਹੋਈ। ਜਿਸ ਵਿੱਚ ਸੀ.ਆਰ.ਏ. 295/19 ਦੇ ਸਬੰਧ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਮੁਲਾਜ਼ਮ ਸੰਘਰਸ਼ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਲੱਗੇ ਧਰਨਿਆਂ ਦੀ ਬਦੌਲਤ ਬਿਜਲੀ ਬੋਰਡ (ਪੀ.ਐਸ.ਪੀ.ਸੀ.ਐਲ.) ਦੀ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਨਾਲ ਜੋ ਸਹਿਮਤੀਆਂ ਬਣੀਆਂ ਸਨ। ਜਿਸ ਤੋਂ ਪੀ.ਐਸ.ਪੀ.ਸੀ.ਐਲ. ਦੀ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਪਿਛੇ ਹਟੇ ਹਨ, ਬਲਕਿ ਇਸ ਦੇ ਉਲਟ ਚੱਲ ਸਾਡੇ 25 ਮੁਲਾਜ਼ਮ ਸਾਥੀਆਂ ਨੂੰ ਬਿਨਾਂ ਕਿਸੇ ਨੋਟਿਸ ਤੋਂ ਟਰਮੀਨੇਟ ਕਰਨਾ ਸ਼ੁਰੂ ਕਰ ਦਿੱਤਾ ਹੈ।

ਇਸ ਮੁਲਾਜਮ ਮਾਰੂ ਕਾਰਵਾਈ ਦੀ ਮੁਲਾਜਮ ਸੰਘਰਸ਼ ਕਮੇਟੀ ਸਖਤ ਸ਼ਬਦਾਂ ਵਿੱਚ ਨਿਖੇਦੀ ਕਰਦੀ ਹੈ।

ਅੱਜ ਦੀ ਮੀਟਿੰਗ ਵਿੱਚ ਸਹਿਯੋਗੀ ਜਥੇਬੰਦੀਆਂ ਵਿਚੋਂ ਅਵਤਾਰ ਸਿੰਘ ਕੋਰਜੀਵਾਲਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਦਵਿੰਦਰ ਸਿੰਘ ਪੂਨੀਆ, ਕਿਰਤੀ ਕਿਸਾਨ ਯੂਨੀਅਨ, ਰਾਜ ਕ੍ਰਿਸ਼ਨ ਨੂਰਖੇੜੀਆ ਜਮਹੂਰੀ ਕਿਸਾਨ ਸਪਾ, ਹਿਤੇਸ਼ ਕੁਮਾਰ ਮੁਲਾਜਮ ਯੂਨਾਈਟਡ, ਔਰਗੋਨਾਈਜੇਸ਼ਨ, ਸੁਰਿੰਦਰ ਸ਼ਰਮਾ ਫਿਰੋਜਪੁਰ ਪੰਜਾਬ ਪੈਨਸ਼ਨਰਜ਼ ਐਸੋ. ਪੰਜਾਬ, ਦਵਿੰਦਰ ਸਿੰਘ ਪਿਸ਼ੌਰ ਆਈ.ਟੀ.ਆਈ., ਇੰਪ: ਐਸੋ: ਪੰਜਾਬ, ਕੁਲਦੀਪ ਸਿੰਘ ਖੰਨਾ ਵਿਗਿਆਨਿਕ ਸੰਘਰਸ਼ਸ਼ੀਲ ਫਰੰਟ ਪੰਜਾਬ ਨੇ ਸਰਬ ਸੰਮਤੀ ਨਾਲ ਇਹ ਪਾਸ ਕਰਕੇ ਮੰਗ ਕੀਤੀ ਕਿ ਸੀ.ਆਰ.ਏ. 295/19 ਅਧੀਨ ਪੀ.ਐਸ.ਪੀ.ਸੀ. ਐਲ. ਵਿੱਚ ਭਰਤੀ ਮੁਲਾਜਮਾਂ ਨੂੰ ਤੁਰੰਤ ਰੈਗੂਲਰ ਕਰਕੇ ਬਣਦੀਆਂ ਸਹੂਲਤਾਂ ਦੇਣ ਲਈ ਪੰਜਾਬ ਸਰਕਾਰ ਵਲੋਂ ਮੁੱਖ ਮੰਤਰੀ ਸਿੱਧੇ ਤਰ ਤੇ ਦਖਲ ਦੇ ਕੇ ਇਨਸਾਫ ਦੁਆਵੇ। ਜਿਸ ਦੇ ਲਈ ਇਹ ਤਹਿ ਹੋਇਆ ਕਿ ਮੁੱਖ ਮੰਤਰੀ ਦੇ ਸ਼ਹਿਰ ਧੂਰੀ ਵਿਖੇ 17 ਫਰਵਰੀ ਨੂੰ ਧਰਨਾ ਦੇਣ ਉਪਰੰਤ ਉਨ੍ਹਾਂ ਦੇ ਦਫਤਰ ਵੱਲ ਮਾਰਚ ਕੀਤਾ ਜਾਵੇਗਾ।

ਅੱਜ ਦੀ ਮੀਟਿੰਗ ਵਿੱਚ ਜਨਤਕ ਅਤੇ ਕਿਸਾਨ ਜਥੇਬੰਦੀਆਂ ਵਲੋਂ ਇਸ ਸੰਘਰਸ਼ ਦੇ ਲਈ ਭਰਪੂਰ ਸਮਰਥਨ ਅਤੇ ਸਹਿਯੋਗ ਕਰਨ ਦਾ ਵਾਅਦਾ ਦੌਹਰਾਇਆ ਗਿਆ।

ਮੁਲਾਜਮ ਸੰਘਰਸ਼ ਕਮੇਟੀ ਵਲੋਂ ਆਪਣੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਇਸ ਰੋਸ ਧਰਨੇ ਵਿੱਚ ਪੂਰੇ ਪੰਜਾਬ ਵਿਚੋਂ ਆਪਣੇ ਪਰਿਵਾਰਾਂ ਸਮੇਤ ਪਹੁੰਚ ਕੀਤੀ ਜਾਵੇ। ਉਹਨਾਂ ਇਹ ਵੀ ਕਿਹਾ ਕਿ ਜੇਕਰ ਇਸ ਧਰਨੇ ਦੌਰਾਨ ਸਰਕਾਰ ਅਤੇ ਪੀ.ਐਸ.ਪੀ.ਸੀ.ਐਲ. ਦੀ ਮੈਨੇਜਮੈਂਟ ਵੱਲੋਂ ਸਹੀ ਅਤੇ ਸਾਰਥਿਕ ਹੱਲ ਨਹੀਂ ਕੀਤਾ ਜਾਂਦਾ ਤਾਂ ਸੰਘਰਸ਼ ਨੂੰ ਤਿੱਖਾ ਕਰਦਿਆਂ ਪੰਜਾਬ ਦੀ ਆਪ ਸਰਕਾਰ ਵੱਲ ਸੇਧਤ ਕਰਦੇ ਹੋਏ ਜਾਰੀ ਰੱਖਿਆ ਜਾਵੇਗਾ। ਜਿਸ ਦੌਰਾਨ ਹੋਣ ਵਾਲੇ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਦੀ ਜਿੰਮੇਵਾਰੀ ਸਿੱਧੇ ਤੌਰ ਉੱਤੇ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਦੀ ਮੈਨੇਜਮੈਂਟ ਦੀ ਹੋਵੇਗੀ।

ਅੱਜ ਦੀ ਮੀਟਿੰਗ ਵਿੱਚ ਜੋ ਹਮਾਇਤੀ ਜਥੇਬੰਦੀਆਂ ਕਿਸੇ ਕਾਰਨ ਕਰਕੇ ਨਹੀਂ ਪਹੁੰਚ ਸਕੀਆਂ। ਉਹਨਾਂ ਵਲੋਂ ਵੀ ਇਹ ਸੰਦੇਸ਼ ਆਇਆ ਕਿ ਹੱਕ ਸੱਚ ਦੇ ਇਸ ਘੋਲ ਵਿੱਚ ਮੁਲਾਜਮ ਸੰਘਰਸ਼ ਕਮੇਟੀ ਦਾ ਹਰੇਕ ਪੱਖ ਤੋਂ ਪੂਰਨ ਸਾਥ ਦੇ ਕੇ ਜਿੱਤ ਦਰਜ ਕਰਵਾਈ ਜਾਵੇਗੀ।

# ਪਟਿਆਲਾ ਹੈਰੀਟੇਜ ਮੇਲਾ 2 ਫਰਵਰੀ ਤੋਂ ਸ਼ੁਰੂ, ਤਿਆਰੀਆਂ ਜੋਰਾਂ 'ਤੇ

## ਸਮੂਹ ਪਟਿਆਲਵੀ ਪਟਿਆਲਾ ਹੈਰੀਟੇਜ ਫੈਸਟੀਵਲ ਦਾ ਜਰੂਰ ਹਿੱਸਾ ਬਣਨ: ਸਾਕਸ਼ੀ ਸਾਹਨੀ

**ਪਟਿਆਲਾ, 31 ਜਨਵਰੀ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

2 ਫਰਵਰੀ ਤੋਂ ਸ਼ੁਰੂ ਹੋਣ ਜਾ ਰਹੇ ਪਟਿਆਲਾ ਹੈਰੀਟੇਜ ਮੇਲੇ ਦੀਆਂ ਤਿਆਰੀਆਂ ਜੋਰਾਂ 'ਤੇ ਹਨ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਇਸ ਮੇਲੇ ਦੇ ਇੰਚਾਰਜ ਏ.ਡੀ.ਸੀ. ਅਨੁਪ੍ਰਿਤਾ ਜੌਹਲ ਤੇ ਵੱਖ-ਵੱਖ ਪ੍ਰੋਗਰਾਮਾਂ ਦੇ ਨੋਡਲ ਅਧਿਕਾਰੀਆਂ ਨਾਲ ਇੱਕ ਬੈਠਕ ਕਰਕੇ ਜਰੂਰੀ ਨਿਰਦੇਸ਼ ਜਾਰੀ ਕੀਤੇ।

ਸਮੂਹ ਪੰਜਾਬੀਆਂ ਤੇ ਖਾਸ ਕਰਕੇ ਪਟਿਆਲਵੀਆਂ ਨੂੰ ਇਨ੍ਹਾਂ ਸਮਾਗਮਾਂ ਦਾ ਆਨੰਦ ਮਾਣਨ ਲਈ ਖੁੱਲ੍ਹਾ ਸੱਦਾ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਸਹੀ ਅਰਥਾਂ ਵਿੱਚ ਰੰਗਲਾ ਪੰਜਾਬ ਬਣਾਉਣ ਦਾ ਬੀੜਾ ਉਠਾਇਆ ਗਿਆ ਹੈ, ਇਸ ਲਈ ਰਾਜ ਭਰ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀ ਵਿਰਾਸਤ ਨੂੰ ਉਭਾਰਨ ਲਈ ਹੈਰੀਟੇਜ ਫੈਸਟੀਵਲ ਕਰਵਾਏ ਜਾ ਰਹੇ ਹਨ।

ਸਾਕਸ਼ੀ ਸਾਹਨੀ ਨੇ ਦੱਸਿਆ ਕਿ 2 ਫਰਵਰੀ ਨੂੰ ਸਵੇਰੇ ਖਾਲਸਾ ਕਾਲਜ ਵਿਖੇ ਪਟਿਆਲਾ ਲਿਟਰੇਚਰ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਸ਼ੁਰੂ ਹੋਵੇਗਾ ਅਤੇ ਸ਼ਾਮ ਨੂੰ ਕਿਲ੍ਹਾ ਮੁਬਾਰਕ ਵਿਖੇ ਸ਼ਾਸ਼ਤਰੀ ਸੰਗੀਤ ਦੀ ਸ਼ਾਮ ਵਿੱਚ ਪਟਿਆਲਾ ਵਿਖੇ ਪਹਿਲੀ ਵਾਰ ਭਾਰਤੀ ਕਲਾ ਕੇਂਦਰ ਵੱਲੋਂ ਮੀਰਾ 'ਤੇ ਅਧਾਰਤ ਸ਼ਾਸਤਰੀ ਨਾਚ ਬੈਲੇ ਹੋਵੇਗਾ ਅਤੇ ਪੰਡਿਤ ਸੁਭੇਂਦਰ ਰਾਓ ਅਤੇ ਸਸਕਿਆ ਰਾਓ ਵੱਲੋਂ ਸਿਤਾਰ ਅਤੇ ਸੈਲੋ ਵਾਦਨ ਦੀ ਪੇਸ਼ਕਾਰੀ ਦਿੱਤੀ ਜਾਵੇਗੀ। 3 ਫਰਵਰੀ ਨੂੰ ਖਾਲਸਾ ਕਾਲਜ ਵਿਖੇ ਮਿਲਟਰੀ ਲਿਟਰੇਚਰ ਫੈਸਟੀਵਲ ਦੇ ਸ਼ਾਨਦਾਰ ਪ੍ਰੋਗਰਾਮਾਂ ਅਤੇ ਸ਼ਾਮ 6 ਵਜੇ ਗਵਾਲੀਅਰ ਘਰਾਣੇ ਦੇ ਪੰਡਿਤ ਲਕਸ਼ਮਣ ਕ੍ਰਿਸ਼ਨਾ ਰਾਓ ਅਤੇ ਮੀਤਾ ਪੰਡਿਤ ਵੱਲੋਂ ਸ਼ਾਸਤਰੀ ਗਾਇਨ ਹੋਵੇਗਾ ਅਤੇ ਨਜ਼ੀਰ ਅਹਿਮਦ ਕਵਾਲ ਵੱਲੋਂ ਨਾਤੀਆ ਕਵਾਲੀ ਗਾਇਨ ਹੋਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 4 ਫਰਵਰੀ ਨੂੰ ਸਵੇਰੇ 10 ਵਜੇ ਬਾਰਾਂਦਰੀ ਬਾਗ ਵਿਖੇ ਪਟਿਆਲਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਬਾਰਦਰੀ ਗਾਰਡਨ ਵਾਕ ਕਰਵਾਈ ਜਾਵੇਗੀ। ਇੱਥੇ ਪਟਿਆਲਾ ਸਵੈ ਸਹਾਇਤਾ ਗਰੁੱਪਾਂ ਦੀ ਦਸਤਕਾਰੀ ਦੀ ਨੁਮਾਇਸ਼, ਫੂਡ ਫੈਸਟੀਵਲ ਵਿੱਚ ਪਟਿਆਲਾ ਦੇ ਵਿਰਾਸਤੀ ਖਾਣੇ ਉਪਲੱਬਧ ਹੋਣਗੇ। ਇਸੇ ਸ਼ਾਮ 6 ਵਜੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪ੍ਰਸਿੱਧ ਪੰਜਾਬੀ ਗਾਇਕ ਗੁਰਨਾਮ ਭੁੱਲਰ ਦਾ ਪੌਪ ਸ਼ੋਅ ਹੋਵੇਗਾ। ਜਦਕਿ 10 ਫਰਵਰੀ ਨੂੰ ਹੈਰੀਟੇਜ ਵਾਕ ਤਹਿਤ ਕਿਲਾ ਮੁਬਾਰਕ ਵਿਖੇ ਵਿਰਾਸਤੀ ਸੈਰ ਅਤੇ ਪਟਿਆਲਾ ਹੈਰੀਟੇਜ ਉਤਸਵ ਦੇ ਅਖੀਰ ਵਿੱਚ 11 ਫਰਵਰੀ ਨੂੰ ਪੋਲੋ ਗਰਾਊਂਡ ਵਿਖੇ ਪਟਿਆਲਾ ਕੈਨਲ ਕਲੱਬ ਵੱਲੋਂ 60ਵੇਂ ਤੇ 61ਵੇਂ ਆਲ ਬਰੀਡ ਚੈਂਪਅਨਸ਼ਿਪ ਤਹਿਤ ਡਾਗ ਸ਼ੋਅ ਕਰਵਾਇਆ ਜਾਵੇਗਾ।

ਮੀਟਿੰਗ 'ਚ ਪਟਿਆਲਾ ਫਾਊਡੇਸ਼ਨ ਤੋਂ ਰਵੀ ਆਹਲੂਵਾਲੀਆ, ਜਸ਼ਨਦੀਪ ਕੌਰ ਗਿੱਲ, ਐਸ.ਡੀ.ਐਮਜ ਡਾ. ਇਸਮਤ ਵਿਜੇ ਸਿੰਘ, ਚਰਨਜੀਤ ਸਿੰਘ, ਨਵਦੀਪ ਕੁਮਾਰ, ਜਸਲੀਨ ਕੌਰ ਭੁੱਲਰ, ਤਰਸੇਮ ਚੰਦ ਤੇ ਕਿਰਪਾਲਵੀਰ ਸਿੰਘ, ਸਹਾਇਕ ਕਮਿਸ਼ਨਰ ਮਨਪ੍ਰੀਤ ਕੌਰ, ਡੀ.ਡੀ.ਪੀ.ਓ. ਅਮਨਦੀਪ ਕੌਰ, ਏ.ਸੀ.ਐਫ.ਏ. ਰਾਕੇਸ਼ ਕੁਮਾਰ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।



ਡਿਪਟੀ ਕਮਿਸ਼ਨ ਸਾਕਸ਼ੀ ਸਾਹਨੀ ਪਟਿਆਲਾ ਹੈਰੀਟੇਜ ਫੈਸਟੀਵਲ 2024 ਦੀਆਂ ਤਿਆਰੀਆਂ ਬਾਰੇ ਬੈਠਕ ਕਰਦੇ ਹੋਏ।

# ਸਾਹਿਤ ਸਭਾ ਮਾਛੀਵਾੜਾ ਦੀ ਸਾਹਿਤਕ ਇਕੱਤਰਤਾ ਹੋਈ



**ਮਾਛੀਵਾੜਾ ਸਾਹਿਬ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਹਿਤ ਸਭਾ ਮਾਛੀਵਾੜਾ ਦੀ ਸਾਹਿਤਕ ਇਕੱਤਰਤਾ ਇੱਥੋ ਦੇ ਸ੍ਰੀ ਸ਼ੰਕਰਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਉੱਘੇ ਲੇਖਕ ਰਘਬੀਰ ਸਿੰਘ ਭਰਤ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਇਕ ਸ਼ੋਕ ਮਤੇ ਰਾਹੀਂ ਨਾਮਵਰ ਸ਼ਾਇਰ ਅਤੇ ਚਿੱਤਰਕਾਰ ਇਮਰੋਜ਼ ਦੇ ਦੇਹਾਂਤ @ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਸ਼ਾਇਰ ਨਿਰੰਜਨ ਸੂਖਮ ਅਤੇ ਭਰਤ ਜੀ ਵੱਲੋ ਇਮਰੋਜ਼ ਹੋਰਾਂ ਬਚੇ ਭਾਵਪੂਰਤ ਗੱਲਾਂ ਕੀਤੀਆਂ। ਗਣਤੰਤਰ ਦਿਵਸ ਦੇ ਸੰਬੰਧ ਵਿੱਚ ਤਹਿਸੀਲ ਪੱਧਰੀ ਸਮਾਗਮ ਸਮਰਾਲਾ ਵਿਖੇ ਸਾਹਿਤਕਾਰ ਰਘਬੀਰ ਸਿੰਘ ਭਰਤ ਜੀ ਨੂੰ ਸਨਮਾਨਿਤ ਕਰਨ @ਤੇ ਸਭਾ ਵੱਲੋਂ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਰਚਨਾਵਾਂ ਦੇ ਦੌਰ ਵਿੱਚ ਕਸ਼ਮੀਰ ਸਿੰਘ ਨੇ ਕਵੀਸ਼ਰੀ ਛੰਦ @ਦਸਾਂ ਪਾਤਸ਼ਾਹੀਆਂ ਦੀ ਵੰਦਨਾ ਸੁਣਾਇਆ ਜਿਸਦੀ ਸਾਰਿਆਂ ਨੇ ਸ਼ਲਾਘਾ ਕੀਤੀ। ਇਸ ਤੋਂ ਬਾਅਦ ਰਘਬੀਰ ਸਿੰਘ ਭਰਤ ਨੇ ਲੇਖ @ਮਹਿੰਦਰ ਸਿੰਘ ਰੰਧਾਵਾ ਜੀ ਨੂੰ ਚੇਤੇ ਕਰਦਿਆਂ@ ਸੁਣਾਇਆ। ਲੇਖ ਬਹੁਤ ਗਿਆਨ ਭਰਪੂਰ ਸੀ। ਇਸ ਵਿਸ਼ੇ ਬਾਰੇ ਡਾਇਰੈਕਟਰ ਗੁਰਮੁਖ ਦੀਪ ਨੇ ਵੀ ਵਿਸਥਾਰ ਨਾਲ ਗੱਲਾਂ ਕੀਤੀਆਂ। ਇਸ ਉਪਰੰਤ ਸ਼ਾਇਰ ਮਲਕੀਤ ਸਿੰਘ ਨੇ ਗਜ਼ਲ @ ਉਦੋਂ ਤੱਕ ਦਿਲ ਨੂੰ ਧਰਵਾਸ ਹੁੰਦਾ ਏ, ਜਦੋਂ ਤੱਕ ਉਹ ਮੇਰੇ ਪਾਸ ਹੁੰਦਾ ਏ@ ਸੁਣਾਈ ਜਿਸਨੂੰ ਕਾਫ਼ੀ ਸਲਾਹਿਆ ਗਿਆ। ਇਸ ਤੋਂ ਬਾਅਦ ਡਾ. ਅਮਰਜੀਤ ਸਹਿਗਲ ਨੇ ਕਵਿਤਾ @ਤਾਂਘ@ ਸੁਣਾਈ ਜਿਸਨੂੰ ਕਾਫੀ ਦਾਦ ਮਿਲੀ। ਇਸ ਉਪਰੰਤ ਸ਼ਾਇਰ ਨਿਰੰਜਨ ਸੂਖਮ ਨੇ ਗਜ਼ਲ @ ਕਿਰਨ ਵਾਂਗੂ ਕੱਚ ਵਿੱਚੋਂ ਲੰਘਣੈ ਫੈਲਣ ਲਈ, ਜ਼ਿੰਦਗੀ ਵਿੱਚ ਰੰਗ ਭਰਨੇ ਹਰ ਘੜੀ ਮਾਣਨ ਲਈ@ ਸੁਣਾਈ ਉਸਨੂੰ ਭਰਪੂਰ ਦਾਦ ਮਿਲੀ।

ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ। ਰਚਨਾਵਾਂ ਤੇ ਉਸਾਰੂ ਬਹਿਸ ਵਿੱਚ ਹਾਜਰ ਸਾਹਿਤਕਾਰਾਂ ਨੇ ਭਾਗ ਲਿਆ। ਅੰਤ ਵਿੱਚ ਰਘਬੀਰ ਸਿੰਘ ਭਰਤ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਵਿਧਾਇਕ ਦਿਆਲਪੁਰਾ ਦੇ ਯਤਨਾ ਸਦਕਾ ਮਾਣੇਵਾਲ ਦੇ ਖੇਡ ਗਰਾਊਂਡ ਦੇ ਨਵੀਨੀਕਰਨ ਦਾ ਕੰਮ ਸ਼ੁਰੂ

**ਮਾਛੀਵਾੜਾ ਸਾਹਿਬ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਮਰਾਲਾ ਦੇ ਪਿੰਡ ਮਾਣੇਵਾਲ ਵਿਖੇ ਲੰਬੇ ਸਮੇਂ ਤੋਂ ਖੇਡ ਗਰਾਊਂਡ ਦੇ ਨਵੀਨੀਕਰਨ ਅਤੇ ਸੁੰਦਰੀਕਰਨ ਦੀ ਮੰਗ ਨੂੰ ਲੈ ਕੇ ਉਸ ਸਮੇਂ ਬੂਰ ਪਿਆ ਜਦੋਂ ਪਿੰਡ ਦੇ ਉਦਮੀ ਨੌਜਵਾਨ ਸੀਨੀਅਰ @ਆਪ@ ਆਗੂ ਕਸ਼ਮੀਰ ਸਿੰਘ ਦੀ ਯਤਨਾਂ ਸਦਕਾ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੀ ਰਹਿਨੁਮਾਈ ਹੇਠ ਖੇਡ ਗਰਾਊਂਡ ਦੀ ਸੁੰਦਰਤਾ ਤੇ ਨਵੀਨੀਕਰਨ ਦਾ ਕੰਮ ਅੱਜ ਸ਼ੁਰੂ ਹੋਇਆ। ਸਪੋਰਟਸ ਵਿੰਗ ਦੇ ਪ੍ਰਧਾਨ ਕੁਲਦੀਪ ਸਿੰਘ ਭੰਗਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਖੇਡ ਗਰਾਊਂਡ ਦੇ ਵਿੱਚ ਵੱਡੇ ਲੰਬੇ ਸਮੇਂ ਤੋਂ ਖਿਡਾਰੀ ਸਵੇਰੇ ਸ਼ਾਮ ਪ੍ਰੈਕਟਿਸ ਕਰਦੇ ਹਨ। ਇਸ ਖੇਡ ਗਰਾਊਂਡ ਦੇ ਵਿੱਚੋਂ ਵੱਡੀ ਗਿਣਤੀ ਵਿੱਚ ਇਸ ਪਿੰਡ ਦੇ ਇਲਾਕੇ ਦੇ ਖਿਡਾਰੀ ਪੈਦਾ ਹੋਏ ਹਨ ਜਿਹੜੇ ਵੱਖ-ਵੱਖ ਵਿਭਾਗਾਂ ਵਿੱਚ ਇਸ ਵਕਤ ਨੌਕਰੀਆਂ ਵੀ ਕਰ ਰਹੇ ਹਨ।ਅੱਜ ਦੇ ਸਮੇਂ ਵਿੱਚ ਵੀ ਲਗਭਗ 40 ਤੋਂ 50 ਸਿਖਿਆਰਥੀ ਖਿਡਾਰੀ ਨੇ ਜਿਹੜੇ ਉਹ ਸਵੇਰੇ ਸ਼ਾਮ ਉਹਨਾਂ ਕੋਲ ਕੋਚਿੰਗ ਲੈਣ ਆਉਂਦੇ ਨੇ, ਜਿਨਾਂ ਨੂੰ ਬਿਨਾਂ ਕਿਸੇ ਪੇਮੈਂਟ ਤੋਂ ਫਰੀ ਕੋਚਿੰਗ ਦਿੱਤੀ ਜਾਂਦੀ ਹੈ ਇੱਥੋਂ ਤੱਕ ਕਿ ਉਹਨਾਂ ਦੀ ਖੁਰਾਕ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ। ਖੇਡ ਗਰਾਊਂਡ ਨੂੰ ਸੁੰਦਰ ਤੇ ਵਧੀਆ ਬਣਾਉਣ ਦੇ ਲਈ ਅਨੇਕਾਂ ਵਾਰ ਯਤਨ ਕੀਤੇ ਪਰ ਉਹਨਾਂ ਦੀ ਬੇਨਤੀ ਨੂੰ ਕਿਸੇ ਨੇ ਸੁਣਿਆ ਨਹੀਂ ਤੇ ਪਿੰਡ ਦੇ ਉਦਮੀ ਨੌਜਵਾਨ ਸੀਨੀਅਰ @ਆਪ@ ਆਗੂ ਕਸ਼ਮੀਰ ਸਿੰਘ ਦੇ ਯਤਨਾ ਸਦਕਾ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਇਸ ਮੰਗ ਵੱਲੋਂ ਉਚੇਚਾ ਧਿਆਨ ਦਿੱਤਾ ਤੇ ਉਹ ਖੁਦ ਖੇਡ ਗਰਾਊਂਡ ਵਿੱਚ ਆ ਕੇ ਗਏ। ਉਹਨਾਂ ਪਿਛਲੇ ਦਿਨੀ ਵਾਅਦਾ ਕੀਤਾ ਸੀ ਕਿ ਖੇਡ ਗਰਾਊਂਡ ਨੂੰ ਇੱਕ ਨਵੀਂ ਦਿੱਖ ਦਿੱਤੀ ਜਾਵੇਗੀ ਤਾਂ ਜੋ ਨੌਜਵਾਨ ਇੱਥੇ ਸਵੇਰੇ ਸ਼ਾਮ ਪ੍ਰੈਕਟਿਸ ਕਰਨ ਅਤੇ ਖੇਡ ਗਰਾਊਂਡ ਦੇ ਨਾਲ ਨਾਲ ਖੇਡਾਂ ਦੇ ਨਾਲ ਜੁੜਨ ਤੇ ਅੱਜ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਹੋਇਆ ਉਹਨਾਂ ਇਸ ਖੇਡ ਗਰਾਊਂਡ ਦੇ ਨਵੀਨੀਕਰਨ ਤੇ ਸੁੰਦਰਤਾ ਦੇ ਕੰਮ ਦੀ ਸ਼ੁਰੂਆਤ ਕਰਵਾ ਦਿੱਤੀ ਹੈ।ਅੱਜ ਜੇ.ਸੀ.ਬੀ. ਦੇ ਨਾਲ ਖੇਡ ਗਰਾਊਂਡ ਨੂੰ ਪੱਧਰਾ ਕੀਤਾ ਜਾ ਰਿਹਾ ਤੇ ਇਸ ਦੇ ਆਲੇ ਦੁਆਲੇ ਚਾਰ ਦਿਵਾਰੀ ਕਰਕੇ ਆਉਣ ਵਾਲੇ ਸਮੇਂ ਵਿੱਚ ਖਿਡਾਰੀਆਂ ਤੇ ਦਰਸ਼ਕਾਂ ਤੇ ਬੈਠਣ ਲਈ ਪੌੜੀ ਦਾ ਵੀ ਪ੍ਰਬੰਧ ਕੀਤਾ ਜਾਵੇਗਾ।

# ਕਾਂਗਰਸ ਵਿੱਚੋਂ ਕੱਢੇ ਜਾਣ ਬਾਰੇ ਕੋਈ ਨੋਟਿਸ ਨਹੀਂ ਮਿਲਿਆ: ਪ੍ਰਨੀਤ ਕੌਰ

**ਡੇਰਾਬੱਸੀ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਤੋਂ ਸੰਸਦ ਮੈਂਬਰ ਪ੍ਰਨੀਤ ਕੌਰ ਨੇ ਅੱਜ ਇਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਾਲੇ ਕਾਂਗਰਸ ਪਾਰਟੀ ਵਿੱਚੋਂ ਕੱਢੇ ਜਾਣ ਬਾਰੇ ਉਨ੍ਹਾਂ ਨੂੰ ਕੋਈ ਨੋਟਿਸ ਪ੍ਰਾਪਤ ਨਹੀਂ ਹੋਇਆ ਹੈ। ਹਾਲਾਂਕਿ ਇਸ ਤੋਂ ਪਹਿਲਾਂ ਉਨ੍ਹਾਂ ਨੂੰ ਜੋ ਕਾਰਨ ਦੱਸੋ ਨੋਟਿਸ ਜਾਰੀ ਹੋਇਆ ਸੀ ਉਸ ਸਬੰਧੀ ਉਨ੍ਹਾਂ ਵੱਲੋਂ ਜਵਾਬ ਦੇ ਦਿੱਤਾ ਗਿਆ ਸੀ। ਸੰਸਦ ਮੈਂਬਰ ਅੱਜ ਇਥੇ ਕਿਸੇ ਨਿੱਜੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਪਹੁੰਚੇ ਸਨ। ਇਸ ਮੌਕੇ ਪਟਿਆਲਾ ਲੋਕ ਸਭਾ ਹਲਕਾ ਅਕਾਲੀ ਦਲ ਦੇ ਖੇਮੇ 'ਚ ਜਾਣ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਹਲਕਾ ਵਾਸੀ ਉਨ੍ਹਾਂ ਨੂੰ ਅਥਾਹ ਪਿਆਰ ਕਰਦੇ ਹਨ ਤੇ ਇਹ ਲੋਕ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹਨ। ਇਸ ਤੋਂ ਬਿਨਾਂ ਹੋਰ ਸਭ ਕੁਝ ਉਨ੍ਹਾਂ ਲਈ ਦੂਜਾ ਸਥਾਨ ਰੱਖਦਾ ਹੈ।

# ਮਨਕੀਰਤ ਸਿੰਘ ਮੱਲਣ ਨੇ 6ਵੇਂ ਪੰਜਾਬ ਤਾਈਕਵਾਂਡੋ ਕੱਪ 2024 ਵਿੱਚ ਜਿੱਤਿਆ ਬਰੌਂਜ਼ ਮੈਡਲ

**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਪਲੇਅ ਵੇਅਜ਼ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ 6ਵਾਂ ਤਾਈਕਵਾਂਡੋ ਕੱਪ 2024 ਟੂਰਨਾਮੈਂਟ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਹਰ ਉਮਰ ਵਰਗ ਦੇ ਖਿਡਾਰੀਆਂ ਨੇ ਭਾਗ ਲਿਆ। ਇਸ ਟੂਰਨਾਮੈਂਟ ਵਿੱਚ ਦਾ ਬ੍ਰਿਟਿਸ਼ ਕੋ ਐਡ ਸਕੂਲ ਪਟਿਆਲਾ ਦੇ ਦੂਜੀ ਕਲਾਸ ਦੇ ਖਿਡਾਰੀ ਮਨਕੀਰਤ ਸਿੰਘ ਮੱਲਣ ਨੇ ਆਪਣੇ ਕੋਚ ਸ੍ਰੀਮਤੀ ਮਮਤਾ ਰਾਣੀ ਜੀ ਦੀ ਅਗਵਾਈ ਵਿੱਚ ਭਾਗ ਲਿਆ। ਮਨਕੀਰਤ ਸਿੰਘ ਮੱਲਣ ਨੇ ਇਸ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਬਰੌਂਜ਼ ਮੈਡਲ ਹਾਸਲ ਕੀਤਾ।ਸ੍ਰੀਮਤੀ ਮਮਤਾ ਰਾਣੀ ਜੀ (ਕੋਚ) ਨੇ ਦੱਸਿਆ ਕਿ ਮਨਕੀਰਤ ਸਿੰਘ ਮੱਲਣ ਨੇ ਇਸ ਟੂਰਨਾਮੈਂਟ ਲਈ ਬਹੁਤ ਮਿਹਨਤ ਕੀਤੀ ਸੀ ਅਤੇ ਇਹ ਵੀ ਦੱਸਿਆ ਕਿ ਮਨਕੀਰਤ ਸਿੰਘ ਮੱਲਣ ਤਾਈਕਵਾਂਡੋ ਤੋਂ ਇਲਾਵਾ ਹੋਰ ਖੇਡਾਂ ਵਿੱਚ ਵੀ ਮੈਡਲ ਜਿੱਤ ਚੁੱਕਾ ਹੈ। ।ਸ੍ਰੀਮਤੀ ਮਮਤਾ ਰਾਣੀ ਜੀ (ਕੋਚ) ਨੇ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਵੱਧ ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ ਕਿਉਂਕਿ ਖੇਡਾਂ ਬੱਚਿਆਂ ਨੇ ਸੰਪੂਰਨ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਸ ਮੌਕੇ ਤੇ ਸ੍ਰੀ ਹਰੀਸ਼ ਸਿੰਘ, ਸ੍ਰੀ ਬਿਕਰਮ ਸਿੰਘ, ਸ੍ਰੀ ਯਾਦਵਿੰਦਰ ਸਿੰਘ, ਸ੍ਰੀ ਸਤਵਿੰਦਰ ਸਿੰਘ, ਸ੍ਰੀ ਮਨਪ੍ਰੀਤ ਸਿੰਘ, ਸ੍ਰੀ ਜਸਵਿੰਦਰ ਸਿੰਘ ਅਤੇ ਹੋਰ ਕੋਚ ਸਾਹਿਬਾਨ ਮੌਜੂਦ ਸਨ।

# ਸੈਮਸੰਗ ਆਰ ਐਂਡ ਡੀ ਇੰਸਟੀਚਿਊਟ, ਨੋਇਡਾ ਨੇ ਆਈ.ਆਈ.ਟੀ. ਕਾਨਪੁਰ ਨਾਲ ਸਮਝੌਤਾ ਸਹੀਬੰਦ ਕੀਤਾ



**ਚੰਡੀਗੜ੍ਹ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੈਮਸੰਗ ਆਰ ਐਂਡ ਡੀ ਇੰਸਟੀਚਿਊਟ, ਨੋਇਡਾ ਨੇ ਵਿਕਾਸ ਦੇ ਮੁੱਖ ਖੇਤਰਾਂ 'ਤੇ ਧਿਆਨ ਕੇਂਦ੍ਰਤ ਕਰਨ ਲਈ ਆਈ.ਆਈ.ਟੀ. ਕਾਨਪੁਰ ਨਾਲ ਪੰਜ ਸਾਲਾਂ ਦੀ ਮਿਆਦ ਲਈ ਇੱਕ ਸਮਝੌਤਾ ਪੱਤਰ ($ੳ") 'ਤੇ ਦਸਤਖਤ ਕੀਤੇ ਹਨ ਜੋ ਆਈ.ਆਈ.ਟੀ. ਕਾਨਪੁਰ ਦੇ ਵਿਦਿਆਰਥੀਆਂ, ਫੈਕਲਟੀ ਅਤੇ ਸੈਮਸੰਗ ਇੰਜੀਨੀਅਰਾਂ ਦੁਆਰਾ ਸਾਂਝੇ ਖੋਜ ਪ੍ਰੋਜੈਕਟਾਂ ਨੂੰ ਸ਼ਾਮਲ ਕਰੇਗਾ, ਵਿਦਿਆਰਥੀਆਂ ਨੂੰ ਉਦਯੋਗ ਲਈ ਤਿਆਰ ਹੋਣ ਵਿੱਚ ਮਦਦ ਕਰੇਗਾ। ਇਹ ਖੋਜ ਪ੍ਰੋਜੈਕਟ ਸਿਹਤ, ਵਿਜ਼ੂਅਲ, ਫਰੇਮਵਰਕ ਅਤੇ 222 ਸੁਰੱਖਿਆ, ਅਤੇ ਜਨਰੇਟਿਵ 19 ਅਤੇ ਕਲਾਊਡ ਵਰਗੇ ਅਤਿ ਆਧੁਨਿਕ ਤਕਨਾਲੋਜੀ ਖੇਤਰਾਂ ਵਿੱਚ ਫੈਲਣਗੇ। ਸ਼੍ਰੀਮਾਨ ਕਯੁੰਗਯੂਨ ਰੂ, ਮੈਨੇਜਿੰਗ ਡਾਇਰੈਕਟਰ, -ਨੋਇਡਾ, ਨੇ ਕਿਹਾ, ਅਸੀਂ ਆਈ.ਆਈ.ਟੀ. ਕਾਨਪੁਰ ਦੇ ਨਾਲ ਇਸ ਸਹਿਯੋਗੀ ਯਾਤਰਾ ਨੂੰ ਸ਼ੁਰੂ ਕਰਨ ਲਈ ਉਤਸ਼ਾਹਤ ਹਾਂ। ਇਹ ਸਹਿਯੋਗ ਅਕਾਦਮਿਕ ਉੱਤਮਤਾ ਨੂੰ ਉਦਯੋਗਿਕ ਨਵੀਨਤਾ ਦੇ ਨਾਲ ਮਿਲਾਉਣ ਪ੍ਰਤੀ ਸਾਡੇ ਸਮਰਪਣ ਨੂੰ ਦਰਸਾਉਂਦਾ ਹੈ, ਜੋ ਵਿਦਿਆਰਥੀਆਂ ਨੂੰ ਉਦਯੋਗ ਲਈ ਤਿਆਰ ਕਰਦਾ ਹੈ। ਅਸੀਂ ਵਿਚਾਰਾਂ, ਗਿਆਨ ਅਤੇ ਪ੍ਰਤਿਭਾ ਦੇ ਗਤੀਸ਼ੀਲ ਆਦਾਨ-ਪ੍ਰਦਾਨ ਦੀ ਉਮੀਦ ਕਰਦੇ ਹਾਂ, ਜੋ ਨਿਸ਼ਚਿਤ ਤੌਰ 'ਤੇ ਮਹੱਤਵਪੂਰਨ ਪ੍ਰੋਜੈਕਟਾਂ ਦੀ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ ਅਤੇ ਸੈਮਸੰਗ ਅਤੇ ਆਈ.ਆਈ.ਟੀ. ਕਾਨਪੁਰ ਦੋਵਾਂ ਦੇ ਵਿਕਾਸ ਵਿੱਚ ਯੋਗਦਾਨ ਪਾਵੇਗਾ। ਪ੍ਰੋਫੈਸਰ ਐਸ. ਗਣੇਸ਼, ਡਾਇਰੈਕਟਰ, ਆਈ. ਆਈ. ਟੀ. ਕਾਨਪੁਰ, ਨੇ ਕਿਹਾ, ਆਈ.ਆਈ.ਟੀ. ਕਾਨਪੁਰ ਦੀ ਅਕਾਦਮਿਕ ਉੱਤਮਤਾ ਨੂੰ ਸੈਮਸੰਗ ਇੰਡੀਆ ਦੀ ਉਦਯੋਗਿਕ ਮੁਹਾਰਤ ਦੇ ਨਾਲ ਜੋੜ ਕੇ, ਅਸੀਂ ਅਤਿ-ਆਧੁਨਿਕ ਪ੍ਰੋਜੈਕਟਾਂ ਲਈ ਗਤੀਸ਼ੀਲ ਮਾਹੌਲ ਬਣਾਉਣ ਅਤੇ ਸਾਡੇ ਵਿਦਿਆਰਥੀਆਂ ਅਤੇ ਖੋਜਕਰਤਾਵਾਂ ਲਈ ਅਨਮੋਲ ਮੌਕੇ ਦੇਣ ਦਾ ਉੱਦੇਸ਼ ਰੱਖਦੇ ਹਾਂ। ਇਹ $ੳ" ਸਿਧਾਂਤਕ ਗਿਆਨ ਅਤੇ ਵਿਹਾਰਕ ਉਦਯੋਗ ਦੇ ਹੱਲਾਂ ਵਿਚਕਾਰ ਸੰਬੰਧ ਬਣਾਉਂਦਿਆਂ, ਅਕਾਦਮਿਕਤਾ ਅਤੇ ਉਦਯੋਗ ਵਿਚਕਾਰ ਪਾੜੇ ਨੂੰ ਖਤਮ ਕਰਨ ਲਈ ਆਈ.ਆਈ.ਟੀ. ਕਾਨਪੁਰ ਦੇ ਅਣਥੱਕ ਯਤਨਾਂ ਦੀ ਪੂਰਤੀ ਕਰਦਾ ਹੈ। ਪ੍ਰੋਫੈਸਰ ਤਰੁਣ ਗੁਪਤਾ, ਡੀਨ, ਖੋਜ ਅਤੇ ਵਿਕਾਸ, ਆਈ.ਆਈ.ਟੀ. ਕਾਨਪੁਰ, ਨੇ ਕਿਹਾ, ਇਹ MoU ਸਾਡੇ ਵਿਦਿਆਰਥੀਆਂ ਅਤੇ ਖੋਜਕਰਤਾਵਾਂ ਨੂੰ ਅਕਾਦਮਿਕਤਾ ਤੋਂ ਪਰੇ ਮੌਕੇ ਮੁਹੱਈਆ ਕਰਨ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜੋ ਕਿ ਤਕਨੀਕੀ ਤਰੱਕੀ ਅਤੇ ਸਾਡੇ ਸੰਸਥਾਨ ਦੇ ਅਕਾਦਮਿਕ ਲੈਂਡਸਕੇਪ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ। ਸੰਯੁਕਤ ਖੋਜ ਪ੍ਰੋਜੈਕਟਾਂ ਦੇ ਹਿੱਸੇ ਵਜੋਂ, ਆਈ.ਆਈ.ਟੀ. ਕਾਨਪੁਰ ਦੇ ਵਿਦਿਆਰਥੀ ਅਤੇ ਫੈਕਲਟੀ ਅਸਲ-ਸੰਸਾਰੀ ਉਦਯੋਗ ਦੀਆਂ ਚੁਣੌਤੀਆਂ 'ਤੇ ਕੰਮ ਕਰਨਗੇ, ਆਪਣੇ ਆਪ ਨੂੰ ਅਸਲ ਬਾਜ਼ਾਰ ਦੀਆਂ ਲੋੜਾਂ ਨਾਲ ਜੋੜਦੇ ਹਨ। ਉਹ ਸੈਮਸੰਗ ਦੇ ਇੰਜੀਨੀਅਰਾਂ ਦੇ ਨਾਲ ਡਿਜੀਟਲ ਇੰਡੀਆ ਨਾਲ ਸੰਬੰਧਤ ਹੱਲਾਂ 'ਤੇ ਵੀ ਕੰਮ ਕਰਨਗੇ। ਆਈ.ਆਈ.ਟੀ. ਕਾਨਪੁਰ ਦੇ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਸੈਮਸੰਗ ਦੇ ਇੰਜੀਨੀਅਰਾਂ ਨਾਲ ਸਾਂਝੇ ਖੋਜ ਪੱਤਰ ਪ੍ਰਕਾਸ਼ਿਤ ਕਰਨ ਲਈ ਵੀ ਉਤਸ਼ਾਹਤ ਕੀਤਾ ਜਾਵੇਗਾ। ਸੈਮਸੰਗ ਦੇ ਇੰਜੀਨੀਅਰਾਂ ਲਈ ਹੁਨਰ ਵਧਾਉਣ ਦੇ ਮੌਕਿਆਂ ਦੇ ਤਹਿਤ, ਆਈ.ਆਈ.ਟੀ. ਕਾਨਪੁਰ ਵੱਖ-ਵੱਖ ਡੋਮੇਨਾਂ ਵਿੱਚ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਆਯੋਜਿਤ ਕਰੇਗਾ, ਜੋ ਉਹਨਾਂ ਨੂੰ ਸੰਸਥਾਨ ਦੀ ਮਸ਼ਹੂਰ ਮੁਹਾਰਤ ਤੱਕ ਪਹੁੰਚ ਦੇਵੇਗਾ, ਜਿਸਦਾ ਸਮਾਪਨ ਸੈਮਸੰਗ ਦੇ ਇੰਜੀਨੀਅਰਾਂ ਦੇ ਹੁਨਰ ਅਤੇ ਗਿਆਨ ਨੂੰ ਵਧਾਉਣ ਲਈ ਤਿਆਰ ਕੀਤੇ ਗਏ ਡਿਗਰੀ ਪ੍ਰੋਗਰਾਮਾਂ, ਪ੍ਰਮਾਣੀਕਰਣਾਂ ਅਤੇ ਖਾਸ ਕੋਰਸਾਂ ਵਿੱਚ ਹੋਵੇਗਾ।

# ਰੁਸ਼ੀਲ ਡੇਕੋਰ ਲਿਮਿਟੇਡ ਨੇ ਤਿਮਾਹੀ FYBD ਲਈ ਮਜ਼ਬੂਤ ਵਿੱਤੀ ਕਮਾਈਆਂ ਦਾ ਐਲਾਨ

**ਚੰਡੀਗੜ੍ਹ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਰੁਸ਼ੀਲ ਡੇਕੋਰ ਲਿਮਿਟੇਡ , ਟਿਕਾਊ ਮੱਧਮ ਘਣਤਾ ਫਾਈਬਰ (MDF) ਅਤੇ ਲੈਮੀਨੇਟ ਦੇ ਪ੍ਰਮੁੱਖ ਸਪਲਾਇਰਾਂ ਵਿੱਚੋਂ ਇੱਕ, ਨੇ 31 ਦਸੰਬਰ, 2023 ਨੂੰ ਖਤਮ ਹੋਈ ਤਿਮਾਹੀ ਲਈ ਆਪਣੇ ਅਣ-ਆਡਿਟ ਕੀਤੇ ਵਿੱਤੀ ਨਤੀਜਿਆਂ ਦਾ ਐਲਾਨ ਕੀਤਾ ਹੈ। ਕੰਪਨੀ ਅਗਲੇ 3-4 ਸਾਲਾਂ ਵਿੱਚ ਆਪਣੇ ਨਿਰਯਾਤ ਨੂੰ ਦੁੱਗਣਾ ਕਰਕੇ 500 ਕਰੋੜ ਰੁਪਏ ਤੱਕ ਪਹੁੰਚਾਉਣ ਵਾਲੀ ਇੱਕ ਸਹਿਯੋਗੀ ਰਣਨੀਤੀ ਦਾ ਲਾਭ ਉਠਾਉਣ ਲਈ ਤਿਆਰ ਹੈ ਜਿਸ ਵਿੱਚ ਲੈਮੀਨੇਟ ਉਤਪਾਦਾਂ ਦੀ ਸ਼ੁਰੂਆਤ ਅਤੇ ਵਿਦੇਸ਼ੀ ਬਾਜ਼ਾਰਾਂ ਵਿੱਚ ਵੈਲਯੂ ਐਡਿਡ ਉਤਪਾਦਾਂ ਦੇ ਅਨੁਪਾਤ ਨੂੰ ਵਧਾਉਣਾ ਸ਼ਾਮਲ ਹੈ। ਦਸੰਬਰ ਦੇ ਮਹੀਨੇ ਵਿੱਚ, ਕਰਨਾਟਕ ਵਿੱਚ ਕੰਪਨੀ ਦੇ ਚਿਕਮਗਲੂਰ ਪਲਾਂਟ ਨੇ ਨਾ ਸਿਰਫ ਆਪਣੀ ਹੁਣ ਤੱਕ ਦੀ ਸਭ ਤੋਂ ਉੱਚੀ ਵਿਕਰੀ ਦੀ ਮਾਤਰਾ ਨੂੰ ਪ੍ਰਾਪਤ ਕੀਤਾ, ਸਗੋਂ ਸਮਰੱਥਾ ਉਪਯੋਗਤਾ 120% ਨੂੰ ਪਾਰ ਕਰਨ ਦੇ ਨਾਲ ਬੇਮਿਸਾਲ ਸੰਚਾਲਨ ਕੁਸ਼ਲਤਾ ਦਾ ਪ੍ਰਦਰਸ਼ਨ ਵੀ ਕੀਤਾ। ਰੁਸ਼ੀਲ ਸਜਾਵਟ ਦੇ ਈਕੋ-ਅਨੁਕੂਲ $46 ਹਿੱਸੇ ਨੇ ਵੈਲਯੂ ਐਡਿਡ ਉਤਪਾਦਾਂ ਦੇ ਨਾਲ ਇੱਕ ਸ਼ਾਨਦਾਰ ਉਪਲਬਧੀ ਹਾਸਲ ਕੀਤੀ ਹੈ ਜੋ ਹੁਣ ਮੁੱਲ ਦੇ ਰੂਪ ਵਿੱਚ 52% ਹੈ। QDFYBD ਨੂੰ ਅੱਗੇ ਦੇਖਦੇ ਹੋਏ, ਕੰਪਨੀ ਇਸ ਅਨੁਪਾਤ ਨੂੰ 55% ਤੱਕ ਵਧਾਉਣ ਦਾ ਟੀਚਾ ਰੱਖਦੀ ਹੈ। ਇਸ ਨਿਯਤ ਪਹੁੰਚ ਤੋਂ ਉਤਪਾਦ ਵਿਭਿੰਨਤਾ ਅਤੇ ਮੁੱਲ ਸਿਰਜਣਾ ਨੂੰ ਵਧਾ ਕੇ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਦੇ ਹੋਏ, ਇਸਦੀ ਸਮੁੱਚੀ ਤਲ ਲਾਈਨ 'ਤੇ ਕਾਫੀ ਸਕਾਰਾਤਮਕ ਪ੍ਰਭਾਵ ਪੈਣ ਦੀ ਉਮੀਦ ਹੈ। ਪ੍ਰਦਰਸ਼ਨ 'ਤੇ ਬੋਲਦੇ ਹੋਏ, ਰਸ਼ੀਲ ਡੇਕੋਰ ਲਿਮਿਟਡ ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ, ਸ਼੍ਰੀ ਕ੍ਰੁਪੇਸ਼ ਠੱਕਰ ਨੇ ਕਿਹਾ, ਕੰਪਨੀ ਦੀ ਆਪਣੇ ਵਿਕਾਸ ਦੇ ਮਾਰਗ 'ਤੇ ਮਹੱਤਵਪੂਰਨ ਪ੍ਰਗਤੀ DQFYBD ਵਿੱਚ ਮਜ਼ਬੂਤ ਪ੍ਰਦਰਸ਼ਨ ਲਈ ਆਸ਼ਾਵਾਦ ਪੈਦਾ ਕਰਦੀ ਹੈ। ਜਿਵੇਂ ਕਿ ਅਸੀਂ ਆਪਣੇ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ ਵੱਲ ਵਧਦੇ ਹਾਂ, ਅਸੀਂ ਫੈਸਲੇ ਲੈਣ ਦੀ ਮਹੱਤਵਪੂਰਨ ਭੂਮਿਕਾ ਨੂੰ ਪਛਾਣਦੇ ਹੋਏ ਅਤੇ ਬਹੁਤ ਜ਼ਿਆਦਾ ਲਾਭ ਲੈਣ ਤੋਂ ਬਚਦੇ ਹੋਏ ਵਿਸਤਾਰ ਦੇ ਮਾਰਗ 'ਤੇ ਬਣੇ ਰਹਿੰਦੇ ਹਾਂ। ਇੱਕ ਅਗਾਂਹਵਧੂ ਪਹੁੰਚ ਅਪਣਾਉਂਦੇ ਹੋਏ, ਅਸੀਂ ਨਿਰੰਤਰ ਵਿਕਾਸ ਲਈ ਸਰਗਰਮੀ ਨਾਲ ਕਾਰੋਬਾਰ ਦੇ ਨਵੇਂ ਖੇਤਰਾਂ ਦੀ ਭਾਲ ਕਰਦੇ ਹਾਂ। ਰੁਸ਼ੀਲ ਡੇਕੋਰ ਲਿਮਿਟਡ ਦੇ ਕਾਰਜਕਾਰੀ ਨਿਰਦੇਸ਼ਕ, ਸ਼੍ਰੀ ਰੁਸ਼ੀਲ ਠੱਕਰ ਨੇ ਕਿਹਾ, ਤਿਮਾਹੀ ਵਿੱਚ ਮਾਲੀਆ ਪ੍ਰਦਰਸ਼ਨ ਮਹੱਤਵਪੂਰਨ ਰਿਹਾ ਹੈ, ਜਿਸ ਵਿੱਚ ਕ੍ਰਮਵਾਰ 4% ਦੀ ਵਾਧਾ ਦਰ ਦਰਸਾਈ ਗਈ ਹੈ। ਇਹ ਵਾਧਾ ਮੁੱਖ ਤੌਰ 'ਤੇ $46 ਵਿੱਚ ਮਜ਼ਬੂਤ ਵਿਕਰੀ ਵਾਲੀਅਮ ਦੇ ਕਾਰਨ ਸੀ, ਜੋ ਤਿਉਹਾਰਾਂ ਦੇ ਸੀਜ਼ਨ ਦੌਰਾਨ ਵੱਧਦੀ ਮੰਗ ਦੇ ਕਾਰਨ ਸਾਲ-ਦਰ-ਸਾਲ 15% ਵਧਿਆ। ਭੂਗੋਲਿਕ ਤੌਰ 'ਤੇ, ਸਾਡੇ ਵਿਕਰੀ ਮਿਸ਼ਰਣ ਨੇ ਪੱਛਮੀ ਅਤੇ ਦੱਖਣੀ ਬਾਜ਼ਾਰਾਂ ਤੋਂ ਮਜ਼ਬੂਤ ਮੌਜੂਦਗੀ ਦਾ ਪ੍ਰਦਰਸ਼ਨ ਕੀਤਾ। ਤਿਮਾਹੀ ਦੇ ਦੌਰਾਨ ਉੱਤਰੀ ਖੇਤਰ ਤੋਂ ਟ੍ਰੈਕਸ਼ਨ ਵਿੱਚ ਸ਼ਲਾਘਾਯੋਗ ਵਾਧਾ ਦੇਖਿਆ ਗਿਆ ਹੈ ਅਤੇ ਅਸੀਂ ਉਮੀਦ ਕਰਦੇ ਹਾਂ ਕਿ ਆਉਣ ਵਾਲੀਆਂ ਤਿਮਾਹੀਆਂ ਵਿੱਚ ਇਹ ਰੁਝਾਨ ਸਾਡੇ ਲਈ ਜਾਰੀ ਰਹੇਗਾ। ਅਸੀਂ ਆਪਣੇ ਪਲਾਂਟ ਸੰਚਾਲਨ ਵਿੱਚ ਵਾਤਾਵਰਣ ਦੀ ਸਥਿਰਤਾ ਨੂੰ ਇੱਕ ਮਜ਼ਬੂਤ ਤਰਜੀਹ ਦਿੱਤੀ ਹੈ। ਰੁੱਖਾਂ ਦੀ ਕਾਸ਼ਤ ਦੁਆਰਾ ਬੰਜਰ ਜ਼ਮੀਨਾਂ ਨੂੰ ਮੁੜ ਪ੍ਰਾਪਤ ਕਰਨ ਦੁਆਰਾ, ਅਸੀਂ ਇਹਨਾਂ ਰੁੱਖਾਂ ਦੀ ਵਰਤੋਂ ਆਪਣੇ ਮੁੱਲ-ਵਰਧਿਤ ਉਤਪਾਦ ਪੈਦਾ ਕਰਨ ਲਈ ਕਰਦੇ ਹਾਂ।

ਇਹ ਕਿਰਿਆਸ਼ੀਲ ਪਹੁੰਚ ਸਾਡੀਆਂ ਸਹੂਲਤਾਂ ਦੇ ਡੀਕਾਰਬੋਨਾਈਜ਼ੇਸ਼ਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀ ਹੈ, ਜਦੋਂ ਕਿ ਇੱਕ ਟਿਕਾਊ ਈਕੋਸਿਸਟਮ ਨੂੰ ਉਤਸ਼ਾਹਿਤ ਕਰਦੀ ਹੈ।

## ਕੇਂਦਰੀ ਜੇਲ੍ਹ 'ਚ ਕਾਨੂੰਨੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਪੈਨ ਇੰਡੀਆ ਕੈਂਪੇਨ ਯੂਥ ਰੀਸਟੋਰਿੰਗ ਦੀ ਕੀਤੀ ਸ਼ੁਰੂਆਤ

**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਰਪ੍ਰਸਤੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗਣਤੰਤਰ ਦਿਵਸ ਦੇ ਮੌਕੇ ਤੇ 'ਪੈਨ ਇੰਡੀਆ ਕੈਂਪੇਨ-ਯੂਥ ਰੀਸਟੋਰਿੰਗ' ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੁਹਿੰਮ ਦਾ ਉਦੇਸ਼ ਮੌਜੂਦਾ ਸਮੇਂ ਵਿੱਚ ਜੇਲ੍ਹਾਂ ਵਿੱਚ ਬੰਦ ਵਿਅਕਤੀਆਂ, ਜੋ ਅਪਰਾਧ ਦੇ ਸਮੇਂ ਸੰਭਾਵੀ ਤੌਰ 'ਤੇ ਨਾਬਾਲਗ ਸਨ, ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਕਾਨੂੰਨੀ ਸਹਾਇਤਾ ਪ੍ਰਦਾਨ ਕਰਨਾ ਹੈ।

ਮੈਡਮ ਮਾਨੀ ਅਰੋੜਾ, ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੇ ਕੇਂਦਰੀ ਜੇਲ੍ਹ, ਪਟਿਆਲਾ ਦਾ ਦੌਰਾ ਕੀਤਾ। ਇਸ ਮੌਕੇ ਗਗਨਦੀਪ ਸਿੰਘ ਘੀਰੇ, ਚੀਫ਼ ਲੀਗਲ ਏਡ ਡਿਫੈਂਸ ਕਾਉਂਸਲ, ਵਿਕਰਮ ਕੁਮਾਰ, ਕਰਨਦੀਪ ਸਿੰਘ ਸਰਵਰਾ, ਅਨੁਰਾਧਾ ਸ਼ੁਕਲਾ, ਡਿਪਟੀ ਚੀਫ਼ ਲੀਗਲ ਏਡ ਡਿਫੈਂਸ ਕਾਉਂਸਲ, ਸਰਬਜੀਤ ਕੌਰ, ਸਰਬਦੀਪ ਸਿੰਘ ਅਤੇ ਸ਼੍ਰੀ ਜਸਮੀਤ ਸਿੰਘ ਸਹਾਇਕ ਲੀਗਲ ਏਡ ਡਿਫੈਂਸ ਕਾਉਂਸਲ ਵੀ ਮੌਜੂਦ ਸਨ। ਇਸ ਦੌਰਾਨ ਜੇਲ੍ਹ ਦੇ ਕੈਦੀਆਂ ਨਾਲ ਉਨ੍ਹਾਂ ਦੀਆਂ ਸ਼ਿਕਾਇਤਾਂ ਅਤੇ ਚੁਣੌਤੀਆਂ ਬਾਰੇ ਮੁਲਾਕਾਤ ਕੀਤੀ ਗਈ। ਇਸ ਤੋਂ ਇਲਾਵਾ ਫੌਰੀ ਚਿੰਤਾਵਾਂ ਨੂੰ ਦੂਰ ਕਰਨ ਲਈ, ਮੈਡਮ ਮਾਨੀ ਅਰੋੜਾ ਨੇ ਦੌਰੇ ਦੌਰਾਨ ਕਾਨੂੰਨੀ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਕੇਂਦਰੀ ਜੇਲ੍ਹ, ਪਟਿਆਲਾ ਵਿਖੇ ਜੇਲ੍ਹ ਦੇ ਕੈਦੀਆਂ ਨੂੰ ਜਾਗਰੂਕ ਕਰਨਾ ਸੀ, ਜਿਸ ਵਿੱਚ ਬਾਲ ਨਿਆਂ ਐਕਟ ਦੇ ਮੁੱਖ ਉਪਬੰਧਾਂ, ਪਟੀਸ਼ਨ ਸੌਦੇਬਾਜ਼ੀ, ਮੁਫਤ ਕਾਨੂੰਨੀ ਸੇਵਾਵਾਂ ਤੱਕ ਪਹੁੰਚ ਅਤੇ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਲਈ ਯੋਗਤਾ ਦੇ ਮਾਪਦੰਡਾਂ ਵਰਗੇ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ ਸੀ।

ਮੈਡਮ ਮਾਨੀ ਅਰੋੜਾ ਨੇ ਕੈਦੀਆਂ ਦੇ ਪੁਨਰਵਾਸ ਅਤੇ ਹੁਨਰ ਵਿਕਾਸ ਲਈ ਚੱਲ ਰਹੀਆਂ ਪਹਿਲਕਦਮੀਆਂ ਨੂੰ ਉਜਾਗਰ ਕੀਤਾ, ਜਿਸ ਵਿੱਚ ਫੁਲਕਾਰੀ, ਸਿਲਾਈ ਅਤੇ ਕੰਪਿਊਟਰ ਸਿਖਲਾਈ ਪ੍ਰੋਗਰਾਮ ਸ਼ਾਮਲ ਹਨ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਪੋਲੋ ਗਰਾਊਂਡ ਪਟਿਆਲਾ ਵਿਖੇ ਗਣਤੰਤਰ ਦਿਵਸ ਮਨਾਉਣ ਮੌਕੇ ਆਮ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਜ਼ਿਲ੍ਹਾ ਪਟਿਆਲਾ ਵਿਖੇ 9.3.2024 ਨੂੰ ਲਗਾਈ ਜਾਣ ਵਾਲੀ ਨੈਸ਼ਨਲ ਲੋਕ ਅਦਾਲਤ ਬਾਰੇ ਜਾਗਰੂਕ ਕੀਤਾ ਗਿਆ। ਜਾਗਰੂਕਤਾ ਵਧਾਉਣ ਲਈ ਮੁਫ਼ਤ ਕਾਨੂੰਨੀ ਸੇਵਾਵਾਂ ਸਬੰਧੀ ਪੈਂਫਲਟ ਅਤੇ ਵੱਖ-ਵੱਖ ਜਾਣਕਾਰੀ ਸਮੱਗਰੀ ਵੀ ਹਾਜ਼ਰ ਲੋਕਾਂ ਨੂੰ ਵੰਡੀ ਗਈ।

## ਸਿਆਸੀ ਘੋਸ਼ਣਾ ਪੱਤਰ ਨੂੰ ਕਾਨੂੰਨੀ ਦਾਇਰੇ ਵਿੱਚ ਨਾ ਲਿਆਉਣ ਤੇ ਮੋਦੀ ਸਰਕਾਰ ਅਤੇ ਚੋਣ ਕਮਿਸ਼ਨ ਖਿਲਾਫ ਕੀਤਾ ਪ੍ਰਦਰਸ਼ਨ

# ਝੂਠੇ ਵਾਅਦੇ ਕਰ ਕੇ ਭੋਲੇ ਭਾਲੇ ਲੋਕਾਂ ਨੂੰ ਵਰਗਲਾ ਕੇ ਵੋਟਾਂ ਲੈਣ ਵਾਲੇ ਮੁੱਖ ਆਗੂਆਂ ਨੂੰ ਧੋਖਾਦੇਹੀ ਦੀ ਸਜ਼ਾ ਦਾ ਪ੍ਰਵੀਜ਼ਨ ਹੋਵੇ : ਕਾਕਾ

**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**



ਸਿਆਸੀ ਐਲਾਨੇ ਪੱਤਰ ਨੂੰ ਕਾਨੂੰਨੀ ਦਾਇਰੇ ਵਿੱਚ ਲਿਆਉਣ ਲਈ ਪਿਛਲੇ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਵਾਰ-ਵਾਰ ਮੰਗ ਨੂੰ ਲੈ ਕੇ ਜਿਸ ਤੇ ਕੋਈ ਕਦਮ ਨਾ ਚੁੱਕੇ ਜਾਣ ਤੇ ਨਿਊ ਪਟਿਆਲਾ ਵੈਲਫੇਅਰ ਕਲੱਬ ਵੱਲੋਂ ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਦੀ ਅਗਵਾਈ ਹੇਠ ਮੋਦੀ ਸਰਕਾਰ ਅਤੇ ਭਾਰਤ ਦੇ ਚੋਣ ਕਮਿਸ਼ਨਰ ਖਿਲਾਫ ਪ੍ਰਦਰਨ ਕੀਤਾ।

ਇਸ ਦੌਰਾਨ ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਨੇ ਕਿਹਾ ਕਿ ਸਿਆਸੀ ਪਾਰਟੀਆਂ ਵੱਲੋਂ ਆਪਣੇ-ਆਪਣੇ ਚੋਣ ਘੋਸ਼ਣਾ ਪੱਤਰ ਵਿੱਚ ਲੋਕਾਂ ਦੀਆਂ ਕੀਮਤੀ ਵੋਟਾਂ ਲੈਣ ਲਈ ਲੋਕ ਲੁਭਾਊਂ ਵੱਡੇ-ਵੱਡੇ ਵਾਅਦਿਆਂ ਦੀ ਝੜੀ ਚੋਣਾਂ ਦੌਰਾਨ ਲਾਈ ਜਾਦੀ ਹੈ ਜਿਸ ਵਿੱਚ ਨਗਦ ਰਾਸ਼ੀ ਵੱਖ-ਵੱਖ ਯੋਜਨਾਵਾਂ ਅਤੇ ਮੁਫ਼ਤ ਸੁਵਿਧਾਵਾਂ ਸ਼ਹਿਰ, ਪਿੰਡਾਂ ਅਤੇ ਵਾਰਡ ਪੱਧਰ ਤੇ ਵਿਕਾਸ ਅਤੇ ਰੋਜ਼ਗਾਰ ਨੌਕਰੀਆਂ ਆਦਿ ਸਬੰਧੀ ਵਾਅਦੇ ਕੀਤੇ ਜਾਂਦੇ ਹਨ ਪਰ ਅੱਜ ਤੱਕ ਕੋਈ ਪਾਰਟੀ ਆਪਣੇ ਵਾਅਦੇ ਗਰੰਟੀਆਂ ਤੇ ਖਰੀ ਨਹੀਂ ਉਤਰੀ ਜਿਸ ਕਰਕੇ ਰਾਜਨੀਤਿਕ ਪਾਰਟੀਆਂ ਤੋਂ ਵੋਟਰਾਂ ਦਾ ਭਰੋਸਾ ਟੁੱਟ ਜਾਂਦਾ ਹੈ ਤੇ ਲੋਕ ਆਪਣੇ ਆਪ ਨੂੰ ਗੁੰਮਰਾਹ ਹੋਏ ਅਤੇ ਠੱਗੇ ਮਹਿਸੂਸ ਕਰਦੇ ਹਨ। ਸੱਤਾਧਾਰੀ ਪਾਰਟੀ ਦੇ ਵਾਅਦੇ ਖਿਲਾਫੀ ਕਾਰਨ ਖੱਜਲ ਖੁਆਰੀ ਦਾ ਸਾਹਮਣਾ ਕਰ ਰਹੇ ਲੋਕ ਸੰਘਰਸ਼ ਦੇ ਰਾਹ ਤੇ ਤੁਰ ਪੈਂਦੇ ਹਨ ਜਿਸ ਕਾਰਨ ਰੋਸ ਵਜੋਂ ਧਰਨੇ ਪ੍ਰਦਰਸ਼ਨ ਵੱਖ-ਵੱਖ ਸਰਕਾਰੀ ਗੈਰ ਸਰਕਾਰੀ ਸੰਗਠਨਾਂ ਵਲੋਂ ਸੜਕਾਂ ਤੇ ਕੀਤੇ ਜਾਦੇ ਹਨ ਤੇ ਆਵਾਜਾਈ ਵਿੱਚ ਆਮ ਪਬਲਿਕ ਤੇ ਪ੍ਰਸ਼ਾਸ਼ਨ ਨੂੰ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪ੍ਰਧਾਨ ਅਰਵਿੰਦਰ ਕੁਮਾਰ ਕਾਕਾ ਨੇ ਮਾਨਯੋਗ ਚੋਣ ਕਮਿਸ਼ਨਰ ਤੋਂ ਇਸ ਸਬੰਧੀ ਸਖਤ ਕਦਮ ਚੁੱਕਣ ਦੀ ਪੁਰਜੋਰ ਮੰਗ ਕਰਦਿਆਂ ਕਿਹਾ ਕਿ ਸਿਆਸੀ ਪਾਰਟੀਆਂ ਦੇ ਇਸ ਤਰ੍ਹਾਂ ਦੇ ਵਤੀਰਿਆਂ ਨੂੰ ਨੱਥ ਪਾਉਣ ਲਈ ਚੋਣ ਐਲਾਨੇ ਪੱਤਰ ਨੂੰ ਜਾਰੀ ਕਰਨ ਤੋਂ ਪਹਿਲਾਂ ਇਨ੍ਹਾਂ ਪਾਰਟੀਆਂ ਤੋਂ ਐਫੀਡੇਵਿਟ ਲਿਆ ਜਾਵੇ। ਜਿਸ ਵਿੱਚ ਅਜਿਹਾ ਕਾਨੂੰਨ ਹੋਵੇ ਜੇਕਰ ਕੋਈ ਪਾਰਟੀ ਚੋਣ ਘੋਸ਼ਣਾ ਪੱਤਰ ਅਨੁਸਾਰ ਵਾਅਦੇ ਸਮੇਂ ਸਿਰ ਪੂਰੇ ਨਹੀਂ ਕਰਦੀ ਉਸ ਪਾਰਟੀ ਦੀ ਮਾਨਤਾ ਰੱਦ ਕਰਕੇ ਉਸ ਸਰਕਾਰ ਨੂੰ ਖਤਮ ਕੀਤਾ ਜਾਵੇ ਤਾਂ ਜੋ ਇਹ ਪਾਰਟੀਆਂ ਚੋਣਾਂ ਦੌਰਾਨ ਕਿਸੇ ਕਿਸਮ ਦਾ ਹੱਥਕੰਡੇ ਇਸਤੇਮਾਲ ਨਾ ਕਰ ਸਕਣ ਅਤੇ ਝੂਠੇ ਵਾਅਦੇ ਕਰ ਕੇ ਭੋਲੇ ਭਾਲੇ ਲੋਕਾਂ ਨੂੰ ਵਰਗਲਾ ਕੇ ਵੋਟਾਂ ਲੈਣ ਵਾਲੇ ਮੁੱਖ ਆਗੂਆਂ ਨੂੰ ਧੋਖਾਦੇਹੀ ਦੀ ਸਖਤ ਤੋਂ ਸਖਤ ਸਜ਼ਾ ਦਾ ਪ੍ਰਵੀਜਨ ਹੋਵੇ। ਇਸ ਮੌਕੇ ਰੇਸ਼ਮ ਸਿੰਘ, ਬਲਬੀਰ ਸਿੰਘ, ਮਾਨ ਸਿੰਘ, ਲਾਲ ਖਾਨ, ਅਵਤਾਰ ਸਿੰਘ, ਪ੍ਰਕਾਸ਼ ਸਿੰਘ, ਸਤਪਾਲ ਸਿੰਘ, ਗੁਰਚਰਨ ਸਿੰਘ, ਨਰਿੰਦਰਪਾਲ ਸਿੰਘ, ਕਰਮ ਸਿੰਘ, ਹੈਪੀ ਸਿੰਘ, ਗੁਰਦੀਪ ਸਿੰਘ, ਕ੍ਰਿਸ਼ਨ ਕੁਮਾਰ, ਧਰਮਪਾਲ, ਰਸ਼ਪਾਲ ਸਿੰਘ, ਸੁਖਦੇਵ ਸਿੰਘ, ਮੋਹਿਤ ਸਿੰਗਲਾ ਆਦਿ ਹਾਜਰ ਸਨ।

# ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਮੁਲਾਜ਼ਮਾਂ ਨੇ ਖੁਦ ਕੀਤੀ ਵਾਤਾਵਰਣ ਦੀ ਸੰਭਾਲ ਲਈ ਸਫ਼ਾਈ

**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਸਫਾਈ ਮੁਹਿੰਮ ਜ਼ਿੰਮੇਵਾਰੀ ਮੁਲਾਜ਼ਮਾਂ ਨੇ ਲਈ ਅਤੇ ਗੁਰਦੁਆਰਾ ਸਾਹਿਬ ਦੇ ਵੱਖ ਵੱਖ ਪਾਰਕਾਂ ਵਿਚ ਸਫਾਈ ਕੀਤੀ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਕਰਨੈਲ ਸਿੰਘ ਵਿਰਕ ਨੇ ਦੱਸਿਆ ਕਿ ਅਗਾਮੀ ਦਿਹਾੜਿਆਂ ਅਤੇ ਸਾਲਾਨਾ ਤਿਉਹਾਰਾਂ ਦੇ ਮੱਦੇਨਜ਼ਰ ਵੱਖ ਵੱਖ ਪਾਰਕਾਂ ਦੀ ਸਾਫ ਸਫਾਈ ਜਿਥੇ ਰੋਜਮਰਾ ਦੀ ਡਿਊਟੀ ਵਿਚ ਹੈ, ਉਥੇ ਹੀ ਮੁਲਾਜ਼ਮਾਂ ਨੇ ਡਿਊਟੀ ਤੋਂ ਇਲਾਵਾ ਆਪਣੇ ਕੀਮਤੀ ਸਮੇਂ ਵਿਚ ਖੁਦ ਸਫਾਈ ਮੁਹਿੰਮ ਵਿਚ ਹਿੱਸਾ ਲਿਆ। ਗੁਰਦੁਆਰਾ ਪ੍ਰਬੰਧਕ ਮੈਨੇਜਰ ਕਰਨੈਲ ਸਿੰਘ ਵਿਰਕ ਨੇ ਜਾਣਕਾਰੀ ਦਿੱਤੀ ਕਿ ਜਿਥੇ ਵਾਤਾਵਰਣ ਅਤੇ ਸਵੱਛਤਾ ਨੂੰ ਧਿਆਨ ਵਿਚ ਰੱਖਦਿਆਂ ਸਫਾਈ ਕੀਤੀ ਗਈ, ਉਥੇ ਹੀ ਅਗਲੇ ਫਰਵਰੀ ਦੇ ਮਹੀਨੇ ਵਿਚ ਸਾਲਾਨਾ ਬਸੰਤ ਪੰਚਮੀ ਦੇ ਦਿਹਾੜਾ ਹੁੰਦਾ ਅਤੇ ਇਸ ਦੌਰਾਨ ਲੱਖਾਂ ਦੀ ਗਿਣਤੀ ਵਿਚ ਸੰਗਤ ਗੁਰੂ ਘਰ ਮੱਥਾ ਟੇਕਣ ਪੁੱਜਦੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਗਲਿਆਰੇ ਅੰਦਰਲੇ ਪਾਰਕਾਂ ਵਿਚ ਅਕਸਰ ਸੰਗਤ ਜਿਥੇ ਬੈਠਕੇ ਗੁਰੂ ਘਰ ਅੰਦਰ ਚੱਲਦੇ ਨਿਰੰਤਰ ਕੀਰਤਨ ਪ੍ਰਵਾਹ ਅਤੇ ਗੁਰਬਾਣੀ ਦਾ ਆਨੰਦ ਉਠਾਉਂਦੀ ਹੈ, ਉਥੇ ਹੀ ਪਾਰਕਾਂ ਦੀ ਸਾਂਭ ਸੰਭਾਲ ਅਤੇ ਵਾਤਾਵਰਣ ਤਹਿਤ ਬੂਟਿਆਂ ਦੀ ਸਾਂਭ ਸੰਭਾਲ ਵੀ ਸਮੇਂ ਦੀ ਵੱਡੀ ਲੋੜ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਜਰਨੈਲ ਸਿੰਘ ਮਕਰੌੜ ਸਾਹਿਬ, ਇੰਦਰਜੀਤ ਸਿੰਘ ਗਿੱਲ, ਮਨਦੀਪ ਸਿੰਘ ਭਲਵਾਨ ਤੋਂ ਇਲਾਵਾ ਦਫਤਰ ਦੇ ਸਮੂਹ ਸਟਾਫ ਮੈਂਬਰਾਂ ਨੇ ਵੀ ਇਸ ਸਫਾਈ ਮੁਹਿੰਮ ਵਿਚ ਸ਼ਮੂਲੀਅਤ ਕੀਤੀ।

# ਸਤਨਾਮ ਸਿੰਘ ਸੰਧੂ ਰਾਜ ਸਭਾ ਮੈਂਬਰ ਵਜੋਂ ਨਾਮਜ਼ਦ, ਪੀ.ਐੱਮ. ਮੋਦੀ ਨੇ ਦਿੱਤੀ ਵਧਾਈ



ਨਵੀਂ ਦਿੱਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਤਨਾਮ ਸਿੰਘ ਸੰਧੂ ਨੂੰ ਰਾਜ ਸਭਾ ਮੈਂਬਰ ਲਈ ਨਾਮਜ਼ਦ ਕੀਤਾ ਹੈ। ਇਸ ਫ਼ੈਸਲੇ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਹੈ। ਪੀ.ਐੱਮ. ਨੇ 'ਐਕਸ' 'ਤੇ ਲਿਖਿਆ,''ਮੈਨੂੰ ਖੁਸ਼ੀ ਹੈ ਕਿ ਰਾਸ਼ਟਰਪਤੀ ਨੇ ਸਤਨਾਮ ਸਿੰਘ ਸੰਧੂ ਨੂੰ ਰਾਜ ਸਭਾ ਲਈ ਚੁਣਿਆ ਹੈ। ਸਤਨਾਮ ਸਿੰਘ ਇਕ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਸਮਾਜਿਕ ਵਰਕਰ ਵਜੋਂ ਜਾਣੇ ਜਾਂਦੇ ਹਨ। ਉਹ ਵੱਖ-ਵੱਖ ਤਰੀਕਿਆਂ ਨਾਲ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰ ਰਹੇ ਹਨ।'' ਪੀ.ਐੱਮ. ਮੋਦੀ ਨੇ ਕਿਹਾ,''ਸਤਨਾਮ ਸਿੰਘ ਨੇ ਹਮੇਸ਼ਾ ਰਾਸ਼ਟਰੀ ਏਕਤਾ ਨੂੰ ਅੱਗੇ ਵਧਾਇਆ ਅਤੇ ਪ੍ਰਵਾਸੀ ਭਾਰਤੀਆਂ ਦੇ ਨਾਲ ਵੀ ਕੰਮ ਕੀਤਾ ਹੈ। ਮੈਂ ਉਨ੍ਹਾਂ ਦੀ ਸੰਸਦੀ ਯਾਤਰਾ ਲਈ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੰਦਾ ਹਾਂ ਅਤੇ ਮੈਨੂੰ ਭਰੋਸਾ ਹੈ ਕਿ ਰਾਜ ਸਭਾ ਦੀ ਕਾਰਵਾਈ ਉਨ੍ਹਾਂ ਦੇ ਵਿਚਾਰਾਂ ਨਾਲ ਭਰਪੂਰ ਹੋਵੇਗੀ।

ਸਤਨਾਮ ਸਿੰਘ ਸੰਧੂ ਨੇ ਸਾਲ 2001 'ਚ ਮੋਹਾਲੀ ਦੇ ਲਾਂਡਰਾਂ 'ਚ ਚੰਡੀਗੜ੍ਹ ਗਰੁੱਪ ਆਫ਼ ਕਾਲਜ (ਸੀ.ਜੀ.ਸੀ.) ਦੀ ਨੀਂਹ ਰੱਖੀ ਸੀ। ਇਸ ਤੋਂ ਬਾਅਦ ਸਾਲ 2012 'ਚ ਉਨ੍ਹਾਂ ਨੇ ਚੰਡੀਗੜ੍ਹ ਯੂਨੀਵਰਸਿਟੀ ਦਾ ਗਠਨ ਕੀਤਾ ਸੀ।

ਆਪਣੇ ਜੀਵਨ 'ਚ ਉਨ੍ਹਾਂ ਨੇ ਕਾਫ਼ੀ ਉਤਾਰ ਚੜ੍ਹਾਵ ਦੇਖੇ ਪਰ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸੰਧੂ ਗੁਣਵੱਤਾਪੂਰਨ ਸਿੱਖਿਆ ਪ੍ਰਾਪਤ ਕਰਨ ਲਈ ਲੱਖਾਂ ਵਿਦਿਆਰਥੀਆਂ ਨੂੰ ਵਿੱਤੀ ਮਦਦ ਦੇ ਰਹੇ ਹਨ।

# ਮੁਰਮੂ, ਮੋਦੀ ਤੇ ਹੋਰ ਨੇਤਾਵਾਂ ਨੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ





ਨਵੀਂ ਦਿੱਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਰਾਸ਼ਟਰਪਤੀ ਦਰੋਪਦੀ ਮੁਰਮੂ ਸਣੇ ਕਈ ਨੇਤਾਵਾਂ ਨੇ ਅੱਜ ਮਹਾਤਮਾ ਗਾਂਧੀ ਨੂੰ ਅੱਜ ਉਨ੍ਹਾਂ ਦੀ ਬਰਸੀ ਮੌਕੇ ਸ਼ਰਧਾਂਜਲੀ ਭੇਟ ਕੀਤੀ। ਰਾਸ਼ਟਰਪਤੀ, ਪ੍ਰਧਾਨ ਮੰਤਰੀ ਤੇ ਹੋਰਾਂ ਨੇ ਮਹਾਤਮਾ ਗਾਂਧੀ ਦੀ ਸਮਾਧੀ ਰਾਜਘਾਟ 'ਤੇ ਸ਼ਰਧਾਂਜਲੀ ਦਿੱਤੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਦਿੱਤੀ। ਸ੍ਰੀ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਲਿਖਿਆ, ਮੈਂ ਸਤਿਕਾਰਯੋਗ ਬਾਪੂ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਦਿੰਦਾ ਹਾਂ। ਮੈਂ ਉਨ੍ਹਾਂ ਸਾਰੇ ਲੋਕਾਂ ਨੂੰ ਵੀ ਸ਼ਰਧਾਂਜਲੀ ਭੇਟ ਕਰਦਾ ਹਾਂ ਜੋ ਸਾਡੇ ਦੇਸ਼ ਲਈ ਸ਼ਹੀਦ ਹੋਏ ਹਨ।

ਉਨ੍ਹਾਂ ਦੀ ਕੁਰਬਾਨੀ ਸਾਨੂੰ ਲੋਕਾਂ ਦੀ ਸੇਵਾ ਕਰਨ ਅਤੇ ਸਾਡੇ ਦੇਸ਼ ਲਈ ਉਨ੍ਹਾਂ ਦੇ ਸੁਫਨੇ ਪੂਰਾ ਕਰਨ ਲਈ ਪ੍ਰੇਰਿਤ ਕਰਦੀ ਹੈ।

# ਚੰਡੀਗੜ੍ਹ ਮੇਅਰ ਚੋਣਾਂ 'ਚ ਭਾਜਪਾ ਨੇ ਦਿਨ ਦਿਹਾੜੇ ਬੇਈਮਾਨੀ ਕੀਤੀ : ਕੇਜਰੀਵਾਲ



ਨਵੀਂ ਦਿੱਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ ਮੇਅਰ ਚੋਣਾਂ 'ਚ ਭਾਜਪਾ ਦੇ ਉਮੀਦਵਾਰ ਮਨੋਜ ਨੇ ਮੰਗਲਵਾਰ ਨੂੰ ਜਿੱਤ ਦਰਜ ਕੀਤੀ ਹੈ। ਇਸ ਨੂੰ ਲੈ ਕੇ ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਭਾਜਪਾ 'ਤੇ ਗੰਭੀਰ ਦੋਸ਼ ਲਗਾਏ ਹਨ। ਕੇਜਰੀਵਾਲ ਨੇ ਬਿਨਾਂ ਨਾਂ ਲਏ ਮੇਅਰ ਚੋਣਾਂ 'ਚ ਭਾਜਪਾ 'ਤੇ ਬੇਈਮਾਨੀ ਕਰਨ ਦਾ ਦੋਸ਼ ਲਗਾਇਆ ਹੈ। ਕੇਜਰੀਵਾਲ ਨੇ 'ਐਕਸ' 'ਤੇ ਪੋਸਟ ਕਰਦੇ ਹੋਏ ਕਿਹਾ,''ਚੰਡੀਗੜ੍ਹ ਮੇਅਰ ਚੋਣ 'ਚ ਦਿਨਦਿਹਾੜੇ ਜਿਸ ਤਰ੍ਹਾਂ ਨਾਲ ਬੇਈਮਾਨੀ ਕੀਤੀ ਗਈ ਹੈ, ਉਹ ਬੇਹੱਦ ਚਿੰਤਾਜਨਕ ਹੈ। ਜੇਕਰ ਇਕ ਮੇਅਰ ਚੋਣਾਂ 'ਚ ਇਹ ਲੋਕ ਇੰਨਾ ਡਿੱਗ ਸਕਦੇ ਹਨ ਤਾਂ ਦੇਸ਼ ਦੀਆਂ ਚੋਣਾਂ 'ਚ ਤਾਂ ਇਹ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ। ਇਹ ਬੇਹੱਦ ਚਿੰਤਾਜਨਕ ਹੈ।'' ਦੱਸਣਯੋਗ ਹੈ ਕਿ ਪੰਜਾਬ-ਹਰਿਆਣਾ ਹਾਈ ਕੋਰਟ ਦੇ ਆਦੇਸ਼ 'ਤੇ ਅੱਜ ਸਖ਼ਤ ਸੁਰੱਖਿਆ ਵਿਚਾਲੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀਆਂ ਚੋਣਾਂ ਕਰਵਾਈਆਂ ਗਈਆਂ ਸਨ। ਇਸ 'ਚ ਭਾਜਪਾ ਦੇ ਉਮੀਦਵਾਰ ਮਨੋਜ ਨੂੰ 16 ਵੋਟ ਅਤੇ ਆਮ ਆਦਮੀ ਪਾਰਟੀ ਦੇ ਕੁਲਦੀਪ ਨੂੰ 12 ਵੋਟ ਮਿਲੇ। ਇਸ ਤੋਂ ਇਲਾਵਾ ਬਾਕੀ ਵੋਟ ਰੱਦ ਕਰ ਦਿੱਤੇ ਗਏ। ਦੱਸ ਦੇਈਏ ਕਿ ਇਸ ਸੀਟ 'ਤੇ ਬਹੁਮਤ ਹੋਣ ਦੇ ਬਾਵਜੂਦ ਆਮ ਆਦਮੀ ਪਾਰਟੀ-ਕਾਂਗਰਸ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਇਸ ਤੋਂ ਪਹਿਲਾਂ ਚੰਡੀਗੜ੍ਹ ਦੀਆਂ ਮੇਅਰ ਚੋਣਾਂ 18 ਜਨਵਰੀ ਨੂੰ ਹੋਣੀਆਂ ਸਨ ਪਰ ਉਦੋਂ ਪੀਠਾਸੀਨ ਅਧਿਕਾਰੀ ਦੇ ਬੀਮਾਰ ਪੈਣ ਕਾਰਨ ਟਲ ਗਈਆਂ ਸਨ। ਇਸ ਨੂੰ ਲੈ ਕੇ ਕਾਂਗਰਸ ਪਾਰਟੀ ਨੇ ਹਾਈ ਕੋਰਟ 'ਚ ਪਟੀਸ਼ਨ ਦਿੱਤੀ ਸੀ।

# ਮੋਦੀ ਸਰਕਾਰ ਨੇ ਕਿਸਾਨਾਂ ਦਾ ਭਰੋਸਾ ਗੁਆ ਦਿੱਤਾ, ਅਸੀਂ ਵਾਪਸ ਜਿੱਤਣ ਦੀ ਕੋਸ਼ਿਸ਼ ਕਰਾਂਗੇ: ਰਾਹੁਲ



ਪੂਰਨੀਆ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ 'ਤੇ ਕਿਸਾਨਾਂ ਦਾ ਭਰੋਸਾ ਗੁਆ ਦੇਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਸੱਤਾ 'ਚ ਆਉਣ 'ਤੇ ਇਸ ਨੂੰ ਵਾਪਸ ਹਾਸਲ ਕਰਨ ਦੀ ਕੋਸ਼ਿਸ਼ ਕਰੇਗੀ। ਰਾਹੁਲ ਨੇ ਬਿਹਾਰ ਦੇ ਪੂਰਨੀਆ ਜ਼ਿਲ੍ਹੇ ਵਿਚ ਕਿਸਾਨਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਨੂੰ ਭਰੋਸਾ ਦਿੱਤਾ। ਉਨ੍ਹਾਂ ਦੀ 'ਭਾਰਤ ਜੋੜੋ ਨਿਆਂ ਯਾਤਰਾ' ਸੂਬੇ 'ਚ ਐਂਟਰੀ ਦੇ ਇਕ ਦਿਨ ਬਾਅਦ ਅੱਜ ਪੂਰਨੀਆ ਪਹੁੰਚੀ।

ਸੂਬੇ ਦੇ ਕਿਸਾਨਾਂ ਅਤੇ ਮਜ਼ਦੂਰਾਂ ਵਿਚਾਲੇ ਪੀੜ੍ਹੀਆਂ ਤੋਂ ਲੋਕਪ੍ਰਿਯ ਰਹੇ 'ਗਮਛਾ' ਨੂੰ ਆਪਣੇ ਸਿਰ 'ਤੇ ਲਪੇਟ ਕੇ ਰਾਹੁਲ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ 'ਚ ਫੇਲ੍ਹ ਰਹੀ ਹੈ। ਦਰਅਸਲ ਉਸ ਨੇ ਉਨ੍ਹਾਂ ਦਾ ਭਰੋਸਾ ਗੁਆ ਦਿੱਤਾ ਹੈ। ਮੈਂ ਤੁਹਾਨੂੰ ਬੇਨਤੀ ਕਰਦਾ ਹਾਂ ਕਿ ਤੁਸੀਂ ਸਾਨੂੰ ਇਕ ਮੌਕਾ ਦਿਓ ਅਤੇ ਅਸੀਂ ਤੁਹਾਡਾ ਭਰੋਸਾ ਮੁੜ ਜਿੱਤਣ ਦੀ ਕੋਸ਼ਿਸ਼ ਕਰਾਂਗੇ।

ਤਾੜੀਆਂ ਦੀ ਗੜਗੜਾਹਟ ਦਰਮਿਆਨ ਰਾਹੁਲ ਨੇ ਕਿਹਾ ਕਿ ਕ੍ਰਿਪਾ ਕਰ ਕੇ ਧਿਆਨ ਦਿਓ ਕਿ ਇਹ ਖੋਖਲੇ ਸ਼ਬਦ ਨਹੀਂ ਹਨ। ਸਾਡਾ ਪਿਛਲਾ ਰਿਕਾਰਡ ਆਪਣੇ ਬਾਰੇ 'ਚ ਬੋਲਦਾ ਹੈ। ਅਸੀਂ ਕਿਸਾਨ ਦਾ 72,000 ਕਰੋੜ ਰੁਪਏ ਦਾ ਕਰਜ਼ ਮੁਆਫ਼ ਕੀਤਾ ਅਤੇ ਛੱਤੀਸਗੜ੍ਹ ਅਤੇ ਰਾਜਸਥਾਨ ਵਰਗੇ ਸੂਬਿਆਂ ਵਿਚ ਜਿੱਥੇ ਕਾਂਗਰਸ ਸੱਤਾ 'ਚ ਸੀ, ਅਸੀਂ ਯਕੀਨੀ ਕੀਤਾ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਲਈ ਉੱਚਿਤ ਕੀਮਤ ਮਿਲੇ।

# ਪੰਜਾਬ ਰਾਜ ਮਹਿਲਾ ਕਮਿਸ਼ਨ ਵਿੱਚ ਮੈਂਬਰਾਂ ਦੀ ਭਰਤੀ ਲਈ ਅਰਜੀਆਂ ਦੀ ਮੰਗ: ਡਾ. ਬਲਜੀਤ ਕੌਰ



ਚੰਡੀਗੜ੍ਹ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਰਾਜ ਮਹਿਲਾ ਕਮਿਸ਼ਨ ਵਿੱਚ ਮੈਂਬਰਾਂ ਦੀਆਂ ਗੈਰ ਸਰਕਾਰੀ ਖਾਲੀ ਅਸਾਮੀਆਂ ਦੀ ਭਰਤੀ ਲਈ ਯੋਗ ਬਿਨੈਕਾਰ ਪਾਸੋਂ ਅਰਜੀਆਂ ਦੀ ਮੰਗ 5 ਅਕਤੂਬਰ ਤੱਕ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਸਰਕਾਰ ਵਲੋਂ ਅਜਿਹੇ ਵਿਅਕਤੀ, ਤਰਜੀਹੀ ਤੌਰ ਤੇ ਮਹਿਲਾਵਾਂ ਜੋ ਵਧੀਆ ਯੋਗਤਾ, ਇਮਾਨਦਾਰੀ ਰੱਖਦੀਆਂ ਹੋਣ, ਜਿਨ੍ਹਾਂ ਨੇ ਮਹਿਲਾਵਾਂ ਦੀ ਭਲਾਈ ਲਈ ਕੰਮ ਕੀਤਾ ਹੈ, ਕਾਨੂੰਨ ਜਾਂ ਵਿਧਾਨ ਦੀ ਉਚਿਤ ਜਾਣਕਾਰੀ ਅਤੇ ਤਜਰਬਾ ਹੈ, ਮਹਿਲਾਵਾਂ ਦੀ ਪ੍ਰਗਤੀ ਨਾਲ ਸਬੰਧਤ ਮਾਮਲਿਆਂ ਦਾ ਪ੍ਰਬੰਧਨ ਜਾਂ ਮਹਿਲਾਵਾਂ ਦੀ ਸੁਰੱਖਿਆ ਲਈ ਕਿਸੇ ਟਰੇਡ ਯੂਨੀਅਨ ਜਾਂ ਸਵੈ-ਸੇਵੀ ਸੰਗਠਨ ਦੀ ਅਗਵਾਈ, ਮਹਿਲਾਵਾਂ ਦੇ ਸਾਂਝੇ ਹਿੱਤਾਂ ਨੂੰ ਉਠਾਇਆ ਅਤੇ ਪ੍ਰੋਤਸਾਹਿਤ ਕੀਤਾ ਹੈ, ਅਰਜੀ ਦੇਣ ਲਈ ਯੋਗ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਸਕੀਮਾਂ ਨੂੰ ਲਾਗੂ ਕਰਨ ਲਈ ਰਾਜ ਮਹਿਲਾ ਕਮਿਸ਼ਨ ਵਿੱਚ ਇੱਕ ਸੀਨੀਅਰ ਉਪ ਚੇਅਰਪਰਸਨ, ਇੱਕ ਉਪ ਚੇਅਰਪਰਸਨ ਅਤੇ ਦਸ ਮੈਂਬਰਾਂ (ਜਨਰਲ 8 ਅਤੇ ਐਸ.ਸੀ 2) ਦੀ ਭਰਤੀ ਕੀਤੀ ਜਾਣੀ ਹੈ, ਤਾਂ ਜੋ ਔਰਤਾਂ ਸਬੰਧੀ ਭਲਾਈ ਸਕੀਮਾਂ ਨੂੰ ਲਾਗੂ ਕਰਕੇ ਸਬੰਧਤਾਂ ਨੂੰ ਲਾਭ ਮਿਲ ਸਕੇ।

ਮੰਤਰੀ ਨੇ ਅੱਗੇ ਦੱਸਿਆ ਕਿ ਚਾਹਵਾਨ ਉਮੀਦਵਾਰ ਆਪਣਾ ਬਿਨੈਪੱਤਰ ਸਮੇਤ ਬਾਇਓ ਡਾਟਾ ਡਾਇਰੈਕਟੋਰੇਟ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਐਸ.ਸੀ.ਓ ਨੰ:102-103, ਸੈਕਟਰ 34-ਏ ਚੰਡੀਗੜ੍ਹ ਵਿਖੇ ਮਿਤੀ 05 ਫਰਵਰੀ 2024 ਤੱਕ ਜਮ੍ਹਾ ਕਰਵਾ ਸਕਦੇ ਹਨ। ਨਿਸ਼ਚਿਤ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਬਿਨੈ ਪੱਤਰਾਂ ਨੂੰ ਵਿਚਾਰਿਆ ਨਹੀਂ ਜਾਵੇਗਾ।

# ਸੁਪਰੀਮ ਕੋਰਟ ਦਾ ਹੁਕਮ : ਜਾਤੀ ਤੇ ਧਰਮ ਦੀ ਪਛਾਣ ਨਾ ਕਰੋ ਖੁਲਾਸਾ

ਨਵੀਂ ਦਿੱਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸੁਪਰੀਮ ਕੋਰਟ ਨੇ ਇਕ ਵੱਡੀ ਪਹਿਲ ਕਰਦਿਆਂ ਸਾਰੀਆਂ ਹਾਈ ਕੋਰਟਾਂ ਅਤੇ ਅਧੀਨ ਅਦਾਲਤਾਂ ਨੂੰ ਹੁਕਮ ਦਿੱਤਾ ਹੈ ਕਿ ਉਹ ਕੇਸ ਨਾਲ ਸਬੰਧਤ ਦਸਤਾਵੇਜ਼ਾਂ 'ਚ ਜਾਤੀ ਅਤੇ ਧਰਮ ਦਾ ਖੁਲਾਸਾ ਨਾ ਕਰਨ। ਜਸਟਿਸ ਹਿਮਾ ਕੋਹਲੀ ਅਤੇ ਜਸਟਿਸ ਅਹਿਸਾਨੁਦੀਨ ਅਮਾਨਉੱਲ੍ਹਾ ਦੀ ਬੈਂਚ ਨੇ ਕਿਹਾ ਹੈ ਕਿ ਇਸ ਤਰ੍ਹਾਂ ਜਾਤੀ ਅਤੇ ਧਰਮ ਦਾ ਜ਼ਿਕਰ ਕਰਨਾ ਤੁਰੰਤ ਬੰਦ ਕੀਤਾ ਜਾਣਾ ਚਾਹੀਦਾ ਹੈ। ਅਦਾਲਤ ਨੇ ਹੁਕਮ ਦਿੰਦੇ ਹੋਏ ਕਿਹਾ ਕਿ ਸਾਨੂੰ ਸੁਪਰੀਮ ਕੋਰਟ ਜਾਂ ਹੋਰ ਅਦਾਲਤਾਂ ਵਿਚ ਕਿਸੇ ਵੀ ਮੁਕੱਦਮੇ ਦੀ ਜਾਤੀ ਅਤੇ ਧਰਮ ਬਾਰੇ ਦੱਸਣਾ ਜ਼ਰੂਰੀ ਨਹੀਂ ਲੱਗਦਾ। ਇਸ ਲਈ ਇਸ ਨੂੰ ਤੁਰੰਤ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਰਾਜਸਥਾਨ ਫੈਮਿਲੀ ਕੋਰਟ ਦੇ ਸਾਹਮਣੇ ਪੈਂਡਿੰਗ ਇਕ ਵਿਵਾਦ ਦਾ ਮਾਮਲਾ ਟਰਾਂਸਫਰ ਕਰਨ ਦੀ ਇਜਾਜ਼ਤ ਦਿੰਦੇ ਹੋਏ ਸੁਪਰੀਮ ਕੋਰਟ ਨੇ ਇਹ ਹੁਕਮ ਦਿੱਤਾ ਹੈ।

# ਭਾਰਤੀ ਜਲ ਸੈਨਾ ਨੇ ਸਮੁੰਦਰੀ ਡਾਕੂ ਵਿਰੋਧੀ ਮੁਹਿੰਮ ਤਹਿਤ 19 ਪਾਕਿਸਤਾਨੀ ਬਚਾਏ



ਨਵੀਂ ਦਿੱਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਜੰਗੀ ਬੇੜੇ ਆਈਐੱਨਐੱਸ ਸੁਮਿੱਤਰਾ ਨੇ ਸੋਮਾਲੀਆ ਦੇ ਪੂਰਬੀ ਤੱਟ 'ਤੇ ਇਰਾਨ ਦੇ ਝੰਡੇ ਵਾਲੇ ਮੱਛੀ ਫੜਨ ਵਾਲੇ ਜਹਾਜ਼ 'ਤੇ ਸਮੁੰਦਰੀ ਡਾਕੂਆਂ ਦੇ ਹਮਲੇ ਤੋਂ ਬਾਅਦ 19 ਪਾਕਿਸਤਾਨੀ ਚਾਲਕ ਦਲ ਦੇ ਮੈਂਬਰਾਂ ਨੂੰ ਬਚਾਇਆ। ਆਈਐੱਨਐੱਸ ਸੁਮਿੱਤਰਾ ਨੂੰ ਅਦਨ ਦੀ ਖਾੜੀ ਅਤੇ ਸੋਮਾਲੀਆ ਦੇ ਪੂਰਬ ਵਿੱਚ ਡਕੈਤੀ ਵਿਰੋਧੀ ਅਤੇ ਸਮੁੰਦਰੀ ਸੁਰੱਖਿਆ ਕਾਰਜਾਂ ਲਈ ਤਾਇਨਾਤ ਕੀਤਾ ਗਿਆ ਹੈ। ਜਹਾਜ਼ ਨੇ ਸੋਮਵਾਰ ਨੂੰ ਇਰਾਨੀ ਮੱਛੀ ਫੜਨ ਵਾਲੇ ਜਹਾਜ਼ ਇਮਾਨ 'ਤੇ ਸਮੁੰਦਰੀ ਡਕੈਤੀ ਨਾਕਾਮ ਕਰ ਦਿੱਤੀ।

## ਸ਼ੌਕਤ ਅਹਿਮਦ ਪਰੈ ਨੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਜੋਂ ਸੰਭਾਲਿਆ

# ਲੋਕ ਭਲਾਈ ਸਕੀਮਾਂ ਦਾ ਲਾਭ ਹਰੇਕ ਯੋਗ ਲਾਭਪਾਤਰੀ ਤੱਕ ਪੁੱਜਦਾ ਕਰਨਾ ਮੁੱਖ ਤਰਜੀਹ : ਡਿਪਟੀ ਕਮਿਸ਼ਨਰ



ਪਟਿਆਲਾ, 31 ਜਨਵਰੀ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

2013 ਬੈਚ ਦੇ ਆਈ.ਏ.ਐਸ. ਅਧਿਕਾਰੀ ਸ਼ੌਕਤ ਅਹਿਮਦ ਪਰੈ ਨੇ ਅੱਜ ਪਟਿਆਲਾ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ। ਉਨ੍ਹਾਂ ਨੇ ਸਾਕਸ਼ੀ ਸਾਹਨੀ ਦੀ ਜਗ੍ਹਾ ਇਹ ਅਹੁਦਾ ਸੰਭਾਲਿਆ, ਜਿਨ੍ਹਾਂ ਦੀ ਬਦਲੀ ਡੀ.ਸੀ. ਲੁਧਿਆਣਾ ਵਜੋਂ ਹੋਈ ਹੈ।

ਸ਼ੌਕਤ ਅਹਿਮਦ ਪਰੈ ਨੇ ਆਪਣਾ ਅਹੁਦਾ ਸੰਭਾਲਣ ਉਪਰੰਤ ਕਿਹਾ ਕਿ, 'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਦੀਆਂ ਸਕੀਮਾਂ ਦਾ ਲਾਭ ਹਰੇਕ ਯੋਗ ਲਾਭਪਾਤਰੀ ਤੱਕ ਪੁੱਜਦਾ ਕਰਨ ਤੇ ਲੋਕਾਂ ਨੂੰ ਸਾਫ਼-ਸੁਥਰਾ, ਪਾਰਦਰਸ਼ੀ, ਭ੍ਰਿਸ਼ਟਾਚਾਰ ਰਹਿਤ ਤੇ ਲੋਕ ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।' ਇਸ ਉਪਰੰਤ ਸ਼ੌਕਤ ਅਹਿਮਦ ਪਰੈ ਨੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਚੱਲ ਰਹੇ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਸਮੇਤ ਰੋਜ਼ਮਰ੍ਹਾ ਦੇ ਕੰਮ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇ। ਇਸ ਤੋਂ ਪਹਿਲਾਂ ਨਵੇਂ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੈ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੁੱਜਣ 'ਤੇ ਪੰਜਾਬ ਪੁਲਿਸ ਦੀ ਟੁਕੜੀ ਨੇ 'ਗਾਰਡ ਆਫ਼ ਆਨਰ' ਪੇਸ਼ ਕਰਕੇ ਸਲਾਮੀ ਦਿੱਤੀ। ਪਟਿਆਲਾ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ ਮੌਕੇ ਐਸ.ਪੀ. ਸਰਫ਼ਰਾਜ਼ ਆਲਮ, ਏ.ਡੀ.ਸੀ. ਨਵਰੀਤ ਕੌਰ ਸੇਖੋਂ,ਐਸ.ਡੀ.ਐਮਜ ਡਾ. ਇਸਮਤ ਵਿਜੈ ਸਿੰਘ, ਜਸਲੀਨ ਕੌਰ ਤੇ ਤਰਸੇਮ ਚੰਦ, ਆਰ.ਟੀ.ਏ. ਨਮਨ ਮਾਰਕੰਨ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਬਬਨਦੀਪ ਸਿੰਘ ਵਾਲੀਆ, ਕਰ ਕਮਿਸ਼ਨਰ ਕੰਨੂ ਗਰਗ ਸਮੇਤ ਡੀ.ਸੀ. ਦਫ਼ਤਰ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸ਼ੌਕਤ ਅਹਿਮਦ ਪਰੈ ਦਾ ਨਿੱਘਾ ਸਵਾਗਤ ਕੀਤਾ।

# ਈਡੀ ਨੇ ਸੋਰੇਨ ਦੀ ਦਿੱਲੀ ਵਿਚਲੀ ਰਿਹਾਇਸ਼ 'ਚੋਂ 36 ਲੱਖ ਰੁਪਏ ਤੇ ਬੀਐੱਮਡਬਲਿਊ ਕਾਰ ਜ਼ਬਤ ਕੀਤੀ



ਨਵੀਂ ਦਿੱਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਦੀ ਦਿੱਲੀ ਸਥਿਤ ਰਿਹਾਇਸ਼ ਦੀ ਤਲਾਸ਼ੀ ਲੈ ਕੇ 36 ਲੱਖ ਰੁਪਏ, ਐੱਸਯੂਵੀ ਅਤੇ ਕੁਝ 'ਇਤਰਾਜ਼ਯੋਗ' ਦਸਤਾਵੇਜ਼ ਜ਼ਬਤ ਕੀਤੇ ਹਨ। ਐਨਫੋਰਸਮੈਂਟ ਡਾਇਰੈਕਟੋਰੇਟ ਦੀ ਟੀਮ ਸੋਮਵਾਰ ਨੂੰ ਦੱਖਣੀ ਦਿੱਲੀ ਵਿਚ ਸੋਰੇਨ ਦੇ 5/1 ਸ਼ਾਂਤੀ ਨਿਕੇਤਨ ਨਿਵਾਸ 'ਤੇ ਪਹੁੰਚੀ ਅਤੇ ਜ਼ਮੀਨੀ ਧੋਖਾਧੜੀ ਦੇ ਕਥਿਤ ਮਾਮਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਦੇ ਸਬੰਧ ਵਿਚ ਉਨ੍ਹਾਂ ਤੋਂ ਪੁੱਛ ਪੜਤਾਲ ਕਰਨ ਲਈ ਉਥੇ 13 ਘੰਟੇ ਤੋਂ ਵੱਧ ਸਮਾਂ ਡੇਰਾ ਲਾਇਆ। ਇਸ ਦੌਰਾਨ ਉਨ੍ਹਾਂ ਨੇ ਅਹਾਤੇ ਦੀ ਤਲਾਸ਼ੀ ਲਈ। ਸੂਤਰਾਂ ਨੇ ਦੱਸਿਆ ਕਿ ਐਨਫੋਰਸਮੈਂਟ ਡਾਇਰੈਕਟੋਰੇਟ ਦੀਆਂ ਟੀਮਾਂ ਨੇ ਸਾਰੇ ਦਿਨ ਦੀ ਕਾਰਵਾਈ ਦੌਰਾਨ ਲਗਪਗ 36 ਲੱਖ ਰੁਪਏ, ਹਰਿਆਣਾ ਨੰਬਰ ਪਲੇਟ ਵਾਲੀ ਬੇਨਾਮੀ ਬੀਐੱਮਡਬਲਿਊ ਕਾਰ ਅਤੇ ਕੁਝ ਇਤਰਾਜ਼ਯੋਗ ਦਸਤਾਵੇਜ਼ ਜ਼ਬਤ ਕੀਤੇ।

# ਖੇਡਾਂ ਮਨੁੱਖ ਦੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਸਹਾਈ : ਜੱਸੀ ਸੋਹੀਆਂ ਵਾਲਾਂ

## ਪੰਜਾਬੀ ਯੂਨੀਵਰਸਿਟੀ 'ਚ ਹੋਈਆਂ ਕਰਮਚਾਰੀ ਖੇਡਾਂ ਦੇ ਜੇਤੂਆਂ ਨੂੰ ਵੰਡੇ ਇਨਾਮ



ਪੰਜਾਬੀ ਯੂਨੀਵਰਸਿਟੀ ਵਿਖੇ ਕਰਮਚਾਰੀ ਖੇਡਾਂ ਦੇ ਇਨਾਮ ਵੰਡ ਸਮਾਗਮ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ, ਵਾਇਸ ਚਾਂਸਲਰ ਪ੍ਰੋ. ਅਰਵਿੰਦ ਨਾਲ ਪ੍ਰਧਾਨ ਰਾਜਿੰਦਰ ਸਿੰਘ ਬਾਗੜੀਆਂ, ਪ੍ਰਕਾਸ਼ ਧਾਲੀਵਾਲ ਜੇਤੂਆਂ ਨੂੰ ਇਨਾਮ ਵੰਡਦੇ ਹੋਏ।

ਪਟਿਆਲਾ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਯੂਨੀਵਰਸਿਟੀ ਕਰਮਚਾਰੀ ਸੰਘ ਅ ਤੇ ਇ ਵਲੋਂ ਪ੍ਰਧਾਨ ਰਾਜਿੰਦਰ ਸਿੰਘ ਬਾਗੜੀਆਂ ਅਤੇ ਸਮੂਹ ਕਾਰਜਕਾਰਨੀ ਦੀ ਅਗਵਾਈ ਹੇਠ ਕਰਮਚਾਰੀਆਂ ਦੀਆਂ ਖੇਡਾਂ ਕਰਵਾਈਆਂ ਗਈਆਂ।ਇਸ ਦੌਰਾਨ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਵਿਚ ਯੂਨੀਵਰਸਿਟੀ ਕਰਮਚਾਰੀਆਂ ਨੇ ਭਾਗ ਲਿਆ। ਇਹਨਾਂ ਖੇਡਾਂ ਵਿੱਚ ਜਿੱਤ ਪ੍ਰਾਪਤ ਕਰਨ ਵਾਲੀਆਂ ਟੀਮਾਂ ਨੂੰ ਸਨਮਾਨਿਤ ਕਰਨ ਲਈ ਇਨਾਮ ਵੰਡ ਸਮਾਗਮ ਦਾ ਆਯੋਜਨ ਸਨੀ ਉਬਰਾਏ ਹਾਲ ਵਿੱਖੇ ਕਰਵਾਇਆ ਗਿਆ। ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕਰਨ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਯੋਜਨਾ ਕਮੇਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾਂ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਮਨੁੱਖ ਦੇ ਸਰੀਰ ਨੂੰ ਤੰਦਰੁਸਤ ਰੱਖਣ ਵਿਚ ਸਹਾਈ ਹੁੰਦੀਆਂ ਹਨ।ਹਰ ਉਮਰ ਦੇ ਇਨਸਾਨ ਨੂੰ ਆਪਣੀ ਸਿਹਤ ਦਾ ਖਿਆਲ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬੀ ਯੂਨੀਵਰਸਿਟੀ ਦੀ ਮਹੀਨਾਵਾਰ ਗ੍ਰਾਂਟ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਅੱਗੇ ਤੋਂ ਵੀ ਸਰਕਾਰ ਹਰ ਤਰ੍ਹਾਂ ਨਾਲ ਯੂਨੀਵਰਸਿਟੀ ਨੂੰ ਤਰੱਕੀਆਂ ਵੱਲ ਲਿਜਾਣ ਲਈ ਹਰ ਸੰਭਵ ਯਤਨ ਕਰੇਗੀ।ਉਨ੍ਹਾਂ ਕਰਮਚਾਰੀ ਸੰਘ ਅ ਅਤੇ ਇ ਵਲੋਂ ਕਰਮਚਾਰੀਆਂ ਲਈ ਕਰਵਾਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਪ੍ਰਧਾਨ ਰਾਜਿੰਦਰ ਸਿੰਘ ਬਾਗੜੀਆਂ ਅਤੇ ਏ ਕਲਾਸ ਪ੍ਰਧਾਨ ਗੁਰਿੰਦਰਪਾਲ ਸਿੰਘ ਬੱਬੀ ਅਤੇ ਸਮੁੱਚੀ ਟੀਮ ਨੂੰ ਵਧਾਈ ਦਿੱਤੀ। ਚੇਅਰਮੈਨ ਜੱਸੀ ਸੋਹੀਆਂ ਵਾਲਾਂ ਨੇ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ।ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ ਅਰਵਿੰਦ, ਰਜਿਸਟਰਾਰ ਨਵਜੋਤ ਕੌਰ, ਡਾਇਰੈਕਟਰ ਸਪੋਰਟਸ ਅਜੀਤਾ, ਪ੍ਰਧਾਨ ਏ ਕਲਾਸ ਗੁਰਿੰਦਰਪਾਲ ਸਿੰਘ ਬੱਬੀ, ਪ੍ਰਧਾਨ ਅ ਅਤੇ ਇ ਰਾਜਿੰਦਰ ਸਿੰਘ ਬਾਗੜੀਆਂ, ਅਮਰਜੀਤ ਕੌਰ ਜਰਨਲ ਸਕੱਤਰ, ਪ੍ਰਕਾਸ਼ ਸਿੰਘ ਧਾਲੀਵਾਲ ਪ੍ਰਚਾਰ ਸਕੱਤਰ, ਗੁਰਪ੍ਰੀਤ ਸਿੰਘ ਜੋਨੀ ਸਹਾਇਕ ਸਕੱਤਰ, ਸੁਰਜੀਤ ਸਿੰਘ ਟੌਹੜਾ, ਕਰਨੈਲ ਸਿੰਘ, ਕੰਵਲਜੀਤ ਸਿੰਘ, ਦਲੀਪ ਕੁਮਾਰ, ਸੰਦੀਪ, ਅਜੈ ਅਰੋੜਾ, ਲਖਵਿੰਦਰ ਸਿੰਘ ਲੱਖਾ ਆਦਿ ਮੁਲਾਜ਼ਮ ਆਗੂ ਹਾਜ਼ਰ ਹੋਏ।

# ਬਜਟ ਸੈਸ਼ਨ 'ਚ ਹਰ ਮਾਮਲੇ 'ਤੇ ਚਰਚਾ ਲਈ ਤਿਆਰ: ਸਰਕਾਰ



ਨਵੀਂ ਦਿੱਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਸਰਕਾਰ ਨੇ ਅੱਜ ਵੱਖ-ਵੱਖ ਪਾਰਟੀਆਂ ਦੇ ਨੇਤਾਵਾਂ ਨੂੰ ਕਿਹਾ ਕਿ ਉਹ 31 ਜਨਵਰੀ ਤੋਂ ਸ਼ੁਰੂ ਹੋ ਰਹੇ ਸੰਸਦ ਦੇ ਬਜਟ ਸੈਸ਼ਨ ਵਿਚ ਹਰ ਮਾਮਲੇ 'ਤੇ ਚਰਚਾ ਕਰਨ ਲਈ ਤਿਆਰ ਹੈ। ਬਜਟ ਸੈਸ਼ਨ ਦੇ ਮੱਦੇਨਜ਼ਰ ਸਰਕਾਰ ਨੇ ਸਰਬ ਪਾਰਟੀ ਮੀਟਿੰਗ ਸੱਦੀ ਸੀ, ਜਿਸ ਵਿੱਚ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਤੋਂ ਬਾਅਦ ਸੰਸਦੀ ਮਾਮਲਿਆਂ ਬਾਰੇ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਕਿਹਾ ਕਿ ਮੀਟਿੰਗ ਵਿਚ ਗੱਲਬਾਤ ਬਹੁਤ ਹੀ ਸੁਹਿਰਦ ਰਹੀ ਅਤੇ ਸਰਕਾਰ ਇਸ ਛੋਟੇ ਸੈਸ਼ਨ ਦੌਰਾਨ ਹਰ ਮੁੱਦੇ 'ਤੇ ਚਰਚਾ ਕਰਨ ਲਈ ਤਿਆਰ ਹੈ। ਲੋਕ ਸਭਾ ਚੋਣਾਂ ਤੋਂ ਪਹਿਲਾਂ ਇਹ ਆਖਰੀ ਸੈਸ਼ਨ ਹੈ। ਮੀਟਿੰਗ ਵਿੱਚ ਰੱਖਿਆ ਮੰਤਰੀ ਅਤੇ ਲੋਕ ਸਭਾ ਵਿੱਚ ਸਦਨ ਦੇ ਉਪ ਨੇਤਾ ਰਾਜਨਾਥ ਸਿੰਘ, ਸੰਸਦੀ ਮਾਮਲਿਆਂ ਬਾਰੇ ਮੰਤਰੀ ਪ੍ਰਹਿਲਾਦ ਜੋਸ਼ੀ ਅਤੇ ਸੰਸਦੀ ਮਾਮਲਿਆਂ ਦੇ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਸਰਕਾਰ ਦੀ ਨੁਮਾਇੰਦਗੀ ਕੀਤੀ।

# ਭਾਜਪਾ ਦੇ ਮਨੋਜ ਸੋਨਕਰ ਨੇ ਆਪ-ਕਾਂਗਰਸ ਉਮੀਦਵਾਰ ਨੂੰ ਹਰਾ ਕੇ ਚੰਡੀਗੜ੍ਹ ਮੇਅਰ ਦੀ ਚੋਣ ਜਿੱਤੀ

## ਚੰਡੀਗੜ੍ਹ ਮੇਅਰ ਚੋਣਾਂ 'ਚ ਭਾਜਪਾ ਨੇ ਦੇਸ਼ ਧ੍ਰੋਹ ਕੀਤਾ : ਰਾਘਵ ਚੱਢਾ



ਚੰਡੀਗੜ੍ਹ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ ਮੇਅਰ ਚੋਣ ਵਿਚ ਪਹਿਲੀ ਵਾਰ ਮੈਦਾਨ ਵਿਚ ਉੱਤਰੇ 'ਇੰਡੀਆ' ਗਠਜੋੜ ਨੂੰ ਪਹਿਲੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਇਸ ਚੋਣ ਵਿਚ ਭਾਜਪਾ ਦੇ ਮਨੋਜ ਸੋਨਕਰ 'ਆਪ' ਕਾਂਗਰਸ ਦੇ 'ਇੰਡੀਆ' ਗਠਜੋੜ ਦੇ ਉਮੀਦਵਾਰ ਕੁਲਦੀਪ ਟੀਟਾ ਨੂੰ ਚਾਰ ਵੋਟਾਂ ਨਾਲ ਹਰਾ ਕੇ ਚੰਡੀਗੜ੍ਹ ਨਗਰ ਨਿਗਮ ਦੇ ਨਵੇਂ ਮੇਅਰ ਬਣ ਗਏ ਹਨ। ਮੇਅਰ ਚੋਣ ਲਈ ਸਾਂਸਦ ਅਤੇ 35 ਕੌਂਸਲਰਾਂ ਨੇ ਵੋਟ ਪਾਈ। ਜਿਸ ਵਿਚ ਭਾਜਪਾ ਦੇ ਮਨੋਜ ਨੂੰ 16 ਅਤੇ 'ਆਪ-ਕਾਂਗਰਸ' ਦੇ ਉਮੀਦਵਾਰ ਨੂੰ 12 ਵੋਟਾਂ ਮਿਲੀਆਂ, ਜਦਕਿ 8 ਵੋਟਾਂ ਕਾਊਂਟਿੰਗ ਵਿਚ ਸ਼ਾਮਲ ਨਹੀਂ ਕੀਤੀਆਂ ਗਈਆਂ। ਇਹ ਵੋਟਾਂ ਇਨਵੈਲਿਡ ਕਰਾਰ ਦਿੱਤੀਆਂ ਗਈਆਂ।

ਇਨ੍ਹਾਂ ਚੋਣਾਂ ਦੌਰਾਨ ਸਭ ਤੋਂ ਖਾਸ ਗੱਲ ਇਹ ਹੈ ਕਿ ਭਾਜਪਾ ਅਤੇ ਵਿਰੋਧੀ ਧਿਰਾਂ ਦੇ I.N.D.I.A ਦਾ ਦੇਸ਼ ਭਰ ਵਿਚੋਂ ਇਹ ਪਹਿਲਾ ਸਿੱਧਾ ਮੁਕਾਬਲਾ ਸੀ। ਜਿਸ ਨੂੰ ਜਿੱਤਣ ਵਿਚ ਭਾਜਪਾ ਕਾਮਯਾਬ ਰਹੀ ਹੈ ਅਤੇ ਇੰਡੀਆ ਗਠਜੋੜ ਨੂੰ ਪਹਿਲੀ ਚੋਣ ਵਿਚ ਹੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ।

ਦੱਸਣਯੋਗ ਹੈ ਕਿ ਚੰਡੀਗੜ੍ਹ ਸ਼ਹਿਰ ਦੇ ਮੇਅਰ ਦਾ ਕਾਰਜਕਾਲ ਇਕ ਸਾਲ ਲਈ ਹੁੰਦਾ ਹੈ। ਨਿਗਮ ਦੇ ਮੌਜੂਦਾ ਮੇਅਰ ਦਾ ਕਾਰਜਕਾਲ ਇਸ ਮਹੀਨੇ 17 ਜਨਵਰੀ ਨੂੰ ਪੂਰਾ ਹੋ ਗਿਆ ਸੀ ਅਤੇ ਪ੍ਰਸ਼ਾਸਨ ਨੇ 18 ਨੂੰ ਨਵੇਂ ਮੇਅਰ ਦੀ ਚੋਣ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਪਰ ਮੇਅਰ ਦੀ ਚੋਣ ਤੋਂ ਪਹਿਲਾਂ ਨਿਗਮ ਭਵਨ ਵਿਤਚ ਹੋਏ ਸਿਆਸੀ ਹੰਗਾਮੇ ਨੂੰ ਲੈ ਕੇ ਪ੍ਰਸ਼ਾਸਨ ਨੇ 18 ਜਨਵਰੀ ਨੂੰ ਮੇਅਰ ਦੀ ਚੋਣ ਮੁਅੱਤਲ ਕਰ ਕੇ ਚੋਣ ਦੀ ਤਾਰੀਖ਼ 6 ਫਰਵਰੀ ਤੈਅ ਕੀਤੀ ਸੀ। ਇਸ ਫ਼ੈਸਲੇ ਖ਼ਿਲਾਫ਼ 'ਆਪ' ਵੱਲੋਂ ਹਾਈ ਕੋਰਟ ਵਿਚ ਦਾਇਰ ਕੀਤੀ ਪਟੀਸ਼ਨ ਤੋਂ ਬਾਅਦ ਅਦਾਲਤ ਨੇ ਮੇਅਰ ਦੀ ਚੋਣ 31 ਜਨਵਰੀ ਨੂੰ ਕਰਵਾਉਣ ਦੇ ਹੁਕਮ ਦਿੱਤੇ ਸਨ। ਇਸ ਜਿੱਤ 'ਤੇ ਆਮ ਆਦਮੀ ਪਾਰਟੀ ਅਤੇ ਕਾਂਗਰਸ ਦੇ ਆਗੂਆਂ ਵਲੋਂ ਸਵਾਲ ਚੁੱਕੇ ਜਾ ਰਹੇ ਹਨ, ਉੱਥੇ ਹੀ ਇਸ ਦੌਰਾਨ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਰਾਘਵ ਚੱਢਾ ਨੇ ਲਾਈਵ ਹੁੰਦਿਆਂ ਵੱਡੀਆਂ ਗੱਲਾਂ ਕਹੀਆਂ ਹਨ। ਰਾਘਵ ਚੱਢਾ ਨੇ ਕਿਹਾ ਕਿ ਅੱਜ ਪੂਰੇ ਸਦਨ 'ਚ ਹੰਗਾਮਾ ਹੋ ਰਿਹਾ ਸੀ। ਉਨ੍ਹਾਂ ਨੇ ਕਿਹਾ ਜਿਵੇਂ ਹੀ ਭਾਜਪਾ ਦੇ ਉਮੀਦਵਾਰ ਨੂੰ ਮੇਅਰ ਐਲਾਨਿਆ ਗਿਆ, ਉਸ ਤੋਂ ਬਾਅਦ ਜਿੰਨੇ ਵੀ ਬੈਲਟ ਪੇਪਰ ਸੀ, ਉਨ੍ਹਾਂ ਨੂੰ ਜਲਦੀ ਹੀ ਹਟਾ ਕੇ ਇਕ ਕਮਰੇ 'ਚ ਲਾਕ ਕਰ ਦਿੱਤਾ ਗਿਆ ਅਤੇ ਪਤਾ ਨਹੀਂ ਇਨ੍ਹਾਂ ਲੋਕਾਂ ਨੇ ਬੈਲਟ ਪੇਪਰਾਂ ਦਾ ਕੀ ਕੀਤਾ ਅਤੇ ਕਿਸੇ ਵੀ ਪਾਰਟੀ ਦੇ ਕੌਂਸਲਰ ਨੂੰ ਇਹ ਬੈਲਟ ਪੇਪਰ ਨਹੀਂ ਦਿਖਾਏ ਗਏ। ਇਹ ਘਟਨਾ ਦੇਸ਼ ਦੇ ਸਭ ਤੋਂ ਮਹੱਤਵਪੂਰਨ ਸ਼ਹਿਰ ਚੰਡੀਗੜ੍ਹ 'ਚ ਘਟੀ ਹੈ।

# ਪੰਜਾਬ ਸਕੂਲ ਸਿੱਖਿਆ ਬੋਰਡ ਨੇ 10ਵੀਂ ਤੇ 12ਵੀਂ ਦੀ ਪ੍ਰੀਖਿਆਵਾਂ ਲਈ ਜਾਰੀ ਕੀਤੀ ਡੇਟਸ਼ੀਟ

ਮੁਹਾਲੀ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਾਲਾਨਾ ਪ੍ਰਯੋਗੀ ਪ੍ਰੀਖਿਆਵਾਂ ਆਯੋਜਿਤ ਕਰਨ ਦੇ ਲਈ ਸਿੱਖਿਆ ਬੋਰਡ ਨੇ ਅੱਜ ਡੇਟਸ਼ੀਟ ਜਾਰੀ ਕਰ ਦਿੱਤੀ ਹੈ। ਸਿੱਖਿਆ ਬੋਰਡ ਦੇ ਉਪ ਸਕੱਤਰ (ਸੀਨੀਅਰ ਸੈਕੰਡਰੀ ਕੰਡਕਟ) ਮਨਮੀਤ ਸਿੰਘ ਭੱਠਲ ਨੇ ਅੱਜ ਇੱਥੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 10ਵੀਂ ਜਮਾਤ ਦੀਆਂ ਪ੍ਰਯੋਗੀ ਪ੍ਰੀਖਿਆਵਾਂ 18 ਮਾਰਚ ਤੋਂ 6 ਅਪ੍ਰੈਲ ਤੱਕ ਕਰਵਾਈਆਂ ਜਾਣਗੀਆਂ।

ਇਸ ਦੇ ਨਾਲ ਹੀ 12ਵੀਂ ਜਮਾਤ ਦੀਆਂ ਪ੍ਰਯੋਗੀ ਪ੍ਰੀਖਿਆਵਾਂ 5 ਅਪ੍ਰੈਲ ਤੋਂ 27 ਅਪ੍ਰੈਲ ਤੱਕ ਹੋਣਗੀਆਂ। ਉਨ੍ਹਾਂ ਨੇ ਸਾਰੇ ਹੀ ਸਬੰਧਿਤ ਸਕੂਲਾਂ ਦੇ ਮੁਖੀਆਂ ਨੂੰ ਕਿਹਾ ਹੈ ਕਿ ਇਨ੍ਹਾਂ ਵਿਸ਼ਿਆਂ ਦੇ ਪ੍ਰੀਖਿਆਥੀਆਂ ਨੂੰ ਇਨ੍ਹਾਂ ਪ੍ਰੀਖਿਆਵਾਂ ਬਾਰੇ ਨੋਟ ਕਰਵਾ ਦਿੱਤਾ ਜਾਵੇ ਤਾਂ ਕਿ ਕੋਈ ਵੀ ਪ੍ਰੀਖਿਆਰਥੀ ਪ੍ਰੀਖਿਆ ਦੇਣ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਦੱਸਿਆ ਕਿ ਡੇਟਸ਼ੀਟ ਅਤੇ ਹੋਰ ਵਧੇਰੇ ਜਾਣਕਾਰੀ ਸਿੱਖਿਆ ਬੋਰਡ ਦੀ ਵੈੱਬਸਾਈਟ www.pseb.ac.in 'ਤੇ ਉਪਲੱਬਧ ਕਰਵਾ ਦਿੱਤੀ ਗਈ ਹੈ।

ਉਨ੍ਹਾਂ ਕਿਹਾ ਕਿ ਲੋੜ ਪੈਣ 'ਤੇ ਈਮੇਲ srsecconduct.pseb@punjab.gov.in 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਪ੍ਰਯੋਗੀ ਪ੍ਰੀਖਿਆਵਾਂ ਦੇ ਲਈ ਸਰਕਾਰ ਵੱਲੋਂ ਕੋਵਿਡ 19 ਸਬੰਧੀ ਸਮੇਂ-ਸਮੇਂ 'ਤੇ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

# ਭਾਜਪਾ ਨੇ 36 ਵੋਟਾਂ ਦੀ ਗਿਣਤੀ ਵਿੱਚ ਕੀਤੀ ਗੜਬੜੀ, ਦੇਸ਼ ਭਰ ਵਿੱਚ ਨਿਰਪੱਖ ਚੋਣਾਂ ਦੀ ਤਵੱਕੋ ਕਿਵੇਂ ਕੀਤੀ ਜਾ ਸਕਦੀ ਹੈ: ਮੁੱਖ ਮੰਤਰੀ

ਚੰਡੀਗੜ੍ਹ, 31 ਜਨਵਰੀ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 31 ਜਨਵਰੀ ਨੂੰ ਭਾਰਤੀ ਸਿਆਸਤ ਦੇ ਇਤਿਹਾਸ ਵਿੱਚ 'ਕਾਲੇ ਦਿਨ' ਵਜੋਂ ਯਾਦ ਕੀਤਾ ਜਾਵੇਗਾ ਕਿਉਂਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਅੱਜ ਚੰਡੀਗੜ੍ਹ ਦੇ ਮੇਅਰ ਦੀ ਚੋਣ ਦੌਰਾਨ ਜਮਹੂਰੀਅਤ ਦੀਆਂ ਧੱਜੀਆਂ ਉਡਾਈਆਂ ਹਨ।

ਇੱਥੇ ਪੰਜਾਬ ਭਵਨ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮੌਕੇ ਨੂੰ ਸਾਡੀ ਜਮਹੂਰੀਅਤ ਦੇ ਇਤਿਹਾਸ ਵਿੱਚ ਕਾਲੇ ਦਿਨ ਵਜੋਂ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਸ ਮਹੀਨੇ ਪੂਰੇ ਦੇਸ਼ ਵਿੱਚ ਗਣਤੰਤਰ ਦਿਵਸ ਮਨਾਇਆ ਗਿਆ ਤਾਂ ਇਸੇ ਮਹੀਨੇ ਨੂੰ ਭਾਜਪਾ ਨੇ ਦੇਸ਼ ਦੇ ਸੰਵਿਧਾਨ ਦੀਆਂ ਧੱਜੀਆਂ ਉਡਾਉਣ ਲਈ ਚੁਣਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਭਾਜਪਾ ਦੀ ਪੁਰਾਣੀ ਆਦਤ ਹੈ ਕਿਉਂਕਿ ਉਸ ਨੇ ਪਹਿਲਾਂ ਵੀ ਮੱਧ ਪ੍ਰਦੇਸ਼, ਕਰਨਾਟਕ, ਗੋਆ, ਮਹਾਰਾਸ਼ਟਰ ਤੇ ਹੋਰ ਸੂਬਿਆਂ ਵਿੱਚ ਜਮਹੂਰੀ ਤਰੀਕੇ ਨਾਲ ਚੁਣੀਆਂ ਸਰਕਾਰਾਂ ਦਾ ਤਖ਼ਤਾ ਪਲਟਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜੇ ਸਿਰਫ਼ 36 ਵੋਟਾਂ ਦੀ ਗਿਣਤੀ ਨਿਰਪੱਖ ਤੇ ਪਾਰਦਰਸ਼ੀ ਤਰੀਕੇ ਨਾਲ ਨਹੀਂ ਹੋ ਸਕਦੀ ਤਾਂ ਸਮੁੱਚੇ ਦੇਸ਼ ਵਿੱਚ ਚੋਣਾਂ ਅਤੇ ਵੋਟਾਂ ਦੀ ਗਿਣਤੀ ਕਿਵੇਂ ਨਿਰਪੱਖ ਤਰੀਕੇ ਨਾਲ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਆਗੂ ਆਪਣੇ ਨਿੱਜੀ ਸਵਾਰਥਾਂ ਲਈ ਵੋਟਰਾਂ ਤੋਂ ਬੈਲਟ ਪੇਪਰ ਲੁੱਟਣਗੇ ਅਤੇ ਪਹਿਲਾਂ ਵੀ ਈ.ਵੀ.ਐਮ. ਮਸ਼ੀਨਾਂ ਇਨ੍ਹਾਂ ਆਗੂਆਂ ਦੇ ਘਰਾਂ ਤੋਂ ਮਿਲੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਤੰਤਰ ਸਹੀ ਦਿਸ਼ਾ ਵਿੱਚ ਨਹੀਂ ਜਾ ਰਿਹਾ ਅਤੇ ਇਹ ਦੇਸ਼ ਤੇ ਆਮ ਆਦਮੀ ਦੇ ਹਿੱਤ ਵਿੱਚ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਨੇ ਜਾਣ-ਬੁੱਝ ਕੇ ਆਪਣੇ ਘੱਟ ਗਿਣਤੀ ਵਿੰਗ ਦੇ ਮੁਖੀ ਨੂੰ ਚੰਡੀਗੜ੍ਹ ਦੇ ਮੇਅਰ ਦੀ ਚੋਣ ਲਈ ਪ੍ਰੀਜ਼ਾਈਡਿੰਗ ਅਫ਼ਸਰ ਨਿਯੁਕਤ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੀਜ਼ਾਈਡਿੰਗ ਅਫ਼ਸਰ ਨੇ ਭਾਜਪਾ ਦੀ ਜਿੱਤ ਯਕੀਨੀ ਬਣਾਉਣ ਲਈ 'ਗੋਡਿਆਂ ਭਾਰ' ਹੋ ਕੇ ਆਪਣੇ ਆਕਾਵਾਂ ਦੀ ਇੱਛਾ ਉਤੇ ਫੁੱਲ ਚੜ੍ਹਾਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪ੍ਰੀਜ਼ਾਈਡਿੰਗ ਅਫ਼ਸਰ ਨੇ ਡਾ. ਬੀ.ਆਰ. ਅੰਬੇਦਕਰ ਵੱਲੋਂ ਸੰਕਲਪਿਤ ਸੰਵਿਧਾਨਿਕ ਪ੍ਰਕਿਰਿਆ ਦੀਆਂ ਧੱਜੀਆਂ ਉਡਾ ਕੇ ਸਮੁੱਚੇ ਦੇਸ਼ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰੀਜ਼ਾਈਡਿੰਗ ਅਫਸਰ ਦੇ ਖਿਲਾਫ਼ ਦੇਸ਼ ਦੇ ਸੰਵਿਧਾਨ ਦੀਆਂ ਧੱਜੀਆਂ ਉਡਾਉਣ ਦੇ ਦੋਸ਼ ਵਿੱਚ ਦੇਸ਼ਧ੍ਰੋਹ ਦਾ ਕੇਸ ਦਰਜ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪ੍ਰੀਜ਼ਾਈਡੰਗ ਅਫਸਰ ਨੇ ਜਾਣਬੁੱਝ ਕੇ ਪੋਲਿੰਗ ਏਜੰਟਾਂ ਦੀ ਗੈਰ-ਹਾਜ਼ਰੀ ਵਿੱਚ ਵੋਟਾਂ ਦੀ ਗਿਣਤੀ ਕੀਤੀ ਤਾਂ ਭਾਜਪਾ ਉਮੀਦਵਾਰ ਦੀ ਜਿੱਤ ਪੱਕੀ ਕੀਤੀ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿਉਂਕਿ ਭਗਵਾਂ ਪਾਰਟੀ ਦੀ ਖਾਤਰ ਜਮਹੂਰੀਅਤ ਨੂੰ ਬੁਰੀ ਤਰ੍ਹਾਂ ਲਿਤਾੜਿਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਗੱਲ ਦੀ ਬਹੁਤੀ ਹੈਰਾਨੀ ਨਹੀਂ ਹੁੰਦੀ ਕਿ ਭਾਜਪਾ ਨੇ ਚੰਡੀਗੜ੍ਹ ਵਿੱਚ ਜਮਹੂਰੀ ਕਦਰਾਂ-ਕੀਮਤਾਂ ਦਾ ਘਾਣ ਕੀਤਾ ਸਗੋਂ ਅਸਲ ਮੁੱਦਾ ਤਾਂ ਇਹ ਹੈ ਕਿ ਭਾਜਪਾਈ ਅਗਾਮੀ ਲੋਕ ਸਭਾ ਚੋਣਾਂ ਵਿੱਚ ਵੀ ਲੋਕਾਂ ਨੂੰ ਜਮਹੂਰੀ ਹੱਕਾਂ ਤੋਂ ਵਿਰਵੇ ਕਰ ਦੇਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਦਿਨ-ਦਿਹਾੜੇ ਚੰਡੀਗੜ੍ਹ ਵਿੱਚ ਜਮਹੂਰੀਅਤ ਦਾ ਕਤਲ ਹੋਇਆ ਹੈ।

# ਜਲ ਸਪਲਾਈ ਇੰਜਨੀਅਰਾਂ ਵੱਲੋਂ ਸਰਕਲ ਪੱਧਰੀ ਤਿੰਨ ਰੋਜ਼ਾ ਧਰਨੇ ਸ਼ੁਰੂ



ਪਟਿਆਲਾ 'ਚ ਧਰਨਾ ਦਿੰਦੇ ਹੋਏ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਦੇ ਇੰਜਨੀਅਰ

**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਲੋਮਾ ਇੰਜਨੀਅਰ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਇੰਜਨੀਅਰਾਂ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਜਥੇਬੰਦੀ ਦੇ ਸੂਬਾਈ ਪ੍ਰਧਾਨ ਕਰਮਜੀਤ ਬੀਹਲਾ ਦੀ ਅਗਵਾਈ ਹੇਠ ਪੰਜਾਬ ਦੇ 13 ਸਰਕਲਾਂ ਅੱਗੇ ਤਿੰਨ ਰੋਜ਼ਾ ਧਰਨਿਆਂ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਦੌਰਾਨ ਇੰਜਨੀਅਰਾਂ ਦੀਆਂ ਮੰਨੀਆਂ ਅਤੇ ਹੋਰ ਮੰਗਾਂ ਪੂਰੀਆਂ ਨਾ ਕਰਨ 'ਤੇ ਸਰਕਾਰ ਅਤੇ ਵਿਭਾਗ ਦੀ ਆਲੋਚਨਾ ਕੀਤੀ ਗਈ।

ਜਥੇਬੰਦੀ ਦੇ ਸੂਬਾਈ ਚੇਅਰਮੈਨ ਸੁਖਮਿੰਦਰ ਲਵਲੀ, ਜਨਰਲ ਸਕੱਤਰ ਅਰਵਿੰਦ ਸੈਣੀ ਅਤੇ ਕਮਰਜੀਤ ਮਾਨ ਨੇ ਦੱਸਿਆ ਕਿ ਦੋ ਸਾਲਾਂ ਤੋਂ ਸਹਾਇਕ ਇੰਜਨੀਅਰ ਤੋਂ ਐੱਸਡੀਓ ਅਤੇ ਐੱਸਡੀਓ ਤੋਂ ਐਕਸੀਅਨ ਵਜੋਂ ਕੋਈ ਵੀ ਪਦਉਨਤੀ ਨਹੀਂ ਹੋਈ ਅਤੇ ਨਾ ਹੀ ਪੰਜਾਹ ਤੋਂ ਪਝੱਤਰ ਫ਼ੀਸਦ ਕੀਤੇ ਜਾਣ ਵਾਲੇ ਤਰੱਕੀ ਕੋਟੇ ਸਬੰਧੀ ਕੋਈ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਐੱਸਡੀਓ ਨੂੰ ਸਫ਼ਰੀ ਭੱਤਾ ਦੇਣ ਦੀ ਮੰਗ ਤਾਂ ਪੂਰੀ ਕੀ ਹੋਣੀ ਸੀ, ਸਗੋਂ ਜੂਨੀਅਰ ਇੰਜਨੀਅਰ ਤੋਂ ਖੋਹੇ ਪੈਟਰੋਲ ਭੱਤੇ ਦੀ ਬਹਾਲੀ ਲਈ ਵੀ ਕੋਈ ਕਦਮ ਨਹੀਂ ਚੁੱਕਿਆ ਗਿਆ। ਇਥੋਂ ਤੱਕ ਕਿ ਵਿਭਾਗ ਦੇ ਮੰਤਰੀ ਦੀ ਮੀਟਿੰਗ ਵਿੱਚ ਮੰਨੀਆਂ ਮੰਗਾਂ ਵੀ ਲਾਗੂ ਨਹੀਂ ਕੀਤੀਆਂ ਗਈਆਂ। ਸੂਬਾਈ ਵਿੱਤ ਸਕੱਤਰ ਕਮਰਜੀਤ ਮਾਨ ਦਾ ਕਹਿਣਾ ਸੀ ਕਿ ਪ੍ਰੋਬੇਸ਼ਨ ਕਾਲ ਕਲੀਅਰ ਕਰਨ, ਐੱਸਡੀਓ ਦੀਆਂ ਖੋਹੀਆਂ ਵਿੱਤੀ ਸ਼ਕਤੀਆਂ ਮੁੜ ਬਹਾਲ ਕਰਨ, ਪਦਉਨਤੀ ਲਈ ਸਮਾਂ ਘੱਟ ਕਰਨ ਤੇ ਨਾਨ ਗਜ਼ਟਿਡ ਨਾਲ ਸਬੰਧਤ ਮਸਲੇ ਮੁੱਖ ਦਫਤਰ ਪਟਿਆਲਾ ਨੂੰ ਸ਼ਕਤੀ ਪ੍ਰਦਾਨ ਕਰਨ ਸਣੇ ਹੋਰ ਮਸਲਿਆਂ ਦੇ ਹੱਲ ਪ੍ਰਤੀ ਵੀ ਮੈਨੇਜਮੈਂਟ ਸੰਜੀਦਾ ਨਹੀਂ ਹੈ। ਵਿਭਾਗੀ ਮੁਖੀ ਕੀਤੇ ਲਿਖ਼ਤੀ ਵਾਅਦਿਆਂ ਤੋਂ ਮੁਨਕਰ ਹੋ ਗਏ ਹਨ ਜਿਸ ਕਾਰਨ ਇੰਜਨੀਅਰਾਂ ਵਿੱਚ ਰੋਸ ਹੈ।

# ਕਾਂਗਰਸ ਦੀ ਮੀਟਿੰਗ 'ਚ ਸੋਨੀ ਤੇ ਔਜਲਾ ਸਮਰਥਕਾਂ ਵਿਚਾਲੇ ਤਿੱਖੀ ਬਹਿਸ

## ਲੋਕ ਸਭਾ ਚੋਣਾਂ ਵਿੱਚ ਅੰਮ੍ਰਿਤਸਰ ਤੋਂ ਹਿੰਦੂ ਉਮੀਦਵਾਰ ਉਤਾਰਨ ਦੇ ਸੁਝਾਅ ਦਾ ਔਜਲਾ ਸਮਰਥਕਾਂ ਵੱਲੋਂ ਵਿਰੋਧ



ਦੇਵੇਂਦਰ ਯਾਦਵ ਅਤੇ ਓਪੀ ਸੋਨੀ ਦਾ ਸਵਾਗਤ ਕਰਦੇ ਹੋਏ ਕਾਂਗਰਸੀ ਆਗੂ।

**ਅੰਮ੍ਰਿਤਸਰ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਾਂਗਰਸ ਦੇ ਮਾਮਲਿਆਂ ਦੇ ਇੰਚਾਰਜ ਦੇਵਿੰਦਰ ਯਾਦਵ ਦੀ ਅਗਵਾਈ ਹੇਠ ਅੱਜ ਇੱਥੇ ਹੋਈ ਮੀਟਿੰਗ ਵਿੱਚ ਆਗਾਮੀ ਲੋਕ ਸਭਾ ਚੋਣਾਂ 'ਚ ਪਾਰਟੀ ਉਮੀਦਵਾਰ ਦੇ ਮਾਮਲੇ ਨੂੰ ਲੈ ਕੇ ਸਾਬਕਾ ਕਾਂਗਰਸੀ ਮੰਤਰੀ ਓਪੀ ਸੋਨੀ ਅਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਦੇ ਸਮਰਥਕਾਂ ਵਿਚਾਲੇ ਤਿੱਖੀ ਬਹਿਸ ਹੋਈ। ਇਸ ਦੌਰਾਨ ਜਦੋਂ ਕੌਂਸਲਰ ਪਰਮਜੀਤ ਸਿੰਘ ਚੋਪੜਾ ਨੇ ਅੰਮ੍ਰਿਤਸਰ ਤੋਂ ਕਿਸੇ ਹਿੰਦੂ ਆਗੂ ਨੂੰ ਉਮੀਦਵਾਰ ਬਣਾਉਣ ਦਾ ਸੁਝਾਅ ਦਿੱਤਾ ਤਾਂ ਸੋਨੀ ਤੇ ਔਜਲਾ ਦੇ ਸਮਰਥਕਾਂ ਵਿੱਚ ਤੂੰ-ਤੂੰ ਮੈਂ-ਮੈਂ ਸ਼ੁਰੂ ਹੋ ਗਈ। ਔਜਲਾ ਦੇ ਸਮਰਥਕਾਂ ਨੇ ਸੋਨੀ ਸਮਰਥਕ ਦੇ ਇਸ ਸੁਝਾਅ ਦਾ ਸਖ਼ਤ ਵਿਰੋਧ ਕੀਤਾ। ਉਨ੍ਹਾਂ ਕਿਹਾ ਕਿ ਇਹ ਫਿਰਕੂ ਭਾਵਨਾਵਾਂ ਭੜਕਾਉਣ ਵਾਲਾ ਸੁਝਾਅ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸ਼ੁਰੂ ਤੋਂ ਹੀ ਧਰਮ ਨਿਰਪੱਖ ਪਾਰਟੀ ਹੈ। ਇਸ ਵਿੱਚ ਧਰਮ ਦੇ ਆਧਾਰ 'ਤੇ ਨਹੀਂ ਸਗੋਂ ਮੈਰਿਟ ਦੇ ਆਧਾਰ 'ਤੇ ਉਮੀਦਵਾਰਾਂ ਦੀ ਚੋਣ ਕੀਤੀ ਜਾਂਦੀ ਹੈ। ਇਸ ਬਹਿਸਬਾਜ਼ੀ ਕਾਰਨ ਮੀਟਿੰਗ ਦਾ ਮਾਹੌਲ ਪੂਰੀ ਤਰ੍ਹਾਂ ਵਿਗੜ ਗਿਆ।

ਇਸ ਦੌਰਾਨ ਔਜਲਾ ਨੇ ਸਮਰਥਕਾਂ ਨੂੰ ਸ਼ਾਂਤ ਕੀਤਾ ਅਤੇ ਆਖਿਆ ਕਿ ਸਾਰਿਆਂ ਨੂੰ ਆਪਣੇ ਵਿਚਾਰ ਰੱਖਣ ਦਾ ਹੱਕ ਹੈ। ਪਾਰਟੀ ਵਿੱਚ ਫਿਰਕੂ ਮਾਹੌਲ ਨਾ ਪੈਦਾ ਕੀਤਾ ਜਾਵੇ। ਉਨ੍ਹਾਂ ਯਾਦਵ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦੀ ਜਾਂਚ ਕਰਵਾਉਣ ਅਤੇ ਪਤਾ ਲਾਉਣ ਕਿ ਅੱਜ ਮੀਟਿੰਗ ਦੌਰਾਨ ਮਾਹੌਲ ਕਿਉਂ ਅਤੇ ਕਿਸ ਵੱਲੋਂ ਖਰਾਬ ਕੀਤਾ ਗਿਆ। ਉਨ੍ਹਾਂ ਦੋਸ਼ ਲਾਇਆ ਕਿ ਕੁਝ ਮਾੜੇ ਅਕਸ ਵਾਲੇ ਲੋਕ ਪਾਰਟੀ ਦਾ ਮਾਹੌਲ ਖਰਾਬ ਕਰਨਾ ਚਾਹੁੰਦੇ ਹਨ।

ਦੂਜੇ ਪਾਸੇ ਓਪੀ ਸੋਨੀ ਦੇ ਹਵਾਲੇ ਨਾਲ ਉਨ੍ਹਾਂ ਦੇ ਭਤੀਜੇ ਵਿਕਾਸ ਸੋਨੀ ਨੇ ਕਿਹਾ ਕਿ ਅੱਜ ਦੀ ਮੀਟਿੰਗ ਸਾਰਿਆਂ ਦੇ ਵਿਚਾਰ ਲੈਣ ਲਈ ਸੱਦੀ ਗਈ ਸੀ। ਇਸ ਵਿੱਚ ਹਰ ਕਿਸੇ ਨੂੰ ਆਪਣੇ ਵਿਚਾਰ ਰੱਖਣ ਦਾ ਹੱਕ ਹੈ। ਉਨ੍ਹਾਂ ਕਿਹਾ ਕਿ ਕੁਝ ਸਮਰਥਕਾਂ ਵਿਚਾਲੇ ਆਪਸੀ ਤਕਰਾਰ ਹੋਈ ਹੈ ਪਰ ਜਲਦੀ ਹੀ ਮਾਮਲਾ ਸ਼ਾਂਤ ਕਰ ਲਿਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯਾਦਵ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਦਾ ਮੁੱਖ ਮਕਸਦ ਪਾਰਟੀ ਨੂੰ ਇਕਜੁੱਟ ਕਰਨਾ, ਪਾਰਟੀ ਆਗੂਆਂ ਤੇ ਵਰਕਰਾਂ ਨਾਲ ਮਿਲਣਾ ਅਤੇ ਸਮੱਸਿਆਵਾਂ ਦਾ ਹੱਲ ਕਰਨਾ ਹੈ।

ਦੇਵਿੰਦਰ ਯਾਦਵ ਨੇ ਨਵਜੋਤ ਸਿੰਘ ਸਿੱਧੂ ਵੱਲੋਂ ਆਪਣੇ ਤੌਰ 'ਤੇ ਰੈਲੀਆਂ ਕਰਨ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਇਸ ਦਾ ਵਿਰੋਧ ਕਰਨ ਸਬੰਧੀ ਕੁਝ ਵੀ ਕਹਿਣ ਤੋਂ ਇਨਕਾਰ ਕਰ ਦਿੱਤਾ। ਅੱਜ ਦੀ ਮੀਟਿੰਗ ਵਿੱਚ ਵੀ ਨਵਜੋਤ ਸਿੰਘ ਸਿੱਧੂ ਗੈਰ ਹਾਜ਼ਰ ਸਨ। ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀ ਸਿੱਧੂ ਬਾਰੇ ਕੁਝ ਕਹਿਣ ਤੋਂ ਗੁਰੇਜ਼ ਕੀਤਾ।

**ਕਾਂਗਰਸ ਤੇ 'ਆਪ' ਦੇ ਗੱਠਜੋੜ ਬਾਰੇ ਮਾਨ ਦੇ ਬਿਆਨ ਦੀ ਕੋਈ ਅਹਿਮੀਅਤ ਨਹੀਂ: ਯਾਦਵ**

ਮੀਟਿੰਗ ਦੌਰਾਨ ਦੇਵੇਂਦਰ ਯਾਦਵ ਨੇ ਆਖਿਆ ਕਿ ਪੰਜਾਬ ਵਿੱਚ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਗੱਠਜੋੜ ਬਾਰੇ ਕੁਝ ਵੀ ਕਹਿਣ ਦਾ ਅਧਿਕਾਰ 'ਆਪ' ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਹੀ ਹੈ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਦਾ ਬਿਆਨ ਕੋਈ ਅਹਿਮੀਅਤ ਨਹੀਂ ਰੱਖਦਾ। ਉਨ੍ਹਾਂ ਨੂੰ ਇਸ ਬਾਰੇ ਕੁੱਝ ਕਹਿਣ ਦਾ ਕੋਈ ਅਧਿਕਾਰ ਨਹੀਂ ਹੈ। ਜ਼ਿਕਰਯੋਗ ਹੈ ਕਿ ਹਾਲ ਹੀ ਵਿੱਚ ਭਗਵੰਤ ਮਾਨ ਨੇ ਕਿਹਾ ਸੀ ਕਿ ਲੋਕ ਸਭਾ ਚੋਣਾਂ ਦੌਰਾਨ ਪੰਜਾਬ ਵਿੱਚ ਆਮ ਆਦਮੀ ਪਾਰਟੀ ਕਾਂਗਰਸ ਨਾਲ ਗੱਠਜੋੜ ਨਹੀਂ ਕਰੇਗੀ।

# ਨਾਜਾਇਜ਼ ਕੇਸ ਕਰਨ ਵਿਰੁੱਧ ਕਿਸਾਨ ਜਥੇਬੰਦੀਆਂ ਵੱਲੋਂ ਪ੍ਰਦਰਸ਼ਨ



ਰੋਸ ਪ੍ਰਦਰਸ਼ਨ ਕਰਦੀਆਂ ਹੋਈਆਂ ਕਿਸਾਨ ਜਥੇਬੰਦੀਆਂ ਦੇ ਆਗੂ। ਫ਼ੋਟੋ ਤੇ ਵੇਰਵਾ : ਪ੍ਰੈਸ ਕੀ ਤਾਕਤ

**ਪਾਤੜਾਂ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੋਸ਼ਲ ਵਰਕਰ ਭਾਨਾ ਸਿੱਧੂ 'ਤੇ ਨਾਜਾਇਜ਼ ਕੇਸ ਕੀਤੇ ਜਾਣ ਦੇ ਵਿਰੋਧ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਅਤੇ ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ) ਨੇ ਸਾਂਝੇ ਤੌਰ 'ਤੇ ਟੋਲ ਪਲਾਜ਼ਾ ਪੈਂਦ ਨੂੰ ਪਰਚੀ ਮੁਕਤ ਕਰ ਕੇ ਰੋਸ ਪ੍ਰਦਰਸ਼ਨ ਕੀਤਾ।

ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ) ਦੇ ਬਲਾਕ ਪ੍ਰਧਾਨ ਬਿਕਰਮਜੀਤ ਸਿੰਘ ਅਰਨੌਂ, ਭਾਰਤੀ ਕਿਸਾਨ ਯੂਨੀਅਨ ਏਕਤਾ (ਆਜ਼ਾਦ) ਦੇ ਕਿਸਾਨ ਆਗੂ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹੱਕਾਂ ਦੀ ਗੱਲ ਕਰਨ ਵਾਲੇ ਨੌਜਵਾਨਾਂ ਨੂੰ ਬਦਲੇ ਦੀ ਭਾਵਨਾ ਤਹਿਤ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸੰਵਿਧਾਨ ਦੇ ਉਲਟ ਲੋਕਾਂ ਤੋਂ ਬੋਲਣ ਦੀ ਆਜ਼ਾਦੀ ਖੋਹੀ ਜਾ ਰਹੀ ਹੈ। ਭਾਨਾ ਸਿੱਧੂ ਜੋ ਲੋਕਾਂ ਦੇ ਹੱਕਾਂ ਦੀ ਅਵਾਜ਼ ਬੁਲੰਦ ਕਰਨ ਵਾਲਾ ਨੌਜਵਾਨ ਹੈ, ਨੂੰ ਸਰਕਾਰ ਨੇ ਬਦਲਾਖ਼ੋਰੀ ਦੀ ਨੀਤੀ ਤਹਿਤ ਝੂਠੇ ਕੇਸ ਪਾ ਕੇ ਜੇਲ੍ਹ ਵਿੱਚ ਬੰਦ ਕਰ ਦਿੱਤਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਸਰਕਾਰ ਨੇ ਲੋਕ ਮਾਰੂ ਨੀਤੀਆਂ ਬੰਦ ਨਾ ਕੀਤੀਆਂ ਤਾਂ ਸਰਕਾਰ ਵਿਰੁੱਧ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਭਾਨਾ ਸਿੱਧੂ ਵਰਗੇ ਨੌਜਵਾਨਾਂ ਦੇ ਹੱਕ 'ਚ ਡਟਣ ਦਾ ਸੱਦਾ ਦਿੱਤਾ ਹੈ। ਇਸ ਮੌਕੇ ਮਨਦੀਪ ਸਿੰਘ ਭੂਤਗੜ੍ਹ, ਗੁਰਮੇਲ ਸਿੰਘ, ਪ੍ਰੀਤਮ ਸਿੰਘ,ਅਮਰਿੰਦਰ ਸਿੰਘ ਘੱਗਾ, ਬਿੱਕਰ ਸਿੰਘ, ਨਿਸ਼ਾਨ ਸਿੰਘ ਬੂਰੜ, ਮਹਿੰਦਰ ਸਿੰਘ, ਕਰਨੈਲ ਸਿੰਘ , ਕੇਹਰ ਸਿੰਘ, ਬਲਜੀਤ ਸਿੰਘ ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।

# ਭਾਰਤ ਬੰਦ ਸਬੰਧੀ 32 ਕਿਸਾਨ ਜਥੇਬੰਦੀਆਂ ਵੱਲੋਂ ਲਾਮਬੰਦੀ



**ਲੁਧਿਆਣਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਅੱਜ ਸੰਯੁਕਤ ਕਿਸਾਨ ਮੋਰਚਾ ਨਾਲ ਸਬੰਧਤ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਦੀ ਮੀਟਿੰਗ ਹੋਈ। ਇਸ ਵਿੱਚ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਦੇ ਤਾਲਮੇਲ ਵੱਲੋਂ ਦਿੱਤੇ 16 ਫਰਵਰੀ ਦੇ ਭਾਰਤ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਲਈ ਤਿਆਰੀਆਂ ਵਿੱਢਣ ਖਾਤਰ ?ਵਿਚਾਰਾਂ ਹੋਈਆਂ।

ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ ਮੀਟਿੰਗ ਦੀ ਪ੍ਰਧਾਨਗੀ ਬਲਬੀਰ ਸਿੰਘ ਰਾਜੇਵਾਲ, ਨਿਰਭੈ ਸਿੰਘ ਢੁੱਡੀਕੇ ਅਤੇ ਜੰਗਵੀਰ ਸਿੰਘ ਚੌਹਾਨ ਨੇ ਕੀਤੀ। ਇਸ ਦੌਰਾਨ 16 ਫਰਵਰੀ ਦੇ ਬੰਦ ਨੂੰ ਸਫ਼ਲ ਬਣਾਉਣ ਲਈ ਵੱਖ-ਵੱਖ ਪ੍ਰੋਗਰਾਮ ਉਲੀਕਦਿਆਂ ਕਿਸਾਨ ਆਗੂਆਂ ਦੀਆਂ ਜ਼ਿੰਮੇਵਾਰੀਆਂ ਲਗਾਈਆਂ ਗਈਆਂ। ਸਮਾਜ ਦੇ ਸਾਰੇ ਵਰਗਾਂ ਅਤੇ ਜਥੇਬੰਦੀਆਂ ਨਾਲ ਤਾਲਮੇਲ ਕਰਨ ਤੇ ਸਹਿਯੋਗ ਲੈਣ ਲਈ 31 ਜਨਵਰੀ ਨੂੰ ਲੁਧਿਆਣਾ ਵਿੱਚ ਮੀਟਿੰਗ ਕਰਨ ਦਾ ਫ਼ੈਸਲਾ ਕੀਤਾ ਗਿਆ। ਇਸ ਵਿੱਚ ਸ਼ਾਮਿਲ ਹੋਣ ਲਈ ਆੜ੍ਹਤੀ ਐਸੋਸੀਏਸ਼ਨਾਂ, ਟਰਾਂਸਪੋਰਟ ਜਥੇਬੰਦੀਆਂ, ਟਰੇਡ ਯੂਨੀਅਨਾਂ, ਵਿਦਿਆਰਥੀ, ਨੌਜਵਾਨ, ਔਰਤ ਅਤੇ ਮੁਲਾਜ਼ਮ ਜਥੇਬੰਦੀਆਂ ਨੂੰ ਸੱਦਾ ਭੇਜਿਆ ਗਿਆ। ਇਸੇ ਤਰ੍ਹਾਂ ਕਿਸਾਨਾਂ ਦੀ ਪਿੰਡ ਪੱਧਰ ਤੱਕ ਲਾਮਬੰਦੀ ਲਈ 9 ਫਰਵਰੀ ਨੂੰ ਤਹਿਸੀਲ ਪੱਧਰ 'ਤੇ ਰੋਸ ਮਾਰਚ ਕਰਨ ਦਾ ਫ਼ੈਸਲਾ ਵੀ ਕੀਤਾ ਗਿਆ ਹੈ। ਮੀਟਿੰਗ ਦੌਰਾਨ 32 ਕਿਸਾਨ ਜਥੇਬੰਦੀਆਂ ਨੇ ਬੰਦ ਨੂੰ ਸਫ਼ਲ ਕਰਨ ਲਈ 16 ਫਰਵਰੀ ਨੂੰ ਜ਼ਿਲ੍ਹਾ ਤੇ ਤਹਿਸੀਲ ਕੇਂਦਰਾਂ ਦੀਆਂ ਮੁੱਖ ਸੜਕਾਂ ਅਤੇ ਚੌਕਾਂ 'ਤੇ ਵੱਡੇ ਇਕੱਠ ਕਰਕੇ ਜਾਮ ਕਰਨ ਦਾ ਫ਼ੈਸਲਾ ਵੀ ਕੀਤਾ ਹੈ। ਇਸ ਮੌਕੇ ਸਰਬਸੰਮਤੀ ਨਾਲ ਫ਼ੈਸਲਾ ਕਰਕੇ ਐਲਾਨ ਕੀਤਾ ਕਿ ਪੰਜਾਬ ਦੇ ਪਾਣੀਆਂ ਅਤੇ ਵਾਤਾਵਰਨ ਨਾਲ ਸਬੰਧਤ ਮੁੱਦਿਆਂ, ਕਰਜ਼ਾ ਮੁਕਤੀ, ਸੰਘੀ ਢਾਂਚੇ ਉੱਪਰ ਹੋ ਰਹੇ ਹਮਲਿਆਂ ਕਾਰਨ ਸੂਬੇ ਦੇ ਅਧਿਕਾਰਾਂ 'ਤੇ ਵੱਜ ਰਹੀ ਸੱਟ ਅਤੇ ਐੱਮਐੱਸਪੀ ਦੇ ਸਵਾਲ 'ਤੇ ਭਵਿੱਖੀ ਸੰਘਰਸ਼ ਦੀ ਅਗਲੀ ਰਣਨੀਤੀ ਘੜਨ ਲਈ 18 ਫਰਵਰੀ ਨੂੰ ਚੰਡੀਗੜ੍ਹ ਵਿੱਖੇ ਮੀਟਿੰਗ ਕੀਤੀ ਜਾਵੇਗੀ। ? ਮੀਟਿੰਗ ਵਿੱਚ ਡਾ. ਦਰਸ਼ਨਪਾਲ, ਪਰਮਿੰਦਰ ਸਿੰਘ ਪਾਲ ਮਾਜਰਾ, ਬਲਦੇਵ ਸਿੰਘ ਨਿਹਾਲਗੜ੍ਹ, ਬੂਟਾ ਸਿੰਘ ਬੁਰਜਗਿੱਲ ਹਾਜ਼ਰ ਸਨ।

**ਦਿੱਲੀ ਅੰਦੋਲਨ ਦੀ ਤਿਆਰੀ ਲਈ ਕਿਸਾਨਾਂ ਨੇ ਕੇਂਦਰ ਦੇ ਪੁਤਲੇ ਫੂਕੇ**

ਕਿਸਾਨ ਮਜ਼ਦੂਰ ਮੋਰਚਾ ਦੀਆਂ 16 ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੀ ਅਗਵਾਈ ਹੇਠ ਅੱਜ ਕਿਸਾਨਾਂ ਨੇ ਕੇਂਦਰ ਸਰਕਾਰ ਦੇ ਪੁਤਲੇ ਫੂਕੇ। ਪ੍ਰਦਰਸ਼ਨਾਂ ਦੌਰਾਨ ਕਿਸਾਨ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕਤੰਤਰ ਵਿੱਚ ਸ਼ਾਂਤਮਈ ਤਰੀਕੇ ਨਾਲ ਕੀਤੇ ਜਾਣ ਵਾਲੇ ਪ੍ਰਦਰਸ਼ਨ ਨੂੰ ਉਖਾੜਨ ਦੀ ਕੋਸ਼ਿਸ਼ ਅਸਲ ਮਾਅਨਿਆਂ ਵਿੱਚ ਲੋਕਤੰਤਰ ਨੂੰ ਉਖਾੜਨ ਦਾ ਹੀ ਕੀਤਾ ਗਿਆ ਯਤਨ ਸੀ, ਜੋ ਸਫ਼ਲ ਨਹੀਂ ਹੋ ਸਕਿਆ ਪਰ ਇਸ ਦੇ ਦੋਸ਼ੀ ਅੱਜ ਵੀ ਆਜ਼ਾਦ ਘੁੰਮ ਰਹੇ ਹਨ ਅਤੇ ਜਥੇਬੰਦੀ ਦੋਸ਼ੀਆਂ ਵਿਰੁੱਧ ਕਾਰਵਾਈ ਕਰਵਾਉਣ ਤੱਕ ਇਸ ਅਭੁੱਲਣਯੋਗ ਵਿਹਾਰ ਨੂੰ ਯਾਦ ਰੱਖੇਗੀ।

# ਤਿੰਨ ਨਸ਼ਾ ਤਸਕਰਾਂ ਦੀਆਂ ਛੇ ਜਾਇਦਾਦਾਂ ਸੀਲ



ਪਿੰਡ ਮੁਰਾਦਪੁਰਾ 'ਚ ਨਸ਼ਾ ਤਸਕਰ ਦੇ ਮਕਾਨ ਨੂੰ ਸੀਲ ਕਰਨ ਮੌਕੇ ਨੋਟਿਸ ਲਗਾਉਂਦੀ ਹੋਈ ਪੁਲੀਸ।

**ਸਮਾਣਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲੀਸ ਨੇ ਅਦਾਲਤੀ ਹੁਕਮਾਂ ਦੇ ਆਧਾਰ 'ਤੇ ਤਿੰਨ ਨਸ਼ਾ ਤਸਕਰਾਂ ਦੀਆਂ ਛੇ ਅਚੱਲ ਜਾਇਦਾਦਾਂ ਸੀਲ ਕੀਤੀਆਂ ਹਨ। ਇਹ ਕਾਰਵਾਈ ਡੀਐੱਸਪੀ ਨੇਹਾ ਅਗਰਵਾਲ ਅਤੇ ਥਾਣਾ ਸਿਟੀ ਮੁਖੀ ਜੀ.ਐੱਸ ਸਿਕੰਦ ਦੀ ਅਗਵਾਈ ਹੇਠ ਕੀਤੀ ਗਈ ਹੈ।

ਪੁਲੀਸ ਨੇ ਪਿੰਡ ਮੁਰਾਦਪੁਰਾ ਅਤੇ ਪਿੰਡ ਗਾਜੇਵਾਸ ਵਿੱਚ ਤਸਕਰਾਂ ਦੀਆਂ ਜਾਇਦਾਦਾਂ ਸੀਲ ਕਰਕੇ ਉਨ੍ਹਾਂ ਦੇ ਘਰਾਂ ਅਤੇ ਪਲਾਟਾਂ ਅੱਗੇ ਨੋਟਿਸ ਲਗਾ ਦਿੱਤੇ ਹਨ। ਇਸ ਮੌਕੇ ਡੀਐੱਸਪੀ ਨੇਹਾ ਅਗਰਵਾਲ ਨੇ ਦੱਸਿਆ ਕਿ ਅਦਾਲਤ ਵੱਲੋਂ ਮਿਲੇ ਹੁਕਮਾਂ ਅਨੁਸਾਰ ਸੋਮਵਾਰ ਨੂੰ ਪਿੰਡ ਮੁਰਾਦਪੁਰਾ ਵਿੱਚ ਸਰਨੋ ਕੌਰ ਦੀ ਕਰੀਬ 16 ਲੱਖ ਰੁਪਏ ਦੀ ਪ੍ਰਾਪਰਟੀ ਸੀਲ ਕੀਤੀ ਗਈ ਜਿਸ ਖਿਲਾਫ ਨਸ਼ਾ ਵਿਰੋਧੀ ਐਕਟ ਤਹਿਤ 5 ਮੁਕੱਦਮੇ ਦਰਜ ਹਨ। ਇਸੇ ਪਿੰਡ ਦੀ ਗੁਰਮੀਤ ਕੌਰ ਉਰਫ ਕਾਂਟੀ ਦੀ 17 ਲੱਖ 50 ਹਜਾਰ ਰੁਪਏ ਦੀਆਂ ਪ੍ਰਾਪਰਟੀ ਸੀਲ ਕੀਤੀ ਗਈ ਹੈ। ਉਸ ਖ਼ਿਲਾਫ਼ ਛੇ ਮਾਮਲੇ ਦਰਜ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪਿੰਡ ਗਾਜੇਵਾਸ ਵਿੱਚ ਕ੍ਰਿਸ਼ਨਾ ਰਾਣੀ ਉਰਫ ਗੁੱਡੀ ਦੀ 29 ਲੱਖ ਰੁਪਏ ਦੀ ਪ੍ਰਾਪਰਟੀ ਸੀਲ ਕੀਤੀ ਹੈ। ਇੰਜ ਹੁਣ ਤੱਕ ਕੁਲ 1 ਕਰੋੜ 40 ਲੱਖ ਰੁਪਏ ਦੀਆਂ ਪ੍ਰਾਪਟੀਆਂ ਥਾਣਾ ਸਮਾਣਾ ਅਧੀਨ ਸੀਲ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਤਸਕਰਾਂ ਖਿਲਾਫ ਸ਼ਿਕੰਜਾ ਕੱਸ ਰਹੀ ਹੈ। ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ।

# ਭਾਨਾ ਸਿੱਧੂ ਨੂੰ ਰਿਮਾਂਡ ਖਤਮ ਹੋਣ 'ਤੇ ਜੇਲ੍ਹ ਭੇਜਿਆ; ਕੁਝ ਦੇਰ ਮਗਰੋਂ ਜੇਲ੍ਹ ਵਿੱਚੋਂ ਵੱਖਰੇ ਕੇਸ ਵਿਚ ਲੈ ਗਈ ਮੁਹਾਲੀ ਪੁਲੀਸ





**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੀ ਪੁਲੀਸ ਵੱਲੋਂ ਝਪਟਮਾਰੀ ਦੇ ਇੱਕ ਕੇਸ 'ਚ 26 ਜਨਵਰੀ ਨੂੰ ਗ੍ਰਿਫ਼ਤਾਰ ਕੀਤੇ ਗਏ ਚਰਚਿਤ ਯੂ ਟਿਊਬਰ ਭਾਨਾ ਸਿੱਧੂ ਦਾ ਤਿੰਨ ਰੋਜ਼ਾ ਪੁਲੀਸ ਰਿਮਾਂਡ ਅੱਜ ਖਤਮ ਹੋ ਗਿਆ। ਪੁਲੀਸ ਨੇ ਉਸ ਨੂੰ ਸਖਤ ਸੁਰੱਖਿਆ ਪ੍ਰਬੰਧਾਂ ਹੇਠ ਸਿਵਲ ਜੱਜ ਜੂਨੀਅਰ ਡਿਵੀਜ਼ਨ ਪਲਵਿੰਦਰ ਸਿੰਘ ਦੀ ਅਦਾਲਤ ਵਿੱਚ ਪੇਸ਼ ਕੀਤਾ। ਉਸ ਦੇ ਵਕੀਲਾਂ ਵਜੋਂ ਐਡਵੋਕੇਟ ਬੀ.ਐਸ.ਭੁੱਲਰ ਅਤੇ ਐਸ.ਐਸ ਸੱਗੂ ਪੇਸ਼ ਹੋਏ। ਪੁਲੀਸ ਵੱਲੋਂ ਹੋਰ ਰਿਮਾਂਡ ਨਾ ਮੰਗਣ 'ਤੇ ਅਦਾਲਤ ਨੇ ਉਸ ਨੂੰ ਜੇਲ੍ਹ ਭੇਜ ਦਿੱਤਾ ਪਰ ਡੇਢ ਕੁ ਘੰਟੇ ਮਗਰੋਂ ਉਸ ਨੂੰ ਪਟਿਆਲਾ ਜੇਲ੍ਹ ਵਿਚੋਂ ਮੁਹਾਲੀ ਪੁਲੀਸ ਲੈ ਗਈ ਜਿਸ ਨੇ ਤਰਕ ਦਿੱਤਾ ਕਿ ਭਾਨਾ ਖ਼ਿਲਾਫ਼ ਮੁਹਾਲੀ ਦੇ ਥਾਣਾ ਫੇਜ਼ ਇੱਕ 'ਚ ਧਾਰਾ 294, 386 ਅਤੇ 506 ਤਹਿਤ ਕੇਸ ਦਰਜ ਹੈ।

ਯਾਦ ਰਹੇ ਕਿ ਭਾਨਾ ਸਿੱਧੂ ਨੂੰ ਪਿਛਲੇ ਦਿਨੀਂ ਲੁਧਿਆਣਾ ਪੁਲੀਸ ਨੇ ਗ੍ਰਿਫ਼ਤਾਰ ਕੀਤਾ ਸੀ ਜਿਸ ਮਗਰੋਂ ਉਸ ਨੂੰ ਜੇਲ੍ਹ ਭੇਜ ਦਿਤਾ ਗਿਆ ਸੀ ਪਰ ਜ਼ਮਾਨਤ 'ਤੇ ਰਿਹਾਈ ਤੋਂ ਪਹਿਲਾਂ ਹੀ 26 ਜਨਵਰੀ ਨੂੰ ਉਸ ਨੂੰ ਪਟਿਆਲਾ ਪੁਲੀਸ ਲੈ ਆਈ। ਉਸ ਖਿਲਾਫ 20 ਜਨਵਰੀ 2024 ਨੂੰ ਪਟਿਆਲਾ ਵਾਸੀ ਤੇਜਪ੍ਰੀਤ ਸਿੰਘ ਨੇ ਕੁੱਟਮਾਰ ਤੇ ਲੁੱਟ-ਖੋਹ ਦੀ ਸ਼ਿਕਾਇਤ ਦਰਜ ਕਰਵਾਈ ਸੀ ਜਿਸ ਦੀ ਪੜਤਾਲ ਤੋਂ ਬਾਅਦ ਕੇਸ ਦਰਜ ਕੀਤਾ ਗਿਆ ਸੀ।

**ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਕੋਟਦੁੱਨਾ ਵਿੱਚ ਇਕੱਠ**

ਭਾਨਾ ਸਿੱਧੂ ਦੀ ਗ੍ਰਿਫ਼ਤਾਰੀ ਖ਼ਿਲਾਫ਼ ਪਿੰਡ ਕੋਟਦੁੱਨਾ ਵਿੱਚ ਉਸ ਦੇ ਹਮਾਇਤੀਆਂ ਨੇ ਇਕੱਠ ਕੀਤਾ। ਇਸ ਮੌਕੇ ਸਿਮਰਨਜੀਤ ਮਾਨ, ਸੁਖਪਾਲ ਸਿੰਘ ਖਹਿਰਾ, ਪਰਮਿੰਦਰ ਸਿੰਘ ਢੀਂਡਸਾ, ਇਕਬਾਲ ਸਿੰਘ ਝੂੰਦਾਂ, ਜਸਕਰਨ ਸਿੰਘ ਕਾਹਨ ਸਿੰਘ ਵਾਲਾ ਤੋਂ ਇਲਾਵਾ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਅਤੇ ਲੱਖਾ ਸਿਧਾਣਾ ਨੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਜਾਣਬੁੱਝ ਕੇ ਭਾਨਾ ਸਿੱਧੂ 'ਤੇ ਜ਼ੁਲਮ ਢਾਹ ਰਹੀ ਹੈ ਜਦਕਿ ਉਹ ਲੋਕ ਆਵਾਜ਼ ਬਣ ਰਿਹਾ ਹੈ ਤੇ ਲੋਕ ਭਲਾਈ ਦੇ ਕੰਮ ਕਰ ਰਿਹਾ ਹੈ, ਦੂਜੇ ਪਾਸੇ ਨਸ਼ਿਆਂ ਦੇ ਕਾਰੋਬਾਰੀ ਸ਼ਰੇਆਮ ਘੁੰਮ ਰਹੇ ਹਨ।

ਆਗੂਆਂ ਨੇ ਕਿਹਾ ਕਿ ਵਿਦੇਸ਼ ਭੇਜਣ ਦੇ ਨਾਂ 'ਤੇ ਮੋਟੀਆਂ ਠੱਗੀਆਂ ਦਾ ਸ਼ਿਕਾਰ ਹੋਏ ਲੋਕ ਭਾਨਾ ਸਿੱਧੂ ਕੋਲ ਆ ਕੇ ਏਜੰਟਾਂ ਤੋਂ ਪੈਸੇ ਵਾਪਸ ਕਰਾਉਣ ਵਿੱਚ ਮਦਦ ਮੰਗਦੇ ਹਨ।

**ਆਪਣੇ ਖ਼ਿਲਾਫ਼ ਬੋਲਣ ਵਾਲਿਆਂ ਤੋਂ ਘਬਰਾਈ ਸਰਕਾਰ: ਬਾਜਵਾ**

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਪੰਜਾਬ ਸਰਕਾਰ 'ਤੇ ਸੂਬੇ 'ਚ ਅਸਹਿਮਤੀ ਦੀਆਂ ਆਵਾਜ਼ਾਂ ਦਾ ਗਲਾ ਘੁੱਟਣ ਦਾ ਦੋਸ਼ ਲਾਇਆ ਹੈ। ਉਨ੍ਹਾਂ ਯੂਟਿਊਬਰ ਭਾਨਾ ਸਿੱਧੂ ਦੇ ਮਾਮਲੇ 'ਤੇ ਸਰਕਾਰ 'ਤੇ ਨਿਸ਼ਾਨੇ ਸੇਧਦਿਆਂ ਕਿਹਾ ਕਿ ਭਾਨਾ ਸਿੱਧੂ ਸਿਰਫ ਇਸ ਲਈ ਨਿਸ਼ਾਨੇ 'ਤੇ ਹਨ ਕਿਉਂਕਿ ਉਹ ਸੂਬੇ ਦੀ 'ਆਪ' ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਬੋਲਦੇ ਹਨ। ਉਨ੍ਹਾਂ ਨੂੰ ਜਾਣਬੁੱਝ ਕੇ ਫਸਾਇਆ ਜਾ ਰਿਹਾ ਹੈ ਜੋ ਨਿੰਦਣਯੋਗ ਹੈ। ਬਾਜਵਾ ਨੇ ਮੰਗ ਕੀਤੀ ਕਿ ਭਾਨਾ ਸਿੱਧੂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਉਸ ਵਿਰੁੱਧ ਦਰਜ ਕੀਤੇ ਗਏ ਸਾਰੇ ਝੂਠੇ ਕੇਸ ਰੱਦ ਕੀਤੇ ਜਾਣ। ਪੰਜਾਬ ਦੇ ਲੋਕਾਂ ਨੂੰ ਅਜੇ ਵੀ ਯਾਦ ਹੈ ਕਿ ਕਿਵੇਂ 'ਆਪ' ਸਰਕਾਰ ਨੇ ਕਈ ਪੱਤਰਕਾਰਾਂ ਦੇ ਟਵਿੱਟਰ ਹੈਂਡਲ ਅਤੇ ਫੇਸਬੁੱਕ ਪੇਜ ਬੰਦ ਕਰਵਾਏ ਸਨ, ਜੋ ਸਰਕਾਰ ਦੀਆਂ ਗਲਤ ਨੀਤੀਆਂ ਦਾ ਪਰਦਾਫਾਸ਼ ਕਰ ਰਹੇ ਸਨ।

# ਪੰਜਾਬ ਸਰਕਾਰ ਸਿਹਤ ਤੇ ਸਿੱਖਿਆ ਪ੍ਰਤੀ ਗੰਭੀਰ: ਵਿਧਾਇਕ ਰਾਏ



**ਫਤਹਿਗੜ੍ਹ ਸਾਹਿਬ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਮੈਦਾਨਾਂ ਵਿੱਚ ਲਿਆਉਣ ਵਿੱਚ ਸਫਲ ਹੋਈ ਹੈ, ਜਿਸ ਦੇ ਨਤੀਜੇ ਵਜੋਂ ਹੁਣ ਬਹੁਤ ਸਾਰੇ ਨਵੇਂ ਖਿਡਾਰੀ ਖੇਡ ਮੈਦਾਨਾਂ ਦੇ ਵਿੱਚ ਪ੍ਰੈਕਟਿਸ ਕਰ ਰਹੇ ਹਨ। ਇਹ ਪ੍ਰਗਟਾਵਾ ਫਤਹਿਗੜ੍ਹ ਸਾਹਿਬ ਹਲਕੇ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਨੇ ਪਿੰਡ ਸਿੱਧੂਪੁਰ ਵਿੱਚ ਜ਼ਿਲ੍ਹਾ ਕਬੱਡੀ ਐਸੋਸੀਏਸ਼ਨ ਦੇ ਟਰੇਨਿੰਗ ਕੈਂਪ ਦੌਰਾਨ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਅਤੇ ਸਿਹਤ ਪ੍ਰਤੀ ਬਹੁਤ ਗੰਭੀਰ ਹੈ, ਇਸ ਲਈ ਸਿੱਖਿਆ ਨੀਤੀ ਅਤੇ ਸਿਹਤ ਸਹੂਲਤਾਂ ਵੱਲ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਨਾਲ ਹੀ ਪੰਜਾਬ ਦੀ ਜਵਾਨੀ ਨੂੰ ਨਸ਼ੇ ਵਰਗੀਆਂ ਬੁਰਾਈਆਂ ਤੋਂ ਬਚਾਉਣ ਲਈ ਖੇਡ ਮੈਦਾਨਾਂ ਵੱਲ ਲਿਆ ਰਹੀ ਹੈ। ਉਨ੍ਹਾਂ ਕੋਚਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ। ਵਰਨਣਯੋਗ ਹੈ ਕਿ ਜ਼ਿਲ੍ਹਾ ਕਬੱਡੀ ਐਸੋਸੀਏਸ਼ਨ ਵੱਲੋਂ 15 ਰੋਜ਼ਾ ਟਰੇਨਿੰਗ ਕੈਂਪ ਪਿੰਡ ਸਿੱਧੂਪੁਰ ਅਤੇ ਸਾਨੀਪਰ ਵਿੱਚ ਲਗਾਇਆ ਗਿਆ ਜਿਸ ਵਿੱਚ ਟਰੇਨਿੰਗ ਪ੍ਰਾਪਤ ਕਰ ਰਹੇ ਖਿਡਾਰੀਆਂ ਵਿੱਚੋਂ ਕਬੱਡੀ ਦੀ ਟੀਮ ਤਿਆਰ ਕੀਤੀ ਜਾਵੇਗੀ, ਜੋ ਨੈਸ਼ਨਲ ਚੈਂਪੀਅਨਸ਼ਿਪ ਦੇ ਵਿੱਚ ਹਿੱਸਾ ਲਵੇਗੀ। ਇਸ ਮੌਕੇ ਕਬੱਡੀ ਕੋਚ ਧਰਮ ਸਿੰਘ, ਗੁਰਮੀਤ ਸਿੰਘ ਬਿੱਟੂ, ਇੰਦਰਦੀਪ ਸਿੰਘ ਸਾਨੀਪੁਰ, ਨੱਪੀ ਸੋਢਾ ਹਾਜ਼ਰ ਸਨ।

# ਬਹਿਬਲ-ਕੋਟਕਪੂਰਾ ਗੋਲੀ ਕਾਂਡ ਦੀ ਸੁਣਵਾਈ ਮੁਲਤਵੀ ਅਗਲੀ ਸੁਣਵਾਈ ਪੰਜ ਨੂੰ

## ਵਿਧਾਇਕ ਕੁੰਵਰ ਵਿਜੈ ਪ੍ਰਤਾਪ ਨੇ ਆਪਣੀ ਸਰਕਾਰ 'ਤੇ ਸੇਧਿਆ ਨਿਸ਼ਾਨਾ



**ਫਰੀਦਕੋਟ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਅੱਜ ਸਪੈਸ਼ਲ ਜੱਜ ਰਾਜੀਵ ਕਾਲੜਾ ਦੀ ਅਦਾਲਤ ਵਿੱਚ ਕੋਟਕਪੂਰਾ ਅਤੇ ਬਹਿਬਲ ਗੋਲੀਕਾਂਡ ਦੀ ਸੁਣਵਾਈ ਹੋਈ। ਸੁਣਵਾਈ ਦੌਰਾਨ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਸਾਬਕਾ ਡੀਜੀਪੀ ਸੁਮੇਧ ਸੈਣੀ, ਆਈਜੀ ਪਰਮਰਾਜ ਸਿੰਘ ਉਮਰਾਨੰਗਲ, ਸੁਖਮਿੰਦਰ ਸਿੰਘ ਮਾਨ ਅਤੇ ਬਾਕੀ ਮੁਲਜ਼ਮ ਵੀਡੀਓ ਕਾਨਫਰੰਸ ਰਾਹੀਂ ਅਦਾਲਤ ਵਿੱਚ ਪੇਸ਼ ਹੋਏ। ਸੁਖਬੀਰ ਬਾਦਲ ਵੱਲੋਂ ਅਦਾਲਤ ਵਿੱਚ ਪੇਸ਼ ਹੋਏ ਸੀਨੀਅਰ ਵਕੀਲ ਆਰਐੱਸ ਚੀਮਾ ਨੇ ਕਿਹਾ ਕਿ ਘਟਨਾ ਵੇਲੇ ਸੁਖਬੀਰ ਬਾਦਲ ਕੋਟਕਪੂਰਾ ਜਾਂ ਬਹਿਬਲ ਵਿੱਚ ਮੌਜੂਦ ਨਹੀਂ ਸਨ ਇਸ ਲਈ ਉਹ ਉਨ੍ਹਾਂ ਨੂੰ ਮਾਮਲੇ ਵਿੱਚੋਂ ਡਿਸਚਾਰਜ ਕਰਨ ਦੀ ਮੰਗ ਕਰਦੇ ਹਨ। ਇਸ ਮਾਮਲੇ 'ਤੇ ਅਦਾਲਤ ਹੁਣ ਅਗਲੀ ਸੁਣਵਾਈ 5 ਫਰਵਰੀ ਨੂੰ ਕਰੇਗੀ। ਆਪਣੇ ਐਲਾਨ ਮੁਤਾਬਕ ਸਾਬਕਾ ਜਾਂਚ ਅਧਿਕਾਰੀ ਅਤੇ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਵੀ ਅੱਜ ਫਰੀਦਕੋਟ ਵਿੱਚ ਮੌਜੂਦ ਸਨ ਪ੍ਰੰਤੂ ਉਹ ਅਦਾਲਤ ਵਿੱਚ ਪੇਸ਼ ਨਹੀਂ ਹੋਏ। ਬਾਅਦ ਵਿੱਚ ਉਨ੍ਹਾਂ ਕਿਹਾ ਕਿ ਉਹ ਮਾਮਲੇ ਨੂੰ ਅੰਜਾਮ ਤੱਕ ਪਹੁੰਚਾਉਣ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖਣਗੇ।

ਉਨ੍ਹਾਂ ਕਿਹਾ ਕਿ ਕੋਟਕਪੂਰਾ ਤੇ ਬਹਿਬਲ ਗੋਲੀ ਕਾਂਡ ਦੇ ਕੁੱਝ ਗਵਾਹ ਮੁਲਜ਼ਮਾਂ ਨਾਲ ਕਥਿਤ ਤੌਰ 'ਤੇ ਮਿਲ ਗਏ ਹਨ। ਉਨ੍ਹਾਂ ਆਪਣੀ ਹੀ ਸਰਕਾਰ 'ਤੇ ਕੋਟਕਪੂਰਾ ਤੇ ਬਹਿਬਲ ਗੋਲੀ ਕਾਂਡ ਨੂੰ ਅਣਗੌਲਿਆ ਕਰਨ ਦਾ ਦੋਸ਼ ਵੀ ਲਾਇਆ। ਅੱਜ ਇਨ੍ਹਾਂ ਮਾਮਲਿਆਂ ਦੀ ਸੁਣਾਈ ਦੌਰਾਨ ਕੁਝ ਸਿੱਖ ਜਥੇਬੰਦੀਆਂ ਦੇ ਆਗੂ ਵੀ ਅਦਾਲਤ ਦੇ ਬਾਹਰ ਮੌਜੂਦ ਸਨ। ਸੂਤਰਾਂ ਅਨੁਸਾਰ ਇਨ੍ਹਾਂ ਆਗੂਆਂ ਨੂੰ ਕੁੰਵਰ ਵਿਜੈ ਪ੍ਰਤਾਪ ਸਿੰਘ ਵੱਲੋਂ ਬੁਲਾਇਆ ਗਿਆ ਸੀ ਅਤੇ ਜਦੋਂ ਉਨ੍ਹਾਂ ਪ੍ਰੈੱਸ ਕਾਨਫਰੰਸ ਕੀਤੀ ਤਾਂ ਇਹ ਆਗੂ ਵੀ ਵਿਧਾਇਕ ਨਾਲ ਮੌਜੂਦ ਸਨ।

# ਉਮੰਗ ਸੰਸਥਾਂ ਵੱਲੋਂ ਡੀ.ਐਸ.ਪੀ ਕਰਨੈਲ ਸਿੰਘ ਦਾ ਪਟਿਆਲਾ ਟ੍ਰੈਫਿਕ ਵਿੱਚ ਜੁਆਇਨ ਕਰਨ 'ਤੇ ਸਵਾਗਤ



**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਉਮੰਗ ਵੈਲਫੇਅਰ ਫਾਉਂਡੇਸ਼ਨ ਦੇ ਮੈਂਬਰਾਂ ਵੱਲੋਂ ਡੀ ਐਸ ਪੀ ਕਰਨੈਲ ਸਿੰਘ ਦਾ ਪਟਿਆਲਾ ਟ੍ਰੈਫਿਕ ਵਿੱਚ ਬਤੌਰ ਡੀ ਐਸ ਪੀ ਟ੍ਰੈਫ਼ਿਕ ਜੁਆਇਨ ਕਰਨ ਤੇ ਫੁੱਲਦਾਰ ਬੂਟਾ ਦੇ ਕੇ ਸੁਆਗਤ ਕੀਤਾ। ਇਸ ਮੌਕੇ ਉਮੰਗ ਸੰਸਥਾਂ ਦੇ ਪ੍ਰਧਾਨ ਅਤੇ ਜਿਲ੍ਹਾ ਮੀਡੀਆ ਇੰਚਾਰਜ (ਆਪ) ਅਰਵਿੰਦਰ ਸਿੰਘ, ਗੁਰਚਰਨ ਸਿੰਘ ਭੰਗੂ ਇਲਾਕ ?ਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਹਰਜੀਤ ਸਿੰਘ ਨਾਭਾ, ਅਮਿਤ ਕੁਮਾਰ, ਬਿੰਦਰ ਨਾਭਾ ਵਿਸ਼ੇਸ਼ ਤੌਰ ਤੇ ਮੌਜੂਦ ਰਹੇ।

ਇਸ ਮੌਕੇ ਡੀ ਐਸ ਪੀ ਕਰਨੈਲ ਸਿੰਘ ਨੇ ਵਿਚਾਰ ਵਟਾਂਦਰਾ ਕਰਦਿਆ ਕਿਹਾ ਕਿ ਉਹ ਜਲਦ ਹੀ ਪਟਿਆਲਾ ਦੀਆ ਸਿਰਮੌਰ ਸੰਸਥਾਂਵਾ ਨੂੰ ਨਾਲ ਜੋੜ ਪਟਿਆਲਾ ਨੂੰ ਟ੍ਰੈਫ਼ਿਕ ਸਮੱਸਿਆ ਤੋਂ ਨਿਜ਼ਾਤ ਦਵਾਉਣ ਲਈ ਮੀਟਿੰਗ ਕਰਨਗੇ। ਇਸ ਤੋਂ ਇਲਾਵਾਂ ਉਨ੍ਹਾ ਕਿਹਾ ਕਿ ਬੀਤੀ ਦੇਰ ਸ਼ਾਮ ਪਟਿਆਲਾ ਦੇ ਟਰੈਫ਼ਿਕ ਬੂਥਾ ਤੇ ਮੈਡੀਕਲ ਬਾਕਸ ਰਖਵਾਏ ਗਏ ਹਨ ਤਾਂ ਜ਼ੋ ਕਿਸੇ ਵੀ ਦੁਰਘਟਨਾ ਮੌਕੇ ਮੌਜੂਦਾ ਹਾਲਾਤਾ ਦੇ ਹਿਸਾਬ ਨਾਲ ਫੱਟੜ ਵਿਅਕਤੀ ਦਾ ਬਣਦਾ ਕੁਝ ਇਲਾਜ ਕੀਤਾ ਜਾ ਸਕੇ। ਕਿਓਂਕਿ ਦੇਖਣ ਵਿੱਚ ਆਇਆ ਹੈ ਕਿ ਕਈ ਵਾਰ ਐਕਸੀਡੈਂਟ ਦੌਰਾਨ ਨਿੱਕੀ ਸੱਟ ਲੱਗਣ ਤੇ ਵੀ ਲੋਕ ਘਬਰਾ ਜਾਂਦੇ ਹਨ ਅਤੇ ਹਸਪਤਾਲਾਂ ਦਾ ਰੁੱਖ ਕਰਦੇ ਹਨ ਜਾਂ ਕਈ ਵਾਰ ਮੌਜੂਦਾ ਹਾਲਾਤਾ ਦੇ ਹਿਸਾਬ ਨਾਲ ਉਸਨੂੰ ਕੁਛ ਵੀ ਫੌਰੀ ਇਲਾਜ਼ ਦੀ ਸਹਾਇਤਾ ਨਹੀ ਮਿਲਦੀ। ਇਸ ਦੇ ਨਾਲ ਪਟਿਆਲਾ ਟਰੈਫ਼ਿਕ ਟੀਮ ਵਲੋਂ ਸ਼ਹਿਰ ਦੀ ਸੁੰਦਰਤਾ ਨੂੰ ਮੁੜ ਬਰਕਰਾਰ ਰੱਖਣ ਲਈ ਵੀ ਉਪਰਾਲੇ ਕੀਤੇ ਜਾਣਗੇ।

# ਇਲੀਟ ਕਲੱਬ ਇੰਟਰਨੈਸ਼ਨਲ ਨੇ ਕਰਵਾਇਆ ਸੱਭਿਆਚਾਰਕ ਪ੍ਰੋਗਰਾਮ



**ਪਟਿਆਲਾ, 31 ਜਨਵਰੀ**
**-ਕੌਮੀ ਪੱਤ੍ਰਿਕਾ ਬਿਊਰੋ-ਸ਼**

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਲੀਟ ਕਲੱਬ ਇੰਟਰਨੈਸ਼ਨਲ ਦੀ ਮੁਖੀ ਗੁਣਪ੍ਰੀਤ ਕਾਹਲੋ ਕੋਹਲੀ ਵੱਲੋਂ ਸਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ।

ਇਸ ਮੌਕੇ 20 ਦੇ ਕਰੀਬ ਔਰਤਾਂ ਨੇ ਵੱਖ ਵੱਖ ਢੰਗ ਨਾਲ ਆਪਣੀ ਪੇਸ਼ਕਾਰੀ ਦਿੱਤੀ। ਮੁੱਖ ਮਹਿਮਾਨ ਵਜੋਂ ਮਸ਼ਹੂਰ ਹੀਰੋਇਨ ਸੁਨੀਤਾ ਧੀਰ ਅਤੇ ਰਾਜਪਾਲ ਕੌਰ ਮਸਤੀ ਕੀ ਪਾਠਸ਼ਾਲਾ ਵਿਸ਼ੇਸ਼ ਤੌਰ ਤੇ ਪੁੱਜੇ। ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦਿਆ ਕਲੱਬ ਦੀ ਮੁਖੀ ਗੁਣਪ੍ਰੀਤ ਕੋਹਲੀ ਨੇ ਦੱਸਿਆ ਕਿ ਇਲੀਟ ਕਲੱਬ ਵੱਲੋਂ ਹਰ ਮਹੀਨੇ ਵੱਖਰੇ ਢੰਗ ਨਾਲ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਹਨ। ਇਸ ਵਾਰੀ ਵੀ ਕਲੱਬ ਮੈਂਬਰਾਂ ਨੇ ਖਾਸ ਕਿਸਮ ਦੀਆਂ ਪੋਸ਼ਾਕਾ ਨਾਲ ਦੇਸ਼ ਦੇ ਵੱਖ ਵੱਖ ਰਾਜਾਂ ਦੇ ਪਹਿਰਾਵੇ ਬਾਰੇ ਜਾਣੂ ਕਰਵਾਇਆ।

ਇਸ ਤੋਂ ਇਲਾਵਾ ਇਨ੍ਹਾਂ ਪੇਸ਼ਕਾਰਾਂ ਨੇ ਕਈ ਰਾਜਾਂ ਦੇ ਨਾਚ ਨੂੰ ਸਟੇਜ ਤੇ ਦਰਸਾ ਕੇ ਵਾਹੋ ਵਾਹੀ ਖੱਟੀ। ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੀ ਮਸ਼ਹੂਰ ਪੰਜਾਬੀ ਹੀਰੋਇਨ ਸੁਨੀਤਾ ਧੀਰ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਜਿੰਦਗੀ ਜਿਊਣ ਦਾ ਵੱਖਰਾ ਢੰਗ ਸਿਖਾਉਂਦੇ ਹਨ।

ਇਸ ਨਾਲ ਹਰ ਵਿਅਕਤੀ ਦੌੜ ਭੱਜ ਵਾਲੀ ਜਿੰਦਗੀ ਵਿੱਚੋਂ ਨਿੱਕਲ ਦੇ ਕੁਝ ਸਕੂਨ ਦੇ ਪਲ ਬਿਤਾਉਂਦਾ ਹੈ ਜ਼ੋ ਸਾਡੇ ਸ਼ਰੀਰ ਦੀ ਐਨਰਜੀ ਲੈਵਲ ਨੂੰ ਦੁਗਣਾ ਕਰ ਦਿੰਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਵੇਤਾ ਅਰੋੜਾ, ਦੀਪੀ ਲਾਂਭਾ, ਮਮਤਾ ਜੱਗੀ, ਗੁਰਬਲ ਕੌਰ, ਮੇਘਨਾ ਚੋਪੜਾ, ਰੁਚੀ ਨਰੂਲਾ, ਰਾਖੀ, ਟੀਨਾ ਵਾਸਨ, ਕੋਮਲ ਸਹਿਗਲ, ਗਗਨ ਕੌਰ, ਰੀਚਾ ਸ਼ਰਮਾ, ਮਿਲੀ ਜੈਸਵਾਲ, ਸਿੰਪੀਕਾ ਸਿੰਗਲਾ, ਮੋਨੀਕਾ ਗਰਗ, ਇਗੀਨ ਵਾਲੀਆਂ, ਸਿਮੀ ਮੋਹਿੰਦਰਾ, ਪਰਮਜੀਤ ਚੱਢਾ, ਡਾ ਗਗਨਪ੍ਰੀਤ ਕੌਰ, ਅਰਵਿੰਦਰ ਸਿੰਘ, ਗੁਰੂ ਨਾਨਕ ਫਾਊਂਡੇਸ਼ਨ ਸਕੂਲ ਦੀਆਂ ਨੌਜਵਾਨ ਕੁੜੀਆਂ ਦਾ ਭੰਗੜਾ ਗਰੁੱਪ ਆਦਿ ਹੋਰ ਕਈ ਕਲੱਬ ਮੈਂਬਰ ਮੌਜੂਦ ਰਹੇ।

ਕਹਾਣੀ

# ਨਾਸੂਰ



ਚੰਦਨ ਨੇਗੀ

ਰਾਤ ਅੰਤਾਂ ਦੀ ਕਾਲੀ ਹੈ। ਕਾਲੇ ਘਨਘੋਰ ਬੱਦਲ ਘਿਰੇ ਹਨ। ਹਵਾ ਬੰਦ ਹੈ। ਤਾਰੇ ਛੁਪੇ ਹਨ। ਹੁੰਮਸ ਹੈ। ਚਿਪ-ਚਿਪ ਕਰਦਾ ਪਸੀਨਾ ਹੈ। ਸਰੀਰਾਂ ਦੀ ਗੰਧ ਹੈ। ਰੁੱਖ, ਪੌਦੇ, ਘਾਹ ਵੀ ਆਕਾਸ਼ ਵੱਲ ਨਜ਼ਰਾਂ ਟਿਕਾਈ ਮੌਨ ਖਲੋਤੇ ਹਨ। ਨਾ ਘਾਹ ਦੀ ਸਰਸਰਾਹਟ ਹੈ, ਨਾ ਪੱਤਿਆਂ ਦੀ ਖਿਬਿੜ-ਕਾਨਾਫ਼ੂਸੀ। ਰਾਤ ਅੱਧੀ ਬੀਤ ਗਈ ਹੈ।

ਚੁਤਰਫ਼ੀਂ ਪਸਰੀ ਚੁੱਪ ਨੂੰ ਪੌਸ਼ ਕਾਲੋਨੀ ਦੇ ਪਿਛਵਾੜੇ ਉਗੜ-ਦੁਗੜ ਜ਼ਮੀਨ 'ਤੇ ਅਨਗਿਣਤ ਬਣੀਆਂ ਝੌਂਪੜੀਆਂ ਵਿਚ ਮਚੇ ਸ਼ੋਰ ਨੇ ਤੋੜਿਆ ਹੈ।

ਚੁੱਪ, ਇਕਾਂਤ, ਠਹਿਰੇ ਹੋਏ ਵਾਤਾਵਰਨ ਦੀ ਵੀ ਆਪਣੀ ਵਿਲੱਖਣ ਹੋਂਦ ਹੈ। ਥੋੜ੍ਹੀ ਜਿਹੀ ਹਿਲਜੁਲ ਦੀ ਆਵਾਜ਼ ਦੂਰ-ਦੂਰ ਤੀਕ ਪਹੁੰਚ ਜਾਂਦੀ ਹੈ। ਝੁੱਗੀਆਂ ਵਿਚ ਸ਼ੋਰ ਵਧ ਰਿਹਾ ਹੈ। ਆਵਾਜ਼ਾਂ ਨਾਲ ਹੋਰ ਆਵਾਜ਼ਾਂ ਰਲਗੱਡ ਹੋ ਗਈਆਂ ਹਨ। ਕੁੱਤਿਆਂ ਦੇ ਭੌਂਕਣ ਦੀ ਆਵਾਜ਼ ਵੀ ਹੋਰ ਉਚੀ ਹੋ ਗਈ ਹੈ। ਅਨੇਕਾਂ ਸਿਰ ਘਾਹ-ਫੂਸ ਦੀਆਂ ਛੱਤਾਂ ਵਾਲੀਆਂ ਝੁੱਗੀਆਂ ਦੇ ਨੀਵੇਂ-ਨੀਵੇਂ, ਨਿੱਕੇ-ਨਿੱਕੇ ਬੂਹਿਆਂ ਵਿਚੋਂ ਬਾਹਰ ਨਿਕਲ ਆਏ ਹਨ। ਸਾਰੇ ਹੈਰਾਨ ਹਨ। ਮੂੰਹਾਂ ਦੇ ਵਾਤ ਖੁੱਲ੍ਹੇ ਰਹਿ ਗਏ ਹਨ। ਅੱਖਾਂ ਅੱਡੀਆਂ ਗਈਆਂ ਹਨ।

ਸੁਖੀ ਰਾਮ ਦੀ ਔਰਤ ਰਾਮਕਲੀ ਝੁੱਗੀ ਵਿਚੋਂ ਧੰਨੀਆ ਨੂੰ ਵਾਲਾਂ ਤੋਂ ਫੜ ਕੇ ਘੜੀਸਦੀ ਬਾਹਰ ਲੈ ਆਈ ਹੈ ਅਤੇ ਉਹਨੂੰ ਪੁਰਾਣੀ ਲੀਰ ਵਾਂਗ ਝੁੱਗੀ ਵਿਚੋਂ ਬਾਹਰ ਸੁੱਟ ਦਿਤਾ ਹੈ। ਧੰਨੀਆ ਧਰਤੀ ਦੀ ਹਿੱਕ ਨਾਲ ਚਿਮੜੀ, ਲੋਕਾਂ ਦੀਆਂ ਆਵਾਜ਼ਾਂ ਸੁਣ ਰਹੀ ਹੈ। ਉਹ ਉਠਣਾ ਚਾਹੁੰਦੀ ਹੈ, ਆਪਣੇ ਆਪ ਨੂੰ ਸੰਭਾਲਣਾ ਚਾਹੁੰਦੀ ਹੈ, ਪਰ ਨਾ ਉਸ ਦੇ ਤਨ ਉਤਲਾ ਕੋਈ ਕੱਪੜਾ ਸਾਬਤ ਹੈ, ਨਾ ਹੱਡੀਆਂ ਵਿਚ ਉਠਣ ਦਾ ਜ਼ੋਰ ਹੈ। ਰਾਮਕਲੀ ਨੇ ਤਾਂ ਮਾਰ-ਮਾਰ ਉਸ ਦੀਆਂ ਹੱਡੀਆਂ ਕੜਕਾ ਦਿਤੀਆਂ ਹਨ। ਕੱਪੜੇ ਲੀਰੋ-ਲੀਰ ਕਰ ਦਿਤੇ ਹਨ। ਕੋਈ ਹੋਰ ਵੇਲਾ ਹੁੰਦਾ ਤਾਂ ਧੰਨੀਆ ਇਕ ਨੂੰ ਤਾਂ ਕੀ, ਕਈਆਂ ਨੂੰ ਧਰਤੀ ਉਤੇ ਡੇਗ ਲੈਂਦੀ, ਪਰ ਹੁਣ ਉਹ ਚੁੱਪ ਹੈ। ਭੱਜੇ-ਟੁੱਟੇ ਕੱਖ-ਕਾਨੇ ਵਾਂਗ ਧਰਤੀ ਦੀ ਹਿੱਕ ਨਾਲ ਚਿਮੜੀ ਲੋਕਾਂ ਦੀਆਂ ਗੱਲਾਂ ਸੁਣ ਰਹੀ ਹੈ।

ਕਿੰਨਾ ਕੋਸ ਰਹੇ ਹਨ ਇਸ ਬਸਤੀ ਦੇ ਸਾਰੇ ਮਰਦ। ਕਿੰਨਾ ਬੁਰਾ ਭਲਾ ਕਹਿ ਰਹੀਆਂ ਹਨ ਉਸ ਦੀਆਂ ਆਂਢਣਾਂ-ਗੁਆਂਢਣਾਂ। ਉਹ ਚੁੱਪ ਹੈ। ਲੋਕਾਂ ਦੀਆਂ ਗੱਲਾਂ ਸੁਣ ਰਹੀ ਹੈ। ਹਰ ਇਕ ਦੀ ਆਵਾਜ਼ ਪਛਾਣਦੀ ਹੈ। ਸਾਰਿਆਂ ਦੀਆਂ ਕਰਤੂਤਾਂ ਜਾਣਦੀ ਹੈ। ਉਹ ਸੋਚਦੀ ਹੈ, ਜੇ ਉਸ ਵਿਚ ਹਿੰਮਤ ਹੋਏ ਤਾਂ ਇਕ-ਇਕ ਨੂੰ ਨੰਗਾ ਕਰ ਦੇਵੇ। ਫਿਰ ਸਭ ਦੀਆਂ ਜ਼ੁਬਾਨਾਂ ਨੂੰ ਕਾਠ ਮਾਰ ਜਾਏਗਾ, ਨਜ਼ਰਾਂ ਪਥਰਾ ਜਾਣਗੀਆਂ, ਜਿਸਮਾਂ ਵਿਚੋਂ ਰੱਤ ਨੁਚੜ ਜਾਏਗੀ। ਇਹ ਸਾਰੀਆਂ ਔਰਤਾਂ, ਇਹ ਸਾਰੇ ਮਰਦ, ਆਪੋ-ਆਪਣੇ ਢਿੱਡ ਢਕਦੇ ਅੰਦਰ ਵੜ ਦੁਬਕ ਕੇ ਬੈਠ ਜਾਣਗੇ ਪਰ ਉਹ ਚੁੱਪ ਰਹੀ, ਧਰਤੀ ਦੀ ਹਿੱਕ ਨਾਲੋਂ ਵਿਛੜਨ ਦੀ ਉਸ ਵਿਚ ਸਮਰੱਥਾ ਨਹੀਂ ਸੀ।

ਧੰਨੀਆ ਤੇ ਰਾਮਕਲੀ ਦੀਆਂ ਝੁੱਗੀਆਂ ਦੀ ਕੰਧ ਸਾਂਝੀ ਹੈ।

ਝੁੱਗੀਆਂ ਝੌਂਪੜੀਆਂ ਦੀ ਇਹ ਬਸਤੀ ਧੰਨੀਆ ਦੀ ਝੌਂਪੜੀ ਨਾਲ ਹੀ ਵਸੀ ਹੈ। ਇਥੇ ਤਾਂ ਉਚੇ-ਉਚੇ ਅਬਰਕ ਦੇ ਟਿੱਲੇ, ਖਾਈਆਂ, ਉਗੜ-ਦੁਗੜ ਰਸਤੇ ਅਤੇ ਪੱਥਰ ਹੀ ਪੱਥਰ ਸਨ। ਦੁੱਧ ਧੋਤੀਆਂ ਚਾਨਣੀਆਂ ਰਾਤਾਂ ਵਿਚ ਹੀਰਿਆਂ ਵਾਂਗ ਚਮਕਦੇ ਸਨ ਪੱਥਰਾਂ ਵਿਚ ਜੜੇ ਅਬਰਕ ਦੇ ਟੋਟੇ। ਇਥੇ ਹੀ ਧੰਨੀਆ ਤੇ ਉਸ ਦਾ ਮਹਾਂਵੀਰ ਕੁਏਰੀ ਵਿਚ ਕੰਮ ਕਰਦੇ ਸਨ। ਮਹਾਂਵੀਰ ਬਰੂਦ ਲਾ ਕੇ ਪੱਥਰਾਂ ਦੇ ਸੀਨੇ ਪਾੜਦਾ ਸੀ। ਪੱਥਰਾਂ ਨੂੰ ਕੁੱਟ-ਕੁੱਟ ਧੰਨੀਆ ਅਤੇ ਸਾਥਣਾਂ ਰੋੜੀ ਬਣਾਂਦੀਆਂ ਸਨ। 'ਟਕ-ਟਕ-ਟਕ', ਸਾਰਾ ਦਿਨ ਹਥੌੜੀਆਂ ਚਲਦੀਆਂ, ਢੇਰ ਲਗਦੇ।

ਇਕ ਦਿਨ ਮਹਾਂਵੀਰ ਦੇ ਦੂਰ ਨੱਸਣ ਤੋਂ ਪਹਿਲਾਂ ਹੀ ਬਾਰੂਦ ਪਾਟ ਗਿਆ ਤੇ ਉਹ ਵੀ ਪੱਥਰ ਮਿੱਟੀ ਦੀ ਤਰ੍ਹਾਂ ਹਵਾ ਵਿਚ ਉਛਲ ਚੂਰ-ਚੂਰ ਦੂਰ ਜਾ ਡਿੱਗਿਆ ਸੀ। ਉਸ ਦੀ ਲੱਤ ਅਤੇ ਬਾਂਹ ਦੇ ਚੀਥੜੇ ਲਟਕ ਗਏ। ਮਹੀਨਿਆਂ ਬੱਧੀ ਉਹ ਹਸਪਤਾਲ ਪਿਆ ਰਿਹਾ। ਜਦੋਂ ਵਾਪਸ ਪਰਤਿਆ ਤਾਂ ਅੱਧਾ ਮਹਾਂਵੀਰ- ਇਕ ਲੱਤ, ਇੱਕ ਹੱਥ। ਉਦੋਂ ਉਸ ਦਾ ਪਹਿਲਾ ਬੱਚਾ ਕੁੱਝ ਮਹੀਨਿਆਂ ਦਾ ਸੀ।

ਕੋਠੀਆਂ ਦੇ ਪਿਛਵਾੜੇ ਧਰਤੀ ਸਾਵੀਂ-ਪੱਧਰੀ ਹੋ ਗਈ। ਟਿੱਬੇ, ਟੋਇਆਂ ਵਿਚ ਸਮਾ ਗਏ। ਪੱਥਰ-ਰੋੜੀ ਕੰਧਾਂ-ਸੜਕਾਂ ਵਿਚ ਚਿਣੇ ਗਏ। ਧੰਨੀਆ ਨੇ ਇਕ ਟੋਏ ਦੀ ਨੁੱਕਰ ਵਿਚ ਘਾਹ-ਫੂਸ ਦੀ ਛੱਤ ਬਣਾ ਲਈ। ਗਾਰੇ ਮਿੱਟੀ ਦੀਆਂ ਕੰਧਾਂ ਚਿਣ ਲਈਆਂ। ਅੱਧ-ਅਧੂਰਾ ਮਹਾਂਵੀਰ ਝੁੱਗੀ ਦੇ ਬਾਹਰ ਮੰਜੀ ਉਤੇ ਪਿਆ ਬੀੜੀਆਂ ਫੂਕਦਾ ਰਹਿੰਦਾ। ਕੁਝ ਹੀ ਦਿਨਾਂ ਵਿਚ ਹੋਰ ਝੁੱਗੀਆਂ ਵੀ ਬਣ ਗਈਆਂ।



ਹੁਣ ਧੰਨੀਆ ਦੇ ਚੇਤੇ ਦੀ ਇਕ ਘੜੀ ਨੂੰ ਕਾਠ ਮਾਰ ਗਿਆ ਹੈ ਕਿ ਪਹਿਲੀ ਵਾਰੀ ਉਸ ਔਰਤ ਨਾਲ ਮੁਲਾਕਾਤ ਕਿੰਜ ਹੋਈ ਜਿਹੜੀ ਉਸ ਦਾ ਬੱਚਾ ਲੈ ਗਈ ਸੀ। ਉਸ ਵੇਲੇ ਧੰਨੀਆ ਤੇ ਮਹਾਂਵੀਰ ਕਿੰਨੇ ਸੁਖੀ ਤੇ ਵਿਹਲੇ ਹੋ ਗਏ ਸਨ। ਤਾਰਿਆਂ ਦੀ ਛਾਂਵੇਂ ਉਹ ਔਰਤ ਬੱਚਾ ਲੈ ਜਾਂਦੀ ਸੀ ਤੇ ਦਿਨ ਡੁੱਬੇ ਤਾਰਿਆਂ ਦੀ ਛਾਂਵੇਂ ਕੁਝ ਪੈਸੇ ਤੇ ਬੱਚਾ ਵਾਪਸ ਦੇ ਜਾਂਦੀ ਸੀ। ਇਸ ਔਰਤ ਦਾ ਵੀ ਅਜੀਬ ਧੰਦਾ ਹੈ। ਮਜ਼ਦੂਰੀ ਕਰਦੀਆਂ ਔਰਤਾਂ ਦੇ ਬੱਚੇ ਕਿਰਾਏ 'ਤੇ ਲੈ ਜਾਂਦੀ ਹੈ। ਜਿੰਨਾ ਛੋਟਾ ਬੱਚਾ, ਉਨਾ ਹੀ ਉਸ ਦਾ ਦਿਹਾੜੀ ਦਾ ਕਿਰਾਇਆ ਵੱਧ ਦਿੰਦੀ ਹੈ। ਧੰਨੀਆ ਨੂੰ ਬੜਾ ਸੁਖ ਮਿਲਿਆ ਸੀ। ਬੱਚੇ ਦਾ ਖਾਣਾ ਖੁਰਾਕ ਸਭੋ ਕੁਝ ਉਸ ਦੇ ਹੀ ਜ਼ਿੰਮੇ ਹੁੰਦਾ ਸੀ। ਫਿਰ ਪੂਰੇ ਦਿਨਾਂ ਉਤੇ ਧੰਨੀਆ ਸਾਰੀ ਦਿਹਾੜੀ ਵੀ ਤਾਂ ਨਹੀਂ ਸੀ ਲਾ ਸਕਦੀ। ਹਫ ਜਾਂਦੀ। ਪੱਸਲੀਆਂ ਤਰਿੜਨ ਲੱਗ ਪੈਂਦੀਆਂ। ਕਮਰ ਟੁੱਟਣ ਲੱਗਦੀ ਸੀ। ਅੱਧੀ ਦਿਹਾੜੀ ਅਤੇ ਬੱਚੇ ਦੇ ਪੈਸਿਆਂ ਨਾਲ ਦੋਵੇਂ ਵੇਲੇ ਠਿੱਲ੍ਹ ਜਾਂਦੇ।

ਹਾਲੀ ਤਾਂ ਮਸਾਂ ਪਹੁ ਵੀ ਨਹੀਂ ਫੁਟਦੀ। ਚਿੜੀਆਂ, ਕਾਂ, ਪੰਛੀ, ਆਪੋ-ਆਪਣੇ ਆਲ੍ਹਣਿਆਂ ਤੋਂ ਬਾਹਰ ਆ 'ਸ਼ੁਭ ਸਵੇਰ' ਦਾ ਗੀਤ ਵੀ ਨਹੀਂ ਅਲਾਪਦੇ, ਉਹ ਔਰਤ ਧੰਨੀਆ ਦੀ ਝੁੱਗੀ ਦੇ ਬਾਹਰ ਆ ਕੇ ਬੈਠ ਜਾਂਦੀ। ਮੈਲੇ-ਕੁਚੈਲੇ ਕੱਪੜੇ, ਬਿਆਈਆਂ-ਫੁੱਟੇ ਪੈਰ, ਗਿੱਟਿਓਂ ਉਚੀ ਧੋਤੀ, ਤੇ ਧੋਤੀ ਦੇ ਡੱਬ ਵਿਚ ਲਟਕਦੀ ਮੈਲੀ ਜਿਹੀ ਗੁੱਥੀ ਜਿਸ ਵਿਚੋਂ ਟੀਨ ਦੀ ਡੱਬੀ ਦਾ ਤੰਬਾਕੂ ਕੱਢ ਤਲੀ 'ਤੇ ਮਸਲਦੀ ਹੈ ਤੇ ਫਿਰ ਹੇਠਾਂ ਇਕ ਪਾਸੇ ਰੱਖ ਲੈਂਦੀ ਹੈ। ਕਾਗ਼ਜ਼ ਦੀਆਂ ਪੁੜੀਆਂ ਖੋਲ੍ਹਦੀ ਹੈ, ਕੁਝ ਹਿਸਾਬ ਲਾਂਦੀ ਹੈ ਤੇ ਫਿਰ ਪੁੜੀ ਨੂੰ ਗੁੱਥੀ ਵਿਚ ਪਾ ਦਿੰਦੀ ਹੈ।

ਧੰਨੀਆ ਦਾ ਦੂਜਾ ਬੱਚਾ ਮਸਾਂ ਕੁਝ ਦਿਨਾਂ ਦਾ ਹੋਇਆ ਹੈ। ਉਹ ਦੂਜੇ ਬੱਚੇ ਨੂੰ ਵੀ ਲੈ ਗਈ ਹੈ। ਧੰਨੀਆ ਦਾ ਆਦਮੀ ਮਹਾਂਵੀਰ ਹੱਡੀਆਂ ਦੀ ਮੁੱਠ, ਸੁੱਕਾ ਮਰੀਅਲ, ਜਿਵੇਂ ਖੇਤਾਂ ਵਿਚ ਖਲੋਤਾ ਇਕ ਟੰਗਾ ਡਰਾਵਾ ਜਾਂ ਬਾਂਸ ਦਾ ਪੁਤਲਾ, ਸਾਰਾ ਦਿਨ ਬੈਠਾ ਰਹਿੰਦਾ ਹੈ। ਦੋ ਵਾਰੀ ਤਾਂ ਧੰਨੀਆ ਨੇ ਦੂਜੀ ਬਸਤੀ ਦੇ ਸਰਕਾਰੀ ਸਕੂਲ ਕੋਲ ਛਾਬਾ ਵੀ ਲਾ ਦਿੱਤਾ ਹੈ ਪਰ ਉਸ ਦੀ ਤਾਂ ਢਾਣੀ ਹੀ ਹੋਰ ਬਣ ਗਈ ਹੈ। ਕੰਮ ਕਰਨ, ਕਮਾਉਣ ਤੋਂ ਅਵੇਸਲਾ ਹੋ ਗਿਆ ਹੈ। ਦੋ ਪੈਸੇ ਕਮਾ ਲਏ ਤਾਂ ਜੂਏ ਜੁੰਡਲੀ ਵਿਚ ਜਾ ਬੈਠਾ। ਜਿੱਤ ਗਿਆ ਤਾਂ ਸ਼ਰਾਬ ਪੀ ਲਈ; ਹਾਰ ਗਿਆ ਤਾਂ ਧੰਨੀਆ ਦੀ ਖੈਰ ਨਾ ਹੁੰਦੀ। ਲੜਾਈ-ਝਗੜਾ, ਮਾਰ-ਕੁਟਾਈ। ਮਾਰ-ਮਾਰ ਧੰਨੀਆ ਦੀ ਬੋਟੀ-ਬੋਟੀ ਉਡਾ ਦਿੰਦਾ ਇਹ ਸੁੱਕਾ ਮਾੜਚੂ ਜਿਹਾ ਅੱਧਾ-ਅਧੂਰਾ ਮਰਦ। ਪਹਿਲੇ-ਪਹਿਲ ਤਾਂ ਝੁੱਗੀਆਂ ਵਾਲੇ ਬਚਾਂਦੇ ਰਹੇ, ਧੰਨੀਆ ਨੂੰ ਛੁਡਾਂਦੇ ਰਹੇ; ਫਿਰ ਰੋਜ਼ ਦਾ ਇਹੀ ਕਰਮ ਹੋ ਗਿਆ। ਉਸ ਔਰਤ ਦੇ ਆਂਦੇ ਹੀ ਉਹ ਝਪਟਾ ਮਾਰ ਪੈਸੇ ਖੋਹ ਲੈਂਦਾ ਅਤੇ ਉਸ ਦੀ ਬਿਸਾਖੀ ਦੀ ਟੱਕ-ਟੱਕ ਤੀਕ ਸੁਣੀਂਦੀ।

ਕਿੰਨੇ ਵਰ੍ਹਿਆਂ ਤੋਂ ਇਹੋ ਕਰਮ ਚਲਿਆ ਆ ਰਿਹਾ ਹੈ। ਕਈ ਵਾਰੀ ਧੰਨੀਆ ਬੱਚੇ ਲੈ ਕੇ ਜਾਣ ਵਾਲੀ ਔਰਤ ਦੇ ਪਿਛੇ-ਪਿਛੇ ਵੀ ਜਾਂਦੀ ਸੀ। ਬੱਚਾ ਉਸ ਔਰਤ ਦੀ ਝੋਲੀ ਵਿਚ ਰੋਂਦਾ-ਕੁਰਲਾਂਦਾ। ਦੂਰੋਂ ਵੇਖਦੀ ਧੰਨੀਆ ਦੇ ਜਿਸਮ ਵਿਚੋਂ ਸਾਰੀ ਰੱਤ ਨੁੱਚੜ ਜਾਂਦੀ ਸੀ। ਬੱਚਾ ਤੜਫ਼ਦਾ, ਜਿਵੇਂ ਉਸ ਦੀ ਗੋਦੜੀ ਵਿਚ ਕੰਡੇ, ਕਾਕਰੋਚ ਜਾਂ ਨੁਕੀਲੇ ਪੱਥਰ ਬੱਚੇ ਨੂੰ ਚੁਭਦੇ ਹੋਣ। ਬੱਚਾ ਜਿੰਨਾ ਜ਼ੋਰ ਨਾਲ ਰੋਂਦਾ-ਤੜਫਦਾ, ਉਨੇ ਹੀ ਔਰਤ ਤਰਲੇ ਪਾਂਦੀ, ਦੁਹਾਈ ਦਿੰਦੀ, ਪੈਸੇ ਮੰਗਦੀ, "ਮੇਰਾ ਬੱਚਾ ਭੁਖ ਸੇ ਮਰਾ ਰਹਾ ਹੈ, ਇਸ ਕੇ ਦੂਧ ਕੇ ਲੀਏ ਪੈਸੇ।" ਉਹ ਮੱਥੇ ਵੀ ਟੇਕਦੀ। ਲੋਕਾਂ ਦੇ ਪਿਛੇ ਵੀ ਦੌੜਦੀ। ਪੈਰੀਂ ਹੱਥ ਲਾਂਦੀ। ਕਦੇ ਇਕ ਚੁਰਾਹੇ ਵਿਚ ਖਲੋਂਦੀ, ਕਦੇ ਦੂਜੇ ਚੁਰਾਹੇ ਵਿਚ। ਬੱਚੇ ਨੂੰ ਗੋਦੀ ਵਿਚ ਲੈ ਕੇ ਮੰਗਣ ਨਾਲ ਉਸ ਦੀ ਦਿਹਾੜੀ ਚੰਗੀ ਬਣ ਜਾਂਦੀ। ਬੱਚੇ ਦੀਆਂ ਅੱਖਾਂ ਸੁੱਜ ਜਾਂਦੀਆਂ। ਆਵਾਜ਼ ਭਾਰੀ ਹੋ ਜਾਂਦੀ, ਤੇ ਸ਼ਾਮ ਨੂੰ ਆਪਣੀ ਮਾਂ ਕੋਲ ਬੱਚਾ ਬੇਸੁਰਤ ਜਿਹਾ ਪਿਆ ਰਹਿੰਦਾ। ਉਹ ਔਰਤ ਧੰਨੀਆ ਦੇ ਬੱਚੇ ਹੋਰ ਮੰਗਤਿਆਂ ਨੂੰ ਕਿਰਾਏ ਉਤੇ ਦੇਣ ਲੱਗ ਪਈ ਸੀ। ਧੰਨੀਆ ਨੇ ਪੱਥਰ ਕੁੱਟਣੇ ਛੱਡ ਦਿੱਤੇ। ਨਾ ਪੂਰੀ ਦਿਹਾੜੀ ਲਾ ਸਕਦੀ ਸੀ, ਨਾ ਪੂਰੇ ਪੈਸੇ ਮਿਲਦੇ ਸਨ। ਹੁਣ ਉਸ ਤੋਂ ਸਾਰਾ ਦਿਨ ਹਥੌੜੀ ਨਹੀਂ ਸੀ ਵੱਜਦੀ। ਵਿਹਾਰ ਜਿਹਾ ਸ਼ੁਰੂ ਹੋ ਗਿਆ ਸੀ ਦੋਹਾਂ ਔਰਤਾਂ ਵਿਚ। ਕਿਹੋ ਜਿਹਾ ਸਮਝੌਤਾ ਸੀ ਤੇ ਕੇਹੀ ਸਾਂਝੇਦਾਰੀ! ਬੱਚਿਆਂ ਦੇ ਜਿਸਮਾਂ ਦਾ ਵਪਾਰ। ਧੰਨੀਆਂ ਦਾ ਪੈਰ ਜਦੋਂ ਵੀ ਭਾਰੀ ਹੁੰਦਾ ਹੈ, ਮਹਾਂਵੀਰ ਅਤੇ ਧੰਨੀਆ ਦੇ ਚਿਹਰੇ ਖਿੜ ਜਾਂਦੇ ਹਨ। ਹਸੂੰ-ਹਸੂੰ ਕਰਦੇ ਚਿਹਰੇ, ਘਰ ਵਿਚ ਇੱਕ ਹੋਰ ਨਵੇਂ ਜੀਅ ਦੀ ਆਮਦ ਦੇ ਵਾਧੇ ਦੀ ਖੁਸ਼ੀ ਹੁੰਦੀ ਹੈ। ਧੰਨੀਆ ਹੁਣ ਨਾ ਸ਼ਰਾਬ ਤੋਂ ਰੋਸ ਕਰਦੀ ਹੈ, ਨਾ ਮਾਰਾਂ ਤੋਂ ਆਪਣੇ ਆਪ ਨੂੰ ਬਚਾਉਂਦੀ ਹੈ। ਉਚੀ-ਲੰਮੀ, ਭਰਵੀਂ ਧੰਨੀਆ ਤਾਂ ਮਹਾਂਵੀਰ ਜਿਹੇ ਦੋ ਬੰਦਿਆਂ ਨੂੰ ਮੁੱਠੀਆਂ ਵਿਚ ਨਪੀੜ ਲਏ। ਉਸ ਅੱਧੇ-ਅਧੂਰੇ ਇਕ ਟੰਗ ਵਾਲੇ ਮਹਾਂਵੀਰ ਦੀ ਪਤਲੀ ਗਰਦਨ ਇਕੋ ਮਰੋੜੀ ਨਾਲ ਪਰ੍ਹਾਂ ਵਗਾਹ ਮਾਰੇ, ਪਰ ਉਹ ਥੋੜ੍ਹੀ ਦੇਰ ਬਾਅਦ ਹੀ ਮਹਾਂਵੀਰ ਕੋਲ ਲੰਮੀ ਪੈ ਜਾਂਦੀ ਹੈ। ਉਸ ਨੂੰ ਪਤਾ ਹੈ, ਫਿਰ ਉਹ ਉਸ ਨੂੰ ਅੰਤਾਂ ਦਾ ਪਿਆਰ ਕਰਦਾ ਹੈ ਅਤੇ ਉਸ ਦਾ ਪੈਰ ਭਾਰੀ ਹੋ ਜਾਂਦਾ ਹੈ। ਭਰੀ ਭਰਾਈ ਧੰਨੀਆ ਦੀ ਚਾਲ ਵਿਚ ਮਟਕ ਆ ਜਾਂਦੀ ਹੈ। ਕਦਮਾਂ ਹੇਠਲੀ ਧਰਤੀ ਨੂੰ ਕਾਂਬਾ ਛਿੜ ਜਾਂਦਾ ਹੈ। ਧੰਨੀਆ ਹਰ ਸਾਲ ਬੱਚਾ ਪੈਦਾ ਕਰਨ ਲੱਗ ਪਈ ਹੈ। ਇਹੀ ਸੀ ਉਸ ਦਾ ਧੰਦਾ। ਇਸ ਧੰਦੇ ਤੋਂ ਰੋਟੀ ਚਲਦੀ ਸੀ, ਮਹਾਂਵੀਰ ਦੀ ਸ਼ਰਾਬ, ਜੂਆ। ਤੇ ਧੰਨੀਆ ਜਿਵੇਂ ਬੱਚੇ ਪੈਦਾ ਕਰਨ ਵਾਲੀ ਮਸ਼ੀਨ ਬਣ ਗਈ ਹੋਵੇ। ਇਹੀ ਉਨ੍ਹਾਂ ਦੀ ਰੋਜ਼ੀ ਸੀ, ਇਹੀ ਕਮਾਈ, ਇਹੋ ਕੰਮ, ਇਹੋ ਵਿਹਾਰ।

ਕੀ ਦਿੰਦੀ ਸੀ ਉਹ ਔਰਤ ਬੱਚਿਆਂ ਨੂੰ? ਰਾਤ ਨੂੰ ਅੱਧ-ਬੇਹੋਸ਼ ਜਿਹੇ ਬੱਚੇ ਘਰ ਪਰਤਦੇ। ਬਾਂਹਵਾਂ ਲੱਤਾਂ ਉਤੇ ਰਿਸਦੇ ਜ਼ਖ਼ਮਾਂ ਦੀ ਉਨ੍ਹਾਂ ਨੂੰ ਨਾ ਪਰਵਾਹ ਹੁੰਦੀ, ਨਾ ਪੀੜ। ਅੱਧ ਨੰਗੇ, ਅੱਧ ਕੱਜੇ ਬੱਚੇ ਝੁੱਗੀ ਵਿਚ ਸਿਰਫ਼ ਰਾਤ ਕੱਟਦੇ। ਸੁੱਤੇ-ਸੁੱਤੇ ਨੰਗੇ ਢਿੱਡਾਂ ਉਤੇ ਹੱਥ ਮਾਰਦੇ, "ਭਗਵਾਨ ਕੇ ਨਾਮ ਕੋਈ ਪੈਸਾ... ਹਮਾਰਾ ਮਾਂ-ਬਾਪ ਮਰ ਗਯਾ...।" ਧੰਨੀਆ ਦੇ ਜਿਗਰ ਨੂੰ ਚੀਸਾਂ ਪੈਂਦੀਆਂ ਤਾਂ ਸਨ, ਪਰ ਰੋਜ਼ੀ-ਰੋਟੀ ਦਾ ਵੀ ਬੜਾ ਵੱਡਾ ਸਵਾਲ ਸੀ; ਢਿੱਡ ਦੀ ਭੁੱਖ ਦਾ, ਅੱਧੇ ਆਦਮੀ ਦੀਆਂ ਲੋੜਾਂ ਦਾ। ਧੰਨੀਆ ਨੂੰ ਮੋਹ ਵੀ ਤਾਂ ਨਹੀਂ ਸੀ ਉਪਜਦਾ, ਆਪਣੀ ਕੁੱਖ ਦੇ ਜਾਇਆਂ ਨਾਲ। ਪੈਸੇ ਖਾਤਰ ਹੀ ਉਸ ਬੱਚੇ ਜੰਮਾਏ। ਉਹ ਉਨ੍ਹਾਂ ਦੇ ਚਿਹਰੇ ਸਿਰਫ਼ ਰਾਤ ਦੇ ਹਨੇਰੇ ਵਿਚ ਹੀ ਦੇਖਦੀ ਜਿਵੇਂ ਕੋਈ ਮਹਿਮਾਨ ਸਿਰਫ਼ ਰਾਤ ਕੱਟਣ ਆਉਂਦੇ ਹੋਣ। ਝੁੱਗੀਆਂ ਦੇ ਹੋਰ ਬੱਚੇ ਬੇਫਿਕਰ ਖੇਡਦੇ, ਨੱਚਦੇ-ਕੁੱਦਦੇ ਵੇਖ ਉਹਦੀਆਂ ਆਂਦਰਾਂ ਵਿਚ ਕੜਵੱਲ ਵੀ ਪੈਂਦੇ, ਪਰ ਉਹ ਆਪੇ ਹੀ ਮੂੰਹ ਫੇਰ ਅਹਿਸਾਸ ਦਾ ਗਲਾ ਘੁੱਟ ਲੈਂਦੀ ਸੀ।

ਜਿਹੜੇ ਬੱਚੇ ਥੋੜ੍ਹੇ ਵੱਡੇ ਹੋ ਗਏ ਸਨ, ਉਸ ਔਰਤ ਨੇ ਹਸਪਤਾਲਾਂ, ਮੰਦਰਾਂ, ਚੁਰਾਹਿਆਂ ਉਤੇ ਉਨ੍ਹਾਂ ਨੂੰ ਥਾਂਵਾਂ ਮੱਲ ਦਿੱਤੀਆਂ ਸਨ। ਉਹ ਠੋਕਰਾਂ ਖਾਂਦੇ, ਨਸ਼ੀਲੀਆਂ ਗੋਲੀਆਂ ਫੱਕਦੇ, ਮੰਗਦੇ-ਮੰਗਦੇ, ਪੌਰੇ ਕਿਥੇ-ਕਿਥੇ ਧੱਕੇ ਖਾਂਦੇ ਚਲੇ ਗਏ। ਕਦੇ ਰਾਤ ਨੂੰ ਵੀ ਘਰ ਨਹੀਂ ਪਰਤਦੇ। ਉਨ੍ਹਾਂ ਦੇ ਚੇਤਿਆਂ ਤੋਂ ਮਾਂ-ਪਿਉ, ਝੁੱਗੀ, ਬਸਤੀ, ਕੱਖਾਂ-ਕਾਨਿਆਂ ਦੀਆਂ ਛੱਤਾਂ ਸਭ ਵਿਸਰ ਗਈਆਂ ਹਨ। ਉਨ੍ਹਾਂ ਦੇ ਆਪਣੇ ਹੀ ਅੱਡੇ ਬਣ ਗਏ ਹਨ। ਉਨ੍ਹਾਂ ਨੂੰ ਆਪਣੇ ਹੀ ਸਾਥੀ ਮਿਲ ਗਏ ਹਨ।

ਹੁਣ ਧੰਨੀਆ ਕੋਲ ਸਿਰਫ਼ ਦੋ ਹੀ ਬੱਚੇ ਰਹਿ ਗਏ ਹਨ। ਜਿੰਨੇ ਪੈਸੇ ਉਹ ਔਰਤ ਇਨ੍ਹਾਂ ਬੱਚਿਆਂ ਨੂੰ ਦਿੰਦੀ ਹੈ, ਉਸ ਨਾਲ ਤਾਂ ਉਨ੍ਹਾਂ ਦੇ ਪੇਟ ਦੀ ਭੱਠੀ ਨਹੀਂ ਝੁਲਸਦੀ। ਮਹਾਂਵੀਰ ਤਾਂ ਬੀੜੀਆਂ ਫੂਕਦਾ, ਸ਼ਰਾਬਾਂ ਪੀਂਦਾ ਸਾਹਸਤ-ਹੀਣ ਹੋ ਗਿਆ ਹੈ। ਕਦੇ ਉਹ ਰੋਂਦਾ ਹੈ, ਬੱਚਿਆਂ ਨੂੰ ਆਵਾਜ਼ਾਂ ਮਾਰਦਾ ਹੈ ਜਿਨ੍ਹਾਂ ਦੇ ਨਾਂ ਵੀ ਉਸ ਨੂੰ ਭੁੱਲ ਗਏ ਹਨ। ਧੰਨੀਆ ਵੀ ਸੋਚਦੀ ਹੈ, ਜੇ ਉਸ ਦੇ ਸਾਰੇ ਬੱਚੇ ਘਰ ਹੋਣ ਤਾਂ ਝੁੱਗੀ ਵਿਚ ਬੈਠ ਵੀ ਨਾ ਸਕਣ। ਉਸ ਨੂੰ ਆਪਣੀ ਹੀ ਕੁੱਖ ਦੇ ਜਾਇਆਂ ਦੀ ਗਿਣਤੀ ਭੁੱਲ ਜਾਂਦੀ ਹੈ। ਪੋਟਿਆਂ ਉਤੇ ਗਿਣਤੀ ਨੂੰ ਕਦੇ ਇਕ ਬੱਚਾ ਭੁੱਲ ਜਾਂਦਾ ਹੈ, ਕਦੇ ਦੂਜਾ। ਤੇ ਉਹ ਦੋਹਾਂ ਕੁੜੀਆਂ ਦੇ ਅੱਗੜ-ਪਿੱਛੜ ਹੋਏ ਮੁੰਡਿਆਂ ਨੂੰ ਪੋਟਿਆਂ ਉਤੇ ਗਿਣਦੀ ਹੈ, ਮੁੰਡੇ ਜਿਨ੍ਹਾਂ ਦੀਆਂ ਨੁਹਾਰਾਂ ਵੀ ਹੁਣ ਉਸ ਨੂੰ ਯਾਦ ਨਹੀਂ।

ਧੰਨੀਆ ਦਾ ਸਭ ਤੋਂ ਛੋਟਾ ਮੁੰਡਾ ਵੀ ਹੁਣ ਤਿੰਨ ਵਰ੍ਹਿਆਂ ਦਾ ਹੋ ਗਿਆ ਹੈ। ਅੱਠਾਂ ਕੁ ਵਰ੍ਹਿਆਂ ਦੀ ਬਾਲੜੀ ਨੂੰ ਕੁਏਰੀ ਪੱਥਰ ਢੋਣ-ਕੁੱਟਣ ਭੇਜ ਦਿੱਤਾ ਹੈ। ਬੱਚੇ ਦੀ ਸਾਰੇ ਦਿਨ ਦੀ ਮਿਹਨਤ ਦੇ ਪੈਸੇ ਤਾਂ ਬਹੁਤ ਘੱਟ ਮਿਲਦੇ ਹਨ, ਤੇ ਤਿੰਨ ਵਰ੍ਹਿਆਂ ਦੇ ਮੰਗਤੇ ਬੱਚੇ ਉਤੇ ਨਾ ਕੋਈ ਤਰਸ ਖਾਂਦਾ ਹੈ, ਨਾ ਉਹ ਖੁਦ ਮੰਗ ਸਕਦਾ ਹੈ। ਉਸ ਦਾ ਰੇਟ ਬਹੁਤ ਘੱਟ ਹੈ।

ਮਹਾਂਵੀਰ ਨੂੰ ਕਿੰਨੀ ਵਾਰੀ ਮਾਰਨ ਲਈ ਉਕਸਾਇਆ ਹੈ। ਸ਼ਰਾਬ ਦੀ ਬੋਤਲ ਤੋੜੀ, ਤਾਸ਼ ਅੱਗ ਵਿਚ ਤੇ ਬੀੜੀ ਦੀ ਡੱਬੀ ਚਿੱਕੜ ਵਿਚ ਸੁੱਟੀ, ਪਰ ਉਹ ਤਾਂ ਸਿਰਫ਼ ਗਾਲ੍ਹਾਂ ਹੀ ਬਕਦਾ, ਉਸ ਦੇ ਜਣਦੇ ਪੁਣਦਾ ਰਿਹਾ ਸੀ। ਨਾ ਮਾਰਨ ਲਈ ਉਲਰਿਆ, ਨਾ ਬਿਸਾਖੀ ਚੁੱਕ ਹੋਈ। ਉਸ ਦੇ ਤਾਂ ਹੱਥ ਵੀ ਕੰਬਦੇ ਹਨ, ਲੱਤ ਲੜਖੜਾਂਦੀ ਹੈ, ਬਿਸਾਖੀ ਡਗਮਗਾਂਦੀ ਹੈ, ਹੱਥਾਂ ਵਿਚ ਮੁੱਕਾ ਕੱਸਣ ਦੀ ਵੀ ਤਾਕਤ ਨਹੀਂ ਰਹੀ। ਜੋ ਹੱਥ ਲੱਗਾ, ਉਸ ਵਗਾਹ ਮਾਰਿਆ। ਧੰਨੀਆ ਦੇ ਮੱਥੇ ਉਤੇ ਫੱਟ ਪੈ ਗਿਆ। ਲਹੂ ਦੀ ਧਤੀਰੀ ਵਗ ਤੁਰੀ। ਹੁਣ ਉਹ ਕੀ ਕਰੇ? ਉਸ ਔਰਤ ਤੋਂ ਕਿੰਨਾ ਡਰ ਹੈ। ਉਹ ਰੋਜ਼ ਬੂਹਾ ਮੱਲ ਕੇ ਆ ਬੈਠਦੀ ਹੈ, "ਕਾਮ ਕਾ ਮੰਦਾ ਪੜ ਗਈ ਰੇ ਧੰਨੀਆ।" ਤੇ ਉਹ ਕਿੰਨੀਆਂ ਹੀ ਧਮਕੀਆਂ ਦੇ ਗਈ ਸੀ।

ਮੱਥੇ ਦੀ ਚੋਟ ਵਿਚੋਂ ਉਠਦੀਆਂ ਚੀਸਾਂ ਉਹ 'ਸੀਅ-ਸੀਅ' ਕਰਦੀ ਦਬਾਂਦੀ, ਚੁੱਪ ਪਈ ਉਸ ਔਰਤ ਦੀ ਸਿਰਫ਼ ਆਵਾਜ਼ ਸੁਣਦੀ ਰਹੀ, "ਧੰਨੀਆ, ਕੇ ਮੋਕਉ ਲਲਨਾ, ਮੰਦਰ ਕਾ ਬੇਲਾ ਬਿਹਾਈ ਜਾਵਤ।"

ਪਹਿਲਾਂ ਤਾਂ ਧੰਨੀਆ ਉਸ ਦੀ ਆਵਾਜ਼ ਨਾਲ ਹੀ ਉਠ ਬੈਠਦੀ ਸੀ। ਸੁੱਤੇ, ਜਾਗਦੇ, ਅੱਧ-ਸੁੱਤੇ, ਅੱਧ-ਜਾਗਦੇ ਰੀਂ-ਰੀਂ ਰੋਂਦੇ ਬੱਚਿਆਂ ਨੂੰ ਉਸ ਔਰਤ ਦੇ ਹੱਥ ਫੜਾ ਦਿੰਦੀ ਸੀ। ਤੇ ਉਹ ਧਰੀਕਦੀ-ਧਰੀਕਦੀ, ਮਾਰਦੀ, ਗਾਲ੍ਹਾਂ ਕੱਢਦੀ ਬੱਚਿਆਂ ਨੂੰ ਲੈ ਕੇ ਜਾਂਦੀ ਸੀ। ਅੱਜ ਧੰਨੀਆ ਦਾ ਜੀਅ ਕੀਤਾ ਕਿ ਉਸ ਔਰਤ ਦਾ ਗਿਰੇਵਾਨ ਪਕੜੇ, ਤੇ ਮਾਰ-ਮਾਰ ਝੁੱਗੀਆਂ ਤੋਂ ਦੂਰ ਨਾਲੇ ਦੇ ਪਾਰ ਧਰੀਕ ਕੇ ਲੈ ਜਾਏ, ਤੇ ਫਿਰ ਕਦੇ ਉਸ ਦਾ ਮੂੰਹ ਨਾ ਵੇਖੇ, ਪਰ ਉਹ ਕੁਝ ਵੀ ਨਹੀਂ ਕਰ ਸਕੀ। ਆਪਣੇ ਤਿੰਨਾਂ ਵਰ੍ਹਿਆਂ ਦੇ ਸੁੱਤੇ ਬੱਚੇ ਨੂੰ ਉਸ ਦੀ ਉਂਗਲੀ ਲਾ ਦਿੱਤਾ। ਰੋਂਦਾ ਬੱਚਾ, ਪੈਰੋਂ ਨੰਗਾ, ਤੇੜੋਂ ਨੰਗਾ।

ਅੱਜ ਧੰਨੀਆ ਦੇ ਜਿਸਮ ਵਿਚ ਅਜੀਬ ਤਰ੍ਹਾਂ ਦੀ ਅੱਚਵੀਂ ਮੱਚੀ ਹੈ। ਰਗ-ਰਗ ਵਿਚ ਸੂਈਆਂ ਦੀ ਚੋਭ ਹੈ। ਸਾਹ ਗਰਮ ਤੇ ਤੇਜ਼ ਹੈ। ਬਦਨ ਟੁੱਟਦਾ ਹੈ। ਹੋਠਾਂ ਉਤੇ ਪੇਪੜੀ ਜਿਹੀ ਜੰਮੀ ਹੈ। ਪਾਸੇ ਮਾਰ-ਮਾਰ ਹੰਭ ਗਈ ਹੈ। ਤਿੰਨਾਂ ਵਰ੍ਹਿਆਂ ਦਾ ਬੱਚਾ ਬੇਸੁਰਤ ਜਿਹਾ ਪਿਆ ਹੈ। ਕੁੜੀ ਥੱਕੀ-ਟੁੱਟੀ ਘੂਕ ਸੁੱਤੀ ਹੈ। ਮਹਾਂਵੀਰ ਨੇ ਆਪਣੀ ਇਕੋ-ਇਕ ਬਾਂਹ ਨੂੰ ਅੱਖਾਂ ਉਤੇ ਰੱਖਿਆ ਹੋਇਆ ਹੈ। ਉਸ ਦੀ ਦੂਜੇ ਬਾਂਹ ਤੇ ਲੱਤ ਦਾ ਟੁੰਡ ਕਦੇ-ਕਦੇ ਫ਼ਰਕਦੇ ਹਨ। ਅੱਧੀ ਰਾਤ ਹੋ ਗਈ ਹੈ। ਧੰਨੀਆ ਨੇ ਝੱਜਰੀ ਵਿਚੋਂ ਪਾਣੀ ਪੀਤਾ, ਤੇ ਗਲਾਸ ਵਿਚ ਕਿੰਨੀ ਦੇਰ ਹੋਂਠ ਡੁਬੋਈ ਰੱਖੇ। ਫਿਰ ਇਕ ਸੋਚ ਉਸ ਦੀਆਂ ਉਨੀਂਦਰੀਆਂ ਅੱਖਾਂ ਵਿਚ ਠਹਿਰ ਗਈ। ਉਹ ਉਠ ਕੇ ਬੈਠ ਗਈ। ਇੰਨੀ ਸਾਹ-ਸਤਹੀਣ ਤਾਂ ਉਹ ਪੱਥਰ ਢੋਂਦੀ ਵੀ ਨਹੀਂ ਸੀ ਹੋਈ। ਇੰਨੀ ਨਿਢਾਲ ਤਾਂ ਉਹ ਦਸ ਬੱਚੇ ਜੰਮ ਕੇ ਵੀ ਨਹੀਂ ਸੀ ਹੋਈ। ਪਹਿਲੀ ਵਾਰੀ ਅੱਧੀ ਰਾਤ ਨੂੰ ਜਦੋਂ ਧੰਨੀਆ ਨੇ ਆਪਣੀ ਝੌਂਪੜੀ ਦਾ ਤੰਗ ਜਿਹਾ ਬੂਹਾ ਉਕੜੂੰ ਹੋ ਕੇ ਉਲੰਘਿਆ, ਤਾਂ ਉਸ ਦੇ ਸਿਰ ਦੀ ਘਸਰਨ ਨਾਲ ਘਾਹ, ਫੂਸ, ਤੀਲੀਆਂ ਦੀ ਛੱਤ ਵਿਚੋਂ ਵੀ ਕੁਝ ਤਿੜਾਂ ਹੇਠਾਂ ਧਰਤੀ ਉਤੇ ਡਿੱਗੀਆਂ। ਉਹ ਮਲਕੜੇ ਜਿਹੇ ਟੁੱਟੇ-ਭੱਜੇ ਫੱਟਿਆਂ ਦੇ ਦਰ ਨੂੰ ਖੋਲ੍ਹ ਬਾਹਰ ਨਿਕਲ ਗਈ। ਤਖ਼ਤੇ ਕੰਬੇ, ਕੱਚੀਆਂ ਕੰਧਾਂ ਨਾਲੋਂ ਮਿੱਟੀ ਭੁਰੀ, ਧਰਤੀ ਦੀ ਹਿੱਕ ਕੰਬੀ। ਧੰਨੀਆ ਨੇ ਹੇਠਲਾ ਹੋਂਠ ਜ਼ੋਰ ਨਾਲ ਚਿਥਿਆ, ਤੇ ਝੌਂਪੜੀ ਦੇ ਟੀਨ ਨੂੰ ਸਰਕਾ ਕੇ ਅੰਦਰ ਵੜ ਗਈ। ਕੱਲ੍ਹ ਹੀ ਪਾਰਲੀ ਝੌਂਪੜੀ ਵਾਲੀ ਔਰਤ ਆਪਣੇ ਘਰ ਪਿੰਡ ਗਈ ਸੀ।

ਫਿਰ ਇਕ ਕਰਮ ਉਂਜ ਹੀ ਟੁਰ ਪਿਆ ਸੀ। ਦਰ-ਦਰ ਮੰਗਦੀ ਧੰਨੀਆ ਵੀ ਉਸੇ ਔਰਤ ਵਾਂਗ ਜਿਵੇਂ ਭਿਖਾਰਨ ਹੋਵੇ। ਝੁੱਗੀ-ਝੁੱਗੀ ਵਿਚੋਂ ਸੂਹਾਂ ਲੈਂਦੀ, ਮਰਦਾਂ ਪਿਛੇ ਪੈਂਦੀ, ਉਹ ਕੁੱਖ ਭਰਨ ਦੀ ਭੀਖ ਮੰਗਦੀ। ਉਸੇ ਔਰਤ ਦੀ ਤਰ੍ਹਾਂ ਜਿਹੜੀ ਭੁੱਖੇ ਪੇਟ ਲਈ ਝੂਠੇ ਅੱਥਰੂ ਵਗਾਂਦੀ, ਤਰਲੇ ਵਾਸਤੇ ਪਾਂਦੀ ਕਈ ਵਾਰੀ ਆਦਮੀਆਂ ਦੀਆਂ ਬਾਂਹਵਾਂ ਫੜ ਲੈਂਦੀ ਹੈ, ਕੱਪੜੇ ਫੜ ਲੈਂਦੀ ਹੈ, ਵਾਸਤੇ ਪਾਂਦੀ ਦੁਹਾਈ ਦਿੰਦੀ ਹੈ।

ਮਹਾਂਵੀਰ ਨੇ ਵੀ ਨੰਗੇ ਢਿੱਡ ਉਤੇ ਹੱਥ ਫੇਰ ਸਮਝੌਤਾ ਕਰ ਲਿਆ। ਉਹ ਨਾ ਧੰਨੀਆ ਨੂੰ ਮਾਰਦਾ, ਨਾ ਗਾਲ੍ਹਾਂ ਕੱਢਦਾ। ਦੋਹਾਂ ਵਿਚਾਲੇ ਠੰਢੀ ਚੁੱਪ ਪਸਰ ਗਈ। ਦੋਹੇਂ ਇਕ-ਦੂਜੇ ਤੋਂ ਅੱਖਾਂ ਚੁਰਾਂਦੇ। ਧੰਨੀਆ ਜਦੋਂ ਬੂਹੇ ਵਿਚੋਂ ਬਾਹਰ ਨਿਕਲਦੀ, ਮਹਾਂਵੀਰ ਦੀ ਲੱਤ ਤੇ ਬਾਂਹ ਦੇ ਟੁੰਡ ਕੰਬਣ ਲੱਗਦੇ। ਉਸ ਦੇ ਸੀਨੇ ਉਤੇ ਜਿਵੇਂ ਸੱਪ ਲੇਟ ਜਾਂਦਾ ਹੈ, ਤੇ ਅੱਖਾਂ ਮੀਚ ਮਚਲਾ ਬਣ ਜਾਂਦਾ ਹੈ। ਬਹੁਤੀਆਂ ਝੁੱਗੀਆਂ ਵਿਚ ਉਹ ਬੱਚਾ ਮੰਗਦੀ ਜਿਸਮ ਫੈਲਾਂਦੀ ਰਹੀ। ਦਰ-ਦਰ ਭਟਕ ਕੇ ਵੀ ਆਪਣਾ-ਆਪ ਗੁਆ ਕੇ ਵੀ, ਤਨ ਚੁੰਡਿਆ ਕੇ ਵੀ ਕੁਝ ਹੱਥ ਨਾ ਆਇਆ।

ਅੱਜ ਸੁਖੀ ਰਾਮ ਦੀ ਔਰਤ ਰਾਮਕਲੀ ਨੇ ਗੁੱਤੋਂ ਫੜ ਧਰੀਕਿਆ ਹੈ। ਮਾਰ-ਮਾਰ ਉਸ ਦੀਆਂ ਹੱਡੀਆਂ ਕੜਕਾ ਦਿੱਤੀਆਂ ਹਨ। ਕੱਪੜੇ ਲੀਰੋ-ਲੀਰ ਕਰ ਦਿੱਤੇ ਹਨ। ਆਪਣੀ ਸਾਂਝੀ ਕੰਧ ਤੋਂ ਉਸ ਧੰਨੀਆ ਦੀ ਝੁੱਗੀ ਦਾ ਖਪਰੈਲ ਵੀ ਹੇਠਾਂ ਵਗਾਹ ਮਾਰਿਆ ਹੈ। ਆਪਣੇ ਆਦਮੀ ਨੂੰ ਵੀ ਘਸੀਟਦੀ-ਘਸੀਟਦੀ ਬਾਹਰ ਲੈ ਆਈ ਹੈ। ਚੁਤਰਫ਼ੀ ਰੌਲਾ ਮਚਿਆ ਹੈ। ਹਰ ਕੋਈ ਦੂਜੇ ਨੂੰ ਚੋਰ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਮਰਦ ਮੌਜੂ ਕੱਸਦੇ ਹਨ, ਔਰਤਾਂ ਲਾਹਣਤਾਂ ਪਾਂਦੀਆਂ ਹਨ, ਕੁੜੀਆਂ ਦੁਬਕ ਕੇ ਅੰਦਰ ਝੁੱਗੀਆਂ ਵਿਚ ਵੜ ਗਈਆਂ ਹਨ, ਮੁੰਡੇ ਸੁਖੀ ਰਾਮ ਨਾਲ ਮਸ਼ਕਰੀਆਂ ਕਰਦੇ ਹਨ। ਉਹ ਗੋਡਿਆਂ ਪਰਨੇ ਅੱਖਾਂ ਨਿਵਾਈ ਚੁੱਪ ਬੈਠਾ ਹੈ।

ਧੰਨੀਆ ਧਰਤੀ ਦੀ ਹਿੱਕ ਨਾਲ ਜੁੜੀ ਹੈ। ਕਿਸੇ ਉਠਾਇਆ ਨਾ, ਕਿਸੇ ਬਿਠਾਇਆ ਨਾ। ਨਾ ਕਿਸੇ ਹਮਦਰਦੀ ਜਤਾਈ, ਨਾ ਕਿਸੇ ਅਪਣੱਤ ਵਿਖਾਈ। ਧੰਨੀਆ ਨੂੰ ਹਰ ਬੰਦੇ, ਹਰ ਔਰਤ ਦਾ ਪਤਾ ਹੈ ਕੋਈ ਕਿੰਨਾ ਕੁ ਨੰਗਾ ਹੈ। ਕਿੰਨੇ ਕੁ ਕੱਪੜਿਆਂ ਦੀਆਂ ਤਹਿਆਂ ਹੇਠਾਂ ਉਸ ਆਪਣਾ-ਆਪ ਲੁਕਾਇਆ ਹੋਇਆ ਹੈ। ਉਹ ਇਕ-ਇਕ ਨੂੰ ਸ਼ਰ੍ਹੇਆਮ ਪਰਦੇ ਪਾੜ ਨੰਗਾ ਕਰ ਸਕਦੀ ਹੈ, ਪਰ ਉਸ ਇਕੋ ਵਾਰ ਚੁਤਰਫ਼ੀ ਆਪਣੇ ਵੱਲ ਘੂਰਦੀਆਂ ਅੱਖਾਂ ਵੱਲ ਵੇਖਿਆ। ਘੂਰਦੀਆਂ, ਜਿਵੇਂ ਬਿੱਲੀਆਂ ਦੀਆਂ ਹਨੇਰੇ ਵਿਚ ਲਿਸ਼ਕਦੀਆਂ ਅੱਖਾਂ। ਨਜ਼ਰਾਂ, ਜਿਵੇਂ ਦੋ ਧਾਰੀਆਂ ਤਿੱਖੀਆਂ ਕਟਾਰਾਂ ਉਸ ਦੇ ਜਿਸਮ ਦੀ ਬੋਟੀ-ਬੋਟੀ ਕਰਨ ਲੱਗੀਆਂ ਹੋਣ; ਪਰ ਨਹੀਂ ਨਹੀਂ, ਉਸ ਦੇ ਸੁੰਨ ਦਿਮਾਗ ਵਿਚੋਂ ਇਕ ਚਿਣਗ ਨਿਕਲੀ, "ਇਹ ਤਾਂ ਉੱਲੂਆਂ ਦੀਆਂ ਅੱਖਾਂ ਨੇ। ਅਜੀਬ ਕਿਸਮ ਦੇ ਉੱਲੂ ਨੇ। ਇਨ੍ਹਾਂ ਦੀ ਇਹ ਨਜ਼ਰ ਆਪਣੀਆਂ ਕਰਤੂਤਾਂ ਵਾਰੀ ਪਥਰਾ ਜਾਂਦੀ ਹੈ।"

ਉਹ ਇਕੋ ਝਟਕੇ ਨਾਲ ਉਠੀ। ਅਣਗਿਣਤ ਭੂੰਡਾਂ ਦੀ ਭਿਣਭਿਣਾਹਟ ਉਸ ਦੇ ਕੰਨਾਂ ਵਿਚ ਪਈ ਅਤੇ ਉਹ ਦੂਰ ਖਾਈਆਂ-ਟੋਇਆਂ ਵੱਲ ਨਿਕਲ ਗਈ, ਜਿਥੇ ਕਦੇ ਉਚੇ-ਉਚੇ ਟਿੱਲੇ ਸਿਰ ਚੁੱਕ ਆਕਾਸ਼ ਦੀ ਨੀਲੱਤਣ ਮਾਣਦੇ ਸਨ। ਚੰਨ ਤਾਰਿਆਂ ਦੀ ਚਾਨਣੀ ਵਿਚ ਧੁਰ ਤੀਕ ਨਹਾਂਦੇ ਸਨ।

ਹੁਣ ਉਹ ਸਾਰਾ ਦਿਨ ਭਟਕਦੀ ਰਹਿੰਦੀ ਹੈ। ਹਸਪਤਾਲ, ਧਾਰਮਿਕ ਅਸਥਾਨ, ਭੀੜ-ਭੜੱਕੇ, ਜਿਥੇ ਵੀ ਉਹ ਅੱਧ-ਨੰਗਾ, ਅੱਧ-ਕੱਜਿਆ, ਨੀਮ ਬੇਹੋਸ਼ ਬੱਚਾ ਮੰਗਦਾ ਵੇਖਦੀ ਹੈ, ਉਸ ਵੱਲ ਧਾਂਹਦੀ ਹੈ, ਜੱਫ਼ੀ ਵਿਚ ਲੈਣਾ ਚਾਹੁੰਦੀ ਹੈ, ਸੀਨੇ ਨਾਲ ਘੁੱਟਣਾ ਚਾਹੁੰਦੀ ਹੈ। ਉਸ ਨੂੰ ਮਹਿਸੂਸ ਹੁੰਦਾ ਹੈ- ਇਹ ਹਜ਼ਾਰਾਂ ਬੱਚੇ, ਹਜ਼ਾਰਾਂ ਹੀ ਨੰਗੇ-ਭੁੱਖੇ ਢਿੱਡ ਸਾਰੇ ਉਸ ਦੇ ਜਾਏ ਨੇ, ਉਸੇ ਦੀਆਂ ਆਪਣੀਆਂ ਉਂਗਲਾਂ ਦੇ ਨਾਖ਼ੂਨ ਨੇ ਜਿਨ੍ਹਾਂ ਦਾ ਦਰਦ ਅਸਹਿ ਹੈ। ਇਹ ਨਾਖ਼ੂਨ ਉਸ ਦੇ ਸਾਰੇ ਜਿਸਮ ਉਤੇ ਉਗ ਪਏ ਨੇ, ਤੇ ਨਾਖ਼ੂਨਾਂ ਦੇ ਨਾਸੂਰ ਬਣ ਕੇ ਰਿਸਣ ਲੱਗ ਪਏ ਹਨ। ਕਿੰਨੀ ਪਾਗਲ ਜਿਹੀ ਹੋ ਗਈ ਹੈ। ਇਕ ਵੀ ਬੱਚਾ ਆਪਣਾ ਨਹੀਂ ਲਗਦਾ। ਸਾਰੇ ਦੇ ਸਾਰੇ ਹੀ ਆਪਣੇ ਹਨ। ਉਹ ਕੀ ਕਰੇ? ਉਹ ਚੌਕਾਂ ਵਲ ਦੌੜ ਪੈਂਦੀ ਹੈ। ਚੌਕਾਂ ਵਿਚ ਲਾਲ ਬੱਤੀਆਂ ਕਾਰਨ ਖਲੋਤੀਆਂ ਮੋਟਰਾਂ, ਕਾਰਾਂ, ਸਕੂਟਰਾਂ ਵਾਲਿਆਂ ਅੱਗੇ ਬੱਚੇ ਕਰਦੀਆਂ, ਤਰਲੇ-ਵਾਸਤੇ ਪਾਂਦੀਆਂ, ਮੰਗਦੀਆਂ ਔਰਤਾਂ ਦੇ ਕੁੱਛੜ ਛੋਟੇ-ਛੋਟੇ ਬੱਚੇ ਦੇਖ ਉਸ ਦਾ ਸੀਨਾ ਚਰੀਂਦਾ ਹੈ। ਮੰਗਤੀਆਂ ਦੇ ਕੁੱਛੜੋਂ ਬੱਚੇ ਖੋਂਹਦੀ ਹੈ, ਨੱਸਦੀ ਹੈ, ਡਿਗਦੀ ਹੈ, ਮਾਰਾਂ ਖਾਂਦੀ ਹੈ, "ਇਹ ਬੱਚੇ ਮੇਰੇ ਨੇ, ਇਹ ਬੱਚੇ ਮੇਰੇ ਨੇ !" ਥੱਕ-ਟੁੱਟ ਕੇ ਝੁੱਗੀ ਦੀ ਛੱਤ ਹੇਠਾਂ ਲੰਮੀ ਪੈ ਜਾਂਦੀ ਹੈ। ਆਪਣੇ ਝੁਰੜਾਂਦੇ ਪੇਟ ਉਤੇ ਹੱਥ ਫ਼ੇਰਦੀ ਸਿਰਫ਼ ਘਾਹ-ਫੂਸ ਦੀ ਛੱਤ ਨੂੰ ਘੂਰਦੀ ਹੈ। ਡਰਦੀ ਹੈ, ਉਸ ਦੇ ਅੰਦਰਲੀ ਅੱਗ ਨਾਲ ਇਹ ਛੱਤ ਵੀ ਨਾ ਸੜ ਜਾਏ। ਉਹ ਨਹੁੰਆਂ ਨਾਲ ਧਰਤੀ ਖੁਰਚਦੀ ਹੈ। ਝੁੱਗੀ ਅੰਦਰਲੀ ਧਰਤੀ ਨੂੰ ਖੁਰਚ-ਖੁਰਚ ਉਸ ਇਵੇਂ ਬਣਾ ਦਿੱਤਾ ਹੈ, ਜਿਵੇਂ ਕਿਸੇ ਨਰਸਰੀ ਦੀ ਕਿਆਰੀ ਦੀ ਨਵੀਂ ਫੁੱਟੀ ਪੌਦ ਹੁਣੇ ਵਿਕੀ ਹੋਏ ਤੇ ਧਰਤੀ ਟੋਏ-ਟੋਏ, ਮੋਰੀਆਂ-ਮੋਰੀਆਂ, ਸੱਖਣੀ ਖਾਲੀ ਹੋ ਗਈ ਹੋਏ।

## ਗ਼ਜ਼ਲ

ਸ਼ੀਸ਼ੇ ਵਰਗਾ ਲਹਿ ਗਿਆ ਅੰਦਰ
ਨਖ਼ਰੇ ਸ਼ੋਖ ਅਦਾਵਾਂ ਨਾਲ,
ਵੇਖੋ ਹੁਣ ਇਹ ਕਿੰਝ ਨਿਭਾਉਂਦਾ
ਮੇਰੇ ਦਿਲ ਦੇ ਚਾਵਾਂ ਨਾਲ।

ਅੰਤ ਨੂੰ ਆਪਣੀ ਛਾਂ ਦੇ ਹੇਠਾਂ
ਉਹ ਹਫ਼ ਕੇ ਆ ਡਿੱਗਿਆ ਹੈ,
ਚੰਦ ਕੁ ਧੁੱਪਾਂ ਖਾਤਿਰ ਜਿਹੜਾ
ਲੜਦਾ ਰਿਹਾ ਸੀ ਛਾਵਾਂ ਨਾਲ।

ਮੰਜ਼ਲ ਦਾ ਉਹ ਮੋਹ ਨਈਂ ਕਰਦਾ
ਗਾਹੁੰਦਾ ਜੰਗਲ ਬੇਲੇ ਹੀ,
ਰਿਸ਼ਤੇ ਨਾਤੇ ਘੁਰਨ ਉਹਨੂੰ,
ਉਹ ਦੀ ਬਣਦੀ ਰਾਹਵਾਂ ਨਾਲ।

ਜੁੱਗ ਕਈ ਬੀਤੇ ਨੇ , ਹਾਲੇ
ਸਾਡੀ ਮੁਕਤੀ ਹੋਈ ਨਾ,
ਵੰਝਲੀ ਸੁਣਦੇ ਉਮਰਾ ਬੀਤੀ
ਕਾਨ੍ਹਾ ਸਾਡੀ ਗਾਂਵਾਂ ਨਾਲ।

'ਗਿੱਲ' ਤੇਰਾ ਨਾਂ ਵੀ ਦਿੱਲੀ ਦੇ
ਸ਼ਾਇਰਾਂ ਦੇ ਵਿੱਚ ਹੋਣਾ ਸੀ,
ਜੇ ਕਰ ਤੂੰ ਨਾ ਚਲਦਾ ਹੁੰਦਾ
ਕਦੇ ਵੀ ਉਲਟ ਹਵਾਵਾਂ ਨਾਲ।



ਚਰਨਜੀਤ ਸਮਾਲਸਰ
98144-00878

## ਮਿਲੀ ਨਾ ਆਜ਼ਾਦੀ

ਲਾਹੁਣ ਲਈ ਗੁਲਾਮੀ ਗਲੋਂ ਮਿੱਤਰੋ
ਹੋਣਾ ਪੈਂਦਾ ਕੁਰਬਾਨ ਏ।
ਅੱਜ ਤੱਕ ਮਿਲੀ ਨਾ ਆਜ਼ਾਦੀ ਕਦੇ
ਮਿਲੀ ਨਾ ਵਿੱਚ ਦਾਨ ਏ।

ਗੋਰਿਆਂ ਨੂੰ ਕੱਢਿਆ ਤਾਂ ਆਪਣਿਆਂ
ਕਬਜ਼ਾ ਹੈ ਕਰ ਲਿਆ।
ਲੁੱਟ ਲੁੱਟ ਦੇਸ਼ ਨੂੰ ਲੁਟੇਰੇ ਹਾਕਮਾਂ
ਘਰ ਆਪਣਾ ਹੈ ਭਰ ਲਿਆ।
ਯਾਦ ਕਰ ਮੁੜ ਇਤਿਹਾਸ ਨੂੰ ਫ਼ਿਰ ਤੋਂ
ਬਚਾਉਣੀ ਇਹਦੀ ਸ਼ਾਨ ਏ।
ਲਾਹੁਣ ਲਈ ਗੁਲਾਮੀ ਗਲੋਂ ਮਿੱਤਰੋ
ਹੋਣਾ ਪੈਂਦਾ..........।

ਸਾਨੂੰ ਮਿਲੀ ਨਾ ਆਜ਼ਾਦੀ ਅਜੇ ਤੱਕ
ਕਾਹਦੇ ਜਸ਼ਨ ਮਨਾ ਲਈਏ।
ਆਜ਼ਾਦੀ ਵਾਲਾ ਝੰਡਾ ਜੇ ਹੈ ਝੁਲਾਉਣਾ
ਚੱਲ ਗਦਰ ਮਚਾ ਲਈਏ।
ਉਹ ਵੀ ਤਾਂ ਗਲੇ ਕਬਰੀਂ ਜਿਨ੍ਹਾਂ ਬਚਾ
ਰੱਖੀ ਸੀ ਜਾਨ ਏ।
ਲਾਹੁਣ ਲਈ ਗੁਲਾਮੀ ਗਲੋਂ ਮਿੱਤਰੋ
ਹੋਣਾ ਪੈਂਦਾ..........।

ਮਿਲਣ ਹੱਕ ਸਭ ਨੂੰ ਭੀਮ ਰਾਓ ਨੇ
ਐਸਾ ਸੰਵਿਧਾਨ ਲਿਖਿਆ।
ਮਿਟ ਗਿਆ ਪਾੜਾ ਵੱਡਾ ਸੀ ਜੋ
ਮਨੂੰ ਦੇ ਵਿਧਾਨ ਲਿਖਿਆ।
ਅੱਜ ਤੁਰੇ ਕਿਰਤੀ ਧੌਣ ਉੱਚੀ ਕਰ
ਨਾਲੇ ਹਿੱਕ ਤਾਣ ਏ।
ਲਾਹੁਣ ਲਈ ਗੁਲਾਮੀ ਗਲੋਂ ਮਿੱਤਰੋ
ਹੋਣਾ ਪੈਂਦਾ..........।



ਜਸਵੰਤ ਗਿੱਲ ਸਮਾਲਸਰ
97804-51878

## ਧਰਮ ਦੇ ਬਾਣੇ

ਪਾ ਲਏ ਨਿੱਜੀ ਸਵਾਰਥ ਖਾਤਰ,
ਅਸੀ ਧਰਮ ਦੇ ਬਾਣੇ।
ਬੇਸ਼ਰਮੀ ਦੀ ਹੱਦ ਹੋ ਗਈ,
ਰੱਬ ਬਿਠਾਇਆ ਥਾਣੇ।

ਬੇਅਦਬੀ ਦੇ ਦੋਸ਼ ਲਗਾਉਂਦੇ,
ਰਹੇ ਦੂਜਿਆਂ ਉੱਤੇ।
ਪਰ ਜੋ ਅਸੀ ਬੇਅਦਬੀ ਕੀਤੀ,
ਸਾਡਾ ਅੱਲ੍ਹਾ ਜਾਣੇ।

ਓਟ ਧਰਮ ਦੀ ਲੈਕੇ ਬਣਗੇ,
ਹਾਂ ਪੰਜਾਬ ਦੇ ਵਾਰਿਸ।
ਮੂੰਹ ਮੇ ਰਾਮ ਬਗਲ ਮੇ ਛੁਰੀਆਂ,
ਬਣੇ ਹਾਂ ਬੀਬੇ ਰਾਣੇ।

ਪੂਰੀ ਦੁਨੀਆਂ ਸਿੱਖ ਕੌਮ ਨੂੰ,
ਝੁਕਕੇ ਕਰੇ ਸਲਾਮਾਂ।

ਅੱਜ ਬਦਨਾਮ ਕਰਨ ਲਈ ਬੁਣਦੇ,
ਨਵੇਂ ਹੀ ਤਾਣੇ ਬਾਣੇ।

ਸਿਰ ਦੇਣਾ ਤੇ ਸਿਰ ਹੈ ਲੈਣਾ,
ਕਿਹੜੀ ਦੱਸ ਸਿਆਣਪ।
ਕਦੀ ਦਿਮਾਗ ਵਰਤਕੇ ਆਪਣਾ,
ਲਾਓ ਗੱਲ ਟਿਕਾਣੇ।



ਸੁਖਚੈਨ ਸਿੰਘ ਚੰਦ ਨਵਾਂ
+91 99149 73876

## ਮਰਦਾਨੇ ਨੂੰ ਮਰਦਾਨਣ



ਅਜੇ ਹੋਇਆ ਨਾ ਨਜ਼ਾਰਾ ਤੇਰੇ ਦੀਦ ਦਾ।
ਅਸੀਂ ਮਸਾਂ ਹੈ ਲੰਘਾਇਆ ਚੰਨ ਈਦ ਦਾ।

ਵੇ ! ਉਹ ਧਨੀਆਂ ਦਾ ਪੁੱਤ, ਪੁੱਟ ਦੇਵੇ ਮੇਰੀ ਗੁੱਤ।
ਜੇ ਮੈਂ ਆਖਾਂ ਨਾਨਕ ਨੇ ਸਾਨੂੰ ਹੈ ਉਜਾੜਿਆ।
ਬੇਬੇ ਨਾਨਕੀ ਕੀ ਜਾਣੇ, ਮੈਂ ਤਾਂ ਐਵੇਂ ਉਹਦੇ ਭਾਣੇ,
ਭੁੱਖ ਦੁੱਖ ਦਾ ਉਲਾਂਭਾ ਉਹਦੇ ਸਿਰ ਚਾੜ੍ਹਿਆ।
ਦਿਲ ਤ੍ਰਿਪਤਾ ਦਾ ਨਹੀਂ ਵੇ ਪਸੀਜਦਾ,
ਅਸੀਂ ਮਸਾਂ ਹੈ ਲੰਘਾਇਆ ਚੰਨ ਈਦ ਦਾ।

ਮਿਲੇ ਆਟਾ ਨਾ ਉਧਾਰ, ਬਾਬੇ ਕਾਲੂ ਦੇ ਦੁਆਰ।
ਕੀ ਮੈਂ ਦੱਸਾਂ ਉਹ ਹੈ ਆਖਰਾਂ ਦਾ ਸੂਮ ਵੇ।
ਕੱਢਾਂ ਜਦੋਂ ਮੈਂ ਭੜਾਸ, ਜਾ ਸੁਲੱਖਣੀ ਦੇ ਪਾਸ,
ਕਹਿੰਦੀ ਕਿਧਰੇ ਨੀ ਜਾਂਦਾ ਤੇਰਾ ਡੂੰਮ ਵੇ।
ਸਾਡਾ ਲਾਰਿਆਂ ਤੇ ਚਿੱਤ ਨਾ ਪਤੀਜਦਾ,
ਅਸੀਂ ਮਸਾਂ ਹੈ ਲੰਘਾਇਆ ਚੰਨ ਈਦ ਦਾ।

ਭੁੱਖੀ ਮਾਤਾ ਅਧਮੋਈ, ਅੰਨ੍ਹੀ ਅੱਖੀਆਂ ਤੋਂ ਹੋਈ,
ਤੇਰੇ ਬਾਪ ਦਿਆਂ ਗੋਡਿਆਂ 'ਚ ਪੀੜ ਵੇ,
ਤੇਰੀ ਚੰਨੇ ਜਿੱਡੀ ਭੈਣ, ਮਤੇ ਬਿੱਜਾਂ ਉਹਨੂੰ ਪੈਣ,
ਅਜੇ ਹੋਇਆ ਨਾ ਜੁਆਨ ਤੇਰਾ ਵੀਰ ਵੇ।
ਪੈਸਾ ਰੂਪ ਨੂੰ ਹੈ ਅੱਜ ਵੇ ਖਰੀਦਦਾ,
ਅਸੀਂ ਮਸਾਂ ਹੈ ਲੰਘਾਇਆ ਚੰਨ ਈਦ ਦਾ।

ਚੜ੍ਹੇ ਵਿਹੜੇ ਵਿਚ ਚੰਦ, ਲਖਮੀ ਤੇ ਸ੍ਰੀ ਚੰਦ,
ਜਦੋਂ ਹੁੰਦੇ ਨੇ ਸੁਲੱਖਣੀ ਦੇ ਕੋਲ ਵੇ।
ਤੂੰ ਕੀ ਜਾਣੇ ਅਨਜਾਣਾ, ਕੀ ਹੈ ਸੋਚਦਾ ਜ਼ਮਾਨਾ,
ਸੁੰਨੀ ਹੋਵੇ ਬਾਲ ਬਾਝੋਂ ਜਦੋਂ ਝੋਲ ਵੇ।
ਕਾਸਾ ਭਰਨਾ ਹੈ ਕਦੋਂ ਮੇਰੀ ਰੀਝ ਦਾ,
ਅਸੀਂ ਮਸਾਂ ਹੈ ਲੰਘਾਇਆ ਚੰਨ ਈਦ ਦਾ।

ਡਿੱਗੇ ਬਾਪ ਹਥੋਂ ਸੋਟੀ, ਮੂੰਹ ਚ ਫੁੱਲ ਜਾਵੇ ਰੋਟੀ,
ਜਦੋਂ ਸੁਣੀਂਦਾ ਤੂੰ ਭੁੱਖਾ ਤੇ ਤਿਹਾਇਆ ਵੇ।
ਮੇਰੇ ਖੁਲ੍ਹ ਗਏ ਵਾਲ, ਜਾਣੀ ਆ ਗਿਆ ਭੁਚਾਲ,
ਜਦੋਂ ਸੁਣਿਆ ਤੂੰ ਕੌੜੇ ਹੱਥ ਆਇਆ ਵੇ।
ਟੁੱਟ ਜਾਣਾ ਸੀ ਪਿਆਲਾ ਵੇ ਉਮੀਦ ਦਾ,
ਅਸੀਂ ਮਸਾਂ ਹੈ ਲੰਘਾਇਆ ਚੰਨ ਈਦ ਦਾ।

ਵੇਖ ਮੇਰੀ ਕੁਰਬਾਨੀ, ਭਾਵੇਂ ਕਿੰਨੀ ਭੁੱਖੀ ਭਾਣੀ,
ਪਰ ਵਧ ਹੈ ਸੁਲੱਖਣੀ ਤੋਂ ਜੇਰਾ ਵੇ।
ਇਹ ਹੈ ਵੱਡਿਆਂ ਦਾ ਯੁੱਗ, ਤੇਰੀ ਸਕਣੀ ਨਾ ਪੁੱਗ,
ਨਾਉਂ ਲੈਣਾ ਨਹੀਂ ਸ਼ਤਾਬਦੀ ਚ ਤੇਰਾ ਵੇ।
ਵੇ ਤੂੰ ਰਹੇਂਗਾ ਮੁਥਾਜ ਹਰ ਚੀਜ਼ ਦਾ,
ਅਸੀਂ ਮਸਾਂ ਹੈ ਲੰਘਾਇਆ ਚੰਨ ਈਦ ਦਾ।



ਸੰਤ ਰਾਮ ਉਦਾਸੀ

## ਜ਼ਿੰਦਾ ਜ਼ਮੀਰ

ਮੁਹੰਮਦ ਅੱਬਾਸ ਧਾਲੀਵਾਲ
9855259650

ਸੁਨੀਤਾ ਤੇ ਸਨੇਹ ਲਤਾ ਦੋਵੇਂ ਪਟਿਆਲਾ ਦੀਆਂ ਰਹਿਣ ਵਾਲੀਆਂ ਸਨ ਅਤੇ ਉਹ ਸ਼ਹਿਰ ਤੋਂ ਕਰੀਬ ਵੀਹ ਕੁ ਕਿਲੋਮੀਟਰ ਦੀ ਦੂਰੀ ਤੇ ਸਥਿਤ ਇੱਕ ਪਿੰਡ ਦੇ ਸਰਕਾਰੀ ਹਾਈ ਸਕੂਲ ਚ ਅਧਿਆਪਕਾਵਾਂ ਸਨ। ਉਨ੍ਹਾਂ ਦਾ ਸਕੂਲ ਪਿੰਡ ਦੇ ਬਸ ਸਟੈਂਡ ਨੇੜੇ ਮੁੱਖ ਮਾਰਗ ਤੇ ਹੀ ਸਥਿਤ ਸੀ। ਨਤੀਜੇ ਵਜੋਂ ਹਰ ਸਰਕਾਰੀ ਤੇ ਪ੍ਰਾਈਵੇਟ ਬਸ ਉੱਥੇ ਰੁਕਦੀ ਸੀ।



ਇਧਰ ਸੁਨੀਤਾ ਤੇ ਸਨੇਹ ਲਤਾ ਨੇ ਜਦੋਂ ਤੋ ਸਕੂਲ ਵਿਖੇ ਜੁਆਇਨ ਕੀਤਾ ਸੀ। ਉਹ ਦੋਵੇਂ ਉਸੇ ਦਿਨ ਤੋਂ ਬਸ ਰਾਹੀਂ ਹੀ ਸਕੂਲ ਆਉਂਦੀਆਂ ਜਾਂਦੀਆਂ ਸਨ। ਉਨ੍ਹਾਂ ਦਾ ਖਿਆਲ ਸੀ ਕਿ ਬਸ ਦਾ ਸਫਰ ਆਪਣੀ ਟੂ ਵੀਲ੍ਹਰ ਬਾਈਕ ਨਾਲੋਂ ਜ਼ਿਆਦਾ ਸੁਰੱਖਿਅਤ ਤੇ ਆਰਾਮਦਾਇਕ ਸੀ। ਉਨ੍ਹਾਂ ਦੇ ਇਸ ਤਰਕ ਚ ਸੱਚਾਈ ਵੀ ਸੀ। ਕਿਉਂਕਿ ਮੀਂਹ ਕਣੀ ਤੇ ਧੁੰਦ ਦੇ ਮੌਸਮ ਵਿੱਚ ਜਿੱਥੇ ਬਸ ਦ ਸੁਰੱਖਿਅਤ ਸੀ ਉੱਥੇ ਹੀ ਵਧਦੀ ਟ੍ਰੈਫਿਕ ਦੇ ਮੱਦੇਨਜ਼ਰ ਵੀ ਬਸ ਦਾ ਸਫਰ ਸੁਰੱਖਿਅਤ ਸੀ।

ਉਧਰ ਇਲੈਕਸ਼ਨ ਦਾ ਨੇੜ ਸੀ ਜਿਸ ਦੇ ਚਲਦਿਆਂ ਕੱਲ੍ਹ ਸਰਕਾਰ ਵੱਲੋਂ ਮਹਿਲਾ ਦਿਵਸ ਮੌਕੇ ਸੂਬੇ ਵਿੱਚ ਔਰਤਾਂ ਨੂੰ ਬਸ ਚ ਮੁਫਤ ਸਫਰ ਦੀ ਸਹੂਲਤ ਦਾ ਐਲਾਨ ਕੀਤਾ ਗਿਆ ਸੀ। ਇਸ ਸਹੂਲਤ ਦੇ ਅਨੁਸਾਰ ਕੋਈ ਵੀ ਸੂਬੇ ਦੀ ਵਸਨੀਕ ਔਰਤ ਸਰਕਾਰੀ ਬਸ ਚ ਆਧਾਰ ਕਾਰਡ ਵਿਖਾ ਕੇ ਹੁਣ ਮੁਫਤ ਸਫਰ ਕਰ ਸਕਦੀ ਸੀ।ਇਸ ਤੋਂ ਬਾਅਦ ਦੂਜੇ ਦਿਨ ਸੁਨੀਤਾ ਤੇ ਸਨੇਹ ਲਤਾ ਸਕੂਲ ਜਾਣ ਲਈ ਰੋਜ਼ਾਨਾ ਦੀ ਤਰ੍ਹਾਂ ਪੀ.ਆਰ.ਟੀ.ਸੀ. ਦੀ ਇੱਕ ਬਸ ਚ ਸਵਾਰ ਹੋਈਆਂ ਤਾਂ ਉਨ੍ਹਾਂ ਵੇਖਿਆ ਬਸ ਵਿਚ ਅੱਜ ਆਮ ਦਿਨਾਂ ਨਾਲੋਂ ਵਧੇਰੇ ਭੀੜ ਸੀ ਤੇ ਸਵਾਰੀਆਂ ਵਿਚ ਮਰਦਾਂ ਦੇ ਮੁਕਾਬਲੇ ਔਰਤਾਂ ਦੀ ਗਿਣਤੀ ਜ਼ਿਆਦਾ ਸੀ। ਕੰਡਕਟਰ ਨੇ ਆਪਣੀ ਰੂਟੀਨ ਚ ਟਿਕਟਾਂ ਕੱਟਣੀਆਂ ਸ਼ੁਰੂ ਕਰ ਦਿੱਤੀਆਂ ਸਨ। ਔਰਤਾਂ ਕੰਡਕਟਰ ਨੂੰ ਆਪਣਾ ਆਧਾਰ ਕਾਰਡ ਵਿਖਾਉਂਦੇ ਹੋਏ ਜ਼ੀਰੋ ਬਿਲ ਵਾਲੀਆਂ ਟਿਕਟਾਂ ਹਾਸਲ ਕਰ ਰਹੀਆਂ ਸਨ। ਔਰਤਾਂ ਦੇ ਚਿਹਰੇ ਤੇ ਇੱਕ ਵੱਖਰੀ ਕਿਸਮ ਦੀ ਮੁਸਕਾਨ ਸੀ ਉਨ੍ਹਾਂ ਦੀ ਇਸ ਖੁਸ਼ੀ ਦਾ ਵੱਡਾ ਕਾਰਨ ਸ਼ਾਇਦ ਬਸ ਚ ਮਿਲ ਰਹੀ ਮੁਫਤ ਸਫਰ ਦੀ ਸਹੂਲਤ ਸੀ।

ਟਿਕਟਾਂ ਕੱਟਦਿਆਂ ਕੰਡਕਟਰ ਜਦੋਂ ਸੁਨੀਤਾ ਤੇ ਸਨੇਹ ਲਤਾ ਕੋਲ ਆਇਆ ਤਾਂ ਸੁਨੀਤਾ ਨੇ ਝੱਟ ਆਪਣਾ ਆਧਾਰ ਕਾਰਡ ਕੱਢ ਕੰਡਕਟਰ ਦੇ ਮੂਹਰੇ ਕਰ ਜ਼ੀਰੋ ਅਮਾਊਂਟ ਵਾਲਾ ਇੱਕ ਟਿਕਟ ਹਾਸਲ ਕਰ ਆਪਣੇ ਪਰਸ ਦੀ ਜੇਬ ਚ ਸਾਂਭ ਲਿਆ। ਪਰ ਉਹਦੇ ਨਾਲ ਬੈਠੀ ਸਨੇਹ ਲਤਾ ਨੇ ਪੰਜਾਹ ਦਾ ਇੱਕ ਨੋਟ ਪਰਸ ਚੋਂ ਕੱਢ ਕੰਡਕਟਰ ਵੱਲ ਕਰਦਿਆਂ ਜਿਹੜੇ ਪਿੰਡ ਉਹ ਪੜਾਉਂਦੀ ਸੀ ਉਸ ਦੀ ਇੱਕ ਟਿਕਟ ਕਟਾਈ। ਇਧਰ ਸਨੇਹ ਲਤਾ ਨੂੰ ਟਿਕਟ ਲੈਂਦੀ ਵੇਖ ਸੁਨੀਤਾ ਨੇ ਟੋਕਿਆ "ਕਿਉਂ ਤੇਰੇ ਕੋਲ ਆਧਾਰ ਕਾਰਡ ਨਹੀਂ ਹੈ?"

ਸਨੇਹ ਲਤਾ ਸਕੂਨ ਨਾਲ " ਆਧਾਰ ਕਾਰਡ ਤਾਂ ਹੈ ਮੇਰੇ ਕੋਲੇ। "

ਸੁਨੀਤਾ ਹੈਰਾਨੀ ਨਾਲ " ਫੇਰ ਤੈਨੂੰ ਪੈਸੇ ਦੇ ਕੇ ਟਿਕਟ ਕਟਾਉਣ ਦੀ ਕੀ ਲੋੜ ਪਈ ਹੈ।"

ਸਨੇਹ ਲਤਾ ਆਤਮ ਵਿਸ਼ਵਾਸ ਭਰੇ ਅੰਦਾਜ਼ ਚ "ਨਹੀਂ! ਸੁਨੀਤਾ! ਦਰਅਸਲ ਮੈਂ ਆਧਾਰ ਕਾਰਡ ਨੂੰ ਲੋੜ ਪੈਣ ਤੇ ਇਕ ਆਈ ਡੀ ਪਰੂਫ ਵਜੋਂ ਈ ਵਰਤਦੀ ਹਾਂ। "

ਸੁਨੀਤਾ " ਪਰ ਸਰਕਾਰੀ ਬੱਸਾਂ ਵਿਚ ਮੁਫਤ ਸਹੂਲਤ ਤਾਂ ਸਰਕਾਰ ਨੇ ਸਭਨਾਂ ਮਹਿਲਾਵਾਂ ਨੂੰ ਸਮਾਨ ਰੂਪ ਚ ਦਿੱਤੀ ਹੈ ਫਿਰ ਅਸੀਂ ਕਿਉਂ ਨਾ ਫਾਇਦਾ ਉਠਾਈਏ।"

ਸਨੇਹ ਲਤਾ " ਇਹ ਤਾਂ ਆਪੋ ਅਪਣੀ ਸੋਚ ਏ..ਮੈਂ ਸਮਝਦੀ ਹਾਂ ਕਿ ਜਦੋਂ ਅਸੀਂ ਚੰਗੀਆਂ ਤਨਖਾਹ ਲੈਂਦੇ ਹਾਂ ਤਾਂ ਸਾਡਾ ਹੱਕ ਬਣਦਾ ਹੈ ਕਿ ਜਿਹੜੀਆਂ ਸਹੂਲਤਾਂ ਦਾ ਅਸੀਂ ਆਨੰਦ ਮਾਣਦੇ ਹਾਂ ਉਨ੍ਹਾਂ ਦਾ ਬਣਦੀ ਪੇਮੈਂਟ ਅਦਾ ਕਰੀਏ। ਵੈਸੇ ਵੀ ਮੈਂ ਕਦੀ ਆਪਣੀ ਜ਼ਮੀਰ ਦੀ ਆਵਾਜ਼ ਨੂੰ ਅਣਗੌਲਿਆ ਨਹੀਂ ਕਰਦੀ। ਮੇਰਾ ਜ਼ਮੀਰ ਨਹੀਂ ਮੰਨਦਾ ਮੁਫ਼ਤ ਸਫਰ ਕਰਨ ਨੂੰ... ਮੈਂ ਨਹੀਂ ਕਰਦੀ! "

ਦੋਵਾਂ ਦੀ ਪਿਛਲੀ ਸੀਟ ਤੇ ਬੈਠਾ ਇੱਕ ਅਧੇੜ ਉਮਰ ਆਦਮੀ ਉਕਤ ਤਮਾਮ ਵਾਰਤਾਲਾਪ ਸੁਣ ਰਿਹਾ ਸੀ। ਇਸੇ ਦੌਰਾਨ ਕੰਡਕਟਰ ਨੇ ਉੱਚੀ ਦੇ ਕੇ ਵਿਸਲ ਮਾਰੀ ਤੇ ਬਸ ਸਕੂਲ ਸਾਹਮਣੇ ਰੁੱਕੀ। ਦੋਵੇਂ ਅਧਿਆਪਕਾਵਾਂ ਆਪਣੀ ਚਰਚਾ ਵਿਚਾਲੇ ਹੀ ਛੱਡ ਬਸ ਚੋਂ ਉਤਰ ਗਈਆਂ। ਉਹਨਾਂ ਦੀ ਪਿਛਲੀ ਸੀਟ ਤੇ ਬੈਠਾ ਆਦਮੀ ਸਨੇਹ ਲਤਾ ਜਦੋਂ ਬਸ ਦੀ ਖਿੜਕੀ ਵਿਚੋਂ ਦੀ ਵੇਖ ਰਿਹਾ ਸੀ ਤਾਂ ਉਹਦਾ ਦਿਲ ਜਿਵੇਂ ਸਨੇਹ ਲਤਾ ਦੀ ਜ਼ਮੀਰ ਨੂੰ ਵਾਰ ਵਾਰ ਸਲਾਮ ਪੇਸ਼ ਕਰ ਰਿਹਾ ਸੀ।

## ਤਰਾਸ਼ਿਆ ਪੱਥਰ

ਡਾ. ਮਲਹੋਤਰਾ ਸਵੇਰੇ ਮੰਦਿਰੋਂ ਪਰਤੇ ਤਾਂ ਉਹਨਾਂ ਦੇ ਮਾਤਾ ਜੀ ਦਹਿਲੀਜ਼ 'ਤੇ ਖੜ੍ਹੇ ਸੀ। ਹੱਥ ਵਿਚ ਅਖਬਾਰ, ਦਮਕਦਾ ਚਿਹਰਾ ਤੇ ਪੂਰੇ ਖੁਸ਼। ਉਹਨਾਂ ਮਾਂ ਨੂੰ ਏਨਾ ਖੁਸ਼ ਪਹਿਲਾਂ ਕਦੇ ਨਹੀਂ ਸੀ ਦੇਖਿਆ, ਝਟਪਟ ਕਾਰ ਖੜੀ ਕਰਕੇ ਉਸ ਵੱਲ ਵਧੇ।



ਵੇ ਪੁੱਤ! ਵਧਾਈਆਂ, ਭਗਵਾਨ ਨੇ ਮੇਰੀ ਝੋਲੀ 'ਚ ਬਹੁਤ ਵੱਡੀ ਖੁਸ਼ੀ ਪਾਈ ਐ, ਵੇ ਜਿਉਂਦਾ ਰਹੁ ਬੱਚਿਆ!

"ਕੁਝ ਦੱਸੋਂ ਵੀ, ਕਿਹੜੀ ਖੁਸ਼ੀ ਨੇ ਮੇਰੀ ਮਾਂ ਨੂੰ"

"ਲੈ ਜਿਵੇਂ ਪਤਾ ਈ ਨੀ ਆਪਣੀ ਕਮਲ" ਸਾਹੋ-ਸਾਹ ਹੋਈ ਮਾਂ ਨੇ ਪੁੱਤ ਨੂੰ ਫਿਰ ਜੱਫੀ ਵਿੱਚ ਲੈ ਲਿਆ, ਆਪਣੀ ਕਮਲ ਆਈ.ਏ.ਐਸ. ਵਿਚ ਸੈਕਿੰਡ ਆਈ ਐ' ਪੋਤੀ ਦੀ ਪ੍ਰਾਪਤੀ ਉੱਤੇ ਦਾਦੀ ਲਗਭਗ ਚਣ ਹੀ ਲੱਗ ਪਈ।

ਬੀ ਜੀ! ਤੁਹਾਨੂੰ ਵੀ ਬਹੁਤ ਵਧਾਈਆਂ..ਸਭ ਤੁਹਾਡੀਆਂ ਅਸੀਸਾਂ ਦਾ ਫਲ ਐ? ਡਾਕਟਰ ਤੇ ਮਿਸਿਜ਼ ਮਲਹੋਤਰਾ ਮਾਂ ਦੇ ਪੈਰਾਂ ਉਤੇ ਝੁਕ ਗਏ।

ਮਾਂ ਨੇ ਫਿਰ ਪੁੱਤਰ ਨੂੰ ਜੱਫੀ ਪਾ ਲਈ, ਪੁੱਤਰ ਨੇ ਹੌਲੀ ਜਿਹੀ ਮਾਂ ਦੇ ਕੰਨ ਵਿਚ ਕਿਹਾ, ਜਿਸ ਦਿਨ ਕਮਲ ਜੰਮੀ ਸੀ, ਉਸ ਦਿਨ ਤਾਂ ਬੀ ਜੀ! ਤੁਸੀਂ ਕਿਹਾ ਸੀ ਕਿ ਬਹੂ ਨੇ ਪੱਥਰ ਜੰਮ ਦਿੱਤਾ ਯਾਦ ਐ?

ਪਰ ਮਾਂ ਉਸੇ ਲੋਰ ਵਿਚ ਬੋਲੀ, ਭਗਵਾਨ ਵੀ ਪਹਿਲਾਂ ਪੱਥਰ ਹੀ ਹੁੰਦੈ, ਉਸ ਨੂੰ ਘੜਤਰਾਸ਼ ਕੇ ਪੂਜਣਯੋਗ ਬਣਾ ਲਿਆ ਜਾਂਦੈ।

ਡਾ. ਬਲਦੇਵ ਸਿੰਘ ਖਹਿਰਾ

## ਈਰਾਨ ਨਾਲ ਜੁੜੇ ਡਰੋਨ ਹਮਲੇ 'ਚ 3 ਅਮਰੀਕੀ ਫੌਜੀਆਂ ਦੇ ਮਾਰੇ ਜਾਣ ਮਗਰੋਂ ਵਧੀਆਂ ਕੱਚੇ ਤੇਲ ਦੀਆਂ ਕੀਮਤਾਂ

ਨਵੀਂ ਦਿੱਲੀ 31 ਜਨਵਰੀ। ਈਰਾਨ ਸਮਰਥਿਤ ਅੱਤਵਾਦੀਆਂ ਦੁਆਰਾ ਜਾਰਡਨ ਵਿੱਚ ਡਰੋਨ ਹਮਲੇ ਵਿਚ ਮਾਰੇ ਗਏ 3 ਅਮਰੀਕੀ ਫੌਜੀਆਂ ਦਾ ਮਾਮਲਾ ਭਖਣ ਤੋਂ ਬਾਅਦ ਸੋਮਵਾਰ ਭਾਵ ਅੱਜ ਤੇਲ ਦੀਆਂ ਕੀਮਤਾਂ ਵਾਧਾ ਦੇਖਣ ਨੂੰ ਮਿਲਿਆ ਹੈ। ਗਲੋਬਲ ਬੈਂਚਮਾਰਕ ਬ੍ਰੈਂਟ 0.57% ਵੱਧ ਕੇ 84.03 ਡਾਲਰ ਪ੍ਰਤੀ ਬੈਰਲ 'ਤੇ ਵਪਾਰ ਕਰਦਾ ਦੇਖਿਆ ਗਿਆ ਜਦੋਂ ਕਿ ਯੂਐਸ ਵੈਸਟ ਟੈਕਸਾਸ ਇੰਟਰਮੀਡੀਏਟ ਫਿਊਚਰਜ 0.6% ਵਧ ਕੇ 78.48 ਡਾਲਰ ਪ੍ਰਤੀ ਬੈਰਲ ਹੋ ਗਿਆ। ਵ੍ਹਾਈਟ ਹਾਊਸ ਮੁਤਾਬਕ ਐਤਵਾਰ ਨੂੰ ਸੀਰੀਆ ਦੀ ਸਰਹੱਦ ਦੇ ਨੇੜੇ ਉੱਤਰ-ਪੂਰਬੀ ਜਾਰਡਨ ਚੌਂਕੀ




ਵਿਚ ਤਾਇਨਾਤ ਫੌਜੀ ਦਸਤੇ 'ਤੇ ਡਰੋਨ ਹਮਲੇ ਵਿੱਚ ਤਿੰਨ ਅਮਰੀਕੀ ਫੌਜੀਆਂ ਦੀ ਮੌਤ ਹੋ ਗਈ ਅਤੇ ਕਈ ਜਖਮੀ ਹੋ ਗਏ। 7 ਅਕਤੂਬਰ ਨੂੰ ਹਮਾਸ ਨਾਲ ਇਜਰਾਈਲ ਦੀ ਜੰਗ ਸ਼ੁਰੂ ਹੋਣ ਤੋਂ ਬਾਅਦ ਦੁਸਮਣ ਦੇ ਹਮਲਿਆਂ ਵਿੱਚ ਇਹ ਪਹਿਲੀ ਅਮਰੀਕੀ ਮੌਤਾਂ ਸਨ। ਅਮਰੀਕੀ ਰਾਸਟਰਪਤੀ ਜੋਅ ਬਾਈਡੇਨ ਨੇ ਇੱਕ ਬਿਆਨ ਵਿਚ ਕਿਹਾ "ਹਾਲਾਂਕਿ ਅਸੀਂ ਅਜੇ ਵੀ ਇਸ ਹਮਲੇ ਦੇ ਤੱਥਾਂ ਬਾਰੇ ਜਾਂਚ ਕਰ ਰਹੇ ਹਾਂ, ਅਸੀਂ ਜਾਣਦੇ ਹਾਂ ਕਿ ਇਹ ਸੀਰੀਆ ਅਤੇ ਇਰਾਕ ਵਿੱਚ ਕੰਮ ਕਰ ਰਹੇ ਕੱਟੜਪੰਥੀ ਈਰਾਨ-ਸਮਰਥਿਤ ਅੱਤਵਾਦੀ ਸਮੂਹਾਂ ਦੁਆਰਾ ਕੀਤਾ ਗਿਆ ਸੀ।" ਇਸ ਦੇ ਨਾਲ ਜੋਅ ਬਾਈਡੇਨ ਨੇ ਕਿਹਾ - "ਕੋਈ ਸੱਕ ਨਹੀਂ - ਅਸੀਂ ਸਾਰੇ ਜ਼ਿੰਮੇਵਾਰ ਲੋਕਾਂ ਨੂੰ ਇੱਕ ਸਮੇਂ ਅਤੇ ਆਪਣੇ ਤਰੀਕੇ ਨਾਲ ਜਵਾਬਦੇਹ ਬਣਾਵਾਂਗੇ।" ਜਾਰਡਨ 'ਚ ਡਰੋਨ ਹਮਲੇ 'ਚ ਤਿੰਨ ਅਮਰੀਕੀ ਸੈਨਿਕਾਂ ਦੀ ਮੌਤ 'ਤੇ ਅਮਰੀਕੀ ਰਾਸਟਰਪਤੀ ਜੋਅ ਬਾਈਡੇਨ ਦਾ ਬਿਆਨ ਆਇਆ ਹੈ। ਜਵਾਬ ਦੇਣ ਦੀ ਗੱਲ ਕਰਦੇ ਹੋਏ ਜੋਅ ਬਾਈਡੇਨ ਨੇ ਕਿਹਾ ਹੈ ਕਿ ਹਮਲਾਵਰਾਂ ਨੂੰ ਮੂੰਹਤੋੜ ਜਵਾਬ ਦਿੱਤਾ ਜਾਵੇਗਾ। ਬਾਈਡੇਨ ਨੇ ਇਸ ਹਮਲੇ ਲਈ ਸਿੱਧੇ ਤੌਰ 'ਤੇ ਈਰਾਨ ਸਮਰਥਿਤ ਅੱਤਵਾਦੀ ਸੰਗਠਨਾਂ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਅਮਰੀਕੀ ਰਾਸਟਰਪਤੀ ਨੇ ਕਿਹਾ ਹੈ ਕਿ ਡਰੋਨ ਹਮਲਾ, ਜਿਸ ਵਿੱਚ ਤਿੰਨ ਬਹਾਦਰ ਅਮਰੀਕੀ ਸੈਨਿਕ ਮਾਰੇ ਗਏ ਸਨ, ਨੂੰ ਈਰਾਨ ਸਮਰਥਿਤ ਅੱਤਵਾਦੀਆਂ ਨੇ ਅੰਜਾਮ ਦਿੱਤਾ ਸੀ।

## ਪੰਜਾਬ ਸਰਕਾਰ ਦਾ ਵੱਡਾ ਕਦਮ, ਸ਼ੱਕੀ ਅਨਸਰਾਂ 'ਤੇ ਨਜਰ ਰੱਖਣ ਲਈ ਪੁਲਸ ਚੌਂਕੀਆਂ ਕੀਤੀਆਂ ਤਾਇਨਾਤ

ਗੁਰਦਾਸਪੁਰ 31 ਜਨਵਰੀ। ਪੰਜਾਬ ਸਰਕਾਰ ਅਤੇ ਪੰਜਾਬ ਪੁਲਸ, ਪੰਜਾਬ 'ਚੋਂ ਨਸ਼ਾ ਤਸਕਰਾਂ ਅਤੇ ਨਸ਼ੇ ਨੂੰ ਖਤਮ ਕਰਨ ਲਈ ਵੱਖ-ਵੱਖ ਉਪਰਾਲੇ ਕਰ ਰਹੀ ਹੈ। ਜਿਸ ਦੇ ਚਲਦੇ ਅੱਜ ਬਟਾਲਾ ਦੇ ਗਾਂਧੀ ਕੈਂਪ 'ਚ ਪੁਲਸ ਦੀਆਂ ਚੌਂਕੀਆਂ ਤਾਇਨਾਤ ਕੀਤੀਆਂ ਗਈਆਂ। ਇਹ ਚੌਂਕੀਆਂ ਕੈਂਪ ਦੇ ਵੱਖ-ਵੱਖ ਪ੍ਰਵੇਸ਼ ਦੁਆਰਾ 'ਤੇ ਬਣਾਈਆਂ ਗਈਆਂ ਹਨ। ਇਨ੍ਹਾਂ ਚੌਂਕੀਆਂ 'ਚ ਹਰ ਸਮੇਂ ਪੁਲਸ ਤਾਇਨਾਤ ਰਹੇਗੀ ਨਾਲ ਹੀ ਸੀ.ਸੀ.ਟੀ.ਵੀ. ਕੈਮਰੇ ਵੀ ਲਗਾਏ ਗਏ ਹਨ। ਇਨ੍ਹਾਂ ਚੌਂਕੀਆਂ ਨਾਲ ਪੁਲਸ ਹਰ ਉਸ ਵਿਅਕਤੀ ਦੇ ਨਜਰ ਰੱਖਗੀ ਜੋ ਸ਼ੱਕੀ ਨਜਰ ਆਉਣਗੇ। ਇਸ ਨਾਲ ਜਿਥੇ ਵਾਰਦਾਤਾਂ ਨੂੰ ਠੱਲ ਪਾਵੇਗੀ

# ਇਤਰਾਜਯੋਗ ਵੀਡੀਓ ਮਾਮਲੇ 'ਤੇ ਮੰਤਰੀ ਖਿਲਾਫ ਜਾਖੜ ਵੱਲੋਂ ਰਾਜਪਾਲ ਤੋਂ ਨਿਰਪੱਖ ਜਾਂਚ ਦੀ ਮੰਗ

ਕਿਸ਼ਨ ਪਾਲ

ਜਲੰਧਰ/ਚੰਡੀਗੜ੍ਹ 31 ਜਨਵਰੀ। ਪੰਜਾਬ ਸਰਕਾਰ ਦੇ ਇਕ ਹੋਰ ਕੈਬਨਿਟ ਮੰਤਰੀ ਦੀ ਇਤਰਾਜਯੋਗ ਵੀਡੀਓ ਦਾ ਮਾਮਲਾ ਹੁਣ ਤੂਲ ਫੜਨ ਲੱਗ ਗਿਆ ਹੈ। ਇਸ ਮਾਮਲੇ ਵਿਚ ਹੁਣ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਕੁਮਾਰ ਜਾਖੜ ਨੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਤੋਂ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। ਜਾਖੜ ਨੇ ਟਵੀਟ ਜਰੀਏ ਇਕ ਪੋਸਟ ਪਾ ਕੇ ਕਿਹਾ ਕਿ ਮੈਂ ਮਾਣਯੋਗ ਰਾਜਪਾਲ ਪੰਜਾਬ ਬਨਵਾਰੀ ਲਾਲ ਪੁਰੋਹਿਤ ਜੀ ਨੂੰ ਇਕ ਹੋਰ 'ਆਪ' ਮੰਤਰੀ ਖ਼ਿਲਾਫ ਲਗਾਏ ਗਏ ਨੈਤਿਕ ਗਿਰਾਵਟ ਦੇ ਗੰਭੀਰ ਦੋਸਾਂ ਦੀ ਨਿਰਪੱਖ ਜਾਂਚ ਸ਼ੁਰੂ ਕਰਨ ਲਈ ਬੇਨਤੀ ਪੱਤਰ ਲਿਖ ਰਿਹਾ ਹਾਂ। ਮੇਰੀ ਅਪੀਲ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜੇਕਰ ਇਹ ਦੋਸ ਸਹੀ ਪਾਏ ਜਾਂਦੇ ਹਨ, ਤਾਂ ਇਸ ਵਾਰ ਢੁੱਕਵੀਂ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਭਗਵੰਤ ਮਾਨ ਸਰਕਾਰ ਦੇ ਪਹਿਲਾ ਅਜਿਹੇ ਹੀ ਇਕ ਮੰਤਰੀ ਦੇ ਮਾਮਲੇ ਵਿਚ ਦਿਖਾਈ ਦਿੱਤੇ ਹੰਕਾਰੀ, ਗੈਰ-ਕਾਨੂੰਨੀ ਅਤੇ ਗੈਰ-ਜ਼ਿੰਮੇਵਾਰਾਨਾ ਵਿਹਾਰ ਵਾਲੀ ਗੱਲ ਦੁਹਰਾਈ ਨਾ ਜਾ ਸਕੇ ਅਤੇ ਸਰਕਾਰ ਵਿੱਚ ਲੋਕਾਂ ਦਾ ਵਿਸਵਾਸ ਬਹਾਲ ਕੀਤਾ ਜਾ ਸਕੇ। ਜ਼ਿਕਰਯੋਗ ਹੈ ਕਿ ਬੀਤੇ ਦਿਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਪੰਜਾਬ ਕੈਬਨਿਟ ਮੰਤਰੀ ਬਲਕਾਰ ਸਿੰਘ ਦੀ ਇਤਰਾਜਯੋਗ ਵੀਡੀਓ ਨੂੰ ਬਨਵਾਰੀ ਲਾਲ ਪੁਰੋਹਿਤ ਨੂੰ ਸੌਂਪਣ ਦਾ ਦਾਅਵਾ ਕੀਤਾ ਗਿਆ ਸੀ ਅਤੇ



ਇਸ ਦੇ ਨਾਲ ਹੀ ਇਸ ਮਾਮਲੇ ਵਿਚ ਉਨ੍ਹਾਂ ਵੱਲੋਂ ਬਨਵਾਰੀ ਲਾਲ ਪੁਰੋਹਿਤ ਤੋਂ ਮੰਤਰੀ ਨੂੰ ਬਰਖਾਸਤ ਕਰਨ ਅਤੇ ਇਸ ਮਾਮਲੇ ਦੀ ਕੇਂਦਰੀ ਏਜੰਸੀ ਤੋਂ ਜਾਂਚ ਕਰਵਾਉਣ ਦੀ ਮੰਗ ਰੱਖੀ ਗਈ ਹੈ। ਇਸ ਤੋਂ ਇਲਾਵਾ ਰਾਜਪਾਲ ਨੂੰ ਅਪਰਾਧਿਕ ਗਤੀਵਿਧੀਆਂ ਵਿਚ ਸਾਮਲ ਹੋਣ ਦੇ ਮੁਲਜਮ ਸਾਰੇ ਮੰਤਰੀਆਂ ਨੂੰ ਗਣਤੰਤਰ ਦਿਵਸ 'ਤੇ ਰਾਸਟਰੀ ਝੰਡਾ ਲਹਿਰਾਉਣ ਤੋਂ ਰੋਕਣ ਦੀ ਵੀ ਅਪੀਲ ਕੀਤੀ ਗਈ ਹੈ। ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਡਾ. ਦਲਜੀਤ ਸਿੰਘ ਚੀਮਾ ਨੇ ਰਾਜਪਾਲ ਨੂੰ ਸਮੁੱਚੇ ਘਟਨਾਕ੍ਰਮ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਪੀੜਤਾ ਨੂੰ ਡਰਾਇਆ ਅਤੇ ਧਮਕਾਇਆ ਗਿਆ, ਜਿਸ ਕਾਰਨ ਉਹ ਮੰਤਰੀ ਵਿਰੁੱਧ ਕੇਸ ਦਰਜ ਕਰਵਾਉਣ ਲਈ ਅੱਗੇ ਨਹੀਂ ਆਈ। ਅਕਾਲੀ ਆਗੂਆਂ ਨੇ ਰਾਜਪਾਲ ਨੂੰ ਇਹ ਵੀ ਦੱਸਿਆ ਕਿ ਕਿਵੇਂ ਹਾਲ ਹੀ ਵਿਚ ਆਮ ਆਦਮੀ ਪਾਰਟੀ ਦੇ ਸਾਬਕਾ ਵਿਧਾਇਕ ਅਮਰਜੀਤ ਸੰਦੋਆ ਦੇ ਕੈਨੇਡਾ ਤੋਂ ਡਿਪੋਰਟ ਕਰਨ ਤੋਂ ਰੋਕਣ ਲਈ ਪੁਲਸ ਕਲੀਅਰੈਂਸ ਸਰਟੀਫਿਕੇਟ ਹਾਸਲ ਕਿਵੇਂ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸੰਧਵਾਂ ਨੇ ਸੰਦੋਆ ਨੂੰ ਪੁਲਸ ਕਲੀਅਰੈਂਸ ਸਰਟੀਫਿਕੇਟ ਪ੍ਰਾਪਤ ਕਰਨ ਅਤੇ ਕੈਨੇਡਾ ਜਾਣ ਦੀ ਸਹੂਲਤ ਦੇਣ ਵਿਚ ਮਦਦ ਕੀਤੀ, ਜਿਸ ਨਾਲ ਦੁਨੀਆ ਵਿਚ ਪੰਜਾਬ ਅਤੇ ਇਸ ਦੀਆਂ ਕਦਰਾਂ-ਕੀਮਤਾਂ ਬਾਰੇ ਗਲਤ ਸੰਦੇਸ ਗਿਆ ਹੈ। ਵਫਦ ਨੇ ਰਾਜਪਾਲ ਕੋਲੋਂ ਇਸ ਮਾਮਲੇ ਵਿਚ ਕਾਰਵਾਈ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਸੰਦੋਆ ਨੂੰ ਜਾਰੀ ਕੀਤਾ ਪੁਲਸ ਕਲੀਅਰੈਂਸ ਸਰਟੀਫਿਕੇਟ ਵਾਪਸ ਲਿਆ ਜਾਵੇ। ਮਜੀਠੀਆ ਅਤੇ ਡਾ. ਚੀਮਾ ਨੇ ਰਾਜਪਾਲ ਨੂੰ ਵੀ ਅਪੀਲ ਕੀਤੀ ਕਿ ਉਹ ਮੰਤਰੀਆਂ ਲਾਲਚੰਦ ਕਟਾਰੂਚੱਕ ਅਤੇ ਅਮਨ ਅਰੋੜਾ ਨੂੰ ਗਣਤੰਤਰ ਦਿਵਸ ਮੌਕੇ ਰਾਸਟਰੀ ਝੰਡਾ ਲਹਿਰਾਉਣ ਤੋਂ ਰੋਕਣ। ਉਨ੍ਹਾਂ ਕਿਹਾ ਕਿ ਕਟਾਰੂਚੱਕ ਖਿਲਾਫ ਇਕ ਇਤਰਾਜਯੋਗ ਵੀਡੀਓ ਸਬੰਧੀ ਕੇਸ ਨੂੰ ਭਾਵੇਂ ਸੂਬਾ ਪੁਲਸ ਨੇ ਬੰਦ ਕਰ ਦਿੱਤਾ ਸੀ ਪਰ ਅਜਿਹੇ ਘਿਨਾਉਣੇ ਅਪਰਾਧ ਦੇ ਮੁਲਜਮ ਕਿਸੇ ਵੀ ਵਿਅਕਤੀ ਨੂੰ ਰਾਜ ਦੇ ਸਮਾਗਮਾਂ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਮਨ ਅਰੋੜਾ ਨੂੰ 2 ਸਾਲ ਦੀ ਸਜਾ ਸੁਣਾਈ ਗਈ ਹੈ ਅਤੇ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਉਨ੍ਹਾਂ ਨੂੰ ਤੁਰੰਤ ਅਹੁਦੇ ਤੋਂ ਹਟਾਇਆ ਜਾਵੇ ਅਤੇ ਉਨ੍ਹਾਂ ਨੂੰ 26 ਜਨਵਰੀ ਨੂੰ ਕੌਮੀ ਝੰਡਾ ਲਹਿਰਾਉਣ ਦੀ ਇਜਾਜਤ ਨਹੀਂ ਦਿੱਤੀ ਜਾਣੀ ਚਾਹੀਦੀ।

## ਦੁਬਈ 'ਚ ਰਹਿੰਦੇ ਰਹੇ ਲਿਵ ਇਨ ਰਿਲੇਸ਼ਨ 'ਚ, ਭਾਰਤ ਆਈ ਤਾਂ ਪਤਾ ਲੱਗਾ ਪਹਿਲਾਂ ਹੀ ਵਿਆਹਿਆ

ਖਰੜ 31 ਜਨਵਰੀ। ਪੰਜਾਬ ਨਾਲ ਸਬੰਧਤ ਅਤੇ ਖਾੜੀ ਮੁਲਕ 'ਚ ਨੌਕਰੀ ਕਰਦੀ ਇਕ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਉਸਦਾ ਸਰੀਰਕ ਸੋਸਣ ਕਰਦੇ ਆ ਰਹੇ ਨੌਜਵਾਨ ਖ਼ਿਲਾਫ ਥਾਣਾ ਸਿਟੀ ਪੁਲਸ ਨੇ ਲੜਕੀ ਵਲੋਂ ਦਿੱਤੇ ਬਿਆਨਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜਮ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ, ਜਿਸਨੂੰ ਹੁਣ ਅਦਾਲਤ 'ਚ ਪੇਸ ਕੀਤਾ ਜਾਵੇਗਾ। ਪੁਲਸ ਕੋਲ ਦਰਜ ਕਰਵਾਏ ਬਿਆਨਾਂ 'ਚ ਲੜਕੀ ਨੇ ਦੱਸਿਆ ਕਿ ਉਹ ਤਿੰਨ ਸਾਲਾਂ ਤੋਂ ਦੁਬਈ ਵਿਖੇ ਰਹੀ ਹੈ। ਉਸਦੀ ਧਰਮਿੰਦਰ ਨਾਂ ਦੇ ਨੌਜਵਾਨ, ਜੋ ਥਾਣਾ ਮਾਹਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸਬੰਧਿਤ ਹੈ, ਨਾਲ ਕਾਫੀ ਦੇਰ ਤੋਂ ਜਾਣ-ਪਛਾਣ ਹੈ। ਦੋਵਾਂ ਦੀ ਦੋਸਤੀ ਹੋਣ ਪਿੱਛੋਂ ਧਰਮਿੰਦਰ ਉਸ ਨਾਲ ਵਿਆਹ ਕਰਵਾਉਣ ਲਈ ਰਾਜੀ ਹੋ ਗਿਆ। 2022 ਵਿਚ ਉਸ ਨੇ ਉਸਨੂੰ ਨੂੰ ਦੁਬਈ ਆਪਣੇ ਕੋਲ ਬੁਲਾ ਲਿਆ, ਜਿੱਥੇ ਉਹ ਦੋਵੇਂ ਲਿਵ ਇਨ ਰਿਲੇਸ਼ਨ ਵਿਚ ਰਹਿੰਦੇ ਰਹੇ। ਉਥੇ ਕਾਫੀ ਸਮਾਂ ਰਹਿਣ ਪਿੱਛੋਂ ਧਰਮਿੰਦਰ ਨੇ ਉਸ ਨਾਲ ਭਾਰਤ ਜਾ ਕੇ ਵਿਆਹ ਕਰਵਾਉਣ ਦੀ ਗੱਲ ਆਖੀ। ਲੜਕੀ ਮੁਤਾਬਕ ਪਿਛਲੇ ਸਾਲ ਅਕਤੂਬਰ ਮਹੀਨੇ ਉਹ ਭਾਰਤ ਆ ਗਈ ਕਿਉਂਕਿ ਦੋਵਾਂ ਦਾ ਵਿਆਹ ਕਰਵਾਉਣ ਦਾ ਪਲਾਨ ਸੀ। ਇਸ ਲਈ ਉਕਤ ਨੌਜਵਾਨ ਵੀ ਇਸੇ ਸਾਲ 10 ਤਾਰੀਖ ਨੂੰ ਆਪਣੇ ਘਰ ਭਾਰਤ ਪਰਤ ਆਇਆ। ਇਥੇ ਆ ਕੇ ਇਕ ਦਿਨ ਉਸਨੂੰ ਫੋਨ ਕਰ ਕੇ ਮੋਹਾਲੀ ਦੇ ਇਕ ਹੋਟਲ ਵਿਚ ਬੁਲਾਇਆ, ਜਿੱਥੇ ਉਸਨੇ ਉਸਨੂੰ ਮੁੜ ਵਿਆਹ ਦਾ ਝਾਂਸਾ ਦੇ ਕੇ ਉਸ ਨਾਲ ਸਰੀਰਿਕ ਸਬੰਧ ਬਣਾਏ। ਉਸ ਤੋਂ ਅਗਲੇ ਦਿਨ ਉਹ ਆਪਣੇ ਘਰ ਵਾਪਸ ਚਲਾ ਗਿਆ ਜਦਕਿ ਲੜਕੀ ਮੁਤਾਬਕ ਉਹ ਖਰੜ ਦੇ ਇਕ ਪੀ. ਜੀ. ਵਿਚ ਆ ਕੇ ਠਹਿਰ ਗਈ। ਲੜਕੀ ਮੁਤਾਬਕ ਉਸਨੇ ਜਦੋਂ ਧਰਮਿੰਦਰ ਨੂੰ ਉਸ ਨਾਲ ਵਿਆਹ ਕਰਵਾਉਣ ਦੀ ਗੱਲ ਕੀਤੀ ਤਾਂ ਉਹ ਟਾਲ-ਮਟੋਲ ਕਰਦਾ ਰਿਹਾ ਉਸ ਨੂੰ ਜਾਨੋਂ ਮਾਰਨ ਤਕ ਦੀਆਂ ਧਮਕੀਆਂ ਦੇਣ ਲੱਗਾ। ਉਸ ਵਲੋਂ ਅਖੀਰ ਜਦੋਂ ਉਸ ਬਾਰੇ ਪਤਾ ਲਾਉਣ ਦੀ ਕੋਸ਼ਿਸ ਕੀਤੀ ਤਾਂ ਇਹ ਗੱਲ ਸਾਹਮਣੇ ਆਈ ਕਿ ਉਹ ਪਹਿਲਾਂ ਤੋਂ ਹੀ ਨਾ ਸਿਰਫ ਵਿਆਹਿਆ ਹੋਇਆ ਹੈ, ਬਲਕਿ ਉਸਦਾ ਤਿੰਨ ਮਹੀਨਿਆਂ ਦਾ ਬੱਚਾ ਵੀ ਹੈ।

## ਜਾਣੋ ਕਦੋਂ ਸ਼ੁਰੂ ਹੋਵੇਗੀ ਕਣਕ/ਆਟੇ ਦੀ ਹੋਮ ਡਲਿਵਰੀ

ਏਜੰਸੀਆਂ

ਚੰਡੀਗੜ੍ਹ 31 ਜਨਵਰੀ। ਪੰਜਾਬ ਵਿਚ ਅਗਲੇ ਮਹੀਨੇ ਕਣਕ/ਆਟੇ ਦੀ ਹੋਮ ਡਲਿਵਰੀ ਸ਼ੁਰੂ ਹੋ ਸਕਦੀ ਹੈ। ਇਸ ਨੂੰ ਸਰਕਾਰ ਬਸੰਤ ਪੰਚਮੀ ਤੋਂ ਸ਼ੁਰੂ ਕਰਨ ਦੀ ਵਿਉਂਤ ਬਣਾ ਰਹੀ ਹੈ। ਸੂਤਰਾਂ ਮੁਤਾਬਕ ਮੁੱਢਲੇ ਪੜਾਅ 'ਚ ਹੋਮ ਡਲਿਵਰੀ ਨੂੰ ਸੀਮਤ ਰੱਖਿਆ ਜਾਵੇਗਾ ਅਤੇ ਦੂਸਰੇ ਪੜਾਅ ਵਿਚ ਵਿਸਥਾਰ ਦਿੱਤਾ ਜਾਵੇਗਾ। ਮੌਜੂਦਾ ਸਰਕਾਰ ਦੇ ਮਾਰਚ ਵਿਚ ਦੋ ਸਾਲ ਪੂਰੇ ਹੋ ਰਹੇ ਹਨ ਅਤੇ ਅੱਧ ਫਰਵਰੀ ਤੋਂ ਸਰਕਾਰ ਹੋਮ ਡਲਿਵਰੀ ਸ਼ੁਰੂ ਕਰ ਸਕਦੀ ਹੈ। ਫਰਵਰੀ ਵਿਚ 6.50 ਲੱਖ ਰਾਸ਼ਨ ਕਾਰਡ ਹੋਲਡਰਾਂ ਨੂੰ ਕਣਕ ਜਾਂ ਆਟੇ ਦੀ ਹੋਮ ਡਲਿਵਰੀ ਸ਼ੁਰੂ ਕੀਤੀ ਜਾ ਸਕਦੀ ਹੈ ਜਿਸ ਨਾਲ ਕਰੀਬ 30 ਲੱਖ ਲਾਭਪਾਤਰੀਆਂ ਨੂੰ ਲਾਭ ਮਿਲੇਗਾ। ਪੰਜਾਬ ਸਰਕਾਰ ਨੇ ਪਹਿਲੀ ਕੈਬਨਿਟ ਵਿਚ ਹੀ ਹੋਮ ਡਲਿਵਰੀ ਦਾ ਫੈਸਲਾ ਕਰ ਲਿਆ ਸੀ ਪਰ ਹਾਈ ਕੋਰਟ 'ਚ ਇਸ ਸਕੀਮ ਨੂੰ ਚੁਣੌਤੀ ਮਿਲ ਗਈ ਸੀ। ਹੋਮ ਡਲਿਵਰੀ ਦਾ ਕੰਮ ਲਗਾਤਾਰ ਲਟਕਦਾ ਆ ਰਿਹਾ ਹੈ। ਪੰਜਾਬ ਵਿਚ ਇਸ ਸਮੇਂ 1.54 ਕਰੋੜ ਲਾਭਪਾਤਰੀ ਹਨ ਜਿਨ੍ਹਾਂ ਨੂੰ ਕਣਕ ਜਾਂ ਆਟਾ ਦਿੱਤਾ ਜਾਣਾ ਹੈ। ਪੰਜਾਬ ਸਰਕਾਰ ਦੇ ਉੱਚ ਪੱਧਰੀ ਸੂਤਰ ਦੱਸਦੇ ਹਨ ਕਿ 'ਹੋਮ ਡਲਿਵਰੀ ਸਕੀਮ' ਦੀ ਸ਼ੁਰੂਆਤ ਆਮ ਆਦਮੀ ਪਾਰਟੀ ਵੱਲੋਂ ਫਰਵਰੀ ਦੇ ਅੱਧ ਵਿਚ ਕੀਤੀ ਜਾਣ ਵਾਲੀ ਰੈਲੀ ਵਿਚ ਕੀਤੀ ਜਾਵੇਗੀ ਅਤੇ ਇਸ ਯੋਜਨਾ ਦੀ ਸ਼ੁਰੂਆਤ ਮੁੱਖ ਮੰਤਰੀ



ਭਗਵੰਤ ਮਾਨ ਅਤੇ 'ਆਪ' ਮੁਖੀ ਅਰਵਿੰਦ ਕੇਜਰੀਵਾਲ ਕਰਨਗੇ। ਪਹਿਲਾਂ ਇਸ ਦੀ ਸ਼ੁਰੂਆਤ 27 ਜਨਵਰੀ ਨੂੰ ਕਰਨ ਦੀ ਯੋਜਨਾ ਸੀ ਪਰ ਠੰਡ ਦੇ ਮੌਸਮ ਕਰ ਕੇ ਇਸ ਨੂੰ ਫਰਵਰੀ 'ਚ ਕਰ ਦਿੱਤਾ ਗਿਆ ਹੈ। 'ਆਪ' ਦੇ ਸੀਨੀਅਰ ਆਗੂ ਇਸ ਸਕੀਮ ਦੀ ਸ਼ੁਰੂਆਤ ਲਈ ਫਤਿਹਗੜ੍ਹ ਸਾਹਿਬ, ਫ਼ਰੀਦਕੋਟ ਜਾਂ ਫਿਰੋਜ਼ਪੁਰ ਸੰਸਦੀ ਹਲਕਿਆਂ 'ਚੋਂ ਸਥਾਨ ਦੀ ਚੋਣ ਕਰ ਰਹੇ ਹਨ। ਵੇਰਵਿਆਂ ਅਨੁਸਾਰ ਸਾਲ ਦੀ ਆਖਰੀ ਤਿਮਾਹੀ (ਜਨਵਰੀ ਤੋਂ ਮਾਰਚ 2024) ਦੀ ਕਣਕ ਹਾਲੇ ਤੱਕ ਵੰਡੀ ਨਹੀਂ ਗਈ ਹੈ। ਇਹ ਸਕੀਮ ਲਾਗੂ ਹੋਣ ਮਗਰੋਂ ਕਣਕ ਜਾਂ ਆਟਾ ਤਿਮਾਹੀ ਆਧਾਰ 'ਤੇ ਨਹੀਂ ਸਗੋਂ ਮਹੀਨਾਵਾਰ ਆਧਾਰ 'ਤੇ ਵੰਡਿਆ ਜਾਵੇਗਾ। ਸੂਬਾ ਸਰਕਾਰ ਨੇ ਇਸ ਸਕੀਮ ਲਈ 670 ਕਰੋੜ ਰੁਪਏ ਸਾਲਾਨਾ ਰੱਖੇ ਹਨ। ਖੁਰਾਕ ਅਤੇ ਸਪਲਾਈ ਵਿਭਾਗ ਦੇ ਅਧਿਕਾਰੀ ਦੱਸਦੇ ਹਨ ਹੈ ਕਿ ਸਰਕਾਰ ਵੱਲੋਂ ਸ਼ੁਰੂ ਵਿਚ ਸਰਕਾਰੀ ਡਿਪੂਆਂ ਰਾਹੀਂ ਹੀ ਇਹ ਸਕੀਮ ਚਲਾਈ ਜਾਵੇਗੀ। ਇਸੇ ਤਰ੍ਹਾਂ ਨੋਡਲ ਏਜੰਸੀ ਮਾਰਕਫੈੱਡ ਨੇ ਇਸ ਸਕੀਮ ਨੂੰ ਚਲਾਉਣ ਲਈ 800 ਮਾਡਲ ਵਾਜਬ ਕੀਮਤ ਦੀਆਂ ਦੁਕਾਨਾਂ ਬਣਾਈਆਂ ਹਨ। ਇਨ੍ਹਾਂ ਦੁਕਾਨਾਂ ਨੂੰ ਚਲਾਉਣ ਅਤੇ ਆਟਾ/ਕਣਕ ਵੰਡਣ ਲਈ ਚਾਰ ਵਿਕਰੇਤਾ ਵੀ ਚੁਣੇ ਗਏ ਹਨ। ਅਧਿਕਾਰੀਆਂ ਮੁਤਾਬਕ ਇਹ ਸਕੀਮ ਮਹੂਰਤ ਲਈ ਪੂਰੀ ਤਰ੍ਹਾਂ ਤਿਆਰ ਹੈ। ਦੱਸਣਯੋਗ ਹੈ ਕਿ ਲਾਭਪਾਤਰੀਆਂ ਨੂੰ 5 ਕਿੱਲੋ ਕਣਕ ਜਾਂ ਕਣਕ ਦਾ ਆਟਾ, ਉਨ੍ਹਾਂ ਦੇ ਦਰਵਾਜ਼ੇ 'ਤੇ ਮੁਫਤ ਦਿੱਤਾ ਜਾਵੇਗਾ।

## ਚਾਰ ਪਿਆਰਿਆਂ ਨੇ ਵਿਰਸਾ ਸਿੰਘ ਵਲਟੋਹਾ 'ਤੇ ਲਾਈ ਸਵਾਲਾਂ ਦੀ ਝੜੀ

ਏਜੰਸੀਆਂ

ਅੰਮ੍ਰਿਤਸਰ 31 ਜਨਵਰੀ। ਪੰਜ ਪਿਆਰੇ ਸਿੰਘ ਸਾਹਿਬਾਨਾਂ ਵਿੱਚੋਂ ਚਾਰ ਪਿਆਰਿਆਂ ਨੇ ਸੰਗਤ ਦੀ ਆਵਾਜ਼ ਦਾ ਹਵਾਲਾ ਦਿੰਦੇ ਹੋਏ ਵਿਰਸਾ ਸਿੰਘ ਵਲਟੋਹਾ ਨੂੰ ਸਵਾਲ ਕੀਤਾ ਕਿ ਜਰਨੈਲ ਸਿੰਘ ਭਿੰਡਰਾਂਵਾਲੇ ਦੀ ਸੋਚ 'ਤੇ ਪਹਿਰਾ ਦੇਣ ਦਾ ਦਾਅਵਾ ਕਰਨ ਵਾਲਾ ਬਾਦਲਾਂ ਦੀ ਸੋਚ ਦਾ ਪਹਿਰੇਦਾਰ ਕਿਵੇਂ ਬਣ ਗਿਆ, ਜਦਕਿ ਇਨ੍ਹਾਂ ਦੋਵਾਂ ਵਿਚਾਲੇ ਕੋਈ ਆਪਸੀ ਮੇਲ ਨਹੀਂ ਹੈ। ਚਾਰ ਪਿਆਰਿਆਂ ਨੇ ਸਾਂਝੇ ਤੌਰ 'ਤੇ ਵਿਰਸਾ ਸਿੰਘ ਨੂੰ ਸਵਾਲ ਕੀਤਾ ਕਿ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੇ ਪਿਤਾ ਬਲਵੰਤ ਸਿੰਘ, ਮਾਸਟਰ ਮਨਜੀਤ ਸਿੰਘ ਅਤੇ ਪਾਣੀਆਂ ਦੇ ਰਾਖੇ ਭਾਈ ਬਲਵਿੰਦਰ ਸਿੰਘ ਜਟਾਣਾ ਦੇ ਪਰਿਵਾਰ ਅਤੇ ਹਜ਼ਾਰਾਂ ਸਿੱਖਾਂ ਦੇ ਕਾਤਲ ਸੁਮੇਧ ਸੈਣੀ ਅਤੇ ਭਾਈ ਅਨੋਖ ਸਿੰਘ ਦੇ ਕਾਤਲ ਅਜਹਾਰ ਆਲਮ ਨੂੰ ਬਾਦਲਾਂ ਨੇ ਤਰੱਕੀਆਂ ਕਿਉਂ ਦਿੱਤੀਆਂ? ਉਨ੍ਹਾਂ ਕਿਹਾ ਕਿ ਵਿਰਸਾ ਸਿੰਘ ਵਲਟੋਹਾ ਪੰਥ ਨੂੰ ਇਹ ਵੀ ਦੱਸੇ ਕਿ ਅੰਮ੍ਰਿਤਸਰ 'ਚ 1978 ਨੂੰ ਬਾਦਲ ਸਰਕਾਰ ਵੇਲੇ ਅਤੇ ਨਕੋਦਰ ਵਿੱਚ 1986 'ਚ ਬਰਨਾਲਾ ਸਰਕਾਰ ਵੇਲੇ ਕ੍ਰਮਵਾਰ 13 ਅਤੇ 4 ਸਿੰਘਾਂ ਨੂੰ ਸ਼ਹੀਦ ਕਰਨ ਲਈ ਜ਼ਿੰਮੇਵਾਰ ਕੌਣ ਸੀ? ਉਨ੍ਹਾਂ ਕਿਹਾ ਕਿ ਵਿਰਸਾ ਸਿੰਘ ਦਾ ਇਹ ਵੀ ਦੱਸਣਾ ਬਣਦਾ ਹੈ ਕਿ 1986 ਦੇ ਨਕੋਦਰ ਗੋਲੀਕਾਂਡ ਲਈ ਜ਼ਿੰਮੇਵਾਰ ਡੀ. ਸੀ. ਨੂੰ ਅਕਾਲੀ ਦਲ ਨੇ ਚੋਣ ਕਿਉਂ ਲੜਾਈ ਅਤੇ ਐੱਸ. ਐੱਸ. ਪੀ. ਅਜਹਾਰ ਆਲਮ ਦੀ ਪਤਨੀ ਨੂੰ ਅਕਾਲੀ ਦਲ ਵਿਚ ਅਹਿਮ ਅਹੁਦਾ ਕਿਉਂ ਦਿੱਤਾ?ਉਨ੍ਹਾਂ ਦੋਸ਼ ਲਾਇਆ ਕਿ ਵਿਰਸਾ ਸਿੰਘ ਪੰਥ ਵਿਰੋਧੀਆਂ ਦੇ ਇਸ਼ਾਰੇ 'ਤੇ ਧਾਰਮਿਕ ਸ਼ਖਸੀਅਤਾਂ ਦੀ ਕਿਰਦਾਰਕੁਸ਼ੀ ਕਰ ਕੇ ਸਿੱਖ ਭਾਈਚਾਰੇ ਦਾ ਨੁਕਸਾਨ ਕਰਨ ਦਾ ਵੱਡਾ ਗੁਨਾਹਗਾਰ



ਰਿਹਾ ਹੈ, ਜਿਸ ਦਾ ਮੰਤਵ ਹੈ ਕਿ ਉਸ ਦੇ ਨਜਦੀਕੀ ਰਹੇ ਸਵਰਨ ਸਿੰਘ ਘੋਟਣਾ ਵੱਲੋਂ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਨੂੰ ਕੋਹ-ਕੋਹ ਕੇ ਮਾਰਨ ਦੇ ਮਸਲੇ ਤੋਂ ਲੋਕਾਂ ਦਾ ਧਿਆਨ ਹਟਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵੱਲੋਂ ਪੰਜਾਬ ਵਿਚ ਆਪਣਾ ਸਿਆਸੀ ਆਧਾਰ ਗਵਾਉਣ ਕਾਰਨ ਸਿਰਫ ਤਿੰਨ ਸੀਟਾਂ 'ਤੇ ਸਿਮਟ ਜਾਣ ਦੇ ਬਾਵਜੂਦ ਅਕਾਲੀ ਦਲ ਦਾ ਬੁਲਾਰਾ ਵਲਟੋਹਾ ਜ਼ਰੂਰਤ ਤੋਂ ਵੱਧ ਜ਼ੁਬਾਨ ਚਲਾ ਕੇ ਸਿੱਖ ਸਿਆਸਤ ਨੂੰ ਅੱਗੇ ਤੋਰਨ ਦੀ ਥਾਂ ਪਿੱਛੇ ਨੂੰ ਖਿੱਚ ਰਿਹਾ ਹੈ, ਜਿਸ ਬਾਰੇ ਸੁਹਿਰਦ ਪੰਥਕ ਸਿਆਸਤਦਾਨਾਂ ਨੂੰ ਜ਼ਰੂਰ ਸੋਚਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਰਸਾ ਸਿੰਘ ਵਲਟੋਹਾ ਪੰਥ ਨੂੰ ਇਹ ਜ਼ਰੂਰ ਦੱਸੇ ਕਿ ਭਾਜਪਾ ਨਾਲ ਭਾਈਵਾਲੀ ਸਮੇਂ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਅਤੇ ਨਰਿੰਦਰ ਮੋਦੀ ਸਮੇਂ ਅਕਾਲੀ ਦਲ ਨੇ ਬੰਦੀ ਸਿੰਘਾਂ ਦੀ ਰਿਹਾਈ ਕਿਉਂ ਨਹੀਂ ਕਰਵਾਈ ਅਤੇ ਪੰਜਾਬ ਵਿਚ ਝੂਠੇ ਮੁਕਾਬਲਿਆਂ ਦੀ ਜਾਂਚ ਕਰਵਾ ਕੇ ਦੋਸ਼ੀ ਪੁਲਸ ਅਫ਼ਸਰਾਂ ਵਿਰੁੱਧ ਕਾਰਵਾਈ ਕਿਉਂ ਨਹੀਂ ਕੀਤੀ? ਦੋ ਵਾਰ ਵਿਧਾਇਕ ਰਿਹਾ ਵਿਰਸਾ ਸਿੰਘ ਇਹ ਵੀ ਦੱਸੇ ਕਿ ਉਸ ਨੇ ਵਿਧਾਨ ਸਭਾ ਵਿਚ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਕਿਉਂ ਨਹੀਂ ਸੀ ਉਠਾਇਆ? ਉਨ੍ਹਾਂ ਵਿਰਸਾ ਸਿੰਘ ਵਲਟੋਹਾ ਨੂੰ ਇਹ ਵੀ ਸਵਾਲ ਕੀਤਾ ਕਿ ਉਹ ਦੱਸੇ ਕਿ ਪੁਲਸ ਦੇ ਉੱਚ ਅਧਿਕਾਰੀ ਓ. ਪੀ. ਸ਼ਰਮਾ, ਇਕਬਾਲ ਸਿੰਘ ਲਾਲਪੁਰਾ, ਅਜਹਾਰ ਆਲਮ, ਸਵਰਨ ਸਿੰਘ ਘੋਟਣਾ ਨਾਲ ਉਸ ਦੇ ਗੁਪਤ ਸਬੰਧ ਕਿਹੋ ਜਿਹੇ ਸਨ? ਕੀ ਉਹ ਦੱਸ ਸਕਦਾ ਹੈ ਕਿ ਦਿੱਲੀ ਦੇ ਮਨਚੰਦਾ ਕਤਲ ਕੇਸ ਵਿੱਚ ਉਸ ਦੀ ਜ਼ਮਾਨਤ ਕਿਸ ਨੇ ਦਿੱਤੀ ਤੇ ਅੱਜ ਉਸ ਦੀ ਵਫਾਦਾਰੀ ਉਨ੍ਹਾਂ ਪ੍ਰਤੀ ਕਿੰਨੀ ਹੈ?

## ਮੋਬਾਇਲ ਐਪ ਅਪਡੇਟ ਕਰਨ ਦੇ ਨਾਂ 'ਤੇ 2.90 ਲੱਖ ਦਾ ਲਾਇਆ ਚੂਨਾ

ਏਜੰਸੀਆਂ

ਚੰਡੀਗੜ੍ਹ 31 ਜਨਵਰੀ। ਸਹਿਰ 'ਚ ਸਰਗਰਮ ਸਾਈਬਰ ਠੱਗਾਂ ਨੇ ਸਹਿਰ 'ਚ ਰਹਿਣ ਵਾਲੇ ਇਕ ਵਿਅਕਤੀ ਨੂੰ ਮੋਬਾਇਲ ਐਪ ਅਪਡੇਟ ਕਰਨ ਦੇ ਨਾਂ 'ਤੇ ਠੱਗੀ ਦਾ ਸ਼ਿਕਾਰ ਬਣਾ ਲਿਆ। ਠੱਗਾਂ ਨੇ ਸੈਕਟਰ-39 ਦੇ ਰਹਿਣ ਵਾਲੇ ਪੀੜਤ ਨਾਲ ਆਈ. ਸੀ. ਆਈ. ਸੀ. ਬੈਂਕ ਦਾ ਮੁਲਾਜਮ ਬਣ ਕੇ ਗੱਲ ਕੀਤੀ। ਇਸ ਤੋਂ ਬਾਅਦ ਵਟਸਐਪ 'ਤੇ ਐਪ ਅਤੇ ਲਿੰਕ ਭੇਜ ਕੇ ਉਸਦੇ ਕ੍ਰੈਡਿਟ ਕਾਰਡ ਦੇ ਵੇਰਵੇ ਹਾਸਲ ਕੀਤੇ ਅਤੇ 2.90 ਲੱਖ ਰੁਪਏ ਦੀ ਧੋਖਾਦੇਹੀ ਕੀਤੀ। ਥਾਣਾ ਸਾਈਬਰ ਸੈੱਲ ਦੀ ਪੁਲਸ ਨੇ ਪੀੜਤ ਦੀ ਸ਼ਿਕਾਇਤ 'ਤੇ ਅਣਪਛਾਤੇ ਲੋਕਾਂ ਖ਼ਿਲਾਫ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸੈਕਟਰ-39 ਦੇ ਵਸਨੀਕ ਬੀ. ਦੇਵਦੱਤਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ 18 ਜਨਵਰੀ 2024 ਨੂੰ ਉਨ੍ਹਾਂ ਦੇ ਮੋਬਾਇਲ 'ਤੇ ਕਿਸੇ ਅਣਪਛਾਤੇ ਨੰਬਰ ਤੋਂ ਕਾਲ ਆਈ ਸੀ। ਫੋਨ ਕਰਨ ਵਾਲੇ ਵਿਅਕਤੀ ਨੇ ਦੱਸਿਆ ਕਿ ਉਹ ਆਈ. ਸੀ. ਆਈ. ਸੀ. ਬੈਂਕ ਦੇ ਕ੍ਰੈਡਿਟ ਕਾਰਡ ਵਿਭਾਗ ਤੋਂ ਕਾਲ ਕਰ ਰਿਹਾ ਸੀ।




ਮੁਲਜਮ ਨੇ ਦੱਸਿਆ ਕਿ ਉਸ ਦਾ ਨਾਂ ਰਾਹੁਲ ਹੈ ਅਤੇ ਉਹ ਵਿਭਾਗ ਵਿਚ ਨੌਕਰੀ ਕਰਦਾ ਹੈ। ਮੁਲਜਮ ਨੇ ਉਨ੍ਹਾਂ ਨੂੰ ਆਪਣੇ ਆਈ. ਸੀ. ਆਈ. ਸੀ. ਬੈਂਕ ਦੀ ਮੋਬਾਇਲ ਐਪ ਅਪਡੇਟ ਕਰਨ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਤੁਰੰਤ ਬਾਅਦ ਮੁਲਜਮ ਨੇ ਆਪਣੇ ਮੋਬਾਇਲ ਦੇ ਵਟਸਐਪ ਨੰਬਰ 'ਤੇ ਐਪ ਅਤੇ ਲਿੰਕ ਭੇਜਿਆ। ਜਦੋਂ ਉਨ੍ਹਾਂ ਨੇ ਆਪਣੇ ਮੋਬਾਇਲ 'ਤੇ ਭੇਜੀ ਐਪ ਨੂੰ ਇੰਸਟਾਲ ਕੀਤਾ, ਤਾਂ ਉਨ੍ਹਾਂ ਨੇ ਕ੍ਰੈਡਿਟ ਕਾਰਡ ਦੇ ਵੇਰਵੇ ਮੰਗੇ। ਪੀੜਤ ਅਨੁਸਾਰ ਕ੍ਰੈਡਿਟ ਕਾਰਡ ਨਾਲ ਸਬੰਧਤ ਸਾਰੇ ਵੇਰਵੇ ਦਰਜ ਕਰਨ ਤੋਂ ਤੁਰੰਤ ਬਾਅਦ ਫੋਨ ਕੱਟਿਆ ਗਿਆ ਅਤੇ ਉਸ ਨੂੰ ਪੈਸੇ ਡੈਬਿਟ ਹੋਣ ਦੇ ਸੰਦੇਸ ਮਿਲਣ ਲੱਗੇ। ਇਸ ਤਰ੍ਹਾਂ ਉਸਦੇ ਖਾਤੇ ਵਿਚੋਂ 2 ਲੱਖ 90 ਹਜਾਰ 128 ਰੁਪਏ ਡੈਬਿਟ ਹੋ ਗਏ। ਇਸ ਤੋਂ ਬਾਅਦ ਪੀੜਤ ਨੇ ਆਪਣੇ ਨਾਲ ਹੋਈ ਧੋਖਾਦੇਹੀ ਦੀ ਸ਼ਿਕਾਇਤ ਕੀਤੀ, ਜਿਸ ਤੋਂ ਬਾਅਦ ਉਨ੍ਹਾਂ ਨੇ ਤੁਰੰਤ ਸਾਈਬਰ ਥਾਣਾ ਪੁਲਸ ਨੂੰ ਆਪਣੇ ਨਾਲ ਹੋਈ ਧੋਖਾਦੇਹੀ ਦੀ ਸ਼ਿਕਾਇਤ ਕੀਤੀ। ਸਾਈਬਰ ਥਾਣਾ ਪੁਲਸ ਨੇ ਪੀੜਤ ਦੀ ਸ਼ਿਕਾਇਤ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਮਾਮਲਾ ਦਰਜ ਕਰ ਲਿਆ ਹੈ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਸਮੀਰ ਕਟਾਰੀਆ ਦੇ ਕਤਲ ਮਾਮਲੇ 'ਚ ਪੁਲਸ ਦੀ ਵੱਡੀ ਕਾਰਵਾਈ

ਪਟਿਆਲਾ 31 ਜਨਵਰੀ। ਸ਼ਨੀਵਾਰ ਰਾਤ ਨੂੰ ਪਾਸੀ ਰੋਡ 'ਤੇ ਬਜਰੰਗ ਦਲ ਦੇ ਆਗੂ ਸਮੀਰ ਕਟਾਰੀਆ ਦੇ ਕਤਲ ਮਾਮਲੇ ਵਿਚ ਥਾਣਾ ਸਿਵਲ ਲਾਈਨ ਦੀ ਪੁਲਸ ਨੇ ਤਿੰਨ ਅਣਪਛਾਤੇ ਵਿਅਕਤੀਆਂ ਖ਼ਿਲਾਫ ਕਤਲ ਅਤੇ ਆਰਮਜ਼ ਐਕਟ ਦੇ ਤਹਿਤ ਕੇਸ ਦਰਜ ਕੀਤਾ ਹੈ। ਪੁਲਸ ਨੇ ਮ੍ਰਿਤਕ ਸਮੀਰ ਕਟਾਰੀਆ ਦੇ ਭਰਾ ਸ਼ਿਵਇੰਦਰ ਕਟਾਰੀਆ ਪੁੱਤਰ ਜਿੰਦਰ ਕਟਾਰੀਆ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ 302, 34 ਆਈ. ਪੀ. ਸੀ ਅਤੇ ਆਰਮਜ਼ ਐਕਟ ਦੇ ਤਹਿਤ ਕੇਸ ਦਰਜ ਕੀਤਾ ਹੈ। ਦੂਜੇ ਪਾਸੇ ਥਾਣਾ ਸਿਵਲ ਲਾਈਨ ਦੀ ਪੁਲਸ ਅਤੇ ਸੀ. ਆਈ. ਏ. ਸਟਾਫ ਦੀ ਪੁਲਸ ਨੇ ਮੌਕੇ 'ਤੇ ਮਿਲੇ ਮੋਬਾਈਲ ਅਤੇ ਗੋਲੀ ਦੇ ਖੋਲ ਦੇ ਅਧਾਰ 'ਤੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਇਸ ਦੇ ਨਾਲ ਹੀ ਆਸ ਪਾਸ ਦੇ ਇਲਾਕੇ ਦੀਆਂ ਸੀ. ਸੀ. ਟੀ. ਵੀ ਫੁਟੇਜ਼ ਵੀ ਕਬਜੇ ਵਿਚ ਲੈ ਲਈਆਂ ਹਨ। ਪੁਲਸ ਵੱਲੋਂ ਇਸ ਮਾਮਲੇ ਵਿਚ ਸਾਰੇ ਐਂਗਲਾਂ ਤੋਂ ਕੰਮ ਕੀਤਾ ਜਾ ਰਿਹਾ ਹੈ ਕਿਉਂਕਿ ਇਸ ਮਾਮਲੇ ਵਿਚ ਮਿਸਟਰੀ ਸਭ ਤੋਂ ਵੱਡੀ ਇਹ ਨਜ਼ਰ ਆ ਰਹੀ ਹੈ ਕਿ ਆਖਰ ਸਮੀਰ ਕਟਾਰੀਆ ਦਾ ਕਤਲ ਕਿਉਂ ਕੀਤਾ ਗਿਆ। ਕਿ ਇਹ ਨਿੱਜੀ ਰੰਜਿਸ਼ ਜਾਂ ਫਿਰ ਕਾਰੋਬਾਰੀ ਰੰਜਿਸ਼ ਸੀ ਜਾਂ ਫਿਰ ਹੋਰ ਕੋਈ ਕਾਰਨ ਸੀ। ਪੁਲਸ ਨੇ ਮੌਕੇ 'ਤੇ ਹੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਥੇ ਇਹ ਦੱਸਣਯੋਗ ਹੈ ਕਿ ਪਟਿਆਲਾ ਦੇ ਪਾਸੀ ਰੋਡ 'ਤੇ ਸ਼ਨੀਵਾਰ ਦੀ ਰਾਤ ਨੂੰ ਬਜਰੰਗ ਦਲ ਦੇ ਆਗੂ ਅਤੇ ਕਾਰੋਬਾਰੀ ਸਮੀਰ ਕਟਾਰੀਆ ਦਾ ਗਲ 'ਤੇ ਚਾਕੂ ਨਾਲ ਵਾਰ ਕਰਕੇ ਕਤਲ ਕਰ ਦਿੱਤਾ ਗਿਆ ਸੀ ਅਤੇ ਇਸ ਤੋਂ ਬਾਅਦ ਹਮਲਾਵਰ ਮੌਕੇ ਤੋਂ ਸਮੀਰ ਕਟਾਰੀਆ ਦੀ ਹੀ ਗੱਡੀ ਲੈ ਕੇ ਫਰਾਰ ਹੋ ਗਏ ਸਨ। ਜੋ ਗੱਡੀ ਕੁਝ ਦੂਰੀ 'ਤੇ ਹੀ ਹਾਦਸੇ ਦਾ ਸ਼ਿਕਾਰ ਹੋ ਗਈ ਅਤੇ ਹਮਲਾਵਰ ਗੱਡੀ ਮੌਕੇ 'ਤੇ ਛੱਡ ਕੇ ਫਰਾਰ ਹੋ ਗਏ ਸਨ। ਪੁਲਸ ਮਾਹੌਲ ਦੇ ਮੁਤਾਬਕ ਇਸ ਕਤਲ ਨੂੰ ਟਰੇਸ ਕਰਨਾ ਪੁਲਸ ਲਈ ਜ਼ਰੂਰੀ ਹੋ ਗਿਆ ਹੈ ਅਤੇ ਪੁਲਸ ਨੂੰ ਇਸ ਅੰਨ੍ਹੇ ਕਤਲ ਦੀ ਗੁੱਥੀ ਨੂੰ ਤੁਰੰਤ ਸੁਲਝਾਉਣ ਦੀ ਕੋਸ਼ਿਸ਼ ਕਰ ਰਹੀ ਹੈ।

# ਨਿਰਵਿਘਨ ਬਿਜਲੀ ਸਪਲਾਈ ਲਈ ਨਵੇਂ ਸਬ-ਸਟੇਸ਼ਨ ਸਥਾਪਿਤ ਕਰੇਗਾ ਪਾਵਰਕਾਮ

ਸਰਦੂਲ ਸਿੰਘ

ਜਲੰਧਰ 31 ਜਨਵਰੀ। ਸਿਸਟਮ ਦੇ ਓਵਰਲੋਡ ਹੋਣ ਕਾਰਨ ਬਿਜਲੀ ਦੇ ਫਾਲਟ ਪੈਂਦੇ ਹਨ, ਜਿਸ ਨਾਲ ਖਪਤਕਾਰਾਂ ਨੂੰ ਪਾਵਰਕੱਟਾਂ ਦੀ ਮਾਰ ਝੱਲਣੀ ਪੈਂਦੀ ਹੈ। ਇਸ ਤੋਂ ਰਾਹਤ ਦਿਵਾਉਣ ਲਈ ਪਾਵਰਕਾਮ ਵੱਲੋਂ ਨਵੇਂ ਸਬ-ਸਟੇਸ਼ਨ ਸਥਾਪਿਤ ਕਰਨ ਵੱਲ ਕਦਮ ਉਠਾਏ ਜਾ ਰਹੇ ਹਨ। ਉਥੇ ਹੀ ਗਰਮੀਆਂ ਦੇ ਸੀਜਨ ਤੋਂ ਪਹਿਲਾਂ ਸਾਰੇ ਓਵਰਲੋਡ ਫੀਡਰਾਂ ਨੂੰ ਡੀ-ਲੋਡ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਪਾਵਰਕਾਮ ਦੇ ਡਾਇਰੈਕਟਰ ਡਿਸਟ੍ਰੀਬਿਊਸ਼ਨ ਡੀ. ਪੀ. ਐੱਸ. ਗਰੇਵਾਲ ਨੇ ਕਿਹਾ ਕਿ ਜਿੱਥੇ ਵੀ ਲੋੜ ਮਹਿਸੂਸ ਹੋ ਰਹੀ ਹੈ, ਉਥੇ ਨਵੇਂ ਸਬ-ਸਟੇਸ਼ਨਾਂ ਲਈ ਜਮੀਨ ਦੀ ਚੋਣ ਕਰਦੇ ਹੋਏ ਜਰੂਰੀ ਕਦਮ ਚੁੱਕੇ ਜਾਣਗੇ। ਪਾਵਰਕਾਮ ਵੱਲੋਂ ਸਰਕਾਰੀ ਵਿਭਾਗਾਂ ਕੋਲ ਪਈ ਜਮੀਨ ਦੀ ਖਰੀਦਦਾਰੀ ਕਰਨ ਲਈ ਪਹਿਲ ਦਿੱਤੀ ਜਾਵੇਗੀ। ਉਥੇ ਹੀ, ਜਰੂਰਤ ਪੈਣ 'ਤੇ ਹੋਰ ਸਾਧਨਾਂ ਰਾਹੀਂ ਵੀ ਜਮੀਨ ਖਰੀਦੀ ਜਾ ਸਕਦੀ ਹੈ। ਪਾਵਰਕਾਮ ਨਾਰਥ ਜੋਨ ਦੇ ਹੈੱਡ ਆਫਿਸ ਸ਼ਕਤੀ ਸਦਨ ਵਿਚ ਚੀਫ ਇੰਜੀ. ਰਮੇਸ਼ ਲਾਲ ਸਾਰੰਗਲ ਦੀ ਹਾਜਰੀ ਵਿਚ ਹੋਈ ਉਕਤ ਮੀਟਿੰਗ ਵਿਚ ਗਰੇਵਾਲ ਨੇ ਕਿਹਾ ਕਿ ਪਾਵਰਕਾਮ ਮੈਨੇਜਮੈਂਟ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਜਮੀਨ ਖਰੀਦਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਚੁੱਕੀ ਹੈ। ਪਟਿਆਲਾ ਤੋਂ ਵਿਸ਼ੇਸ਼ ਤੌਰ 'ਤੇ ਜਲੰਧਰ ਪਹੁੰਚੇ ਇੰਜੀ. ਗਰੇਵਾਲ ਨੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਗਰਮੀਆਂ ਦੇ ਸੀਜਨ ਦੌਰਾਨ ਹਰੇਕ ਸ਼੍ਰੇਣੀ ਦੇ ਖਪਤਕਾਰਾਂ ਨੂੰ ਨਿਰਵਿਘਨ ਸਪਲਾਈ ਮੁਹੱਈਆ ਕਰਵਾਉਣਾ ਪਾਵਰਕਾਮ ਦਾ ਅਹਿਮ ਏਜੰਡਾ ਹੈ। ਸੁਪਰਿੰਟੈਂਡੈਂਟ ਇੰਜੀ. ਅਤੇ ਸਰਕਲ ਹੈੱਡ ਸੁਰਿੰਦਰਪਾਲ ਸੋਂਧੀ ਨੂੰ ਜਲੰਧਰ ਵਿਚ 2 ਨਵੇਂ ਸਬ-ਸਟੇਸ਼ਨ ਸਥਾਪਿਤ ਕਰਨ ਲਈ ਜਮੀਨ ਦੀ ਚੋਣ ਕਰਕੇ ਰਿਪੋਰਟ ਭੇਜਣ ਲਈ ਕਿਹਾ ਗਿਆ। ਇਸ ਮੌਕੇ ਕਪੂਰਥਲਾ ਤੋਂ ਇੰਜੀ. ਰਾਕੇਸ਼ ਕੁਮਾਰ ਕਲੇਰ, ਹੁਸ਼ਿਆਰਪੁਰ ਤੋਂ ਇੰਜੀ. ਹਰਮਿੰਦਰ ਸਿੰਘ, ਨਵਾਂਸ਼ਹਿਰ ਤੋਂ ਰਮੇਸ਼ ਕੁਮਾਰ, ਡਿਪਟੀ ਚੀਫ ਹੈੱਡਕੁਆਰਟਰ ਇੰਜੀ. ਬਲਵਿੰਦਰਪਾਲ, ਈਸਟ ਡਵੀਜਨ ਤੋਂ ਐਕਸੀਅਨ ਜਸਪਾਲ ਸਿੰਘ, ਵੈਸਟ ਡਵੀਜਨ ਦੇ ਐਕਸੀਅਨ ਸੰਨੀ ਭਾਂਗਰਾ, ਮਾਡਲ ਟਾਊਨ ਦੇ ਐਕਸੀਅਨ ਜਸਪਾਲ ਸਿੰਘ ਪਾਲ, ਕੈਂਟ ਡਵੀਜਨ ਦੇ ਐਕਸੀਅਨ ਅਵਤਾਰ ਸਿੰਘ, ਫਗਵਾੜਾ ਡਵੀਜਨ ਦੇ ਐਕਸੀਅਨ ਹਰਦੀਪ ਕੁਮਾਰ ਸਮੇਤ ਕਈ ਸੀਨੀਅਰ ਅਧਿਕਾਰੀ ਮੌਜੂਦ ਸਨ। ਇਸ ਮੌਕੇ ਇੰਡਸਟਰੀ ਵੱਲੋਂ ਪਹੁੰਚੇ ਪ੍ਰਤੀਨਿਧੀਆਂ ਨੇ ਕਿਹਾ ਕਿ




ਵਿਭਾਗ ਨੂੰ ਫੋਕਲ ਪੁਆਇੰਟ ਸਮੇਤ ਅਹਿਮ ਸਥਾਨਾਂ 'ਤੇ ਸਬ-ਸਟੇਸ਼ਨ ਲਗਾਉਣ ਵੱਲ ਧਿਆਨ ਦੇਣਾ ਚਾਹੀਦਾ ਹੈ। ਵਿਭਾਗ ਦੇ ਯਤਨਾਂ ਨਾਲ ਇੰਡਸਟਰੀ ਨੂੰ ਨਵੇਂ ਕੁਨੈਕਸ਼ਨ ਅਤੇ ਲੋਡ ਵਧਾਉਣ ਵਿਚ ਮਦਦ ਮਿਲੇਗੀ, ਜਿਸ ਨਾਲ ਪੰਜਾਬ ਦੀ ਗ੍ਰੋਥ ਹੋਵੇਗੀ। ਇਸ ਮੌਕੇ ਸਪੋਰਟਸ ਐਂਡ ਸਰਜੀਕਲ ਕੰਪਲੈਕਸ ਤੋਂ ਆਰ. ਕੇ. ਗਾਂਧੀ, ਸੰਜੀਵ ਜੁਨੇਜਾ, ਪਰਮਿੰਦਰ ਸਿੰਘ, ਸੰਜੀਵ ਕੁਮਾਰ, ਗੁਰਸ਼ਰਨ ਸਿੰਘ, ਹਰਵਿੰਦਰ ਬੱਗਾ, ਤੁਸ਼ਾਰ ਜੈਨ, ਨਵੀਨ ਸ਼ਰਮਾ, ਦਿਨੇਸ਼ ਸ਼ਰਮਾ, ਪਵਨ ਆਦਿ ਹਾਜਰ ਸਨ। ਬੀਤੇ ਦਿਨੀਂ ਇੰਡਸਟਰੀ ਵੱਲੋਂ ਲਟਕ ਰਹੀਆਂ ਤਾਰਾਂ, ਟਰਾਂਸਫਾਰਮਰਾਂ ਵਿਚ ਖਰਾਬੀ, ਫਾਲਟ ਠੀਕ ਹੋਣ ਵਿਚ ਦੇਰੀ ਵਰਗੀਆਂ ਛੋਟੀਆਂ-ਛੋਟੀਆਂ ਸ਼ਿਕਾਇਤਾਂ ਨੂੰ ਲੈ ਕੇ ਡਾਇਰੈਕਟਰ ਨੂੰ ਮਸਲਾ ਹੱਲ ਕਰਵਾਉਣ ਦੀ ਗੁਹਾਰ ਲਗਾਈ ਗਈ। ਇਸ ਮੌਕੇ ਹਦਾਇਤਾਂ ਜਾਰੀ ਕਰਦਿਆਂ ਇੰਜੀ. ਗਰੇਵਾਲ ਨੇ ਕਿਹਾ ਕਿ ਸਰਕਲ ਪੱਧਰ 'ਤੇ ਹਰ ਮਹੀਨੇ ਮੀਟਿੰਗ ਕਰਦੇ ਹੋਏ ਇੰਡਸਟਰੀ ਦੇ ਮਸਲਿਆਂ ਦਾ ਹੱਲ ਕਰਵਾਇਆ ਜਾਵੇ। ਇੰਡਸਟਰੀ ਦੇ ਆਰ. ਕੇ. ਗਾਂਧੀ ਵੱਲੋਂ ਮੰਗ ਰੱਖੀ ਗਈ ਕਿ ਫਿਕਸ ਚਾਰਜਿਜ 50 ਫੀਸਦੀ ਕੀਤੇ ਜਾਣ। ਉਨ੍ਹਾਂ ਕਿਹਾ ਕਿ ਕਈ ਵਾਰ ਇੰਡਸਟਰੀ ਬੰਦ ਰੱਖਣੀ ਪੈਂਦੀ ਹੈ ਪਰ ਵਿਭਾਗ ਵੱਲੋਂ ਲਗਾਏ ਜਾ ਰਹੇ 80 ਫੀਸਦੀ ਫਿਕਸ ਚਾਰਜਿਜ ਨਾਲ ਉਦਯੋਗਪਤੀਆਂ ਨੂੰ ਭਾਰੀ ਪ੍ਰੇਸ਼ਾਨੀ ਉਠਾਉਣੀ ਪੈਂਦੀ ਹੈ। ਇਸ 'ਤੇ ਅਧਿਕਾਰੀਆਂ ਨੇ ਕਿਹਾ ਕਿ ਇਹ ਮਸਲਾ ਉੱਪਰ ਤਕ ਉਠਾਇਆ ਜਾਵੇਗਾ। ਇੰਡਸਟਰੀ ਨੇ ਮੰਗ ਰੱਖਦਿਆਂ ਕਿਹਾ ਕਿ ਇਸ ਵਾਰ ਬਿਜਲੀ ਦੇ ਰੇਟ ਵਧਾਉਣ ਦਾ ਕੋਈ ਯਤਨ ਨਾ ਕੀਤਾ ਜਾਵੇ। ਉਦਯੋਗਪਤੀਆਂ ਨੇ ਕਿਹਾ ਕਿ ਪਾਵਰਕਾਮ ਇਸ ਸਮੇਂ ਲਾਭ ਵਿਚ ਚੱਲ ਰਿਹਾ ਹੈ, ਜਿਸ ਕਾਰਨ ਇੰਡਸਟਰੀ 'ਤੇ ਬੋਝ ਨਹੀਂ ਪਾਉਣਾ ਚਾਹੀਦਾ। ਉਨ੍ਹਾਂ ਕਿਹਾ ਕਿ ਪਾਵਰਕਾਮ ਰੈਗੂਲੇਟਰੀ ਕਮਿਸ਼ਨਰ ਨੂੰ ਕੀਮਤਾਂ ਵਧਾਉਣ ਦੀ ਪ੍ਰੋਪੋਜਲ ਭੇਜ ਕੇ ਇੰਡਸਟਰੀ ਨੂੰ ਪ੍ਰਭਾਵਿਤ ਨਾ ਕਰੇ। ਇੰਡਸਟਰੀ ਦੇ ਪ੍ਰਤੀਨਿਧੀਆਂ ਨੇ ਕਿਹਾ ਕਿ ਇੰਡਕਸ਼ਨ ਸਮੇਤ ਕਈ ਉਦਯੋਗਾਂ ਲਈ ਪਾਵਰ ਕੁਆਲਿਟੀ ਮੀਟਰ ਜਰੂਰੀ ਕੀਤਾ ਜਾ ਰਿਹਾ ਹੈ ਪਰ ਉਕਤ ਮੀਟਰ ਦਾ ਖਰਚ ਲਗਭਗ 5 ਲੱਖ ਦੇ ਲਗਭਗ ਬਣਦਾ ਹੈ। ਅਧਿਕਾਰੀਆਂ ਨੇ ਕਿਹਾ ਕਿ ਪਾਵਰਕਾਮ ਵੱਲੋਂ 5210 ਰੁਪਏ ਦੇ ਕਿਰਾਏ 'ਤੇ ਉਕਤ ਮੀਟਰ ਲਗਾਇਆ ਜਾ ਰਿਹਾ ਹੈ। ਉਥੇ ਹੀ 15 ਫੀਸਦੀ ਵਧਿਆ ਹੋਇਆ ਟੈਰਿਫ ਅਦਾ ਕਰਨ 'ਤੇ ਕਿਰਾਇਆ ਵੀ ਨਹੀਂ ਦੇਣਾ ਹੋਵੇਗਾ।